@Qpatrika
@qaumipatrika punjabi
instagram.com/ qaumipatrika
Largest Circulated
विश्व भर में सबसे ज्यादा पढ़ा जाने वाला
ਕੌਮੀ ਪਤ੍ਰਿਕਾ
Qaumi Patrika NO.1
Punjabi National Daily
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Wednesday, 8 April 2026
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਬੁੱਧਵਾਰ 8 ਅਪ੍ਰੈਲ 2026, 23 ਚੇਤ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 153, qpatrika@gmail.com ਫੋਨ : 9971359517 www.qaumipatrika.org

## ਨਵਜੋਤ ਕੌਰ ਸਿੱਧੂ ਦਾ ਵੱਡਾ ਸਿਆਸੀ ਧਮਾਕਾ, ਬਣਾਈ ਆਪਣੀ ਨਵੀਂ ਪਾਰਟੀ

ਚੰਡੀਗੜ੍ਹ 7 ਅਪ੍ਰੈਲ। ਕਾਂਗਰਸ ਤੋਂ ਕੱਢੇ ਜਾਣ ਤੋਂ ਬਾਅਦ ਭਾਰਤੀ ਜਨਤਾ ਪਾਰਟੀ (ਭਾਜਪਾ) ਵਿੱਚ ਸ਼ਾਮਲ ਹੋਣ ਦੀਆਂ ਚੱਲ ਰਹੀਆਂ ਚਰਚਾਵਾਂ ਦਰਮਿਆਨ ਡਾ. ਨਵਜੋਤ ਕੌਰ ਸਿੱਧੂ ਨੇ ਇੱਕ ਵੱਡਾ ਸਿਆਸੀ ਕਦਮ ਚੁੱਕਿਆ ਹੈ। ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਪੋਸਟ ਸਾਂਝੀ ਕਰਕੇ ਆਪਣੀ ਨਵੀਂ ਸਿਆਸੀ ਪਾਰਟੀ 'ਭਾਰਤੀ ਰਾਸ਼ਟਰਵਾਦੀ ਪਾਰਟੀ' ਦੇ ਗਠਨ ਦਾ ਐਲਾਨ ਕਰ ਦਿੱਤਾ ਹੈ। ਆਪਣੇ ਬਿਆਨ ਵਿੱਚ ਨਵਜੋਤ ਕੌਰ ਸਿੱਧੂ ਨੇ ਕਿਹਾ ਕਿ ਮੌਜੂਦਾ ਸਿਆਸੀ ਲੀਡਰਸ਼ਿਪ ਦੇ ਕੰਮਕਾਜ ਦਾ ਡੂੰਘਾਈ ਨਾਲ ਮੁਲਾਂਕਣ ਕਰਨ ਤੋਂ ਬਾਅਦ, ਉਨ੍ਹਾਂ ਨੇ ਰਾਸ਼ਟਰੀ ਪੱਧਰ 'ਤੇ ਇੱਕ ਨਵਾਂ ਵਿਕਲਪ ਤਿਆਰ ਕਰਨ ਦੀ ਦਿਸ਼ਾ ਵਿੱਚ ਕੰਮ ਕੀਤਾ ਹੈ। ਉਨ੍ਹਾਂ ਦਾ ਉਦੇਸ਼ ਦੇਸ਼ ਅਤੇ ਜਨਤਾ ਦੀ ਸੇਵਾ ਕਰਨਾ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਹੈ। ਉਨ੍ਹਾਂ ਨੇ ਆਪਣੇ ਸੰਦੇਸ਼ ਵਿੱਚ ਅਧਿਆਤਮਿਕ ਸੋਚ ਅਤੇ 'ਸੱਚ ਤੇ ਪ੍ਰੇਮ' ਦੇ ਮਾਰਗ 'ਤੇ ਚੱਲਣ ਦੀ ਗੱਲ ਕਹੀ ਹੈ। ਪੰਜਾਬ ਬਾਰੇ ਗੱਲ ਕਰਦਿਆਂ ਉਨ੍ਹਾਂ ਵਿਸ਼ੇਸ਼ ਤੌਰ 'ਤੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਰਾਜ ਨੂੰ ਉਸ ਦੀ 'ਪੁਰਾਣੀ ਪਛਾਣ' ਦਿਵਾਉਣ ਲਈ ਕੰਮ ਕਰੇਗੀ, ਜਿੱਥੇ ਪਿਆਰ, ਸਾਂਝੀ ਸੰਸਕ੍ਰਿਤੀ, ਨਿਆਂ ਅਤੇ ਆਜ਼ਾਦੀ ਦੀ ਭਾਵਨਾ ਹੋਵੇ। ਉਨ੍ਹਾਂ ਨੇ 'ਜਨਤਾ ਦੀ, ਜਨਤਾ ਲਈ ਅਤੇ ਜਨਤਾ ਦੁਆਰਾ' ਸਰਕਾਰ ਦੇਣ ਦੀ ਗੱਲ ਵੀ ਦੁਹਰਾਈ। ਜ਼ਿਕਰਯੋਗ ਹੈ ਕਿ ਸਾਲ 2026 ਦੀ ਸ਼ੁਰੂਆਤ ਵਿੱਚ ਕਾਂਗਰਸ ਤੋਂ ਨਿਸ਼ਕਾਸਿਤ ਹੋਣ ਤੋਂ ਬਾਅਦ ਲਗਾਤਾਰ ਇਹ ਅਟਕਲਾਂ ਲਗਾਈਆਂ ਜਾ ਰਹੀਆਂ ਸਨ ਕਿ ਉਹ ਭਾਜਪਾ ਵਿੱਚ ਸ਼ਾਮਲ ਹੋ ਸਕਦੇ ਹਨ।

## ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੱਡੀ ਤਿਆਰੀ 'ਚ ਅਕਾਲੀ ਦਲ, ਚੁੱਕਿਆ ਜਾ ਰਿਹਾ ਇਹ ਕਦਮ

ਫਰੀਦਕੋਟ 7 ਅਪ੍ਰੈਲ। ਸ਼੍ਰੋਮਣੀ ਅਕਾਲੀ ਦਲ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਇਕ ਅਹਿਮ ਰਣਨੀਤੀ ਉਲੀਕੀ ਹੈ, ਜਿਸ ਤਹਿਤ ਪਾਰਟੀ ਦੇ ਨੌਜਵਾਨ ਆਗੂਆਂ ਦੇ ਵਫ਼ਦ ਉੱਤਰੀ ਅਮਰੀਕਾ, ਆਸਟ੍ਰੇਲੀਆ, ਨਿਊਜ਼ੀਲੈਂਡ ਅਤੇ ਯੂਰਪ ਦਾ ਦੌਰਾ ਕਰਨਗੇ। ਇਸ ਮੁਹਿੰਮ ਦਾ ਮੁੱਖ ਮਕਸਦ ਵਿਦੇਸ਼ਾਂ ਵਿਚ ਰਹਿੰਦੇ ਪੰਜਾਬੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਨਾ ਅਤੇ ਉਨ੍ਹਾਂ ਦਾ ਸਮਰਥਨ ਹਾਸਲ ਕਰਨਾ ਹੈ। ਇਹ ਵਿਦੇਸ਼ੀ ਦੌਰੇ ਅਪ੍ਰੈਲ ਦੇ ਆਖਰੀ ਹਫ਼ਤੇ ਕੈਨੇਡਾ ਅਤੇ ਆਸਟ੍ਰੇਲੀਆ ਤੋਂ ਸ਼ੁਰੂ ਕੀਤੇ ਜਾਣਗੇ। ਇਸ ਤੋਂ ਬਾਅਦ ਉਨ੍ਹਾਂ ਹੋਰਨਾਂ ਦੇਸ਼ਾਂ ਦਾ ਰੁਖ ਕੀਤਾ ਜਾਵੇਗਾ ਜਿੱਥੇ ਪੰਜਾਬੀ ਆਬਾਦੀ ਵੱਡੀ ਗਿਣਤੀ ਵਿਚ ਮੌਜੂਦ ਹੈ। ਇਹ ਵੀ ਪਤਾ ਲੱਗਾ ਹੈ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੀ ਵੀਡੀਓ ਕਾਨਫਰੰਸਿੰਗ ਰਾਹੀਂ ਇਨ੍ਹਾਂ ਮੀਟਿੰਗਾਂ ਨੂੰ ਸੰਬੋਧਨ ਕਰਨਗੇ ਅਤੇ ਭਵਿੱਖ ਦੀ ਰਣਨੀਤੀ ਸਾਂਝੀ ਕਰਨਗੇ। ਜਾਣਕਾਰੀ ਅਨੁਸਾਰ ਟੋਰਾਂਟੋ, ਵਿਨੀਪੈਗ ਅਤੇ ਵੈਨਕੂਵਰ (ਕੈਨੇਡਾ) ਅਤੇ ਮੈਲਬੋਰਨ, ਸਿਡਨੀ ਤੇ ਐਡੀਲੇਡ (ਆਸਟ੍ਰੇਲੀਆ) ਵਿੱਚ ਮੀਟਿੰਗਾਂ ਕਰਵਾਈਆਂ ਜਾਣਗੀਆਂ। ਇਹ ਕਾਰਜਕ੍ਰਮ ਅਪ੍ਰੈਲ ਦੇ ਆਖਰੀ ਹਫ਼ਤੇ ਤੋਂ ਸ਼ੁਰੂ ਹੋਣ ਦੀ ਸੰਭਾਵਨਾ ਹੈ। ਦੂਜੇ ਪਾਸੇ ਪਾਰਟੀ ਦੇ ਸੀਨੀਅਰ ਆਗੂਆਂ ਦਾ ਕਹਿਣਾ ਹੈ ਕਿ ਵਿਦੇਸ਼ਾਂ ਵਿਚ ਰਹਿੰਦੇ ਪੰਜਾਬੀ ਇਸ ਸਮੇਂ ਸੂਬੇ ਦੀ ਰਾਜਨੀਤੀ ਨੂੰ ਲੈ ਕੇ ਚਿੰਤਤ ਹਨ ਅਤੇ ਉਹ ਪਾਰਟੀ ਨਾਲ ਸੰਵਾਦ ਚਾਹੁੰਦੇ ਹਨ। ਇਹ ਵੀ ਪਤਾ ਲੱਗਾ ਹੈ ਕਿ ਕੈਨੇਡਾ ਵਿਚ ਡੈਲੀਗੇਸ਼ਨ ਦੀ ਅਗਵਾਈ ਪਰਮਬੰਸ ਸਿੰਘ ਰੋਮਾਣਾ ਕਰਨਗੇ, ਜਦਕਿ ਆਸਟ੍ਰੇਲੀਆ ਵਿਚ ਗੁਰਪ੍ਰੀਤ ਸਿੰਘ ਰਾਜੂ ਖੰਨਾ ਟੀਮ ਦੀ ਅਗਵਾਈ ਕਰਨਗੇ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੁਸ਼ਿਆਰਪੁਰ ਨੂੰ 268 ਕਰੋੜ ਦੀਆਂ ਵਿਸ਼ਵ ਪੱਧਰੀ ਸਿਹਤ ਸੰਭਾਲ ਸਹੂਲਤਾਂ ਦਾ ਤੋਹਫ਼ਾ ਦਿੱਤਾ

ਕੌਮੀ ਪਤ੍ਰਿਕਾ
**ਸਿੰਮੀ ਕੌਰ ਬੱਬਰ**

ਹੁਸ਼ਿਆਰਪੁਰ, 7 ਅਪ੍ਰੈਲ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹੁਸ਼ਿਆਰਪੁਰ ਵਿੱਚ 516 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ, ਜਿਸ ਵਿੱਚ ਸ਼ਾਮ ਚੌਰਾਸੀ ਵਿਧਾਨ ਸਭਾ ਹਲਕੇ ਵਿੱਚ ਸਿਹਤ ਸੰਭਾਲ ਬੁਨਿਆਦੀ ਢਾਂਚੇ ਦਾ ਵੱਡੇ ਪੱਧਰ 'ਤੇ ਵਿਸਥਾਰ ਅਤੇ ਜ਼ਮੀਨੀ ਪੱਧਰ 'ਤੇ ਨਵੇਂ ਪ੍ਰੋਜੈਕਟ ਸ਼ਾਮਲ ਹਨ। ਰਾਜ ਪੱਧਰੀ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਦੋ ਸਾਲਾਂ ਦੇ ਅੰਦਰ ਪੂਰਾ ਹੋ ਜਾਵੇਗਾ, ਜਿੱਥੇ ਸਾਲਾਨਾ 100 ਐਮਬੀਬੀਐਸ ਡਾਕਟਰਾਂ ਨੂੰ ਸਿਖਲਾਈ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਓਪੀਡੀ, ਐਮਆਰਆਈ, ਸੀਟੀ ਸਕੈਨ ਅਤੇ ਵਿਸ਼ੇਸ਼ ਵਿਭਾਗਾਂ ਸਮੇਤ ਉੱਨਤ ਸਹੂਲਤਾਂ ਨਾਲ ਲੈਸ 300 ਬਿਸਤਰਿਆਂ ਵਾਲਾ ਹਸਪਤਾਲ ਵੀ ਬਣਾਇਆ ਜਾਵੇਗਾ। ਜ਼ਮੀਨੀ ਪੱਧਰ 'ਤੇ ਸਿਹਤ ਸੰਭਾਲ ਨੂੰ ਮਜ਼ਬੂਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਾਮ ਚੌਰਾਸੀ ਵਿੱਚ 30 ਬਿਸਤਰਿਆਂ ਵਾਲੇ ਕਮਿਊਨਿਟੀ ਹੈਲਥ ਸੈਂਟਰ ਦਾ ਨੀਂਹ ਪੱਥਰ ਰੱਖਿਆ, ਜੋ ਆਧੁਨਿਕ ਆਪ੍ਰੇਸ਼ਨ ਥੀਏਟਰ, ਲੈਬ, ਐਕਸ-ਰੇ, ਟੀਕਾਕਰਨ ਅਤੇ ਜਣੇਪਾ ਸੰਭਾਲ ਸੇਵਾਵਾਂ ਨਾਲ ਲੈਸ ਹੈ, ਜਿਸ ਨਾਲ 40 ਤੋਂ ਵੱਧ ਪਿੰਡਾਂ ਨੂੰ ਲਾਭ ਹੋਵੇਗਾ। ਉਨ੍ਹਾਂ ਨੇ ਹਰ ਕੋਨੇ ਤੱਕ ਸਿਹਤ ਸੰਭਾਲ ਪਹੁੰਚ ਦੇ ਵਿਸਥਾਰ ਲਈ ਹਲਕੇ ਵਿੱਚ ਸੱਤ ਵਾਧੂ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਦਾ ਵੀ ਐਲਾਨ ਕੀਤਾ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੇ ਘਰਾਂ ਦੇ ਨੇੜੇ ਮਿਆਰੀ ਡਾਕਟਰੀ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਆਖਰੀ ਪੱਧਰ ਤੱਕ ਸਿਹਤ ਸੰਭਾਲ ਪ੍ਰਦਾਨ ਕਰਨ ਨੂੰ ਮਜ਼ਬੂਤ ਕਰਦੇ ਹੋਏ ਉਨ੍ਹਾਂ ਨੇ ਹਲਕੇ ਵਿੱਚ ਸੱਤ ਹੋਰ ਹੈਲਥ ਤੇ ਵੈਲਨੈੱਸ ਕੇਂਦਰਾਂ ਦੇ ਨਾਲ-ਨਾਲ 40 ਤੋਂ ਵੱਧ ਪਿੰਡਾਂ ਨੂੰ ਲਾਭ ਪਹੁੰਚਾਉਣ ਲਈ 9.18 ਕਰੋੜ ਰੁਪਏ ਦੇ ਕਮਿਊਨਿਟੀ ਹੈਲਥ ਸੈਂਟਰ ਦਾ ਨੀਂਹ ਪੱਥਰ ਵੀ ਰੱਖਿਆ। ਵਿਕਾਸ ਨੂੰ ਅੱਗੇ ਵਧਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 99 ਕਰੋੜ ਰੁਪਏ ਦੇ ਬਲਾਚੌਰ-ਗੜ੍ਹਸ਼ੰਕਰ-ਹੁਸ਼ਿਆਰਪੁਰ-ਦਸੂਹਾ ਸੜਕ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ, ਜੋ 105 ਕਿਲੋਮੀਟਰ ਲੰਬਾ ਕੋਰੀਡੋਰ ਹੈ, ਜੋ ਚੰਡੀਗੜ੍ਹ, ਪਠਾਨਕੋਟ ਅਤੇ ਜੰਮੂ-ਕਸ਼ਮੀਰ ਵਿਚਕਾਰ ਸੰਪਰਕ ਵਧਾਉਣ, ਜੰਮੂ ਅਤੇ ਦਿੱਲੀ ਵਿਚਕਾਰ ਯਾਤਰਾ



ਦੇ ਸਮੇਂ ਨੂੰ ਘਟਾਉਣ ਅਤੇ ਆਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ ਅਤੇ ਮਾਤਾ ਜਵਾਲਾ ਜੀ ਦੀ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਲਈ ਸੁਚਾਰੂ ਪਹੁੰਚ ਦੀ ਸਹੂਲਤ ਪ੍ਰਦਾਨ ਕਰੇਗਾ। ਸ਼ਾਮ ਚੁਰਾਸੀ ਵਿਧਾਨ ਸਭਾ ਹਲਕੇ ਵਿੱਚ ਕਈ ਮਹੱਤਵਪੂਰਨ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਜ਼ਾਦੀ ਤੋਂ ਬਾਅਦ ਦੇ 70 ਸਾਲਾਂ ਤੋਂ ਵੱਧ ਸਮੇਂ ਤੱਕ ਰਵਾਇਤੀ ਵਿਰੋਧੀ ਪਾਰਟੀਆਂ ਨੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ। ਇਨ੍ਹਾਂ ਪਾਰਟੀਆਂ ਦੀਆਂ ਪਿਛਾਖੜੀ ਅਤੇ ਵੰਡਪਾਊ ਨੀਤੀਆਂ ਕਾਰਨ ਸੂਬਾ ਵਿਕਾਸ ਦੀ ਰਫ਼ਤਾਰ ਤੋਂ ਪਛੜ ਗਿਆ ਹੈ, ਜਿਸ ਕਾਰਨ ਲੋਕਾਂ ਨੂੰ ਨੁਕਸਾਨ ਝੱਲਣਾ ਪਿਆ ਸੀ। ਹਾਲਾਂਕਿ ਪਿਛਲੇ ਚਾਰ ਸਾਲਾਂ ਵਿੱਚ ਸੂਬੇ ਦਾ ਸੰਪੂਰਨ ਵਿਕਾਸ ਯਕੀਨੀ ਬਣਾਇਆ ਗਿਆ ਹੈ ਅਤੇ ਪਹਿਲੀ ਵਾਰ ਸੂਬਾ ਸਰਕਾਰ ਨੇ ਇੰਨੇ ਘੱਟ ਸਮੇਂ ਵਿੱਚ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਹਨ। ਮੁੱਖ ਮੰਤਰੀ ਨੇ ਕਿਹਾ, "ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਸੂਬੇ ਦੇ ਵਿਕਾਸ ਨੂੰ ਸਹੀ ਰਾਹ ਤੇ ਪਾਇਆ ਗਿਆ ਹੈ ਅਤੇ ਹੁਣ ਪੰਜਾਬ ਸਰਕਾਰ ਹਰ ਲੰਘੇ ਦਿਨ ਨਾਲ ਆਪਣੀ ਰਫ਼ਤਾਰ ਵਧਾ ਰਹੀ ਹੈ। ਸੂਬਾ ਸਰਕਾਰ ਨੇ 70 ਸਾਲਾਂ ਦੇ ਪਾੜੇ ਨੂੰ ਭਰ ਦਿੱਤਾ ਹੈ ਅਤੇ ਹੁਣ ਰੰਗਲਾ ਪੰਜਾਬ ਬਣਾਉਣ ਲਈ ਠੋਸ ਯਤਨ ਕੀਤੇ ਜਾ ਰਹੇ ਹਨ। 'ਆਪ ਸਰਕਾਰ ਦੇਸ਼ ਦੀ ਪਹਿਲੀ ਸਰਕਾਰ ਹੈ, ਜਿਸ ਨੇ ਲੋਕਾਂ ਲਈ ਚੋਣ ਮਨੋਰਥ ਪੱਤਰ ਲਾਗੂ ਕੀਤਾ ਹੈ ਕਿਉਂਕਿ ਲੋਕਾਂ ਵੱਲੋਂ ਉਠਾਈਆਂ ਗਈਆਂ ਸਾਰੀਆਂ ਜਾਇਜ਼ ਮੰਗਾਂ ਨੂੰ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ। ਵੱਡੀਆਂ ਵਿਕਾਸ ਪਹਿਲਕਦਮੀਆਂ ਨੂੰ ਉਜਾਗਰ ਕਰਦੇ ਹੋਏ ਉਨ੍ਹਾਂ ਅੱਗੇ ਕਿਹਾ, "ਅੱਜ ਸ਼ਾਮ ਚੁਰਾਸੀ ਵਿਖੇ 385 ਕਰੋੜ ਰੁਪਏ ਦੇ ਵਿਕਾਸ ਕਾਰਜ ਸ਼ੁਰੂ ਕੀਤੇ ਗਏ ਹਨ, ਜੋ ਇਸ ਖੇਤਰ ਦੀ ਤਰੱਕੀ ਅਤੇ ਖੁਸ਼ਹਾਲੀ ਨੂੰ ਹੁਲਾਰਾ ਦੇਣਗੇ।"ਉਨ੍ਹਾਂ ਅੱਗੇ ਕਿਹਾ, "ਹੁਸ਼ਿਆਰਪੁਰ ਵਿਖੇ 268 ਕਰੋੜ ਰੁਪਏ ਦੀ ਲਾਗਤ ਨਾਲ ਮੈਡੀਕਲ ਕਾਲਜ ਅਤੇ 300 ਬਿਸਤਰਿਆਂ ਵਾਲਾ ਹਸਪਤਾਲ ਬਣੇਗਾ, ਜੋ ਆਮ ਲੋਕਾਂ ਲਈ ਵੱਡਾ ਤੋਹਫ਼ਾ ਹੋਵੇਗਾ। ਇਹ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਨਾਲ-ਨਾਲ ਸੂਬੇ ਨੂੰ ਡਾਕਟਰੀ ਸਿੱਖਿਆ ਦੇ ਕੇਂਦਰ ਵਜੋਂ ਉਭਾਰਨ ਵਿੱਚ ਬਹੁਤ ਮਦਦ ਕਰੇਗਾ। **Contd..................page-3**

## ਅਗਲੇ 5 ਸਾਲਾਂ 'ਚ ਕੀਤਾ ਜਾਵੇਗਾ 50 ਲੱਖ ਕਰੋੜ ਦਾ ਨਿਵੇਸ਼ !

ਨੈਸ਼ਨਲ ਡੈਸਕ 7 ਅਪ੍ਰੈਲ। ਬਿਹਾਰ ਦੇ ਉਦਯੋਗ ਮੰਤਰੀ ਡਾ. ਦਿਲੀਪ ਕੁਮਾਰ ਜਾਇਸਵਾਲ ਨੇ ਇੱਕ ਅਹਿਮ ਪ੍ਰੈੱਸ ਕਾਨਫਰੰਸ ਦੌਰਾਨ ਰਾਜ ਦੇ ਉਦਯੋਗਿਕ ਭਵਿੱਖ ਦਾ ਵੱਡਾ ਖਾਕਾ ਪੇਸ਼ ਕੀਤਾ। ਉਨ੍ਹਾਂ ਐਲਾਨ ਕੀਤਾ ਕਿ ਬਿਹਾਰ ਸਰਕਾਰ ਅਗਲੇ 5 ਸਾਲਾਂ 'ਚ 50 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕਰਨ ਅਤੇ ਇੱਕ ਕਰੋੜ ਨਵੇਂ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੇ ਅਭਿਲਾਸ਼ੀ ਟੀਚੇ 'ਤੇ ਕੰਮ ਕਰ ਰਹੀ ਹੈ। ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਿਹਾਰ ਹੁਣ ਪੂਰਬੀ ਭਾਰਤ ਦੇ 'ਵਿਕਾਸ ਕੇਂਦਰ' ਵਜੋਂ ਉੱਭਰ ਰਿਹਾ ਹੈ। ਵਿੱਤੀ ਸਾਲ 2025-26 ਦੌਰਾਨ ਰਾਜ ਨੂੰ 747 ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਨ੍ਹਾਂ ਦੀ ਕੁੱਲ ਕੀਮਤ 17,217 ਕਰੋੜ ਰੁਪਏ ਤੋਂ ਵੱਧ ਹੈ। ਇਸ ਐਲਾਨ ਤਹਿਤ 'ਸਮ੍ਰਿੱਧ ਉਦਯੋਗ-ਸਸ਼ਕਤ ਬਿਹਾਰ' ਨੂੰ ਪਹਿਲ ਦਿੱਤੀ ਗਈ ਹੈ। ਨਿਵੇਸ਼ਕਾਂ ਨੂੰ ਮੁਫ਼ਤ ਉਦਯੋਗਿਕ ਜ਼ਮੀਨ, ਪੂੰਜੀ ਗ੍ਰਾਂਟ, ਵਿਆਜ ਵਿੱਚ ਛੋਟ ਅਤੇ SGST ਰਿਫੰਡ ਵਰਗੀਆਂ ਵੱਡੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਬਿਹਾਰ ਨੂੰ ਤਕਨਾਲੋਜੀ ਦੇ ਖੇਤਰ ਵਿੱਚ ਮੋਹਰੀ ਬਣਾਉਣ ਲਈ ਨਵੀਂ ਸੈਮੀਕੰਡਕਟਰ ਨੀਤੀ ਨੂੰ ਵੀ ਮਨਜ਼ੂਰੀ ਦਿੱਤੀ ਗਈ ਹੈ। ਇਸ ਤੋਂ ਇਲਾਵਾ MSME ਡਾਇਰੈਕਟੋਰੇਟ ਅਤੇ 'ਬਿਹਾਰ ਰਾਜ ਮਾਰਕੀਟਿੰਗ ਅਥਾਰਟੀ' ਦੀ ਸਥਾਪਨਾ ਨੂੰ ਵੀ ਹਰੀ ਝੰਡੀ ਦੇ ਦਿੱਤੀ ਗਈ ਹੈ। ਬਿਹਾਰ ਉਦਯੋਗਿਕ ਖੇਤਰ ਵਿਕਾਸ ਅਥਾਰਟੀ ਰਾਹੀਂ 317 ਨਿਵੇਸ਼ਕਾਂ ਨੂੰ 404 ਏਕੜ ਜ਼ਮੀਨ ਅਲਾਟ ਕੀਤੀ ਗਈ ਹੈ। ਇਸ ਰਾਹੀਂ ਰਿਲਾਇੰਸ ਇੰਡਸਟਰੀਜ਼, ਜੇਕੇ ਲਕਸ਼ਮੀ ਸੀਮਿੰਟ, ਮਦਰ ਡੇਅਰੀ, ਅਲਟਰਾਟੈਕ ਅਤੇ ਹਿੰਦੁਸਤਾਨ ਪੈਟਰੋਲੀਅਮ ਵਰਗੀਆਂ ਦਿੱਗਜ ਕੰਪਨੀਆਂ ਬਿਹਾਰ ਵਿੱਚ ਆਪਣੇ ਯੂਨਿਟ ਸਥਾਪਤ ਕਰਨਗੀਆਂ, ਜਿਸ ਨਾਲ 22,500 ਤੋਂ ਵੱਧ ਸਿੱਧੇ ਰੁਜ਼ਗਾਰ ਪੈਦਾ ਹੋਣ ਦੀ ਉਮੀਦ ਹੈ

## ਅਦਾਲਤਾਂ ਨੂੰ ਜ਼ਰੂਰੀ ਧਾਰਮਿਕ ਪ੍ਰਥਾਵਾਂ ਦਾ ਨਿਰਧਾਰਨ ਨਹੀਂ ਕਰਨਾ ਚਾਹੀਦਾ : ਸੰਤ ਸਮਿਤੀ ਦੀ ਸੁਪਰੀਮ ਕੋਰਟ ਨੂੰ ਅਪੀਲ

ਕੌਮੀ ਪਤ੍ਰਿਕਾ
**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 7 ਅਪ੍ਰੈਲ। ਅਖਿਲ ਭਾਰਤੀ ਸੰਤ ਸਮਿਤੀ ਨੇ ਸੁਪਰੀਮ ਕੋਰਟ ਨੂੰ ਕਿਹਾ ਹੈ ਕਿ ਅਦਾਲਤਾਂ ਨੂੰ ਜ਼ਰੂਰੀ ਧਾਰਮਿਕ ਪ੍ਰਥਾਵਾਂ ਦਾ ਨਿਰਧਾਰਨ ਨਹੀਂ ਕਰਨਾ ਚਾਹੀਦਾ, ਕਿਉਂਕਿ ਇਹ ਲੋਕਾਂ ਦੀ ਆਸਥਾ ਨਾਲ ਜੁੜੀਆਂ ਹੁੰਦੀਆਂ ਹਨ ਅਤੇ ਉਨ੍ਹਾਂ ਲਈ ਪਵਿੱਤਰ ਹੁੰਦੀਆਂ ਹਨ। ਸਮਿਤੀ ਨੇ ਸ਼ਬਰੀਮਲਾ ਮੁੜ ਵਿਚਾਰ ਪਟੀਸ਼ਨ ਦੀ ਆਗਾਮੀ ਸੁਣਵਾਈ 'ਚ ਦਖ਼ਲ ਦੇਣ ਦੀ ਅਪੀਲ ਕਰਦਿਆਂ ਸੁਪਰੀਮ ਕੋਰਟ ਦੇ ਸਾਹਮਣੇ ਇਹ ਗੱਲ ਕਹੀ। ਚੀਫ ਜਸਟਿਸ ਸੂਰਿਆਕਾਂਤ ਦੀ ਅਗਵਾਈ ਵਾਲੀ 9-ਮੈਂਬਰੀ ਬੈਂਚ ਕੇਰਲ ਦੇ ਸ਼ਬਰੀਮਲਾ ਮੰਦਰ ਸਮੇਤ ਧਾਰਮਿਕ ਸਥਾਨਾਂ 'ਤੇ ਔਰਤਾਂ ਨਾਲ ਵਿਤਕਰੇ ਨਾਲ ਸਬੰਧਤ ਪਟੀਸ਼ਨਾਂ 'ਤੇ ਅੰਤਿਮ ਸੁਣਵਾਈ 7 ਅਪ੍ਰੈਲ ਤੋਂ ਸ਼ੁਰੂ ਕਰੇਗੀ। ਦੱਸ ਦੇਈਏ ਕਿ ਸਤੰਬਰ 2018 'ਚ, 5 ਜੱਜਾਂ ਦੀ ਸੰਵਿਧਾਨਕ ਬੈਂਚ ਨੇ 4:1 ਦੇ ਬਹੁਮਤ ਨਾਲ ਫੈਸਲਾ ਸੁਣਾਉਂਦੇ ਹੋਏ ਉਸ ਪਾਬੰਦੀ ਨੂੰ ਹਟਾ ਦਿੱਤਾ ਸੀ, ਜੋ 10 ਤੋਂ 50 ਸਾਲ ਦੀ ਉਮਰ ਦੀਆਂ ਔਰਤਾਂ ਨੂੰ ਕੇਰਲ ਦੇ ਸ਼ਬਰੀਮਲਾ ਸਥਿਤ ਅਯੱਪਾ ਮੰਦਰ 'ਚ ਪ੍ਰਵੇਸ਼ ਕਰਨ ਤੋਂ ਰੋਕਦੀ ਸੀ। ਚੋਟੀ ਦੀ ਅਦਾਲਤ ਨੇ ਕਿਹਾ ਸੀ ਕਿ ਸਦੀਆਂ ਪੁਰਾਣੀ ਇਹ ਹਿੰਦੂ ਧਾਰਮਿਕ ਪ੍ਰਥਾ ਨਾਜਾਇਜ਼ ਅਤੇ ਗੈਰ-ਸੰਵਿਧਾਨਕ ਹੈ। ਅਖਿਲ ਭਾਰਤੀ ਸੰਤ ਸਮਿਤੀ ਨੇ ਵਕੀਲ ਅਤੁਲੇਸ਼ ਕੁਮਾਰ ਦੇ ਮਾਧਿਅਮ ਰਾਹੀਂ ਦਾਇਰ ਆਪਣੀ ਅਰਜ਼ੀ 'ਚ ਸ਼ਬਰੀਮਲਾ ਮੁੜ ਵਿਚਾਰ ਪਟੀਸ਼ਨ ਦੀ ਸੁਣਵਾਈ 'ਚ ਦਖ਼ਲ ਦੇਣ ਲਈ ਅਦਾਲਤ ਦੀ ਇਜਾਜ਼ਤ ਮੰਗੀ ਹੈ। ਪਟੀਸ਼ਨ 'ਚ ਕਿਹਾ ਗਿਆ ਹੈ ਕਿ ਨਿਆਂਪਾਲਿਕਾ ਨੂੰ ਧਾਰਮਿਕ ਪ੍ਰਥਾਵਾਂ 'ਚ ਉਦੋਂ ਹੀ ਦਖ਼ਲ ਦੇਣਾ ਚਾਹੀਦਾ ਹੈ ਜਦੋਂ ਉਹ ਸਿੱਧੇ ਤੌਰ 'ਤੇ ਜਨਤਕ



ਵਿਵਸਥਾ ਦੀ ਉਲੰਘਣਾ ਕਰਦੀਆਂ ਹੋਣ ਜਾਂ ਨੈਤਿਕਤਾ ਅਤੇ ਸਿਹਤ ਦੇ ਆਧਾਰ 'ਤੇ ਅਜਿਹਾ ਕਰਨਾ ਜ਼ਰੂਰੀ ਹੋਵੇ। ਇਸ 'ਚ ਕਿਹਾ ਗਿਆ ਹੈ ਕਿ ਸਮਾਨਤਾ ਦੇ ਮੌਲਿਕ ਅਧਿਕਾਰ (ਸੰਵਿਧਾਨ ਦੇ ਆਰਟੀਕਲ 14 ਦੇ ਤਹਿਤ ਪ੍ਰਦਾਨ) ਦਾ ਇਸਤੇਮਾਲ ਧਰਮ ਨੂੰ ਸੁਤੰਤਰ ਰੂਪ 'ਚ ਮੰਨਣ ਅਤੇ ਉਸ ਦੀ ਪਾਲਣਾ ਕਰਨ ਦੇ ਅਧਿਕਾਰ (ਆਰਟੀਕਲ 25) ਨੂੰ ਦਰਕਿਨਾਰ ਕਰਨ ਲਈ ਨਹੀਂ ਕੀਤਾ ਜਾਣਾ ਚਾਹੀਦਾ। ਸ਼ਬਰੀਮਲਾ ਮੰਦਰ 'ਚ ਲਾਈਆਂ ਗਈਆਂ ਪਾਬੰਦੀਆਂ ਨੂੰ ਸਹੀ ਠਹਿਰਾਉਂਦੇ ਹੋਏ ਪਟੀਸ਼ਨ 'ਚ ਕਿਹਾ ਗਿਆ ਹੈ ਕਿ ਕੁਝ ਮੰਦਰ ਰੀਤੀ-ਰਿਵਾਜਾਂ ਅਤੇ ਵਿਸ਼ੇਸ਼ ਪ੍ਰੰਪਰਾਵਾਂ ਦੀ ਪਾਲਣਾ ਕਰਦੇ ਹਨ। ਪਟੀਸ਼ਨ 'ਚ ਦਲੀਲ ਦਿੱਤੀ ਗਈ ਹੈ ਕਿ ਇਸ ਧਾਰਮਿਕ ਪ੍ਰਥਾ ਨੂੰ ਆਰਟੀਕਲ-25 ਦੇ ਤਹਿਤ ਸੁਰੱਖਿਅਤ ਕੀਤਾ ਜਾਣਾ ਚਾਹੀਦਾ ਹੈ ਅਤੇ ਇਸ ਨੂੰ ਔਰਤਾਂ 'ਤੇ ਪੂਰਨ ਪਾਬੰਦੀ ਨਹੀਂ ਕਿਹਾ ਜਾ ਸਕਦਾ ਕਿਉਂਕਿ ਇਹ ਇਕ ਵਿਸ਼ੇਸ਼ ਉਮਰ ਵਰਗ ਨੂੰ ਪਾਬੰਦ ਕਰਦੀ ਹੈ ਅਤੇ ਇਸ ਲਈ, ਇਹ ਆਰਟੀਕਲ 14 ਦੀ ਉਲੰਘਣਾ ਨਹੀਂ ਕਰਦੀ ਹੈ।

## ਪੈਟਰੋਲ ਪੰਪ ਹੋ ਗਿਆ ਸੀਲ ! ਗੱਡੀਆਂ 'ਚ ਪਾਣੀ ਭਰਨ 'ਤੇ ਗ੍ਰੇਟਰ ਨੋਇਡਾ 'ਚ ਪ੍ਰਸ਼ਾਸਨ ਦਾ ਐਕਸ਼ਨ

ਨੈਸ਼ਨਲ ਡੈਸਕ 7 ਅਪ੍ਰੈਲ। ਉੱਤਰ ਪ੍ਰਦੇਸ਼ ਦੇ ਗ੍ਰੇਟਰ ਨੋਇਡਾ 'ਚ ਇੱਕ ਪੈਟਰੋਲ ਪੰਪ 'ਤੇ ਪੈਟਰੋਲ ਦੀ ਜਗਹਾ ਪਾਣੀ ਮਿਲਣ ਦਾ ਗੰਭੀਰ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਪ੍ਰਸ਼ਾਸਨ ਨੇ ਸਖ਼ਤ ਕਾਰਵਾਈ ਕੀਤੀ ਹੈ। ਸੈਕਟਰ 51 ਸਥਿਤ ਇਸ ਪੈਟਰੋਲ ਪੰਪ ਨੂੰ ਜਾਂਚ ਪੂਰੀ ਹੋਣ ਤੱਕ ਸੀਲ ਕਰ ਦਿੱਤਾ ਗਿਆ ਹੈ। ਕਈ ਲੋਕਾਂ ਨੇ ਇਸ ਪੰਪ ਤੋਂ ਆਪਣੀਆਂ ਗੱਡੀਆਂ ਵਿੱਚ ਤੇਲ ਪਵਾਇਆ ਸੀ, ਪਰ ਕੁਝ ਹੀ ਦੂਰੀ 'ਤੇ ਜਾ ਕੇ ਇੱਕ-ਇੱਕ ਕਰਕੇ ਕਰੀਬ 20 ਵਾਹਨ ਵਿਚਾਲੇ ਰਸਤੇ ਹੀ ਬੰਦ ਹੋ ਗਏ। ਜਦੋਂ ਵਾਹਨ ਚਾਲਕਾਂ ਨੇ ਆਪਣੀਆਂ ਗੱਡੀਆਂ ਦੀ ਜਾਂਚ ਕਰਵਾਈ ਤਾਂ ਪਤਾ ਲੱਗਿਆ ਕਿ ਤੇਲ ਦੀ ਟੈਂਕੀ ਵਿੱਚ ਪੈਟਰੋਲ ਦੀ ਜਗ?ਹਾ ਪਾਣੀ ਭਰਿਆ ਹੋਇਆ ਸੀ। ਇਸ ਤੋਂ ਗੁੱਸੇ ਵਿੱਚ ਆਏ ਲੋਕਾਂ ਨੇ ਪੈਟਰੋਲ ਪੰਪ 'ਤੇ ਇਕੱਠੇ ਹੋ ਕੇ ਭਾਰੀ ਹੰਗਾਮਾ ਸ਼ੁਰੂ ਕਰ ਦਿੱਤਾ, ਜਿਸ ਤੋਂ ਬਾਅਦ ਸਥਾਨਕ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਨੂੰ ਕਾਬੂ ਕੀਤਾ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਪ੍ਰਸ਼ਾਸਨਿਕ ਟੀਮ ਨੇ ਮੌਕੇ ਤੋਂ ਤੇਲ ਦੇ ਸੈਂਪਲ ਲਏ, ਜਿਨ੍ਹਾਂ ਦੀ ਜਾਂਚ ਵਿੱਚ ਪਾਣੀ ਮਿਲਣ ਦੀ ਪੁਸ਼ਟੀ ਹੋਈ ਹੈ। ਜ਼ਿਲ੍ਹਾ ਪੂਰਤੀ ਅਧਿਕਾਰੀ ਸਮ੍ਰਿਤੀ ਗੌਤਮ ਨੇ ਦੱਸਿਆ ਕਿ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਪੰਪ ਦੀ ਇੱਕ ਅੰਡਰਗਰਾਊਂਡ ਪਾਣੀ ਦੀ ਪਾਈਪਲਾਈਨ ਫਟ ਗਈ ਸੀ। ਪੈਟਰੋਲ ਪੰਪ ਪ੍ਰਬੰਧਕਾਂ ਨੇ ਇਸ ਪਾਈਪਲਾਈਨ ਨੂੰ ਠੀਕ ਨਹੀਂ ਕਰਵਾਇਆ, ਜਿਸ ਕਾਰਨ ਪਾਣੀ ਤੇਲ ਵਿੱਚ ਮਿਲ ਗਿਆ।

## ਮਹਾਠੱਗ ਸੁਕੇਸ਼ ਚੰਦਰਸ਼ੇਖਰ ਨੂੰ ਅਦਾਲਤ ਤੋਂ ਵੱਡੀ ਰਾਹਤ

ਨੈਸ਼ਨਲ ਡੈਸਕ 7 ਅਪ੍ਰੈਲ। ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਨੇ ਕਰੋੜਾਂ ਦੀ ਠੱਗੀ ਮਾਰਨ ਦੇ ਮੁਲਜ਼ਮ ਸੁਕੇਸ਼ ਚੰਦਰਸ਼ੇਖਰ ਨੂੰ ਇੱਕ ਵੱਡੀ ਰਾਹਤ ਦਿੰਦੇ ਹੋਏ ਜ਼ਮਾਨਤ ਦੇ ਦਿੱਤੀ ਹੈ। ਇਹ ਜ਼ਮਾਨਤ ਉਸ ਨੂੰ ਮਨੀ ਲਾਂਡਰਿੰਗ ਨਾਲ ਜੁੜੇ ਇੱਕ ਮਾਮਲੇ ਵਿੱਚ ਮਿਲੀ ਹੈ, ਜੋ AIADMK ਦੇ 'ਦੋ ਪੱਤੀ' ਚੋਣ ਨਿਸ਼ਾਨ ਨਾਲ ਸਬੰਧਤ ਰਿਸ਼ਵਤਖੋਰੀ ਅਤੇ ਧੋਖਾਧੜੀ ਦਾ ਕੇਸ ਸੀ। ਅਦਾਲਤ ਵੱਲੋਂ ਜ਼ਮਾਨਤ ਮਿਲਣ ਦੇ ਬਾਵਜੂਦ ਸੁਕੇਸ਼ ਚੰਦਰਸ਼ੇਖਰ ਅਜੇ ਜੇਲ੍ਹ ਵਿੱਚ ਹੀ ਰਹੇਗਾ। ਇਸ ਦਾ ਮੁੱਖ ਕਾਰਨ ਇਹ ਹੈ ਕਿ ਉਸ ਖ਼?ਲਾਫ਼ ਕੁੱਲ 31 ਮਾਮਲੇ ਦਰਜ ਹਨ। ਹਾਲਾਂਕਿ ਉਸ ਨੂੰ ਹੁਣ ਤੱਕ 26 ਮਾਮਲਿਆਂ ਵਿੱਚ ਜ਼ਮਾਨਤ ਮਿਲ ਚੁੱਕੀ ਹੈ, ਪਰ ਬਾਕੀ 5 ਮਾਮਲਿਆਂ ਵਿੱਚ ਅਜੇ ਤੱਕ ਜ਼ਮਾਨਤ ਨਾ ਮਿਲਣ ਕਾਰਨ ਉਹ ਜੇਲ੍ਹ ਦੀਆਂ ਸਲਾਖਾਂ ਪਿੱਛੇ ਹੀ ਰਹੇਗਾ। ਸੁਕੇਸ਼ ਚੰਦਰਸ਼ੇਖਰ ਨੂੰ ਠੱਗੀ ਦੀ ਖੇਡ ਦਾ ਉਸਤਾਦ ਮੰਨਿਆ ਜਾਂਦਾ ਹੈ, ਜਿਸ ਨੇ ਮਹਿਜ਼ 17 ਸਾਲ ਦੀ ਉਮਰ ਵਿੱਚ ਆਪਣੇ ਇੱਕ ਪਰਿਵਾਰਕ ਦੋਸਤ ਨੂੰ 1.5 ਕਰੋੜ ਰੁਪਏ ਦਾ ਚੂਨਾ ਲਗਾ ਕੇ ਇਸ ਦੁਨੀਆ ਵਿੱਚ ਕਦਮ ਰੱਖਿਆ ਸੀ।

## ਮੁੱਖ ਚੋਣ ਕਮਿਸ਼ਨਰ ਵਿਰੁੱਧ ਮਹਾਦੋਸ਼ ਪ੍ਰਸਤਾਵ ਖਾਰਜ, 193 ਸਾਂਸਦਾਂ ਨੇ ਕੀਤੇ ਸਨ ਦਸਤਖਤ

ਕੌਮੀ ਪਤ੍ਰਿਕਾ

ਨਵੀਂ ਦਿੱਲੀ 7 ਅਪ੍ਰੈਲ। ਸੰਸਦ ਵਿੱਚ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਅਹੁਦੇ ਤੋਂ ਹਟਾਉਣ ਲਈ ਲਿਆਂਦਾ ਗਿਆ ਮਹਾਦੋਸ਼ ਪ੍ਰਸਤਾਵ ਖਾਰਜ ਕਰ ਦਿੱਤਾ ਗਿਆ ਹੈ। ਇਹ ਪ੍ਰਸਤਾਵ 12 ਮਾਰਚ ਨੂੰ ਰਾਜ ਸਭਾ ਵਿੱਚ ਪੇਸ਼ ਕੀਤਾ ਗਿਆ ਸੀ, ਜਿਸ 'ਤੇ 63 ਰਾਜ ਸਭਾ ਮੈਂਬਰਾਂ ਸਮੇਤ ਕੁੱਲ 193 ਸਾਂਸਦਾਂ ਦੇ ਦਸਤਖਤ ਸਨ। ਰਾਜ ਸਭਾ ਦੇ ਸਭਾਪਤੀ ਨੇ ਪ੍ਰਸਤਾਵ ਦੇ ਸਾਰੇ ਪਹਿਲੂਆਂ ਦਾ ਨਿਰਪੱਖ ਮੁਲਾਂਕਣ ਕਰਨ ਤੋਂ ਬਾਅਦ, 'ਜੱਜ (ਜਾਂਚ) ਐਕਟ, 1968' ਦੀ ਧਾਰਾ 3 ਤਹਿਤ ਮਿਲੀ ਸ਼ਕਤੀ ਦੀ ਵਰਤੋਂ ਕਰਦਿਆਂ ਇਸ ਨੂੰ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ। ਇਸ ਫੈਸਲੇ ਤੋਂ ਬਾਅਦ ਹੁਣ ਮੁੱਖ ਚੋਣ ਕਮਿਸ਼ਨਰ ਦਾ ਕਾਰਜਕਾਲ ਪੂਰੀ ਤਰ੍ਹਾਂ ਸੁਰੱਖਿਅਤ ਹੈ। ਵਿਰੋਧੀ ਧਿਰ ਨੇ ਮੁੱਖ ਚੋਣ ਕਮਿਸ਼ਨਰ 'ਤੇ ਪੱਖਪਾਤ ਅਤੇ ਭੇਦਭਾਵ ਦੇ 7 ਗੰਭੀਰ ਦੋਸ਼ ਲਗਾਏ ਸਨ। ਇਨ੍ਹਾਂ ਵਿੱਚ ਮੁੱਖ ਤੌਰ 'ਤੇ ਬਿਹਾਰ ਅਤੇ ਪੱਛਮੀ ਬੰਗਾਲ ਵਿੱਚ ਵੋਟਰ ਲਿਸਟਾਂ ਦੇ ਵਿਸ਼ੇਸ਼ ਸੁਧਾਰ ਮੁਹਿੰਮ ਦੌਰਾਨ ਲੋਕਾਂ ਦੇ ਵੋਟ ਦੇ ਅਧਿਕਾਰ ਖੋਹਣ ਅਤੇ ਸੱਤਾਧਾਰੀ ਪਾਰਟੀ ਦੀ ਮਦਦ ਕਰਨ ਦੇ ਇਲਜ਼ਾਮ ਸ਼ਾਮਲ ਸਨ। ਵਿਰੋਧੀ ਧਿਰ ਦਾ ਦਾਅਵਾ ਸੀ ਕਿ 353 ਨੇ ਲੋਕਤੰਤਰਿਕ ਅਧਿਕਾਰਾਂ ਅਤੇ ਚੋਣ ਪ੍ਰਕਿਰਿਆ ਦੀ



ਨਿਰਪੱਖਤਾ ਨਾਲ ਸਮਝੌਤਾ ਕੀਤਾ ਹੈ। ਮਹਾਦੋਸ਼ ਪ੍ਰਸਤਾਵ ਦੇ ਖਾਰਜ ਹੋਣ ਨੂੰ ਸੰਵਿਧਾਨ ਅਤੇ ਚੋਣ ਪ੍ਰਕਿਰਿਆ ਦੀ ਸੁਤੰਤਰਤਾ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਮੰਨਿਆ ਜਾ ਰਿਹਾ ਹੈ।

## 9 ਪੁਲਸ ਮੁਲਾਜ਼ਮਾਂ ਨੂੰ ਸੁਣਾਈ ਸਜ਼ਾ-ਏ-ਮੌਤ ! ਥਾਣੇ 'ਚ ਟਾਰਚਰ ਦੌਰਾਨ ਗਈ ਸੀ ਪਿਓ-ਪੁੱਤ ਦੀ ਜਾਨ

ਨੈਸ਼ਨਲ ਡੈਸਕ 7 ਅਪ੍ਰੈਲ। ਤਾਮਿਲਨਾਡੂ ਦੀ ਮਦਰਾਸ ਹਾਈ ਕੋਰਟ ਦੀ ਮਦੁਰੈ ਬੈਂਚ ਨੇ ਸਾਲ 2020 ਦੇ ਬਹੁ-ਚਰਚਿਤ ਸਥਾਨਕੁਲਮ ਕਸਟੋਡੀਅਲ ਕਿੱਲਿੰਗ ਮਾਮਲੇ ਵਿੱਚ ਇੱਕ ਬਹੁਤ ਵੱਡਾ ਤੇ ਅਹਿਮ ਫੈਸਲਾ ਸੁਣਾਇਆ ਹੈ। ਅਦਾਲਤ ਨੇ ਇਸ ਮਾਮਲੇ ਵਿੱਚ ਦੋਸ਼ੀ ਪਾਏ ਗਏ ਤਾਮਿਲਨਾਡੂ ਦੇ 9 ਪੁਲਸ ਮੁਲਾਜ਼ਮਾਂ ਨੂੰ ਮੌਤ ਦੀ ਸਜ਼ਾ ਸੁਣਾਈ ਹੈ। ਕੋਰਟ ਨੇ ਇਸ ਘਟਨਾ ਨੂੰ ਰੇਅਰੈਸਟ ਆਫ ਰੇਅਰ ਯਾਨੀ ਬੇਹੱਦ ਸੰਗੀਨ ਅਪਰਾਧ ਮੰਨਦੇ ਹੋਏ ਇਹ ਸਖ਼ਤ ਸਜ਼ਾ ਦਿੱਤੀ ਹੈ। ਇਹ ਮਾਮਲਾ ਤੂਤੀਕੋਰਿਨ ਜ਼ਿਲ੍ਹੇ ਦੇ ਸਥਾਨਕੁਲਮ ਨਾਲ ਜੁੜਿਆ ਹੋਇਆ ਹੈ, ਜਿੱਥੇ ਇੱਕ ਵਪਾਰੀ ਪੀ. ਜੈਰਾਜ ਅਤੇ ਉਸਦੇ ਬੇਟੇ ਜੇ. ਬੈਨਿਕਸ ਦੀ ਪੁਲਸ ਹਿਰਾਸਤ ਵਿੱਚ ਮੌਤ ਹੋ ਗਈ ਸੀ। ਦੋਵਾਂ ਨੂੰ 19 ਜੂਨ 2020 ਨੂੰ ਕੋਵਿਡ-19 ਲੌਕਡਾਊਨ ਨਿਯਮਾਂ ਦੀ ਉਲੰਘਣਾ ਦੇ ਦੋਸ਼ ਵਿੱਚ ਹਿਰਾਸਤ ਵਿੱਚ ਲਿਆ ਗਿਆ ਸੀ। ਪੁਲਸ ਦਾ ਦੋਸ਼ ਸੀ ਕਿ ਉਨ੍ਹਾਂ ਨੇ ਆਪਣੀ ਮੋਬਾਈਲ ਐਕਸੈਸਰੀਜ਼ ਦੀ ਦੁਕਾਨ ਨਿਰਧਾਰਤ ਸਮੇਂ ਤੋਂ ਬਾਅਦ ਵੀ ਖੁੱਲ੍ਹੀ ਰੱਖੀ ਸੀ। ਜਾਂਚ ਦੌਰਾਨ ਸਾਹਮਣੇ ਆਇਆ ਕਿ ਹਿਰਾਸਤ ਵਿੱਚ ਪਿਓ-ਪੁੱਤ ਨਾਲ ਲਗਾਤਾਰ ਅਤੇ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ ਸੀ। ਉਨ੍ਹਾਂ ਨੂੰ ਸਾਰੀ ਰਾਤ ਪ੍ਰਤਾੜਿਤ ਕੀਤਾ ਗਿਆ, ਜਿਸ ਕਾਰਨ ਉਨ੍ਹਾਂ ਨੂੰ ਗੰਭੀਰ ਸੱਟਾਂ (ਬਲੰਟ ਫੋਰਸ ਟਰਾਮਾ) ਲੱਗੀਆਂ ਅਤੇ ਭਾਰੀ ਖੂਨ ਵਹਿਣ ਕਾਰਨ ਉਨ੍ਹਾਂ ਦੀ ਮੌਤ ਹੋ ਗਈ। ਇਸ ਘਟਨਾ ਤੋਂ ਬਾਅਦ ਪੂਰੇ ਦੇਸ਼ ਵਿੱਚ ਭਾਰੀ ਰੋਸ ਫੈਲ ਗਿਆ ਸੀ, ਜਿਸ ਤੋਂ ਬਾਅਦ ਮਾਮਲੇ ਦੀ ਜਾਂਚ ਸੀ.ਬੀ.ਆਈ. (329) ਨੂੰ ਸੌਂਪੀ ਗਈ ਸੀ। ਸੀ.ਬੀ.ਆਈ. ਨੇ ਆਪਣੀ ਜਾਂਚ ਵਿੱਚ ਪਾਇਆ ਕਿ ਇਹ ਅੱਤਿਆਚਾਰ ਪਹਿਲਾਂ ਤੋਂ ਸੋਚੀ-ਸਮਝੀ ਸਾਜ਼ਿਸ਼ ਸੀ। ਅਦਾਲਤ ਨੇ ਜਿਨ੍ਹਾਂ 9 ਪੁਲਸ ਮੁਲਾਜ਼ਮਾਂ ਨੂੰ ਮੌਤ ਦੀ ਸਜ਼ਾ ਸੁਣਾਈ ਹੈ, ਉਨ੍ਹਾਂ ਵਿੱਚ ਇੰਸਪੈਕਟਰ ਐਸ. ਸ਼੍ਰੀਧਰ, ਸਬ-ਇੰਸਪੈਕਟਰ ਪੀ. ਰਘੂ ਗਣੇਸ਼ ਅਤੇ ਕੇ. ਬਾਲਕ੍ਰਿਸ਼ਨਨ ਸ਼ਾਮਲ ਹਨ। ਇਸ ਤੋਂ ਇਲਾਵਾ ਹੈੱਡ ਕਾਂਸਟੇਬਲ ਐਸ. ਮੁਰੂਗਨ ਤੇ ਏ. ਸਮਦੁਰਈ ਅਤੇ ਕਾਂਸਟੇਬਲ ਐਮ. ਮੁਥੂਰਾਜ, ਐਸ. ਚੇਲਾਦੁਰਈ, ਐਕਸ. ਥਾਮਸ ਫ?ਰਾਂਸਿਸ ਤੇ ਐਸ. ਵੇਲੂਮੁਥੂ ਨੂੰ ਵੀ ਦੋਸ਼ੀ ਠਹਿਰਾਇਆ ਗਿਆ ਹੈ। ਇਸ ਕੇਸ ਵਿੱਚ ਇੱਕ ਦਸਵਾਂ ਮੁਲਜ਼ਮ ਵੀ ਸੀ, ਜਿਸ ਦੀ ਟ?ਰਾਇਲ ਦੌਰਾਨ ਮੌਤ ਹੋ ਗਈ ਸੀ। ਅਦਾਲਤ ਨੇ ਆਪਣੇ ਫੈਸਲੇ ਵਿੱਚ ਸਪੱਸ਼ਟ ਕਿਹਾ ਕਿ ਇਹ ਮਾਮਲਾ ਅਤਿ ਦੀ ਕਰੂਰਤਾ ਅਤੇ ਸੱਤਾ ਦੀ ਦੁਰਵਰਤੋਂ ਦੀ ਇੱਕ ਮਿਸਾਲ ਹੈ। ਜੱਜ ਨੇ ਕਿਹਾ ਕਿ ਇਹ ਕੋਈ ਆਮ ਅਪਰਾਧ ਨਹੀਂ ਹੈ, ਸਗੋਂ ਪੁਲਸ ਵੱਲੋਂ ਆਪਣੀ ਸ਼ਕਤੀ ਦੀ ਨਾਜਾਇਜ਼ ਵਰਤੋਂ ਕਰਕੇ ਕੀਤਾ ਗਿਆ ਅਪਰਾਧ ਹੈ।

## ਸ਼ੰਕਰਾਚਾਰੀਆ ਬੋਲੇ-ਮੋਹਨ ਭਾਗਵਤ ਵਿਆਹ ਕਰ ਕੇ ਬੱਚੇ ਕਿਉਂ ਨਹੀਂ ਪੈਦਾ ਕਰਦੇ?

ਕੌਮੀ ਪਤ੍ਰਿਕਾ

ਬਰੇਲੀ 7 ਅਪ੍ਰੈਲ। ਸ਼ੰਕਰਾਚਾਰੀਆ ਸਵਾਮੀ ਅਵਿਮੁਕਤੇਸ਼ਵਰਾਨੰਦ ਸਰਸਵਤੀ ਨੇ ਆਰ.ਐੱਸ.ਐੱਸ. ਦੇ ਮੁਖੀ ਮੋਹਨ ਭਾਗਵਤ ਵੱਲੋਂ ਹਿੰਦੂਆਂ ਨੂੰ 3-3 ਬੱਚੇ ਪੈਦਾ ਕਰਨ ਬਾਰੇ ਦਿੱਤੇ ਬਿਆਨ 'ਤੇ ਉਨ੍ਹਾਂ ਨੂੰ ਖੁਦ ਵੀ ਵਿਆਹ ਕਰਨ ਦੀ ਐਤਵਾਰ ਸਲਾਹ ਦਿੱਤੀ। ਸ਼ੰਕਰਾਚਾਰੀਆ ਜਿਨ੍ਹਾਂ ਬਰੇਲੀ ਦੀ ਦੋਹਰਾ ਰੋਡ 'ਤੇ ਦੇਵਭੂਮੀ ਉਦਯੋਗਿਕ ਸਿਖਲਾਈ ਸੰਸਥਾ ਦਾ ਦੌਰਾ ਕੀਤਾ, ਨੇ ਕਿਹਾ ਕਿ ਮੋਹਨ ਭਾਗਵਤ ਤੇ ਉਨ੍ਹਾਂ ਦੇ ਪ੍ਰਚਾਰਕਾਂ ਨੂੰ ਵਿਆਹ ਕਰਨਾ ਚਾਹੀਦਾ ਹੈ, ਬੱਚੇ ਪੈਦਾ ਕਰਨੇ ਚਾਹੀਦੇ ਹਨ ਤੇ ਆਬਾਦੀ ਵਧਾਉਣੀ ਚਾਹੀਦੀ ਹੈ। ਉਹ ਇੰਝ ਕਿਉਂ ਨਹੀਂ ਕਰਦੇ? ਇਕ ਪਾਸੇ ਸਰਕਾਰ ਕਹਿ ਰਹੀ ਹੈ ਕਿ ਆਬਾਦੀ ਖਤਰਨਾਕ ਹੱਦ ਤਕ ਵੱਧ ਗਈ ਹੈ ਜਦੋਂ ਕਿ ਦੂਜੇ ਪਾਸੇ ਇਹ ਲੋਕ ਆਬਾਦੀ ਹੋਰ ਵਧਾਉਣ ਦੀ ਗੱਲ ਕਰਦੇ ਹਨ। ਸ਼ੰਕਰਾਚਾਰੀਆ ਨੇ ਕਿਹਾ ਕਿ ਸਮਾਜ ਨੂੰ



ਦਿਸ਼ਾ ਦੇਣ ਵਾਲੇ ਨੂੰ ਆਪਣੇ ਜੀਵਨ 'ਚ ਵੀ ਉਹੀ ਕੁਝ ਕਰਨਾ ਚਾਹੀਦਾ ਹੈ ਜੋ ਉਹ ਦੂਜਿਆਂ ਨੂੰ ਕਰਨ ਦੀ ਸਲਾਹ ਦਿੰਦੇ ਹਨ। ਉਨ੍ਹਾਂ ਵਿਅੰਗਾਤਮਕ ਢੰਗ ਨਾਲ ਕਿਹਾ ਕਿ ਜੇ ਮੋਹਨ ਭਾਗਵਤ ਨੂੰ ਹਿੰਦੂਆਂ ਦੀ ਗਿਣਤੀ ਵਧਾਉਣ ਦੀ ਚਿੰਤਾ ਹੈ ਤਾਂ ਉਨ੍ਹਾਂ ਨੂੰ ਵਿਆਹ ਕਰਨਾ ਚਾਹੀਦਾ ਹੈ ਤੇ ਬੱਚੇ ਪੈਦਾ ਕਰਨੇ ਚਾਹੀਦੇ ਹਨ। ਸ਼ੰਕਰਾਚਾਰੀਆ ਨੇ ਕਿਹਾ ਕਿ ਦੇਸ਼ 'ਚ ਧਰਮ ਤੇ ਆਬਾਦੀ ਵਰਗੇ ਨਾਜ਼ੁਕ ਮੁੱਦਿਆਂ 'ਤੇ ਬਿਆਨ ਦੇਣ ਤੋਂ ਪਹਿਲਾਂ ਨੇਤਾਵਾਂ ਨੂੰ ਆਪਣੇ ਆਚਰਣ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਸਮਾਜ 'ਚ ਸੰਤੁਲਨ ਤੇ ਸਦਭਾਵਨਾ ਦੀ ਅਪੀਲ ਕੀਤੀ। ਵਿਰੋਧੀ ਧਿਰ ਦੀ ਹਮਾਇਤ ਕਰਨ ਦੇ ਸਵਾਲ 'ਤੇ ਉਨ੍ਹਾਂ ਕਿਹਾ ਕਿ ਸੱਤਾਧਾਰੀ ਧਿਰ ਕਹਿੰਦੀ ਹੈ ਕਿ ਉਹ ਵਿਰੋਧੀ ਧਿਰ ਨਾਲ ਖੜ੍ਹੀ ਹੈ। ਮੈਂ ਉਨ੍ਹਾਂ ਨੂੰ ਕਹਿਣਾ ਚਾਹੁੰਦਾ ਹਾਂ ਕਿ ਸਾਡੀ ਗੱਲ ਸੁਣੋ। ਗਊ ਰੱਖਿਆ ਲਈ ਕਾਨੂੰਨ ਬਣਾਓ। ਅਸੀਂ ਤੁਹਾਡੇ ਨਾਲ ਖੜ੍ਹੇ ਹੋਵਾਂਗੇ। ਮੈਂ ਸੱਤਾਧਾਰੀ ਧਿਰ ਜਾਂ ਵਿਰੋਧੀ ਧਿਰ ਦੇ ਨਾਲ ਨਹੀਂ ਹਾਂ।

## ਐਨਡੀਏ ਸਰਕਾਰ ਨੇ ਔਰਤਾਂ ਨੂੰ ਹਮੇਸ਼ਾ ਇਕ ਤਰ੍ਹਾਂ ਨਾਲ ਸਸ਼ਕਤੀਕਰਨ ਕਰਨ ਦੀ ਦਿੱਤੀ ਤਰਜੀਹ : ਪ੍ਰਧਾਨ ਮੰਤਰੀ ਮੋਦੀ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 7 ਅਪ੍ਰੈਲ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਹਮੇਸ਼ਾ ਹਰ ਪਹਿਲੂ ਵਿੱਚ ਔਰਤਾਂ ਦੇ ਸਸ਼ਕਤੀਕਰਨ ਨੂੰ ਤਰਜੀਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਐਨਡੀਏ ਸਰਕਾਰ ਦੁਆਰਾ ਪੇਸ਼ ਕੀਤੇ ਗਏ ਮਹਿਲਾ ਰਾਖਵਾਂਕਰਨ ਐਕਟ ਨਾਲ ਭਾਰਤ ਇੱਕ ਵਧੇਰੇ ਔਰਤਾਂ ਦੀ ਅਗਵਾਈ ਵਾਲੀ ਸ਼ਾਸਨ ਪ੍ਰਣਾਲੀ ਵੱਲ ਵਧ ਰਿਹਾ ਹੈ। ਪ੍ਰਧਾਨ ਮੰਤਰੀ ਨੇ ਇਹ ਟਿੱਪਣੀ ਕੇਂਦਰੀ ਮੰਤਰੀ ਅੰਨਪੂਰਨਾ ਦੇਵੀ ਦੇ ਮਹਿਲਾ ਵਿਧਾਨਕ ਲੀਡਰਸ਼ਿਪ ਨੂੰ ਉਤਸ਼ਾਹਿਤ ਕਰਨਾ ਵਿਸ਼ੇ 'ਤੇ ਇੱਕ ਅਖ਼ਬਾਰ ਦੇ ਲੇਖ ਦੇ ਜਵਾਬ ਵਿੱਚ ਕੀਤੀ। ਲੇਖ ਵਿੱਚ ਅੰਨਪੂਰਨਾ ਦੇਵੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਔਰਤਾਂ ਦੀ ਵਧੇਰੇ ਪ੍ਰਤੀਨਿਧਤਾ ਮਜ਼ਬੂਤ, ਵਧੇਰੇ ਸਮਾਵੇਸ਼ੀ ਸ਼ਾਸਨ ਅਤੇ ਵਿਕਸਤ ਭਾਰਤ ਦੀ ਕੁੰਜੀ ਹੈ। ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ ✓ 'ਤੇ ਇੱਕ ਪੋਸਟ ਵਿੱਚ ਕਿਹਾ, ਪ੍ਰਤੀਨਿਧਤਾ ਨੂੰ ਅਸਲ ਪ੍ਰਭਾਵ ਵਿੱਚ ਬਦਲਣਾ ਜ਼ਰੂਰੀ ਹੈ। ਸਰਕਾਰ ਨੇ ਹਮੇਸ਼ਾ ਹਰ ਰੂਪ ਵਿੱਚ ਔਰਤਾਂ ਦੇ ਸਸ਼ਕਤੀਕਰਨ ਨੂੰ ਤਰਜੀਹ ਦਿੱਤੀ ਹੈ। ਇਸ ਲਈ ਨਾਰੀ ਸ਼ਕਤੀ ਵੰਦਨ ਐਕਟ ਦੀ



ਨੀਂਹ ਰੱਖ ਕੇ ਭਾਰਤ ਔਰਤਾਂ ਦੀ ਅਗਵਾਈ ਵਾਲੀ ਸ਼ਾਸਨ ਪ੍ਰਣਾਲੀ ਵੱਲ ਵਧ ਰਿਹਾ ਹੈ। ਇਹ ਇੱਕ ਵਿਕਸਤ ਭਾਰਤ ਦਾ ਇੱਕ ਮੁੱਖ ਥੰਮ?ਹ ਵੀ ਹੈ। ਨਾਰੀ ਸ਼ਕਤੀ ਵੰਦਨ ਐਕਟ ਨੂੰ ਆਮ ਤੌਰ 'ਤੇ ਮਹਿਲਾ ਰਾਖਵਾਂਕਰਨ ਐਕਟ ਵਜੋਂ ਜਾਣਿਆ ਜਾਂਦਾ ਹੈ। ਇਸ ਐਕਟ ਨੂੰ 2023 ਵਿੱਚ ਸੰਸਦ ਦੁਆਰਾ ਮਨਜ਼ੂਰ ਕੀਤਾ ਗਿਆ, ਜਿਸ ਨਾਲ ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ 33 ਪ੍ਰਤੀਸ਼ਤ ਰਾਖਵਾਂਕਰਨ ਪ੍ਰਦਾਨ ਕੀਤਾ ਗਿਆ ਹੈ। ਸੰਵਿਧਾਨ ਵਿੱਚ ਸੋਧ ਕਰਕੇ ਲਿਆਂਦਾ ਗਿਆ ਇਹ ਕਾਨੂੰਨ ਹਲਕਿਆਂ ਦੀ ਹੱਦਬੰਦੀ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਲਾਗੂ ਹੋਵੇਗਾ। ਪ੍ਰਧਾਨ ਮੰਤਰੀ ਨੇ ਸ਼ਨੀਵਾਰ ਨੂੰ ਸੰਸਦ ਦੇ ਬਜਟ ਸੈਸ਼ਨ ਨੂੰ ਤਿੰਨ ਦਿਨ 16 ਅਪ੍ਰੈਲ ਤੋਂ 18 ਅਪ੍ਰੈਲ ਤੱਕ ਵਧਾਉਣ ਦਾ ਐਲਾਨ ਕੀਤਾ, ਤਾਂ ਜੋ ਮਹਿਲਾ ਰਾਖਵਾਂਕਰਨ ਐਕਟ ਵਿੱਚ ਸੋਧ ਕੀਤੀ ਜਾ ਸਕੇ ਅਤੇ ਇਸਨੂੰ 2029 ਤੋਂ ਲਾਗੂ ਕੀਤਾ ਜਾ ਸਕੇ। ਅਧਿਕਾਰੀਆਂ ਨੇ ਕਿਹਾ ਕਿ ਜੇਕਰ ਹੱਦਬੰਦੀ ਪ੍ਰਕਿਰਿਆ ਅਸਲ ਵਿੱਚ ਲਾਗੂ ਹੋਣ ਤੋਂ ਪਹਿਲਾਂ ਕਾਨੂੰਨ ਬਣਾਉਣ ਦਾ ਪ੍ਰਸਤਾਵ ਅਸਲ ਵਿੱਚ ਲਾਗੂ ਹੁੰਦਾ ਹੈ, ਤਾਂ ਸੰਵਿਧਾਨ ਵਿੱਚ ਇੱਕ ਹੋਰ ਸੋਧ ਦੀ ਲੋੜ ਹੋਵੇਗੀ। ਸਰਕਾਰ ਤੋਂ ਸੰਸਦ ਦੇ ਤਿੰਨ ਦਿਨਾਂ ਸੈਸ਼ਨ ਦੌਰਾਨ ਇਸ ਸਬੰਧ ਵਿੱਚ ਕਾਨੂੰਨ ਵਿੱਚ ਸੋਧ ਕਰਨ ਦੀ ਉਮੀਦ ਹੈ। ਮੋਦੀ ਨੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਖੁੱਲ੍ਹੇ ਦਿਮਾਗ ਨਾਲ ਅਤੇ ਕਿਸੇ ਵੀ ਰਾਜਨੀਤਿਕ ਲਾਭ-ਨੁਕਸਾਨ ਨੂੰ ਤੋਲਣ ਤੋਂ ਬਿਨਾਂ ਸਬੰਧਤ ਬਿੱਲਾਂ ਦਾ ਪੂਰਾ ਸਮਰਥਨ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇਹ ਸਸ਼ਕਤੀਕਰਨ ਦਾ ਮੁੱਦਾ ਹੈ।

# ਪੂਰੀ ਤਰ੍ਹਾਂ ਸੀਲ ਹੋ ਗਿਆ ਪੰਜਾਬ ਦਾ ਇਹ ਜ਼ਿਲ੍ਹਾ, 200 ਮੁਲਾਜ਼ਮਾਂ ਨੇ ਸਾਂਭੇ ਮੋਰਚੇ

**ਕੌਮੀ ਪਤ੍ਰਿਕਾ**

ਸ੍ਰੀ ਮੁਕਤਸਰ ਸਾਹਿਬ 7 ਅਪ੍ਰੈਲ। ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਜ਼ਿਲਾ ਅੰਦਰ ਅਮਨ-ਕਾਨੂੰਨ ਦੀ ਸਥਿਤੀ ਮਜ਼ਬੂਤ ਬਣਾਈ ਰੱਖਣ ਲਈ ਸਪੈਸ਼ਲ ਨਾਕਾਬੰਦੀ ਅਤੇ ਸਰਚ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੀ ਅਗਵਾਈ ਐੱਸ. ਐੱਸ. ਪੀ. ਸ੍ਰੀ ਮੁਕਤਸਰ ਸਾਹਿਬ ਅਭਿਮੰਨਿਊ ਰਾਣਾ (ਆਈ. ਪੀ. ਐੱਸ.) ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਕੀਤੀ ਗਈ। ਮੁਕਤਸਰ ਸਾਹਿਬ ਪੁਲਸ ਵੱਲੋਂ ਜ਼ਿਲੇ ਭਰ 'ਚ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਇਕ ਵਿਸ਼ੇਸ਼ ਸਰਚ ਮੁਹਿੰਮ ਚਲਾਈ ਗਈ। ਇਸ ਦੌਰਾਨ ਜ਼ਿਲੇ ਦੇ ਚਾਰੇ ਸਬ-ਡਵੀਜ਼ਨਾਂ ਵਿਚ ਕੁੱਲ 24 ਨਾਕੇ ਲਗਾ ਕੇ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਗਹਿਰੀ ਚੈਕਿੰਗ ਕੀਤੀ ਗਈ। ਜ਼ਿਲੇ ਦੇ ਚਾਰੇ ਸਬ-ਡਵੀਜ਼ਨ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, ਮਲੋਟ ਅਤੇ ਲੰਬੀ ਵਿਚ ਨਾਕਾਬੰਦੀ ਕੀਤੀ ਗਈ। ਕੁੱਲ 200 ਦੇ ਕਰੀਬ ਪੁਲਸ ਅਧਿਕਾਰੀ ਅਤੇ ਕਰਮਚਾਰੀ ਡਿਊਟੀ 'ਤੇ ਤਾਇਨਾਤ ਰਹੇ। ਇਸ ਸਪੈਸ਼ਲ ਆਪ੍ਰੇਸ਼ਨ ਦੀ ਸੁਪਰਵਿਜ਼ਨ ਐੱਸ. ਪੀ. (ਡੀ) ਮਨਮੀਤ ਸਿੰਘ ਢਿੱਲੋਂ ਅਤੇ ਸਬੰਧਤ ਸਬ-ਡਵੀਜ਼ਨਾਂ ਦੇ ਡੀ. ਐੱਸ. ਪੀਜ਼ ਬਚਨ ਸਿੰਘ ਡੀ. ਐੱਸ. ਪੀ. (ਸ੍ਰੀ ਮੁਕਤਸਰ ਸਾਹਿਬ), ਅਰਨ ਮੁੰਡਨ ਡੀ. ਐੱਸ. ਪੀ. (ਗਿੱਦੜਬਾਹਾ), ਨਵੀਨ ਪਾਲ ਸਿੰਘ ਡੀ. ਐੱਸ. ਪੀ. (ਮਲੋਟ) ਅਤੇ ਹਰਬੰਸ ਸਿੰਘ ਡੀ. ਐੱਸ. ਪੀ. (ਲੰਬੀ) ਵੱਲੋਂ ਕੀਤੀ ਗਈ, ਤਾਂ ਜੋ ਨਾਕਾਬੰਦੀ ਅਤੇ ਚੈਕਿੰਗ ਦੌਰਾਨ ਹਰ ਪੱਧਰ 'ਤੇ ਪੂਰੀ ਸਖ਼ਤੀ ਬਣੀ ਰਹੇ। ਪਾਇਸ ਐਪ ਰਾਹੀਂ ਸ਼ੱਕੀ ਵਿਅਕਤੀਆਂ ਦੀ ਪਛਾਣ ਅਤੇ ਵੈਰੀਫਿਕੇਸ਼ਨ ਕੀਤੀ ਗਈ। ਵਾਹਨ ਐਪ ਦੀ ਮਦਦ ਨਾਲ ਵਾਹਨਾਂ ਦੀ ਜਾਂਚ ਕੀਤੀ ਗਈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਵਾਹਨ ਚੋਰੀਸ਼ੁਦਾ ਜਾਂ ਕਿਸੇ ਅਪਰਾਧਕ ਗਤੀਵਿਧੀ 'ਚ ਸ਼ਾਮਲ ਨਾ ਹੋਵੇ। ਇਸ ਮੌਕੇ ਐੱਸ. ਪੀ.(ਡੀ) ਮਨਮੀਤ ਸਿੰਘ ਢਿੱਲੋਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਜ਼ਿਲ੍ਹੇ ਅੰਦਰ ਸਿਟੀ ਨੂੰ ਪੂਰਾ ਸੀਲ ਕਰ ਕੇ ਹਰ ਇਕ ਵ?ਹੀਕਲ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾ ਗਈ। ਸ਼ੱਕੀ ਵਿਅਕਤੀਆਂ ਅਤੇ ਸ਼ੱਕੀ ਪੁਰਸ਼ਾਂ ਦੇ ਆਉਣ-ਜਾਣ 'ਤੇ ਵਿਸ਼ੇਸ਼ ਨਿਗਰਾਨੀ ਰੱਖੀ ਗਈ। ਇਸ ਤੋਂ ਇਲਾਵਾ, ਹਰ ਵਾਹਨ ਦੀ ਡੀਟੇਲ ਚੈੱਕ ਕਰ ਕੇ ਡਰਾਈਵਰਾਂ ਦੀ ਪਛਾਣ ਕੀਤੀ ਗਈ ਅਤੇ ਜ਼ਰੂਰੀ ਦਸਤਾਵੇਜ਼ਾਂ ਦੀ ਜਾਂਚ ਕੀਤੀ ਗਈ। ਪੁਲਸ ਟੀਮਾਂ ਵੱਲੋਂ



ਨਾਕਿਆਂ 'ਤੇ ਆਧੁਨਿਕ ਉਪਕਰਣਾਂ ਦੀ ਵਰਤੋਂ ਕਰਦੇ ਹੋਏ ਸੰਦੇਹੀ ਸਾਮਾਨ ਦੀ ਤਲਾਸ਼ੀ ਲਈ। ਕਿਸੇ ਵੀ ਕਿਸਮ ਦੀ ਗੈਰਕਾਨੂੰਨੀ ਗਤੀਵਿਧੀ ਨੂੰ ਰੋਕਣ ਲਈ ਦਿਨ-ਰਾਤ ਮੁਹਿੰਮ ਜਾਰੀ ਰੱਖੀ ਗਈ ਹੈ। ਐੱਸ. ਐੱਸ. ਪੀ. ਸ੍ਰੀ ਮੁਕਤਸਰ ਸਾਹਿਬ ਅਭਿਮੰਨਿਊ ਰਾਣਾ ਨੇ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਪੁਲਸ ਜ਼ਿਲ੍ਹੇ ਦੀ ਸ਼ਾਂਤੀ, ਸੁਰੱਖਿਆ ਅਤੇ ਕਾਨੂੰਨ-ਵਿਵਸਥਾ ਨੂੰ ਹਰ ਕੀਮਤ 'ਤੇ ਬਰਕਰਾਰ ਰੱਖਣ ਲਈ ਵਚਨਬੱਧ ਹੈ। ਇਹ ਵਿਸ਼ੇਸ਼ ਸਰਚ ਅਭਿਆਨ ਅਪਰਾਧਕ ਗਤੀਵਿਧੀਆਂ 'ਤੇ ਨਕੇਲ ਕੱਸਣ ਅਤੇ ਸ਼ਰਾਰਤੀ ਅਨਸਰਾਂ ਦੀ ਸਰਗਰਮੀ 'ਤੇ ਨਿਗਰਾਨੀ ਲਈ ਚਲਾਇਆ ਗਿਆ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਜ਼ਿਲੇ 'ਚ ਗੈਂਗਸਟਰਾਂ, ਨਸ਼ਾ ਸਮੱਗਲਰਾਂ ਅਤੇ ਕਿਸੇ ਵੀ ਤਰ੍ਹਾਂ ਦੀ ਅਪਰਾਧਕ ਸਰਗਰਮੀ ਲਈ ਕੋਈ ਥਾਂ ਨਹੀਂ ਹੈ। ਆਪਣੇ ਇਲਾਕੇ 'ਚ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਸ ਨੂੰ ਸੂਚਿਤ ਕਰੋ। ਜੇਕਰ ਕਿਸੇ ਕੋਲ ਨਸ਼ਾ ਸਮੱਗਲਿੰਗ ਜਾਂ ਅਪਰਾਧਕ ਗਤੀਵਿਧੀ ਸਬੰਧੀ ਕੋਈ ਜਾਣਕਾਰੀ ਹੋਵੇ ਤਾਂ 80549-42100 ਨੰਬਰ 'ਤੇ ਫੋਨ ਜਾਂ ਵਟਸਐਪ ਕਰ ਸਕਦੇ ਹਨ। ਜਾਣਕਾਰੀ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

## ਪੰਜਾਬ 'ਚ ਹੋਈ ਗੜੇਮਾਰੀ ਤੇ ਮੀਂਹ ਨੇ ਕਣਕ ਦੀ ਫਸਲ ਨੂੰ ਕੀਤਾ ਤਬਾਹ

ਸ੍ਰੀ ਮੁਕਤਸਰ ਸਾਹਿਬ 7 ਅਪ੍ਰੈਲ। ਪਿੰਡ ਕੋਟਲੀ ਅਬਲੂ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਵਿਖੇ ਅੱਜ ਸ਼ਾਮ ਮੌਕੇ ਅਸਮਾਨ 'ਚ ਕਾਲੇ ਬੱਦਲ ਛਾ ਗਏ ਅਤੇ ਇਸ ਮਗਰੋਂ ਵਰਖਾ ਦੇ ਨਾਲ ਭਾਰੀ ਗੜੇਮਾਰੀ ਹੋਈ। ਪਿੰਡ ਦੇ ਕਿਸਾਨ ਗੁਰਲਾਭ ਸਿੰਘ ਸੰਧੂ ਸਰਪੰਚ, ਸਾਬਕਾ ਬਲਾਕ ਸੰਮਤੀ ਮੈਂਬਰ ਜਗਦੀਪ ਸਿੰਘ ਅਤੇ ਬਲਤੇਜ ਸਿੰਘ ਨੇ ਦੱਸਿਆ ਕਿ ਪਿੰਡ ਦੇ ਕਿਸਾਨਾਂ ਦੀ ਕਣਕ ਦੀ ਫਸਲ ਬਹੁਤ ਪ੍ਰਭਾਵਿਤ ਹੋਈ ਹੈ। ਗੜੇਮਾਰੀ ਅਤੇ ਮੀਂਹ ਨਾਲ ਕਣਕ ਦੀ ਫਸਲ ਨੂੰ ਵੱਡਾ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਦੱਸਿਆ ਕਿ ਪਹਿਲਾਂ ਹੀ ਕਿਸਾਨ ਆਰਥਿਕ ਤੌਰ 'ਤੇ ਮੰਦਹਾਲੀ ਦੇ ਦੌਰ 'ਚੋਂ ਗੁਜ਼ਰ ਰਹੇ ਹਨ ਅਤੇ ਹੁਣ ਅਚਾਨਕ ਭਾਰੀ ਗੜੇਮਾਰੀ ਨੇ ਕਿਸਾਨਾਂ ਦੀ ਕਣਕ ਦੀ ਫਸਲ ਨੂੰ ਤਬਾਹ ਕਰ ਕੇ ਰੱਖ ਦਿੱਤਾ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਕਿਸਾਨਾਂ ਦੇ ਹੋਏ ਨੁਕਸਾਨ ਦਾ ਪੂਰਾ ਮੁਆਵਜ਼ਾ ਦਿੱਤਾ ਜਾਵੇ। ਕਈ ਦਿਨਾਂ ਤੋਂ ਰੁਕ-ਰੁਕ ਕੇ ਮੌਸਮ ਦੀ ਚੱਲ ਰਹੀ ਖਰਾਬੀ ਕਾਰਨ ਕਣਕ ਦੀ ਫਸਲ ਤੋਂ ਇਲਾਵਾ ਸਰ੍ਹੋਂ ਦੀ ਫਸਲ ਨੂੰ ਵੀ ਨੁਕਸਾਨ ਪਹੁੰਚਿਆ ਹੈ। ਬਹੁਤ ਪਿੰਡ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ।

# ਜਗਰਾਓਂ 'ਚ ਨੌਜਵਾਨ ਦੀ ਸ਼ੱਕੀ ਹਾਲਾਤ 'ਚ ਮੌਤ, ਨਸ਼ੇ ਦੀ ਓਵਰਡੋਜ਼ ਦਾ ਖ਼ਦਸ਼ਾ

**ਕੌਮੀ ਪਤ੍ਰਿਕਾ**

ਜਗਰਾਓਂ 7 ਅਪ੍ਰੈਲ। ਸਥਾਨਕ ਮੁਹੱਲਾ ਮਾਈ ਜੀਨਾ ਵਿਖੇ ਇਕ 26 ਸਾਲਾ ਨੌਜਵਾਨ ਦੀ ਭੇਤਭਰੇ ਹਾਲਾਤ ਵਿਚ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਇਕਬਾਲ ਸਿੰਘ ਉਰਫ਼ ਰਿੱਕੂ ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਇਸ ਮੌਤ ਦੇ ਪਿੱਛੇ ਨਸ਼ੇ ਦੀ ਵਰਤੋਂ ਮੁੱਖ ਕਾਰਨ ਮੰਨਿਆ ਜਾ ਰਿਹਾ ਹੈ। ਮ੍ਰਿਤਕ ਦੇ ਪਿਤਾ ਬਲਦੇਵ ਸਿੰਘ ਅਤੇ ਚਾਚਾ ਹਰੀ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਲੜਕਾ ਕੁਝ ਸਮੇਂ ਤੋਂ ਬੀਮਾਰ ਚੱਲ ਰਿਹਾ ਸੀ ਅਤੇ ਨਸ਼ੇ ਦਾ ਆਦੀ ਸੀ। ਬਾਅਦ ਦੁਪਹਿਰ 2.30 ਵਜੇ ਮੁਹੱਲੇ ਦੇ ਹੀ 2 ਨੌਜਵਾਨ ਇਕਬਾਲ ਨੂੰ ਉਨ੍ਹਾਂ ਦੇ ਘਰ ਛੱਡ ਕੇ ਗਏ ਸਨ। ਇਸ ਘਟਨਾ ਦੇ ਥੋੜ੍ਹੀ ਦੇਰ ਬਾਅਦ ਹੀ ਇਕਬਾਲ ਦੀ ਮੌਤ ਹੋ ਗਈ। ਘਟਨਾ ਤੋਂ ਬਾਅਦ ਇਲਾਕਾ ਨਿਵਾਸੀਆਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਮੁਹੱਲਾ ਨਿਵਾਸੀਆਂ ਨੇ ਪ੍ਰਸ਼ਾਸਨ 'ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਉਨ੍ਹਾਂ ਦੇ ਇਲਾਕੇ ਵਿਚ ਸ਼ਰੇਆਮ ਨਸ਼ਾ ਵਿਕ ਰਿਹਾ ਹੈ ਪਰ ਪੁਲਸ ਵੱਲੋਂ ਇਸ ਨੂੰ ਰੋਕਣ ਲਈ ਕੋਈ ਠੋਸ ਕਦਮ ਨਹੀਂ ਚੁੱਕੇ ਜਾ ਰਹੇ। ਉਨ੍ਹਾਂ ਦੋਸ਼ ਲਾਇਆ ਕਿ ਜੇਕਰ ਪੁਲਸ ਵਲੋਂ ਇਕਾ-ਦੁੱਕਾ ਨਸ਼ਾ ਸਮੱਗਲਰਾਂ ਨੂੰ ਕਾਬੂ ਕੀਤਾ ਵੀ ਜਾਂਦਾ ਹੈ ਤਾਂ ਉਹ ਜਲਦੀ ਹੀ ਛੁੱਟ ਕੇ ਮੁੜ ਆਪਣੇ ਇਸੇ ਕਾਲੇ ਕਾਰੋਬਾਰ ਵਿਚ ਲੱਗ ਜਾਂਦੇ ਹਨ। ਮੁਹੱਲਾ ਵਾਸੀਆਂ ਨੇ ਦਾਅਵਾ ਕੀਤਾ ਕਿ ਇਹ ਕੋਈ ਪਹਿਲਾ ਮਾਮਲਾ ਨਹੀਂ ਹੈ, ਬਲਕਿ ਇਸ ਤੋਂ ਪਹਿਲਾਂ ਵੀ ਉਨ੍ਹਾਂ ਦੇ ਮੁਹੱਲੇ ਦੇ 4-5 ਨੌਜਵਾਨ ਨਸ਼ੇ ਦੀ ਭੇਟ ਚੜ੍ਹ ਕੇ ਆਪਣੀਆਂ ਜਾਨਾਂ ਗਵਾ ਚੁੱਕੇ ਹਨ। ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਸਿਟੀ ਦੇ ਮੁਖੀ ਇੰਸ. ਪਰਮਿੰਦਰ ਸਿੰਘ ਪੁਲਸ ਪਾਰਟੀ ਸਮੇਤ ਮੌਕੇ 'ਤੇ ਪੁੱਜੇ। ਉਨ੍ਹਾਂ ਨੇ ਹਾਲਾਤ ਦਾ ਜਾਇਜ਼ਾ ਲਿਆ ਅਤੇ ਲਾਸ਼ ਪੋਸਟਮਾਰਟਮ ਲਈ ਸਿਵਲ



ਹਸਪਤਾਲ ਦੀ ਮੋਰਚਰੀ ਵਿਚ ਰਖਵਾ ਦਿੱਤੀ ਹੈ। ਇੰਸ. ਪਰਮਿੰਦਰ ਸਿੰਘ ਨੇ ਕਿਹਾ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਮੌਤ ਦੇ ਅਸਲ ਕਾਰਨਾਂ ਦਾ ਖੁਲਾਸਾ ਹੋਵੇਗਾ ਅਤੇ ਰਿਪੋਰਟ ਤੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਜੋ ਵੀ ਤੱਥ ਸਾਹਮਣੇ ਆਉਣਗੇ, ਉਸ ਅਨੁਸਾਰ ਬਣਦੀ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

## ਜਾਅਲੀ ਦਸਤਾਵੇਜ਼ਾਂ ਰਾਹੀਂ 116 ਗਜ ਦਾ ਪਲਾਟ ਵੇਚ ਕੇ ਮਾਰੀ 25 ਲੱਖ ਦੀ ਠੱਗੀ

ਲੁਧਿਆਣਾ 7 ਅਪ੍ਰੈਲ। ਥਾਣਾ ਜੋਧੇਵਾਲ ਦੀ ਪੁਲਸ ਨੇ ਸਾਜ਼ਿਸ਼ ਤਹਿਤ ਧੋਖਾਦੇਹੀ ਕਰਨ ਤੇ ਜਾਅਲੀ ਦਸਤਾਵੇਜ਼ ਤਿਆਰ ਕਰਕੇ 116 ਗਜ ਦੇ ਪਲਾਟ ਦੀ ਜਾਅਲੀ ਰਜਿਸਟਰੀ ਕਰਵਾਉਣ ਵਾਲੇ ਮੁਲਜ਼ਮ ਖਿਲਾਫ ਕੇਸ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਗਗਨਦੀਪ ਕਾਲੋਨੀ ਕਾਕੋਵਾਲ ਦੇ ਰਹਿਣ ਵਾਲੇ ਸ਼ਿਕਾਇਤਕਰਤਾ ਗੁਰਮੀਤ ਸਿੰਘ ਪੁੱਤਰ ਕਾਹਨ ਸਿੰਘ ਨੇ 8 ਜੁਲਾਈ 2025 ਨੂੰ ਪੁਲਸ ਕਮਿਸ਼ਨਰ ਨੂੰ ਸ਼ਿਕਾਇਤ ਦਰਜ ਕਰਵਾਈ




ਗਈ ਸੀ ਜਿਸ ਵਿਚ ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਨੇ ਗਗਨਦੀਪ ਕਾਲੋਨੀ ਦੇ ਨੇੜੇ ਫਲਾਵਰ ਵੈਲੀ ਵਿਚ ਇਕ 116 ਗਜ ਦਾ ਪਲਾਟ ਸੁਖਵਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਸਵਤੰਤਰ ਨਗਰ ਤੋਂ 25 ਲੱਖ 86800 ਵਿਚ ਖਰੀਦਿਆ ਸੀ। ਇਸ ਦੀ ਸਾਰੀ ਰਕਮ ਸੁਖਵਿੰਦਰ ਸਿੰਘ ਨੂੰ ਦੇ ਦਿੱਤੀ ਗਈ ਸੀ ਤੇ ਉਸ ਤੋਂ ਬਾਅਦ ਪਲਾਟ ਦੀ ਰਜਿਸਟਰੀ ਸੁਖਵਿੰਦਰ ਸਿੰਘ ਅਤੇ ਉਸ ਦੇ ਦੋ ਸਾਥੀਆਂ ਨੇ ਜਨਵਰੀ 2025 ਵਿਚ ਪੂਰੀ ਤਹਿਸੀਲ ਵਿਚ ਜਾ ਕੇ ਉਸ ਦੇ ਨਾਮ 'ਤੇ ਕਰਵਾ ਦਿੱਤੀ ਸੀ ਪਰ ਬਾਅਦ ਵਿਚ ਜਦੋਂ ਉਨ੍ਹਾਂ ਨੇ ਆਪਣਾ ਕਬਜ਼ਾ ਲੈਣਾ ਚਾਹਿਆ ਤਾਂ ਉਨ੍ਹਾਂ ਨੂੰ ਪਤਾ ਲੱਗਾ ਕਿ ਸੁਖਵਿੰਦਰ ਸਿੰਘ ਦਾ ਤਾਂ ਉਹ ਪਲਾਟ ਹੀ ਨਹੀਂ ਸੀ। ਸ਼ਿਕਾਇਤਕਰਤਾ ਨੇ ਦੱਸਿਆ ਕਿ ਸੁਖਵਿੰਦਰ ਸਿੰਘ ਨੇ ਆਪਣੇ ਦੋ ਹੋਰਨਾਂ ਸਾਥੀਆਂ ਦੇ ਨਾਲ ਮਿਲ ਕੇ ਉਸ ਦੀ 25 ਲੱਖ 86800 ਹਜ਼ਾਰ ਰੁਪਏ ਦੀ ਰਕਮ ਦੀ ਸਾਜ਼ਿਸ਼ ਦੇ ਤਹਿਤ ਧੋਖਾਦੇਹੀ ਕੀਤੀ । ਜਾਂਚ ਅਧਿਕਾਰੀ ਨੇ ਦੱਸਿਆ ਕਿ ਜਿਸ ਤੋਂ ਬਾਅਦ ਪੁਲਸ ਦੇ ਉੱਚ ਅਧਿਕਾਰੀਆਂ ਵੱਲੋਂ ਉਕਤ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਗਈ ਜਿਸ ਤੋਂ ਬਾਅਦ ਥਾਣਾ ਜੋਧੇਵਾਲ ਦੀ ਪੁਲਸ ਨੂੰ ਸੁਖਵਿੰਦਰ ਸਿੰਘ ਦੇ ਖਿਲਾਫ ਕੇਸ ਦਰਜ ਕਰਨ ਦੀ ਸਿਫਾਰਸ਼ ਕੀਤੀ ਗਈ। ਮਾਮਲੇ ਵਿਚ ਅਜੇ ਤੱਕ ਮੁਲਜ਼ਮ ਦੀ ਗ੍ਰਿਫਤਾਰੀ ਨਹੀਂ ਹੋ ਸਕੀ ਹੈ। ਮੁਲਜ਼ਮ ਅਜੇ ਤੱਕ ਫਰਾਰ ਹੈ ਜਿਸ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

## ਮੁੰਡੇ ਨੇ ਹਵਾ 'ਚ ਲਹਿਰਾਈ ਰਿਵਾਲਵਰ ਅਤੇ ਦਾਗ'ਤੀਆਂ ਗੋਲੀਆਂ, ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਕੀਤੀ ਪੋਸਟ

ਲੁਧਿਆਣਾ 7 ਅਪ੍ਰੈਲ। ਪੰਜਾਬ ਵਿਚ ਗਨ ਕਲਚਰ ਦਾ ਖੁਮਾਰ ਨੌਜਵਾਨਾਂ ਦੇ ਸਿਰ ਚੜ੍ਹ ਕੇ ਬੋਲ ਰਿਹਾ ਹੈ, ਜੋ ਹੁਣ ਪੁਲਸ ਲਈ ਸਿਰਦਰਦ ਬਣਦਾ ਜਾ ਰਿਹਾ ਹੈ। ਤਾਜ਼ਾ ਮਾਮਲਾ ਲੁਧਿਆਣਾ ਤੋਂ ਸਾਹਮਣੇ ਆਇਆ ਹੈ, ਜਿੱਥੇ ਆਪਣੀ 'ਦਲੇਰੀ' ਦਿਖਾਉਣ ਦੇ ਚੱਕਰ ਵਿਚ ਇਕ ਨੌਜਵਾਨ ਨੇ ਨਾ ਸਿਰਫ ਸ਼ਰੇਆਮ ਕਾਨੂੰਨ ਦੀਆਂ ਧੱਜੀਆਂ ਉਡਾਈਆਂ, ਸਗੋਂ ਫਾਇਰਿੰਗ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਪਾ ਕੇ ਸਿੱਧੇ ਤੌਰ 'ਤੇ ਵਿਰੋਧੀਆਂ ਨੂੰ ਚੁਣੌਤੀ ਦੇ ਦਿੱਤੀ। ਹਾਲਾਂਕਿ, ਇਹ ਨੌਜਵਾਨ ਹੁਣ ਪੁਲਸ ਦੇ ਰਡਾਰ 'ਤੇ ਆ ਗਿਆ ਹੈ। ਵਾਇਰਲ ਹੋ ਰਹੇ ਕਰੀਬ 25 ਸੈਕਿੰਡ ਦੇ ਇਸ ਵੀਡੀਓ ਵਿਚ ਨੌਜਵਾਨ ਆਪਣੇ ਸਾਥੀਆਂ ਨਾਲ ਇਕ ਘਰ ਦੇ ਬਰਾਂਡੇ ਵਿਚ ਖੜ੍ਹਾ ਨਜ਼ਰ ਆ ਰਿਹਾ ਹੈ। ਬੈਕਗ੍ਰਾਊਂਡ ਵਿਚ ਭੜਕਾਊ ਪੰਜਾਬੀ ਗਾਣਾ ਵੱਜ ਰਿਹਾ ਹੈ ਅਤੇ ਨੌਜਵਾਨ ਦੇ ਹੱਥ ਵਿਚ ਰਿਵਾਲਵਰ ਹੈ। ਰਸੂਖ ਦਿਖਾਉਣ ਦੇ ਚੱਕਰ ਵਿਚ ਨੌਜਵਾਨ ਨੇ ਪਹਿਲਾਂ ਰਿਵਾਲਵਰ ਲੋਡ ਕੀਤੀ ਅਤੇ ਹਵਾ ਵਿਚ ਫਾਇਰਿੰਗ ਕੀਤੀ। ਇਸ ਤੋਂ ਬਾਅਦ ਉਸ ਨੇ ਫਿਰ ਤੋਂ ਲੋਡ ਕਰਕੇ ਕੋਲ ਰੱਖੇ ਇਕ ਗਮਲੇ ਨੂੰ ਨਿਸ਼ਾਨਾ ਬਣਾਉਂਦੇ ਹੋਏ ਗੋਲੀ ਦਾਗ ਦਿੱਤੀ। ਇਸ ਪੂਰੀ ਹਰਕਤ ਦਾ ਵੀਡੀਓ ਉਸ ਦੇ ਸਾਥੀ ਨੇ ਬੜੇ ਚਾਅ ਨਾਲ ਸ਼ੂਟ ਕੀਤਾ। ਹੈਰਾਨੀ ਦੀ ਗੱਲ ਇਹ ਹੈ ਕਿ ਨੌਜਵਾਨ ਨੇ ਇਸ ਵੀਡੀਓ ਨੂੰ ਨਿਹਾਲ ਸ਼ਰਮਾ ਨਾਂ ਦੇ ਫੇਸਬੁੱਕ ਪੇਜ 'ਤੇ ਅਪਲੋਡ ਕੀਤਾ। ਵੀਡੀਓ ਦੇ ਕੈਪਸ਼ਨ ਵਿਚ ਉਸ ਨੇ ਆਪਣੇ ਵਿਰੋਧੀ ਗੈਂਗ ਨੂੰ ਚੇਤਾਵਨੀ ਦਿੰਦੇ ਹੋਏ ਲਿਖਿਆ ਕਿ ਹਥਿਆਰ ਚਲਾਉਣਾ ਛੱਡੇ ਹਨ, ਭੁੱਲੇ ਨਹੀਂ ਹਾਂ। ਦੱਸਿਆ ਜਾ ਰਿਹਾ ਹੈ ਕਿ ਵੀਡੀਓ ਪੋਸਟ ਕਰਨ ਵਾਲੇ ਨੌਜਵਾਨ ਦੇ ਤਾਰ ਇਕ ਸਥਾਨਕ ਗੈਂਗ ਨਾਲ ਜੁੜੇ ਹਨ ਅਤੇ ਇਸ ਵੀਡੀਓ ਰਾਹੀਂ ਉਹ ਆਪਣੇ ਵਿਰੋਧੀਆਂ ਨੂੰ ਆਪਣੀ ਮੌਜੂਦਗੀ ਦਾ ਅਹਿਸਾਸ ਕਰਵਾਉਣਾ ਚਾਹੁੰਦਾ ਸੀ।

## ਡੇਰਾਬੱਸੀ 'ਚ ਦਿਲ ਦਹਿਲਾ ਦੇਣ ਵਾਲੀ ਘਟਨਾ : ਮੁੰਡੇ ਨੂੰ ਘਰੋਂ ਅਗਵਾ ਕਰਕੇ ਜ਼ਿੰਦਾ ਸਾੜਨ ਦੀ ਕੋਸ਼ਿਸ਼

ਡੇਰਾਬੱਸੀ 7 ਅਪ੍ਰੈਲ। ਡੇਰਾਬੱਸੀ ਦੇ ਪਿੰਡ ਮੁਬਾਰਕਪੁਰ 'ਚ ਇੱਕ ਬਹੁਤ ਹੀ ਦਰਦਨਾਕ ਘਟਨਾ ਸਾਹਮਣੇ ਆਈ ਹੈ, ਜਿੱਥੇ ਕੁੱਝ ਅਣਪਛਾਤੇ ਵਿਅਕਤੀਆਂ ਨੇ ਇੱਕ ਮੁੰਡੇ ਨੂੰ ਅਗਵਾ ਕਰਕੇ ਉਸ 'ਤੇ ਡੀਜ਼ਲ ਪਾ ਕੇ ਅੱਗ ਲਗਾ ਦਿੱਤੀ। ਪ੍ਰਾਪਤ ਜਾਣਕਾਰੀ ਅਨੁਸਾਰ ਮੁਬਾਰਕਪੁਰ ਦੇ ਰਹਿਣ ਵਾਲੇ ਜਤਿਨ ਨੇ ਦੱਸਿਆ ਕਿ ਉਸ ਦਾ ਛੋਟਾ ਭਰਾ ਨਿਖਿਲ (16) ਘਰ 'ਚ ਇਕੱਲਾ ਸੀ। ਉਸ ਸਮੇਂ 3-4 ਅਣਪਛਾਤੇ ਵਿਅਕਤੀਆਂ ਨੇ ਘਰ ਦਾ ਦਰਵਾਜ਼ਾ ਖੜਕਾਇਆ ਅਤੇ ਉਸ ਨੂੰ ਅਗਵਾ ਕਰਕੇ ਕਿਤੇ ਲੈ ਗਏ। ਜਦੋਂ ਨਿਖਿਲ ਨੇ ਉੱਥੋਂ ਭੱਜਣ ਦੀ ਕੋਸ਼ਿਸ਼ ਕੀਤੀ ਤਾਂ ਮੁਲਜ਼ਮਾਂ ਨੇ ਉਸ 'ਤੇ ਡੀਜ਼ਲ ਪਾ ਕੇ ਅੱਗ ਲਗਾ ਦਿੱਤੀ। ਜ਼ਖ਼ਮੀ ਹਾਲਤ 'ਚ ਨਿਖਿਲ ਕਿਸੇ ਤਰ੍ਹਾਂ ਉੱਥੋਂ ਭੱਜ ਕੇ ਆਪਣੇ ਪਿਤਾ ਦੀ ਦੁਕਾਨ 'ਤੇ ਪਹੁੰਚਿਆ, ਜਿੱਥੋਂ ਉਸ ਨੂੰ ਤੁਰੰਤ ਡੇਰਾਬੱਸੀ ਦੇ ਸਿਵਲ ਹਸਪਤਾਲ ਲਿਜਾਇਆ ਗਿਆ। ਹਾਲਤ ਨਾਜ਼ੁਕ ਹੋਣ ਕਾਰਨ ਉਸ ਨੂੰ ਚੰਡੀਗੜ੍ਹ ਦੇ ਸੈਕਟਰ-32 ਸਥਿਤ ਸਰਕਾਰੀ ਹਸਪਤਾਲ 'ਚ ਰੈਫ਼ਰ ਕਰ ਦਿੱਤਾ ਗਿਆ ਹੈ। ਪੀੜਤ ਪਰਿਵਾਰ ਨੇ ਇਸ ਸਬੰਧੀ ਮੁਬਾਰਕਪੁਰ ਪੁਲਸ ਚੌਂਕੀ ਨੂੰ ਸੂਚਿਤ ਕਰ ਦਿੱਤਾ ਹੈ ਅਤੇ ਪੁਲਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

# ਜਦੋਂ ਪੰਜਾਬ ਪੁਲਸ ਦੇ ਅਫ਼ਸਰ ਦੀ ਧੀ ਨੇ ਤੋੜਿਆ ਟਰੈਫ਼ਕ ਨਿਯਮ

**ਕੌਮੀ ਪਤ੍ਰਿਕਾ**

ਲੁਧਿਆਣਾ 7 ਅਪ੍ਰੈਲ। ਖਾਕੀ ਦੇ ਰਸੂਖ ਦੇ ਦੌਰ ਵਿਚ ਜਦੋਂ ਲੋਕ ਛੋਟੀਆਂ-ਛੋਟੀਆਂ ਸਿਫਾਰਸ਼ਾਂ ਲਈ ਫ਼ੋਨ ਘੁਮਾਉਣ ਲੱਗਦੇ ਹਨ, ਉੱਥੇ ਹੀ ਲੁਧਿਆਣਾ ਦੇ ਅਸਿਸਟੈਂਟ ਕਮਿਸ਼ਨਰ ਆਫ਼ ਪੁਲਸ ਗੁਰਦੇਵ ਸਿੰਘ ਨੇ ਇਮਾਨਦਾਰੀ ਅਤੇ ਅਨੁਸ਼ਾਸਨ ਦੀ ਇਕ ਅਜਿਹੀ ਮਿਸਾਲ ਪੇਸ਼ ਕੀਤੀ ਹੈ, ਜਿਸ ਦੀ ਗੂੰਜ ਹੁਣ ਪੂਰੇ ਪੰਜਾਬ ਵਿਚ ਸੁਣਾਈ ਦੇ ਰਹੀ ਹੈ। ਉਨ੍ਹਾਂ ਨੇ ਆਪਣੀ ਹੀ ਧੀ ਨੂੰ 'ਖਾਸ' ਸਮਝਣ ਦੀ ਬਜਾਏ ਇਕ ਆਮ ਨਾਗਰਿਕ ਵਾਂਗ ਕਾਨੂੰਨ ਦਾ ਪਾਠ ਪੜ੍ਹਾਇਆ ਅਤੇ ਸਾਫ਼ ਕਹਿ ਦਿੱਤਾ ਕਿ ਵਰਦੀ ਦਾ ਰੁਤਬਾ ਘਰ ਦੀ ਦਹਿਲੀਜ਼ ਤੋਂ ਬਾਹਰ ਹੀ ਰਹਿੰਦਾ ਹੈ। ਇਹ ਦਿਲਚਸਪ ਅਤੇ ਸਬਕ ਦੇਣ ਵਾਲਾ ਵਾਕਿਆ ਉਸ ਵੇਲੇ ਸਾਹਮਣੇ ਆਇਆ ਜਦੋਂ ਖਾਲਸਾ ਕਾਲਜ ਵਿਚ ਜ਼ਿਲ੍ਹੇ ਦੇ ਪ੍ਰਿੰਸੀਪਲਾਂ ਦੀ ਇਕ ਵੱਡੀ ਕਾਨਫਰੰਸ ਚੱਲ ਰਹੀ ਸੀ। ਸਟੇਜ 'ਤੇ ਮੌਜੂਦ ACP ਗੁਰਦੇਵ ਸਿੰਘ ਬੱਚਿਆਂ ਨੂੰ ਆਤਮ-ਨਿਰਭਰ ਅਤੇ ਜ਼ਿੰਮੇਵਾਰ ਬਣਾਉਣ ਬਾਰੇ ਚਰਚਾ ਕਰ ਰਹੇ ਸਨ। ਇਸੇ ਦੌਰਾਨ ਉਨ੍ਹਾਂ ਨੇ ਆਪਣੀ ਨਿੱਜੀ ਜ਼ਿੰਦਗੀ ਦਾ ਉਹ ਕਿੱਸਾ ਸਾਂਝਾ ਕੀਤਾ ਜਿਸ ਨੂੰ ਸੁਣ ਕੇ ਹਾਲ ਵਿਚ ਮੌਜੂਦ ਹਰ ਕੋਈ ਦੰਗ ਰਹਿ ਗਿਆ। ACP ਨੇ ਦੱਸਿਆ ਕਿ ਕੁਝ ਸਮੇਂ ਪਹਿਲਾਂ ਉਨ੍ਹਾਂ ਦੀ ਧੀ ਨੇ ਟ?ਰੈਫਿਕ ਨਿਯਮਾਂ ਦੀ ਉਲੰਘਣਾ ਕੀਤੀ ਸੀ, ਜਿਸ



ਤੋਂ ਬਾਅਦ ਡਿਊਟੀ 'ਤੇ ਤਾਇਨਾਤ ਪੁਲਸ ਮੁਲਾਜ਼ਮਾਂ ਨੇ ਉਸ ਦੀ ਗੱਡੀ ਨੂੰ ਟੋਅ ਕਰ ਲਿਆ। ਘਬਰਾਈ ਹੋਈ ਧੀ ਨੇ ਤੁਰੰਤ ਪਿਤਾ ਨੂੰ ਫ਼ੋਨ ਕੀਤਾ, ਇਹ ਸੋਚ ਕੇ ਕਿ ਪਿਤਾ ਦੀ ਇਕ ਝਿੜਕ ਜਾਂ ਇਕ ਸਿਫਾਰਸ਼ ਉਸ ਦੀ ਗੱਡੀ ਛੁਡਵਾ ਦੇਵੇਗੀ। ਪਰ ਜਵਾਬ ਉਹ ਮਿਲਿਆ ਜਿਸ ਦੀ ਉਸ ਨੇ ਉਮੀਦ ਨਹੀਂ ਕੀਤੀ ਸੀ। ACP ਗੁਰਦੇਵ ਸਿੰਘ ਨੇ ਦੋ-ਟੁਕ ਸ਼ਬਦਾਂ ਵਿਚ ਕਿਹਾ, ਇਸ ਵਿਚ ਮੇਰਾ ਕੋਈ ਰੋਲ ਨਹੀਂ ਹੈ। ਤੁਸਾਂ ਨਿਯਮ ਤੋੜਿਆ ਹੈ, ਤਾਂ ਇਸ ਨੂੰ ਖੁਦ ਹੀ ਮੈਨੇਜ ਕਰੋ। ਇੰਨਾ ਹੀ ਨਹੀਂ, ਉਨ੍ਹਾਂ ਨੇ ਬੇਟੀ ਨੂੰ ਸਖ਼ਤ ਹਦਾਇਤ ਦਿੱਤੀ ਕਿ ਉਹ ਚਲਾਨ ਦੀ ਰਕਮ ਆਪਣੀ ਪਾਕਿਟ ਮਨੀ ਵਿਚੋਂ ਭਰੇ ਤਾਂ ਜੋ ਉਸ ਨੂੰ ਕਾਨੂੰਨ ਦੀ ਅਹਿਮੀਅਤ ਅਤੇ ਆਪਣੀ ਗਲਤੀ ਦਾ ਅਹਿਸਾਸ ਹੋਵੇ। ਉਨ੍ਹਾਂ ਨੇ ਸਾਫ਼ ਕਰ ਦਿੱਤਾ ਕਿ ਕਾਨੂੰਨ ਦੀ ਨਜ਼ਰ ਵਿਚ ਅਫ਼ਸਰ ਦੀ ਬੇਟੀ ਅਤੇ ਇਕ ਆਮ ਨਾਗਰਿਕ ਵਿਚ ਕੋਈ ਫਰਕ ਨਹੀਂ ਹੁੰਦਾ। ਕਾਨਫਰੰਸ ਵਿਚ ਮੌਜੂਦ ਹਰ ਵਿਦਿਆਰਥੀ ਨੇ ਇਸ ਭਾਵੁਕ ਅਤੇ ਪ੍ਰੇਰਨਾਦਾਇਕ ਪਲ ਦੀ ਵੀਡੀਓ ਬਣਾ ਲਈ, ਜੋ ਹੁਣ ਸੋਸ਼ਲ ਮੀਡੀਆ 'ਤੇ ਅੱਗ ਵਾਂਗ ਫੈਲ ਰਹੀ ਹੈ। ਲੋਕ ACP ਸਾਹਿਬ ਦੇ ਇਸ ਫੈਸਲੇ ਦੀ ਜੰਮ ਕੇ ਤਾਰੀਫ਼ ਕਰ ਰਹੇ ਹਨ। ਇਹ ਖ਼ਬਰ ਉਨ੍ਹਾਂ ਸਾਰਿਆਂ ਲਈ ਇਕ ਕਰੜਾ ਸੰਦੇਸ਼ ਹੈ ਜੋ ਰਸੂਖ ਦੇ ਦਮ 'ਤੇ ਨਿਯਮਾਂ ਨੂੰ ਆਪਣੀ ਜੇਬ ਵਿਚ ਰੱਖਣ ਦੀ ਕੋਸ਼ਿਸ਼ ਕਰਦੇ ਹਨ।

# ਲੁਧਿਆਣਾ 'ਚੋਂ ਨਸ਼ੇ ਦੀ ਵੱਡੀ ਖੇਪ ਬਰਾਮਦ ! ਟਰੱਕ 'ਚੋਂ ਮਿਲਿਆ 31 ਕੁਇੰਟਲ ਚੂਰਾ ਪੋਸਤ

**ਕੌਮੀ ਪਤ੍ਰਿਕਾ**

ਲੁਧਿਆਣਾ 7 ਅਪ੍ਰੈਲ। ਨਸ਼ਾ ਤਸਕਰਾਂ ਦੇ ਖ਼?ਲਾਫ਼ ਲੁਧਿਆਣਾ ਪੁਲਸ ਨੇ ਵੱਡੀ ਕਾਰਵਾਈ ਕੀਤੀ ਗਈ ਹੈ। ਜਮਾਲਪੁਰ ਤੇ ਲਾਡੋਵਾਲ ਪੁਲਸ ਦੇ ਸਾਂਝੇ ਆਪ੍ਰੇਸ਼ਨ ਤਹਿਤ ਨਸ਼ੇ ਦੀ ਵੱਡੀ ਖੇਪ ਫੜੀ ਗਈ ਹੈ। ਪੁਲਸ ਨੇ ਇਕ ਲਾਵਾਰਸ ਖੜ੍ਹੇ ਟਰੱਕ ਤੇ ਤਿੰਨ ਲਗਜ਼ਰੀ ਗੱਡੀਆਂ ਤੋਂ ਭਾਰੀ ਮਾਤਰਾ ਵਿਚ ਚੂਰਾ ਪੋਸਤ (ਭੁੱਕੀ) ਬਰਾਮਦਮ ਕੀਤੀ ਹੈ, ਜਿਸ ਨੂੰ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿਚ ਸਪਲਾਈ ਕੀਤਾ ਜਾਣਾ ਸੀ। ਇਸ ਮਾਮਲੇ ਵਿਚ ਥਾਣਾ ਜਮਾਲਪੁਰ ਦੀ ਪੁਲਸ ਨੇ ਅਣਪਛਾਤੇ ਲੋਕਾਂ 'ਤੇ ਕੇਸ ਦਰਜ ਕਰ ਲਿਆ ਹੈ। ਸਬ-ਇੰਸਪੈਕਟਰ ਦਲਵੀਰ ਸਿੰਘ ਆਪਣੀ ਪੁਲਸ ਪਾਰਟੀ ਦੇ ਨਾਲ ਜਮਾਲਪੁਰ ਚੌਂਕ ਵਿਚ ਗਸ਼ਤ 'ਤੇ ਸਨ। ਇਸ ਦੌਰਾਨ ਮੁਖ਼ਬਰ ਖ਼ਾਸ ਨੇ ਸੂਚਨਾ ਦਿੱਤੀ ਕਿ ਟਰੱਕ ਨੰਬਰ HR FD A-ECGF, ਜਿਸ 'ਤੇ 'ਗਿੱਲ ਕੈਚ' ਲਿਖਿਆ ਹੋਇਆ ਹੈ, ਵਿਚ ਵੱਡੀ ਗਿਣਤੀ ਵਿਚ ਨਸ਼ੀਲਾ ਪਦਾਰਥ ਲੱਦਿਆ ਹੋਇਆ ਹੈ। ਸੂਚਨਾ ਮਿਲੀ ਹੈ ਕਿ




ਅਣਪਛਾਤੇ ਤਸਕਰ ਇਸ ਟਰੱਕ ਨੂੰ ਜਮਾਲਪੁਰ ਇਲਾਕੇ ਵਿਚ ਸਪਲਾਈ ਦੇਣ ਮਗਰੋਂ ਲਾਡੋਵਾਲ ਖੇਤਰ ਦੇ ਇਕ ਸੁੰਨਸਾਨ (ਬੇ-ਆਬਾਦ) ਇਲਾਕੇ ਵਿਚ ਲੁਕੋ ਕੇ ਖੜ੍ਹੇ ਹਨ। ਪੁਲਸ ਨੇ ਬਿਨਾਂ ਦੇਰੀ ਕੀਤੇ ਦੱਸੇ ਗਏ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਉੱਥੇ ਮੌਜੂਦ ਟਰੱਕ ਨੂੰ ਜਦੋਂ ਗੰਭੀਰਤਾ ਨਾਲ ਤਲਾਸ਼ੀ ਲਈ ਗਈ ਤਾਂ ਪੁਲਸ ਦੇ ਵੀ ਹੋਸ਼ ਉੱਡ ਗਏ। ਟਰੱਕ ਦੇ ਅੰਦਰੋਂ ਕੁੱਲ 3100 ਕਿੱਲੋ (31 ਕੁਇੰਟਲ) ਚੂਰਾ ਪੋਸਤ ਬਰਾਮਦ ਹੋਇਆ। ਇੰਨਾ ਹੀ ਨਹੀਂ, ਮੌਕੇ ਤੋਂ ਤਸਕਰੀ ਵਿਚ ਵਰਤੀਆਂ ਜਾਣ ਵਾਲੀਆਂ ਤਿੰਨ ਹੋਰ ਗੱਡੀਆਂ ਵੀ ਬਰਾਮਦ ਕੀਤੀ ਗਈ ਹੈ, ਜਿਨ੍ਹਾਂ ਵਿਚ ਇਕ ਮਹਿੰਦਰਾ ਬੋਲੈਰੋ, ਇਕ ISUZU ਅਤੇ ਇਕ ਮਹਿੰਦਰਾ ਸਕਾਰਪੀਓ ਸ਼ਾਮਲ ਹੈ। ਹੈਰਾਨੀ ਦੀ ਗੱਲ ਇਹ ਰਹੀ ਕਿ ਪੁਲਸ ਦੇ ਪਹੁੰਚਣ ਤੋਂ ਪਹਿਲਾਂ ਹੀ ਮੁਲਜ਼ਮ ਮੌਕੇ ਤੋਂ ਫ਼ਰਾਰ ਹੋਣ ਵਿਚ ਕਾਮਯਾਬ ਰਹੇ। ਪੁਲਸ ਨੇ ਅਣਪਛਾਤੇ ਤਸਕਰਾਂ ਦੇ ਖ਼?ਲਾਫ਼ ਐੱਨ. ਡੀ. ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ। ਭਾਰੀ ਮਾਤਰਾ ਵਿਚ ਬਰਾਮਦ ਹੋਈ ਇਸ ਖੇਪ ਨੇ ਨਸ਼ਾ ਮਾਫ਼ੀਆ ਦੇ ਨੈੱਟਵਰਕ ਦੀ ਪੋਲ ਖੋਲ੍ਹ ਦਿੱਤੀ ਹੈ। ਪੁਲਸ ਹੁਮ ਗੱਡੀਆਂ ਦੇ ਨੰਬਰਾਂ ਦੇ ਅਧਾਰ 'ਤੇ ਮਾਲਕਾਂ ਤੇ ਫ਼ਰਾਰ ਤਸਕਰਾਂ ਦੀ ਭਾਲ ਕਰ ਰਹੀ ਹੈ।

## ਤੇਰਾ ਤੇਰਾ ਹੱਟੀ ਵੱਲੋਂ ਮੁਫ਼ਤ ਕਿਤਾਬਾਂ ਦਾ ਵਿਸ਼ਾਲ ਕੈਂਪ, ਹਜ਼ਾਰਾਂ ਬੱਚਿਆਂ ਨੂੰ ਮਿਲੀ ਮਦਦ

ਜਲੰਧਰ 7 ਅਪ੍ਰੈਲ। ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪਵਿੱਤਰ ਸੋਚ 'ਵੰਡ ਛਕਣਾ' ਨੂੰ ਅੱਗੇ ਵਧਾਉਂਦੇ ਹੋਏ ਤੇਰਾ ਤੇਰਾ ਹੱਟੀ ਵੱਲੋਂ ਅੱਜ 7 ਅਪ੍ਰੈਲ, ਐਤਵਾਰ 2026 ਨੂੰ ਮੁਫ਼ਤ ਕਿਤਾਬਾਂ ਦਾ 6ਵਾਂ ਵਿਸ਼ਾਲ ਕੈਂਪ ਲਗਾਇਆ ਗਿਆ। ਇਹ ਸੇਵਾ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲਿਆ, ਜਿਸ ਵਿੱਚ ਬੱਚਿਆਂ ਅਤੇ ਮਾਪਿਆਂ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਲਗਵਾਈ ਗਈ। ਕੈਂਪ ਦੌਰਾਨ ਹਰ ਕਲਾਸ ਦੀਆਂ ਛੋਟੀਆਂ ਤੋਂ ਵੱਡੀਆਂ ਕਿਤਾਬਾਂ ਮੁਫ਼ਤ ਵੰਡੀਆਂ ਗਈਆਂ, ਜਦਕਿ ਕਾਪੀਆਂ ਅੱਧੇ ਰੇਟ 'ਤੇ ਦਿੱਤੀਆਂ ਗਈਆਂ। ਵਿਸ਼ੇਸ਼ ਤੌਰ 'ਤੇ ਹਰ 10 ਕਿਤਾਬਾਂ ਨਾਲ ਇੱਕ ਪੇਨ ਵੀ ਮੁਫ਼ਤ ਦਿੱਤਾ ਗਿਆ। ਇਸ ਤੋਂ ਇਲਾਵਾ, ਜਿਨ੍ਹਾਂ ਬੱਚਿਆਂ ਦੇ ਪਿਤਾ ਨਹੀਂ ਹਨ, ਉਨ੍ਹਾਂ ਨੂੰ ਸਕੂਲ ਬੈਗ ਵੀ ਮੁਹੱਈਆ ਕਰਵਾਏ ਗਏ, ਜੋ ਕਿ ਇਕ ਪ੍ਰੇਰਨਾਦਾਇਕ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਸੁੰਦਰ ਉਦਾਹਰਨ ਬਣਿਆ। ਸੰਗਤ ਦੇ ਭਰਪੂਰ ਸਹਿਯੋਗ ਨਾਲ ਲਗਭਗ 13 ਹਜ਼ਾਰ ਪੁਰਾਣੀਆਂ ਕਿਤਾਬਾਂ ਇਕੱਠੀਆਂ ਹੋਈਆਂ, ਜਿਨ੍ਹਾਂ ਨੂੰ ਸੇਵਾ ਭਾਵ ਨਾਲ ਲੋੜਵੰਦ ਬੱਚਿਆਂ ਵਿੱਚ ਵੰਡਿਆ ਗਿਆ। ਇਹ ਉਪਰਾਲਾ ਨਾ ਸਿਰਫ਼ ਸਿੱਖਿਆ ਨੂੰ ਉਤਸ਼ਾਹਿਤ ਕਰਦਾ ਹੈ, ਸਗੋਂ ਸਮਾਜ ਵਿੱਚ ਸਾਂਝ ਅਤੇ ਸਹਿਯੋਗ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦਾ ਹੈ। ਇਸ ਮੌਕੇ 'ਤੇ ਜਲੰਧਰ ਦੇ ਮੇਅਰ ਵਿਨੀਤ ਧੀਰ ਅਤੇ ਐਡਵੋਕੇਟ ਅਮਿਤ ਸਿੰਘ ਸੰਧਾ ਨੇ ਵੀ ਸ਼ਿਰਕਤ ਕੀਤੀ ਅਤੇ ਤੇਰਾ ਤੇਰਾ ਹੱਟੀ ਦੇ ਇਸ ਸੇਵਾਮਈ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਲੇਖਣੀਯ ਹੈ ਕਿ ਤੇਰਾ ਤੇਰਾ ਹੱਟੀ ਪਿਛਲੇ 7 ਸਾਲਾਂ ਤੋਂ ਹਰ ਸਮਾਨ ਕੇਵਲ 13 ਰੁਪਏ ਵਿੱਚ ਮੁਹੱਈਆ ਕਰਵਾ ਕੇ ਲੋੜਵੰਦ ਪਰਿਵਾਰਾਂ ਦੀ ਲਗਾਤਾਰ ਸੇਵਾ ਕਰ ਰਹੀ ਹੈ ਅਤੇ ਸਮਾਜ ਵਿੱਚ ਸੇਵਾ ਦਾ ਪ੍ਰੇਰਕ ਕੇਂਦਰ ਬਣ ਚੁੱਕੀ ਹੈ। ਇਸ ਮੌਕੇ 'ਤੇ ਮੁੱਖ ਸੇਵਾਦਾਰ ਤਰਵਿੰਦਰ ਸਿੰਘ ਰਿੰਕੂ, ਗੁਰਦੀਪ ਸਿੰਘ ਕਾਰਵਾਂ, ਅਮਰਜੀਤ ਕੌਰ, ਕਾਰਤਿਕ ਬਤਰਾ ਅਤੇ ਆਰੀਅਨ ਬੱਤਰਾ ਸਮੇਤ ਹੋਰ ਸੇਵਾਦਾਰਾਂ ਨੇ ਹਿੱਸਾ ਲਿਆ ਅਤੇ ਇਸ ਸੇਵਾ ਨੂੰ ਸਫਲ ਬਣਾਇਆ।

## ਪਖੰਡੀ ਬਾਬੇ ਨੇ ਫ਼?ਲਮੀ ਅੰਦਾਜ਼ 'ਚ ਮਾਰੀ ਠੱਗੀ ! 18 ਲੱਖ ਰੁਪਏ ਦੇ ਸੋਨਾ ਲੈ ਕੇ ਹੋਇਆ ਗਾਇਬ

ਮਾਨਸਾ 7 ਅਪ੍ਰੈਲ। ਮਾਨਸਾ ਦੇ ਪਿੰਡ ਹੋਡਲਾ ਕਲਾਂ ਵਿਚ ਇਕ ਪਖੰਡੀ ਬਾਬੇ ਨੇ ਫ਼ਿਲਮੀ ਤਰੀਕੇ ਨਾਲ ਇਕ ਪਰਿਵਾਰ ਨੂੰ ਨਿਸ਼ਾਨਾ ਬਣਾ 18 ਲੱਖ ਰੁਪਏ ਦੀ ਠੱਗੀ ਮਾਰ ਲਈ। ਬਾਬਾ ਪਰਿਵਾਰ ਦੇ ਗ੍ਰਹਿ ਦੂਰ ਕਰਨ ਬਹਾਨੇ ਸੋਨਾ ਲੈ ਕੇ ਰਫੂਚੱਕਰ ਹੋ ਗਿਆ। ਜਾਣਕਾਰੀ ਦਿੰਦਿਆਂ ਪਰਿਵਾਰਿਕ ਮੈਂਬਰਾਂ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਸਾਡੇ ਪਿੰਡ ਵਿਚ ਪਖੰਡੀ ਬਾਬੇ ਵੱਲੋਂ ਇਸ਼ਤਿਹਾਰ ਭੇਜੇ ਗਏ, ਜਿਸ ਨੂੰ ਦੇਖ ਕੇ ਸਾਡੇ ਘਰ ਵਾਲਿਆਂ ਨੇ ਬਾਬੇ ਨੂੰ ਫੋਨ ਕੀਤਾ। ਉਸ ਦਿਨ ਤੋਂ ਸੰਪਰਕ ਹੋਣ ਪਿੱਛੋਂ ਉਸ ਨਾਲ ਗੱਲਬਾਤ ਹੋਈ ਤਾਂ ਉਸ ਨੇ ਕਿਹਾ ਕਿ ਤੁਹਾਡੇ ਘਰ ਵਿਚ 7 ਸਾਲ ਬਾਅਦ ਪੈਦਾ ਹੋਇਆ ਹੈ, ਇਸ ਬੱਚੇ ਦਾ ਗ੍ਰਹਿ ਦੋਸ਼ ਇਸ ਦੇ ਬਾਪ ਉੱਪਰ ਭਾਰੀ ਪੈ ਸਕਦਾ ਹੈ। ਇਸ ਤੋਂ ਕੁਝ ਦਿਨ ਬਾਅਦ ਹੀ ਬੱਚੇ ਦੇ ਪਿਤਾ ਸ਼ਗਨਪਾਲ ਦਾ ਐਕਸੀਡੈਂਟ ਹੋ ਗਿਆ, ਜਿਸ ਕਾਰਨ ਪਰਿਵਾਰ ਦਾ ਭਰੋਸਾ ਉਸ ਬਾਬੇ ਵਿਚ ਬਣ ਜਾਂਦਾ ਹੈ। ਬਾਬਾ ਮੌਕਾ ਦੇਖਦੇ ਹੀ ਘਰ ਦਾ ਉਪਾਅ ਕਰਨ ਲਈ ਕਹਿੰਦਾ ਹੈ ਅਤੇ ਉਨ੍ਹਾਂ ਨੂੰ ਸੋਨੇ ਦੀਆਂ ਕੁਝ ਚੀਜ਼ਾਂ ਦੇ ਨੌ-ਨੌ ਜੋੜੇ ਬਣਾਉਣ ਲਈ ਕਹਿੰਦਾ ਹੈ। ਪਰਿਵਾਰ ਇਕ ਰੁਮਾਲ ਵਿਚ ਸੋਨਾ ਬੰਨ੍ਹ ਕੇ ਬਾਬੇ ਕੋਲ ਲੈ ਗਿਆ ਤੇ ਬਾਬੇ ਨੇ ਉਸ ਰੁਮਾਲ ਨੂੰ ਖਾਲੀ ਰੁਮਾਲ ਨਾਲ ਬਦਲ ਦਿੱਤਾ ਅਤੇ ਕਿਹਾ ਕਿ ਪੰਜ ਦਿਨ ਇਸ ਨੂੰ ਨਹੀਂ ਖੋਲ੍ਹਣਾ। ਪਰਿਵਾਰ ਨੇ ਦੱਸਿਆ ਕਿ ਜਦੋਂ ਉਨ੍ਹਾਂ ਨੇ ਪੰਜ ਦਿਨ ਬਾਅਦ ਰੁਮਾਲ ਨੂੰ ਖੋਲ੍ਹਿਆ ਤਾਂ ਉਸ ਵਿਚੋਂ ਸੋਨਾ ਗਾਇਬ ਸੀ। ਇਸ ਦੀ ਇਤਲਾਹ ਉਨ੍ਹਾਂ ਨੇ ਥਾਣੇ ਵਿਚ ਦਿੱਤੀ ਤੇ ਪੁਲਸ ਜਾਂਚ ਵਿਚ ਲੱਗੀ ਹੈ। ਉੱਥੇ ਹੀ ਉਨ੍ਹਾਂ ਹੋਰ ਲੋਕਾਂ ਨੂੰ ਵੀ ਸੁਨੇਹਾ ਦਿੱਤਾ ਕਿ ਅਜਿਹੇ ਪਖੰਡੀ ਬਾਬਿਆਂ ਤੋਂ ਬਚ ਕੇ ਰਹਿਣਾ ਚਾਹੀਦਾ ਹੈ।

## ਹੈਵਾਨੀਅਤ ! ਦੋਸਤ ਦੀ ਮੌਜੂਦਗੀ ਵਿਚ ਕੁੜੀ ਨਾਲ ਕੀਤੀ ਦਰਿੰਦਗੀ

ਲੁਧਿਆਣਾ 7 ਅਪ੍ਰੈਲ। ਲੁਧਿਆਣਾ ਤੋਂ ਮਨੁੱਖਤਾ ਨੂੰ ਸ਼ਰਮਸਾਰ ਕਰ ਦੇਣ ਵਾਲੀ ਇੱਕ ਘਟਨਾ ਸਾਹਮਣੇ ਆਈ ਹੈ, ਜਿੱਥੇ ਇਕ 17 ਸਾਲਾ ਨਾਬਾਲਗ ਲੜਕੀ ਨੂੰ ਹਵਸ ਦਾ ਸ਼ਿਕਾਰ ਬਣਾਇਆ ਗਿਆ। ਦੋਸ਼ ਹੈ ਕਿ ਇਕ ਨੌਜਵਾਨ ਨੇ ਨਾਬਾਲਗਾ ਨੂੰ ਬਹਿਲਾ-ਫੁਸਲਾ ਕੇ ਆਪਣੇ ਘਰ ਲੈ ਜਾ ਕੇ ਉਸ ਨਾਲ ਜ਼ਬਰਦਸਤੀ ਸਰੀਰਕ ਸਬੰਧ ਬਣਾਏ। ਇਸ ਮਾਮਲੇ ਵਿਚ ਥਾਣਾ ਹੈਬੋਵਾਲ ਦੀ ਪੁਲਸ ਨੇ ਪੀੜਤਾ ਦੇ ਪਿਤਾ ਦੀ ਸ਼ਿਕਾਇਤ 'ਤੇ ਮੁਲਜ਼ਮ ਨੀਰਜ ਵਰਮਾ ਖਿਲਾਫ ਕੇਸ ਦਰਜ ਕਰ ਦਿੱਤਾ ਹੈ। ਪੀੜਤਾ ਦੇ ਪਿਤਾ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਦੱਸਿਆ ਕਿ 4 ਅਪ੍ਰੈਲ ਨੂੰ ਉਸ ਦੀ ਬੇਟੀ ਨੇ ਕਿਹਾ ਕਿ ਮੁਲਜ਼ਮ ਨੀਰਜ ਵਰਮਾ ਉਸ ਨੂੰ ਵਰਗਲਾ ਕੇ ਆਪਣੇ ਘਰ ਲੈ ਗਿਆ ਸੀ। ਉੱਥੇ ਨੀਰਜ ਦਾ ਦੋਸਤ ਵੀ ਮੌਜੂਦ ਸੀ। ਦੋਸ਼ ਹੈ ਕਿ ਨੀਰਜ ਨੇ ਲੜਕੀ ਨੂੰ ਡਰਾਇਆ-ਧਮਕਾਇਆ ਅਤੇ ਉਸ ਦੀ ਮਰਜ਼ੀ ਦੇ ਖ਼?ਲਾਫ਼ ਉਸ ਨਾਲ ਜਬਰ-ਜ਼ਨਾਹ ਕੀਤਾ। ਵਾਰਦਾਤ ਤੋਂ ਬਾਅਦ ਮੁਲਜ਼ਮ ਨੇ ਨਾਬਾਲਗ ਨੂੰ ਮੂੰਹ ਬੰਦ ਰੱਖਣ ਦੀ ਧਮਕੀ ਦਿੰਦੇ ਹੋਏ ਘਰ ਭੇਜ ਦਿੱਤਾ।

# ਬਾਡੀ ਬਿਲਡਰ ਘੁੰਮਣ ਦੇ ਮੌਤ ਮਾਮਲੇ 'ਚ ਸਰਕਾਰ ਵੱਲੋਂ ਨਵੀਂ ਕਮੇਟੀ ਦਾ ਗਠਨ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 7 ਅਪ੍ਰੈਲ। ਪੰਜਾਬ ਦੇ ਮਸ਼ਹੂਰ ਬਾਡੀ ਬਿਲਡਰ ਵਰਿੰਦਰ ਸਿੰਘ ਘੁੰਮਣ ਦੀ ਫੋਰਟਿਸ ਐਸਕੋਰਟਸ ਹਸਪਤਾਲ ਵਿਚ ਹੋਈ ਮੌਤ ਦਾ ਮਾਮਲਾ ਹੁਣ ਗੰਭੀਰ ਮੋੜ 'ਤੇ ਪਹੁੰਚ ਗਿਆ ਹੈ। ਪਹਿਲੀ ਜਾਂਚ 'ਤੇ ਉੱਠੇ ਸਵਾਲਾਂ ਅਤੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਤਿੱਖੇ ਵਿਰੋਧ ਤੋਂ ਬਾਅਦ ਪੰਜਾਬ ਸਰਕਾਰ ਨੇ ਆਖ਼?ਰਕਾਰ ਨਵੀਂ ਹਾਈ-ਪਾਵਰ ਕਮੇਟੀ ਬਣਾ ਕੇ ਆਪਣੀ ਪਹਿਲੀ ਕਾਰਵਾਈ ਨੂੰ ਹੀ ਕਟਹਿਰੇ ਵਿਚ ਖੜ੍ਹਾ ਕਰ ਦਿੱਤਾ ਹੈ। ਸਰਕਾਰ ਨੇ ਨਵੀਂ ਕਮੇਟੀ ਨੂੰ 15 ਦਿਨਾਂ ਅੰਦਰ ਸੱਚ ਸਾਹਮਣੇ ਲਿਆਉਣ ਦੇ ਹੁਕਮ ਦਿੱਤੇ ਹਨ। ਜਾਣਕਾਰੀ ਅਨੁਸਾਰ ਮਸ਼ਹੂਰ ਬਾਡੀ ਬਿਲਡਰ ਘੁੰਮਣ ਦੀ 9 ਅਕਤੂਬਰ 2025 ਨੂੰ ਹੋਈ ਮੌਤ ਤੋਂ ਬਾਅਦ ਬਣੀ ਪਹਿਲੀ ਜਾਂਚ ਕਮੇਟੀ ਪਹਿਲੇ ਦਿਨ ਤੋਂ ਹੀ ਵਿਵਾਦਾਂ ਵਿਚ ਰਹੀ। ਕਮੇਟੀ ਵੱਲੋਂ ਫੋਰਟਿਸ ਹਸਪਤਾਲ ਦੇ ਚਾਰ ਡਾਕਟਰਾਂ 'ਤੇ ਮਾਮਲਾ ਦਰਜ ਕਰ ਲਿਆ ਗਿਆ ਸੀ। ਇੰਡੀਅਨ ਮੈਡੀਕਲ ਐਸੋਸੀਏਸ਼ਨ ਨੇ ਪੁਲਸ ਪ੍ਰਸ਼ਾਸਨ ਵੱਲੋਂ ਦਰਜ ਕੀਤੇ ਗਏ ਮੁਕੱਦਮੇ 'ਤੇ ਇਤਰਾਜ਼ ਪ੍ਰਗਟ ਕੀਤਾ ਸੀ ਅਤੇ ਸਪੱਸ਼ਟ ਕੀਤਾ ਸੀ ਕਿ ਕਮੇਟੀ ਵਿਚ ਨਾ ਤਾਂ ਸਾਰੇ ਸਬੰਧਤ ਵਿਭਾਗਾਂ ਦੀ ਨੁਮਾਇੰਦਗੀ ਸੀ ਅਤੇ ਨਾ ਹੀ ਐਸੋਸੀਏਸ਼ਨ ਦੇ ਕਿਸੇ ਮੈਂਬਰ ਨੂੰ ਸ਼ਾਮਲ ਕੀਤਾ ਗਿਆ ਸੀ। ਇਸ ਨੂੰ ਲੈ ਕੇ ਮੈਡੀਕਲ ਭਾਈਚਾਰੇ ਵਿਚ ਭਾਰੀ ਰੋਸ ਪੈਦਾ ਹੋਇਆ। ਇੰਡੀਅਨ ਮੈਡੀਕਲ ਐਸੋਸੀਏਸ਼ਨ ਸੂਬਾ ਪ੍ਰਧਾਨ ਡਾ. ਆਰ. ਐੱਸ. ਸੇਠੀ ਨੇ ਖੁੱਲ੍ਹ ਕੇ ਕਿਹਾ ਕਿ ਇਹ ਜਾਂਚ 'ਇਕ ਪੱਖੀ ਅਤੇ ਨਿਯਮਾਂ ਦੇ ਉਲਟ' ਸੀ। ਉਨ੍ਹਾਂ ਦੇ ਇਸ ਬਿਆਨ ਨੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਵੱਡਾ ਪ੍ਰਸ਼ਨ ਚਿੰਨ੍ਹ ਲਾ ਦਿੱਤਾ। ਉਧਰ ਦੂਸਰੇ ਪਾਸੇ ਮ੍ਰਿਤਕ ਘੁੰਮਣ ਦੇ ਪਰਿਵਾਰ ਵੱਲੋਂ ਵੀ ਹਸਪਤਾਲ ਪ੍ਰਸ਼ਾਸਨ 'ਤੇ ਗੰਭੀਰ ਦੋਸ਼ ਲਗਾਏ ਗਏ ਸਨ। ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਵਧ ਰਹੇ ਦਬਾਅ ਅਤੇ ਸਵਾਲਾਂ ਦੇ ਘੇਰੇ ਵਿਚ ਆਉਣ ਤੋਂ ਬਾਅਦ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਨੇ ਤੁਰੰਤ ਪ੍ਰਭਾਵ ਨਾਲ ਨਵੀਂ ਜਾਂਚ ਕਮੇਟੀ ਬਣਾਉਣ ਦਾ ਐਲਾਨ ਕੀਤਾ। ਜਾਰੀ ਹੁਕਮਾਂ ਅਨੁਸਾਰ, ਇਸ ਕਮੇਟੀ ਵਿਚ ਵੱਖ-ਵੱਖ ਖੇਤਰਾਂ ਦੇ ਸੀਨੀਅਰ ਮਾਹਿਰਾਂ ਨੂੰ ਸ਼ਾਮਲ ਕੀਤਾ ਗਿਆ ਹੈ, ਜਿਵੇਂ ਕਿ ਮੈਡੀਕਲ ਐਜੂਕੇਸ਼ਨ ਅਤੇ ਰਿਸਰਚ ਦੇ ਅਧਿਕਾਰੀ, ਫੋਰੈਂਸਿਕ ਮਾਹਿਰ, ਮੈਡਿਸਨ ਅਤੇ ਸਰਜਰੀ ਦੇ ਤਜਰਬੇਕਾਰ ਡਾਕਟਰ, ਹਸਪਤਾਲ ਪ੍ਰਬੰਧਨ ਨਾਲ ਜੁੜੇ ਵਿਸ਼ੇਸ਼ਗਿਆਨ ਅਤੇ ਇੰਡੀਅਨ ਮੈਡੀਕਲ



ਐਸੋਸੀਏਸ਼ਨ ਦਾ ਨੁਮਾਇੰਦਾ। ਇਹ ਵੀ ਸਾਫ਼ ਕੀਤਾ ਗਿਆ ਹੈ ਕਿ ਕਮੇਟੀ ਪੂਰੇ ਮਾਮਲੇ ਦੀ ਜੜ੍ਹ ਤੱਕ ਜਾ ਕੇ ਜਾਂਚ ਕਰੇਗੀ। ਸਰਕਾਰ ਨੇ ਕਮੇਟੀ ਨੂੰ ਸਿਰਫ 15 ਦਿਨਾਂ ਦਾ ਸਮਾਂ ਦਿੱਤਾ ਹੈ। ਇਸ ਛੋਟੀ ਡੈਡਲਾਈਨ 'ਤੇ ਵੀ ਸਵਾਲ ਖੜ੍ਹੇ ਹੋ ਰਹੇ ਹਨ। ਇਸ ਤਰ੍ਹਾਂ ਦੇ ਸੰਵੇਦਨਸ਼ੀਲ ਅਤੇ ਤਕਨੀਕੀ ਮਾਮਲੇ ਵਿਚ ਗਹਿਰਾਈ ਨਾਲ ਜਾਂਚ ਕਰਨ ਲਈ ਵਧੇਰੇ ਸਮੇਂ ਦੀ ਲੋੜ ਹੁੰਦੀ ਹੈ। ਪਰ ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਦੇਰੀ ਹੁਣ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜ਼ਿੰਮੇਵਾਰਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਸਿਹਤ ਵਿਭਾਗ ਵੱਲੋਂ ਬਣਾਈ ਗਈ ਕਮੇਟੀ ਨੂੰ ਖਾਸ ਤੌਰ 'ਤੇ ਹੇਠ ਲਿਖੇ ਮੁੱਦਿਆਂ ਦੀ ਜਾਂਚ ਕਰਨ ਲਈ ਕਿਹਾ ਗਿਆ ਹੈ। ਇਲਾਜ ਦੀ ਪ੍ਰਕਿਰਿਆ ਵਿਚ ਕਿਹੜੇ ਕਦਮ ਲਏ ਗਏ, ਕੀ ਸਟੈਂਡਰਡ ਪ੍ਰੋਟੋਕੋਲ ਦੀ ਪਾਲਣਾ ਹੋਈ, ਕੀ ਕਿਸੇ ਤਰ੍ਹਾਂ ਦੀ ਲਾਪ੍ਰਵਾਹੀ ਜਾਂ ਦੇਰੀ ਹੋਈ, ਮਰੀਜ਼ ਨੂੰ ਦਿੱਤੀਆਂ ਗਈਆਂ ਸਹੂਲਤਾਂ ਦੀ ਹਕੀਕਤ; ਜੇਕਰ ਕੋਈ ਗੜਬੜ ਸਾਹਮਣੇ ਆਉਂਦੀ ਹੈ, ਤਾਂ ਸਬੰਧਤ ਅਧਿਕਾਰੀਆਂ ਅਤੇ ਡਾਕਟਰਾਂ 'ਤੇ ਕਾਰਵਾਈ ਕੀਤੀ ਜਾਵੇਗੀ। ਪਰਿਵਾਰ ਨੂੰ ਅਜੇ ਵੀ ਇਨਸਾਫ ਦੀ ਉਡੀਕ : ਵਰਿੰਦਰ ਸਿੰਘ ਘੁੰਮਣ ਦੇ ਪਰਿਵਾਰ ਲਈ ਇਹ ਲੜਾਈ ਅਜੇ ਖਤਮ ਨਹੀਂ ਹੋਈ। ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਅਜੇ ਵੀ ਸੱਚ ਦੀ ਉਡੀਕ ਹੈ ਅਤੇ ਉਹ ਚਾਹੁੰਦੇ ਹਨ ਕਿ ਦੋਸ਼ੀ ਨੂੰ ਸਜ਼ਾ ਮਿਲੇ। ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਡਾ. ਆਰ. ਐੱਸ. ਸੇਠੀ ਨੇ ਨਵੀਂ ਕਮੇਟੀ ਦੇ ਗਠਨ ਦਾ ਸਵਾਗਤ ਕੀਤਾ ਹੈ ਪਰ ਨਾਲ ਹੀ ਚਿਤਾਵਨੀ ਵੀ ਦਿੱਤੀ ਹੈ ਕਿ ਇਸ ਵਾਰ ਜਾਂਚ ਪੂਰੀ ਤਰ੍ਹਾਂ ਨਿਰਪੱਖ ਹੋਣੀ ਚਾਹੀਦੀ ਹੈ। ਪਹਿਲੀ ਕਮੇਟੀ ਵਿਚ ਸਾਡੇ ਪ੍ਰਤੀਨਿਧੀ ਨੂੰ ਸ਼ਾਮਲ ਨਾ ਕਰਨਾ ਨਿਯਮਾਂ ਦੀ ਉਲੰਘਣਾ ਸੀ। ਹੁਣ ਜਦੋਂ ਸਰਕਾਰ ਨੇ ਸਾਡੀ ਗੱਲ ਮੰਨੀ ਹੈ, ਅਸੀਂ ਉਮੀਦ ਕਰਦੇ ਹਾਂ ਕਿ ਸੱਚ ਸਾਹਮਣੇ ਆਵੇਗਾ। ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਪਬਲਿਕ ਰਿਲੇਸ਼ਨ ਅਧਿਕਾਰੀ ਡਾਕਟਰ ਨਰੇਸ਼ ਚਾਵਲਾ ਨੇ ਕਿਹਾ ਕਿ ਨਵੀਂ ਗਠਿਤ ਕਮੇਟੀ ਨੂੰ ਨਿਯਮਾਂ ਤਹਿਤ ਕੰਮ ਕਰਨਾ ਚਾਹੀਦਾ ਹੈ ਅਤੇ ਪਾਰਦਰਸ਼ੀ ਢੰਗ ਦੇ ਨਾਲ ਪੀੜਤ ਡਾਕਟਰਾਂ ਨੂੰ ਇਨਸਾਫ ਦੇਣਾ ਚਾਹੀਦਾ ਹੈ। ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਡਾਕਟਰ ਆਰ. ਐੱਸ. ਸੇਠੀ ਦੀ ਅਗਵਾਈ ਵਿਚ ਡਾਕਟਰਾਂ ਨੂੰ ਇਨਸਾਫ ਦਿਵਾਉਣ ਦੇ ਲਈ ਐਸੋਸੀਏਸ਼ਨ ਪੂਰੀ ਸਰਗਰਮੀ ਨਾਲ ਭੂਮਿਕਾ ਅਦਾ ਕਰ ਰਹੀ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰੀਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੁਸ਼ਿਆਰਪੁਰ ਨੂੰ 268 ਕਰੋੜ ਦੀਆਂ ਵਿਸ਼ਵ ਪੱਧਰੀ ਸਿਹਤ ਸੰਭਾਲ ਸਹੂਲਤਾਂ ਦਾ ਤੋਹ.ਫਾ ਦਿੱਤਾ

Contd.....Front page

ਵਿਰੋਧੀ ਪਾਰਟੀਆਂ ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਵਿਰੋਧੀ ਪਾਰਟੀਆਂ ਮੈਨੂੰ ਬਦਨਾਮ ਕਰਨ ਲਈ ਸਾਜ਼ਿਸ਼ਾਂ ਰਚ ਰਹੀਆਂ ਹਨ ਕਿਉਂਕਿ ਉਹ ਸੂਬਾ ਸਰਕਾਰ ਵੱਲੋਂ ਜਨਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਤੋਂ ਈਰਖਾ ਕਰਦੀਆਂ ਹਨ। ਇਹ ਆਗੂ ਇਕ ਦੂਜੇ ਨਾਲ ਹੱਥ ਮਿਲਾ ਕੇ ਚੱਲ ਰਹੇ ਹਨ ਅਤੇ ਸੱਤਾ ਵਿੱਚ ਰਹਿੰਦਿਆਂ ਇਕ ਦੂਜੇ ਦੇ ਹਿੱਤਾਂ ਨੂੰ ਸੁਰੱਖਿਅਤ ਕਰਨ ਲਈ ਵਾਰੀ-ਵਾਰੀ ਰਾਜ ਕਰਨ ਦੀਆਂ ਖੇਡਾਂ ਖੇਡਦੇ ਸਨ ਪਰ 'ਆਪ ਸਰਕਾਰ ਨੇ ਉਨ੍ਹਾਂ ਨੂੰ ਸੱਤਾ ਤੋਂ ਬੇਦਖ਼ਲ ਕਰ ਕੇ ਇਸ ਖੇਡ ਨੂੰ ਬੰਦ ਕਰ ਦਿੱਤਾ, ਜਿਸ ਨਾਲ ਆਮ ਲੋਕਾਂ ਦੀਆਂ ਇੱਛਾਵਾਂ ਪੂਰੀਆਂ ਹੋ ਰਹੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕੈਪਟਨ ਅਮਰਿੰਦਰ ਸਿੰਘ ਅਤੇ ਪ੍ਰਕਾਸ਼ ਸਿੰਘ ਬਾਦਲ ਆਪਣੇ ਕਾਰਜਕਾਲ ਦੌਰਾਨ ਕਦੇ ਵੀ ਚੰਡੀਗੜ੍ਹ ਵਿੱਚ ਮੁੱਖ ਮੰਤਰੀਆਂ ਲਈ ਬਣੇ ਸਰਕਾਰੀ ਨਿਵਾਸ ਵਿੱਚ ਨਹੀਂ ਰਹੇ। ਇਸ ਦੀ ਬਜਾਏ ਇਹ ਆਗੂ ਆਪਣੇ ਹੀ ਮਹਿਲਾਂ ਵਰਗੇ ਘਰਾਂ ਵਿੱਚ ਰਹਿੰਦੇ ਸਨ, ਜੋ ਚੰਡੀਗੜ੍ਹ ਵਿੱਚ ਬਣਾਏ ਗਏ ਹਨ ਕਿਉਂਕਿ ਉਹ ਸਰਕਾਰੀ ਘਰਾਂ ਵਿੱਚ ਆਰਾਮਦਾਇਕ ਮਹਿਸੂਸ ਨਹੀਂ ਕਰਦੇ ਸਨ। ਅਕਾਲੀਆਂ ਨੂੰ ਸੂਬੇ ਵਿੱਚ ਸ਼ਾਸਨ ਕਰਨ ਦੇ ਪੰਜ ਮੌਕੇ ਮਿਲੇ ਪਰ ਲੋਕਾਂ ਦੀ ਸੇਵਾ ਕਰਨ ਦੀ ਬਜਾਏ ਉਨ੍ਹਾਂ ਨੇ ਲੋਕਾਂ ਅਤੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ। ਉਨ੍ਹਾਂ ਅੱਗੇ ਕਿਹਾ ਕਿ ਸਿਰਫ਼ ਇਹੀ ਨਹੀਂ ਅਕਾਲੀਆਂ ਨੇ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਲਈ ਧਰਮ ਨੂੰ ਵਰਤ ਕੇ ਲੋਕਾਂ ਨਾਲ ਧੋਖਾ ਕੀਤਾ। ਸਰਵਉੱਚ ਤਖ਼ਤਾਂ ਦੇ ਜਥੇਦਾਰ ਅਕਾਲੀ ਆਗੂਆਂ ਦੀਆਂ ਜੇਬਾਂ 'ਚੋਂ ਚੁਣੇ ਜਾਂਦੇ ਰਹੇ ਹਨ। ਸਾਬਕਾ ਉਪ ਮੁੱਖ ਮੰਤਰੀ ਦਾਅਵਾ ਕਰਦੇ ਹਨ ਕਿ ਉਨ੍ਹਾਂ ਦੇ ਸ਼ਾਸਨ ਦੌਰਾਨ ਸੂਬੇ ਦਾ ਵੱਡਾ ਵਿਕਾਸ ਹੋਇਆ ਪਰ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਥਾਵਾਂ 'ਤੇ ਉਹ ਅੱਖਾਂ ਮੀਟ ਲੈਂਦੇ ਹਨ, ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਹੋਈ ਅਤੇ ਬੇਕਸੂਰ ਮਾਰੇ ਗਏ। ਅਕਾਲੀ ਦਲ ਦੀ 'ਪੰਜਾਬ ਬਚਾਓ ਯਾਤਰਾ' 'ਤੇ ਚੁਟਕੀ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਅਕਾਲੀ ਦਲ ਦੀ ਇਸ ਚਾਲ ਦਾ ਅਸਲ ਨਾਮ ਪਰਿਵਾਰ ਬਚਾਓ ਯਾਤਰਾ ਹੈ। ਉਨ੍ਹਾਂ ਕਿਹਾ ਕਿ 15 ਸਾਲ ਸੂਬੇ ਨੂੰ ਲੁੱਟਣ ਤੋਂ ਬਾਅਦ ਉਹ ਹੁਣ ਕਿਸ ਤੋਂ ਸੂਬੇ ਨੂੰ ਬਚਾਉਣ ਦੀ ਗੱਲ ਕਰ ਰਹੇ ਹਨ? ਅਕਾਲੀ ਦਲ ਪੰਜਾਬੀਆਂ ਦੀ ਮਾਨਸਿਕਤਾ ਨੂੰ ਭਾਵਨਾਤਮਕ ਤੌਰ 'ਤੇ ਕੁਚਲਣ ਅਤੇ ਸੂਬੇ ਵਿੱਚ ਵੱਖ-ਵੱਖ ਮਾਫੀਆ ਨੂੰ ਸਰਪ੍ਰਸਤੀ ਦੇਣ ਤੋਂ ਇਲਾਵਾ ਸੂਬੇ ਦੀਆਂ ਕਈ ਪੀੜ੍ਹੀਆਂ ਦੀ ਨਸਲਕੁਸ਼ੀ ਲਈ ਜ਼ਿੰਮੇਵਾਰ ਹੈ। ਅਕਾਲੀ ਲੀਡਰਸ਼ਿਪ ਨੂੰ ਕਦੇ ਵੀ ਮਾਫ਼ ਨਹੀਂ ਕੀਤਾ ਜਾ ਸਕਦਾ ਕਿਉਂਕਿ ਉਹ ਸੂਬੇ ਦੀਆਂ ਕਈ ਪੀੜ੍ਹੀਆਂ ਦੀ ਨਸਲਕੁਸ਼ੀ ਲਈ ਜ਼ਿੰਮੇਵਾਰ ਹਨ, ਜਿਨ੍ਹਾਂ ਨੇ ਨਸ਼ਿਆਂ ਦੇ ਕਾਰੋਬਾਰ ਨੂੰ ਸਰਪ੍ਰਸਤੀ ਦਿੱਤੀ ਅਤੇ ਉਨ੍ਹਾਂ ਦੇ ਲੰਬੇ ਸਮੇਂ ਦੇ ਕੁਸ਼ਾਸਨ ਦੌਰਾਨ ਇਹ ਵਧਿਆ-ਫੁੱਲਿਆ। ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਮੌਕਾਪ੍ਰਸਤ ਆਗੂ ਹਨ ਜੋ ਆਪਣੀ ਸੁੱਖ-ਸਹੂਲਤ ਅਤੇ ਨਿੱਜੀ ਰਾਜਨੀਤਿਕ ਹਿੱਤਾਂ ਅਨੁਸਾਰ ਗਿਰਗਿਟ ਵਾਂਗ ਆਪਣੇ ਰੰਗ ਅਤੇ ਸਟੈਂਡ ਬਦਲਦੇ ਹਨ। ਹਰ ਕੋਈ ਜਾਣਦਾ ਹੈ ਕਿ ਇਹ ਅਕਾਲੀਆਂ ਦਾ ਇੱਕ ਕੁਨਬਾ ਅੰਗਰੇਜ਼ਾਂ ਦੀ ਕਠਪੁਤਲੀ ਬਣ ਕੇ ਕੰਮ ਕਰਦਾ ਰਿਹਾ ਹੈ ਅਤੇ ਦੇਸ਼ ਲਈ ਲੜਨ ਵਾਲੇ ਦੇਸ਼ ਭਗਤਾਂ ਵਿਰੁੱਧ ਅੰਗਰੇਜ਼ਾਂ ਦਾ ਸਾਥ ਦੇਣ ਲਈ ਇਸ ਕੁਨਬੇ ਨੂੰ ਸਰ ਦੀ ਉਪਾਧੀ ਨਾਲ ਨਿਵਾਜ਼ਿਆ ਗਿਆ ਸੀ। ਅਕਾਲੀਆਂ ਨਾਲ ਸਬੰਧਤ ਇੱਕ ਪਰਿਵਾਰ ਨੇ ਹੀ 13 ਅਪ੍ਰੈਲ, 1919 ਨੂੰ ਜਲ੍ਹਿਆਂਵਾਲਾ ਬਾਗ ਕਤਲੇਆਮ ਦੇ ਦੋਸ਼ੀ ਜਨਰਲ ਡਾਇਰ ਲਈ ਇਸ ਘਿਨਾਉਣੀ ਘਟਨਾ ਤੋਂ ਬਾਅਦ ਰਾਤ ਦੇ ਖਾਣੇ ਦੀ ਮੇਜ਼ਬਾਨੀ ਕੀਤੀ ਸੀ। ਉਨ੍ਹਾਂ ਅੱਗੇ ਕਿਹਾ ਕਿ ਇਸ ਘਿਨਾਉਣੀ ਕਾਰਵਾਈ ਨੇ ਅਕਾਲੀਆਂ ਦੀ ਦੇਸ਼ ਵਿਰੋਧੀ ਅਤੇ ਪੰਜਾਬ ਵਿਰੋਧੀ ਮਾਨਸਿਕਤਾ ਅਤੇ ਚਰਿੱਤਰ ਨੂੰ ਨੰਗਾ ਕਰ ਦਿੱਤਾ ਸੀ। ਇਸ ਕੁਨਬੇ ਨੇ ਅੰਗਰੇਜ਼ਾਂ ਵਿਰੁੱਧ ਡਟ ਕੇ ਖੜ੍ਹਨ ਵਾਲੇ ਲੱਖਾਂ ਆਜ਼ਾਦੀ ਘੁਲਾਟੀਆਂ ਨਾਲ ਧੋਖਾ ਕੀਤਾ। ਇੰਨਾ ਹੀ ਨਹੀਂ ਇਸ ਪਰਿਵਾਰ ਨੇ ਜਨਰਲ ਡਾਇਰ ਨੂੰ ਹਰਿਮੰਦਰ ਸਾਹਿਬ ਵਿਖੇ ਸਿਰੋਪਾ ਅਤੇ ਮੁਆਫ਼ੀ ਦਿੱਤੇ ਜਾਣ ਨੂੰ ਵੀ ਯਕੀਨੀ ਬਣਾਇਆ। ਇਹ ਹੋਰ ਵੀ ਹੈਰਾਨ ਕਰਨ ਵਾਲੀ ਗੱਲ ਹੈ ਕਿ ਜਥੇਦਾਰ ਅਰੂੜ ਸਿੰਘ, ਜਿਨ੍ਹਾਂ ਨੇ ਇਹ ਸਿਰੋਪਾ ਦਿੱਤਾ ਸੀ, ਉਹ ਸਾਬਕਾ ਲੋਕ ਸਭਾ ਮੈਂਬਰ ਸਿਮਰਜੀਤ ਸਿੰਘ ਮਾਨ ਦੇ ਨਾਨਾ ਜੀ ਸਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਤਿਹਾਸ ਨੂੰ ਮਿਟਾਇਆ ਨਹੀਂ ਜਾ ਸਕਦਾ ਅਤੇ ਬਾਦਲ ਦੇ ਪੁਰਖਿਆਂ ਦੇ ਸ਼ੱਕੀ ਕਿਰਦਾਰ ਇਤਿਹਾਸ ਦੇ ਪੰਨਿਆਂ 'ਤੇ ਉੱਕਰੇ ਹੋਏ ਹਨ। ਇਸ ਪਰਿਵਾਰ ਦੇ ਹੱਥ ਦੇਸ਼ ਭਗਤਾਂ ਦੇ ਖੂਨ ਨਾਲ ਰੰਗੇ ਹੋਏ ਹਨ ਅਤੇ ਰਾਸ਼ਟਰਵਾਦੀਆਂ ਦੀ ਪਿੱਠ ਵਿੱਚ ਛੁਰਾ ਮਾਰਨ ਵਿੱਚ ਇਨ੍ਹਾਂ ਗੱਦਾਰਾਂ ਦੀ ਭੂਮਿਕਾ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਮੇਰੇ ਕੋਲ ਇਸ ਗੱਲ ਦੇ ਢੁਕਵੇਂ ਸਬੂਤ ਹਨ ਕਿ ਇਨ੍ਹਾਂ ਲੋਕਾਂ ਨੇ ਸੂਬੇ ਅਤੇ ਇਥੋਂ ਦੇ ਲੋਕਾਂ ਨੂੰ ਕਿਵੇਂ ਲੁੱਟਿਆ। ਵਿਰੋਧੀ ਆਗੂਆਂ 'ਤੇ ਆਪਣੇ ਹਮਲੇ ਨੂੰ ਹੋਰ ਤੇਜ਼ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੁਖਬੀਰ ਬਾਦਲ ਜ਼ਮੀਨੀ ਹਕੀਕਤਾਂ ਤੋਂ ਬਿਲਕੁਲ ਅਣਜਾਣ ਹਨ ਕਿਉਂਕਿ ਉਨ੍ਹਾਂ ਨੇ ਆਪਣੀ ਸਾਰੀ ਜ਼ਿੰਦਗੀ ਐਸ਼ੋ-ਆਰਾਮ ਵਾਲੇ ਮਾਹੌਲ ਵਿੱਚ ਬਿਤਾਈ ਹੈ। ਸੁਖਬੀਰ ਸਿੰਘ ਬਾਦਲ ਪੰਜਾਬ ਦੇ ਉਹ ਆਗੂ ਹਨ, ਜੋ ਕਾਨਵੈਂਟ ਸਕੂਲਾਂ 'ਚ ਪੜ੍ਹੇ-ਲਿਖੇ ਅਤੇ ਸੂਬੇ ਦੀ ਮੂਲ ਭੂਗੋਲਿਕ ਸਥਿਤੀ ਤੋਂ ਪੂਰੀ ਤਰ੍ਹਾਂ ਅਣਜਾਣ ਹਨ, ਪਰ ਫਿਰ ਵੀ ਪੰਜਾਬ ਵਿੱਚ ਸੱਤਾ ਹਥਿਆਉਣਾ ਲੋਚਦੇ ਹਨ। ਜੇ ਆਪਾਂ ਇਹ ਸਭ ਕੁਝ ਛੱਡ ਕੇ ਸੂਬੇ ਦੀਆਂ ਆਮ ਫਸਲਾਂ ਦੀ ਗੱਲ ਵੀ ਕਰੀਏ ਤਾਂ ਉਪ ਮੁੱਖ ਮੰਤਰੀ ਉਨ੍ਹਾਂ ਵਿੱਚ ਵੀ ਫ਼ਰਕ ਨਹੀਂ ਦੱਸ ਸਕਦੇ ਕਿਉਂਕਿ ਉਨ੍ਹਾਂ ਨੂੰ ਸੂਬੇ ਦੇ ਆਮ ਮੁੱਦਿਆਂ ਬਾਰੇ ਵੀ ਘੱਟ ਹੀ ਜਾਣਕਾਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਦਾ ਪੰਜਾਬ ਨੂੰ ਧੋਖਾ ਦੇਣ ਦਾ ਸ਼ੱਕੀ ਰਿਕਾਰਡ ਹੈ, ਕਿਉਂਕਿ ਉਨ੍ਹਾਂ ਨੇ ਸੂਬੇ ਦੀ ਦੁਸ਼ਮਣ ਹਰ ਤਾਕਤ, ਭਾਵੇਂ ਉਹ ਮੁਗਲ ਹੋਵੇ, ਅੰਗਰੇਜ਼ ਹੋਵੇ ਜਾਂ ਹੁਣ ਭਾਜਪਾ, ਨਾਲ ਖੜ੍ਹੇ ਹੋ ਕੇ ਕੰਮ ਕੀਤਾ। ਜਦੋਂ ਸੂਬੇ ਦੇ ਲੋਕਾਂ ਨੇ ਉਨ੍ਹਾਂ ਨੂੰ ਮੁੱਖ ਮੰਤਰੀ ਚੁਣਿਆ ਸੀ ਤਾਂ ਕੈਪਟਨ ਅਮਰਿੰਦਰ ਸਿੰਘ ਪੂਰੇ ਕਾਰਜਕਾਲ ਦੌਰਾਨ ਆਪਣੇ ਮਹਿਲ 'ਚੋਂ ਹੀ ਨਹੀਂ ਨਿਕਲੇ, ਉਨ੍ਹਾਂ ਨੇ ਮਸਾਂ ਸਿਰਫ਼ 10 ਕੁ ਵਾਰ ਸੂਬੇ ਦਾ ਦੌਰਾ ਕੀਤਾ। ਜਿਹੜੇ ਖੁਦ ਨੂੰ ਸੂਬੇ ਦੇ ਪਾਣੀਆਂ ਦਾ ਰਾਖਾ ਅਖਵਾਉਂਦੇ ਰਹੇ ਉਨ੍ਹਾਂ ਨੇ ਹੀ ਸੂਬੇ ਦੇ ਪਾਣੀਆਂ ਨੂੰ ਤਬਾਹ ਕਰ ਦਿੱਤਾ ਅਤੇ ਜਿਨ੍ਹਾਂ ਨੇ ਆਪਣੇ ਆਪ ਨੂੰ ਬਾਣੀ ਰਾਖੇ ਵਜੋਂ ਪੇਸ਼ ਕੀਤਾ, ਉਹ ਪਵਿੱਤਰ ਗ੍ਰੰਥ ਦੀ ਬੇਅਦਬੀ ਦਾ ਇਨਸਾਫ਼ ਨਹੀਂ ਦੇ ਸਕੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਾਂਗਰਸ ਅਤੇ ਅਕਾਲੀ ਦਲ ਉਹ ਸਿਉਂਕ ਹਨ, ਜਿਨ੍ਹਾਂ ਨੇ ਆਜ਼ਾਦੀ ਤੋਂ ਬਾਅਦ ਸੂਬੇ ਨੂੰ ਬਰਬਾਦ ਕਰ ਦਿੱਤਾ, ਜਿਸ ਕਰਕੇ ਪੰਜਾਬ ਤਰੱਕੀ ਦੇ ਰਾਹ ਵਿੱਚ ਪਛੜ ਗਿਆ। ਇਨ੍ਹਾਂ ਪਾਰਟੀਆਂ ਦੇ ਆਗੂ ਕਦੇ ਵੀ ਇੱਕ ਦੂਜੇ ਵਿਰੁੱਧ ਨਹੀਂ ਬੋਲਦੇ ਪਰ ਮੇਰੇ ਵਿਰੁੱਧ ਰੋਜ਼ਾਨਾ ਜ਼ਹਿਰ ਉਗਲਦੇ ਰਹਿੰਦੇ ਹਨ ਕਿਉਂਕਿ ਮੈਂ ਉਨ੍ਹਾਂ ਦਾ ਚਿਹਰਾ ਲੋਕਾਂ ਸਾਹਮਣੇ ਬੇਨਕਾਬ ਕੀਤਾ ਹੈ। ਇਹ ਉਹ ਗੱਦਾਰ ਹਨ ਜੋ ਕਦੇ ਵੀ ਸੂਬੇ ਅਤੇ ਇਸਦੇ ਲੋਕਾਂ ਪ੍ਰਤੀ ਵਫ਼ਾਦਾਰ ਨਹੀਂ ਰਹੇ। ਕਾਂਗਰਸ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕਾਂਗਰਸ ਵਿੱਚ ਹਰੇਕ ਆਗੂ ਸੂਬੇ ਦਾ ਮੁਖੀ ਬਣਨਾ ਚਾਹੁੰਦਾ ਹੈ। ਕਾਂਗਰਸ ਕੋਲ ਚੋਣਾਂ ਵਿੱਚ ਕੰਮ ਕਰਨ ਲਈ ਪਾਰਟੀ ਵਰਕਰਾਂ ਨਾਲੋਂ ਵੱਧ ਤਾਂ ਮੁੱਖ ਮੰਤਰੀ ਹਨ। ਇਸ ਕਾਰਨ ਹਾਲ ਹੀ ਵਿੱਚ ਹੋਈ ਇੱਕ ਰੈਲੀ ਦੌਰਾਨ ਪਾਰਟੀ ਦੇ ਸਿਖ਼ਰਲੇ ਆਗੂ ਨੇ ਇਨ੍ਹਾਂ ਅਖੌਤੀ ਦਾਅਵੇਦਾਰਾਂ ਨੂੰ ਮੁੱਢੋਂ ਨਜ਼ਰਅੰਦਾਜ਼ ਕੀਤਾ। ਕਾਂਗਰਸ ਪਾਟੋ-ਧਾੜੋ ਦਾ ਸ਼ਿਕਾਰ ਹੈ, ਜੋ ਅੰਦਰੂਨੀ ਖਿੱਚੋ-ਤਾਣ ਕਰਕੇ ਢਹਿ-ਢੇਰੀ ਹੋਣ ਕਿਨਾਰੇ ਹੈ।" ਉਨ੍ਹਾਂ ਅੱਗੇ ਕਿਹਾ, "ਇਹ ਬੜੀ ਮੰਦਭਾਗੀ ਗੱਲ ਹੈ ਕਿ ਕਾਂਗਰਸੀਆਂ ਨੂੰ ਇਕਜੁੱਟ ਕਰਨ ਲਈ ਆਏ ਸਿਖ਼ਰਲੇ ਆਗੂ ਸਹੀ ਢੰਗ ਨਾਲ ਉਨ੍ਹਾਂ ਦੇ ਨਾਮ ਤੱਕ ਵੀ ਨਹੀਂ ਲੈਣਾ ਜਾਣਦੇ। ਇਸ ਦੇ ਉਲਟ ਸਾਡੀ ਸਟੇਜ ਤੋਂ ਸਿੱਖਿਆ, ਸਿਹਤ, ਬਿਜਲੀ, ਖੇਤੀਬਾੜੀ ਅਤੇ ਹੋਰ ਖੇਤਰਾਂ 'ਤੇ ਗੱਲਾਂ ਕੀਤੀਆਂ ਜਾ ਰਹੀਆਂ ਹਨ ਜਦੋਂ ਕਿ ਦੂਜੀਆਂ ਪਾਰਟੀਆਂ ਦੀਆਂ ਸਟੇਜਾਂ 'ਤੇ ਸੱਤਾ ਹਥਿਆਉਣ ਦੇ ਦਾਅਵੇ ਕੀਤੇ ਜਾ ਰਹੇ ਹਨ। ਇਹ ਮੌਕਾਪ੍ਰਸਤ ਆਗੂ ਬੜੇ ਹੈਰਾਨ ਹਨ ਕਿ ਲੋਕ ਉਨ੍ਹਾਂ ਨੂੰ ਕੋਈ ਜਵਾਬ ਕਿਉਂ ਨਹੀਂ ਦੇ ਰਹੇ ਅਤੇ ਉਨ੍ਹਾਂ ਦਾ ਏਜੰਡਾ ਲੋਕਾਂ ਦੀ ਬਜਾਏ ਆਪਣੇ ਪਰਿਵਾਰਾਂ ਦੀ ਭਲਾਈ ਤੱਕ ਮਹਿਦੂਦ ਹੈ।" ਮੁੱਖ ਮੰਤਰੀ ਮਾਨ ਨੇ ਆਪਣੀ ਸਰਕਾਰ ਦੀਆਂ ਤਰਜੀਹਾਂ ਹਵਾਲਾ ਦਿੰਦਿਆਂ ਕਿਹਾ, "ਕੋਈ ਵੀ ਮੁਫ਼ਤ ਜਾਂ ਰਿਆਇਤੀ ਕਾਰਡ ਸੂਬੇ ਵਿੱਚੋਂ ਗਰੀਬੀ ਜਾਂ ਹੋਰ ਸਮਾਜਿਕ ਬੁਰਾਈਆਂ ਨੂੰ ਖਤਮ ਨਹੀਂ ਕਰ ਸਕਦੇ ,ਪਰ ਸਿੱਖਿਆ ਹੀ ਅਜਿਹਾ ਸੋਮਾ ਹੈ ਜੋ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕ ਕੇ ਖੁਸ਼ਹਾਲੀ ਲਿਆ ਸਕਦਾ ਹੈ। ਸਿੱਖਿਆ ਉਹ ਚਾਨਣ ਹੈ ਜੋ ਹਨੇਰੇ ਨੂੰ ਦੂਰ ਕਰਕੇ ਦੁਨੀਆ ਨੂੰ ਰੌਸ਼ਨ ਕਰਦੀ ਹੈ ਅਤੇ ਸੂਬਾ ਸਰਕਾਰ ਇਸ 'ਤੇ ਵਿਸ਼ੇਸ਼ ਜ਼ੋਰ ਦੇ ਰਹੀ ਹੈ। ਸਰਕਾਰ ਸਰਕਾਰੀ ਸਕੂਲਾਂ ਨੂੰ ਬਦਲਣ ਲਈ ਸਖ਼ਤ ਯਤਨ ਕਰ ਰਹੀ ਹੈ ਜਿਸ ਕਾਰਨ ਵਿਦਿਆਰਥੀ ਹਰ ਖੇਤਰ ਵਿੱਚ ਅੱਗੇ ਆ ਰਹੇ ਹਨ।" ਖੇਤੀਬਾੜੀ ਅਤੇ ਬਿਜਲੀ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਰਾਜ ਦੇ ਇਤਿਹਾਸ ਵਿੱਚ ਪਹਿਲੀ ਵਾਰ ਝੋਨੇ ਦੇ ਸੀਜ਼ਨ ਦੌਰਾਨ ਟਿਊਬਵੈੱਲਾਂ ਨੂੰ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਕੀਤੀ ਗਈ ਹੈ। ਕਿਸਾਨਾਂ ਨੂੰ ਹੁਣ ਪਹਿਲੀ ਵਾਰ ਸਿੰਚਾਈ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਦੀ ਜ਼ਿੰਦਗੀ ਬਦਲ ਰਹੀ ਹੈ। ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਸਰਕਾਰੀ ਖਜ਼ਾਨੇ ਦੇ ਇੱਕ-ਇੱਕ ਪੈਸੇ ਦੀ ਸਮਝਦਾਰੀ ਨਾਲ ਵਰਤੋਂ ਕਰ ਰਹੀ ਹੈ।" ਲੋਕ ਭਲਾਈ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਪੰਜਾਬ ਦੇ ਸਾਰੇ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾ ਰਹੇ ਹਨ। ਹਰ ਪਰਿਵਾਰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦਾ ਹੱਕਦਾਰ ਹੈ ਅਤੇ 30 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ ਪਹਿਲਾਂ ਹੀ ਸਿਹਤ ਕਾਰਡ ਮਿਲ ਚੁੱਕੇ ਹਨ। ਇਸ ਯੋਜਨਾ ਤਹਿਤ 1.65 ਲੱਖ ਲੋਕਾਂ ਨੂੰ ਮੁਫ਼ਤ ਇਲਾਜ ਮਿਲ ਚੁੱਕਾ ਹੈ ਅਤੇ ਮੈਂ ਲੋਕਾਂ ਨੂੰ ਇਨ੍ਹਾਂ ਕਾਰਡਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕਰਦਾ ਹਾਂ।" ਉਨ੍ਹਾਂ ਅੱਗੇ ਕਿਹਾ, "ਲੋਕਾਂ ਦੇ ਟੈਕਸ ਦਾ ਪੈਸਾ ਸੂਬੇ ਦਾ ਹੈ ਅਤੇ ਇਹ ਲੋਕਾਂ ਦੀ ਭਲਾਈ 'ਤੇ ਖਰਚ ਕੀਤਾ ਜਾ ਰਿਹਾ ਹੈ। ਲੋਕਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਕੋਲ ਵਾਪਸ ਆ ਰਿਹਾ ਹੈ। ਸੂਬਾ ਸਰਕਾਰ ਨੇ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ, ਭ੍ਰਿਸ਼ਟਾਚਾਰ ਤੋਂ ਬਿਨਾਂ 65000 ਤੋਂ ਵੱਧ ਨੌਜਵਾਨਾਂ ਨੂੰ ਨੌਕਰੀਆਂ, ਬਿਹਤਰ ਸੜਕਾਂ, ਟੋਲ ਪਲਾਜ਼ੇ ਬੰਦ ਹੋਣ ਨਾਲ ਰੋਜ਼ਾਨਾ 70 ਲੱਖ ਰੁਪਏ ਦੀ ਬੱਚਤ ਅਤੇ ਬੁਨਿਆਦੀ ਢਾਂਚਾ ਉਸਾਰਿਆ ਜਾ ਰਿਹਾ ਹੈ। ਯੁੱਧ ਨਸ਼ਿਆਂ ਵਿਰੁੱਧ ਵਰਗੇ ਲੋਕਪੱਖੀ ਪ੍ਰੋਗਰਾਮ ਨੇ ਸੂਬੇ ਵਿੱਚ ਨਸ਼ਿਆਂ ਦਾ ਲੱਕ ਤੋੜਿਆ ਹੈ। ਹੋਰ ਯੋਜਨਾਵਾਂ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਹਰ ਔਰਤ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਔਰਤਾਂ 1500 ਰੁਪਏ ਪ੍ਰਤੀ ਮਹੀਨਾ ਪ੍ਰਾਪਤ ਕਰਨ ਦੀ ਹੱਕਦਾਰ ਹੋਵੇਗੀ।


**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**PUBLIC NOTICE**
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**
I hitherto known as SURJIT KAUR W/O SULAKHAN SINGH R/O VPO Kariam, Nawanshahr, Kariam, Nawanshahr, Punjab-144421 have changed my name and shall hereafter be known as DALJIT KAUR.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.



**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI

## ਰੇਲਯਾਤਰੀ ਕ੍ਰਿਪਾ ਧਿਆਨ ਦੇਣ !

### ਮਹੱਤਵਪੂਰਨ ਜਾਣਕਾਰੀ

### ਗਰਮੀਆਂ ਦੀਆਂ ਵਿਸ਼ੇਸ਼ ਰੇਲਗੱਡੀਆਂ ਵਿਚ ਵਾਧਾ-2026

ਰੇਲਯਾਤਰੀਆਂ ਦੇ ਸੁਵਿਧਾਜਨਕ ਆਉਣ ਜਾਣ ਲਈ ਪਹਿਲਾਂ ਐਲਾਨੀਆਂ ਗਰਮੀਆਂ ਦੀਆਂ ਵਿਸ਼ੇਸ਼ ਰੇਲਗੱਡੀਆਂ ਦੇ ਨਾਲ-ਨਾਲ ਰੇਲਵੇ ਵਲੋਂ ਹੇਠਾਂ ਲਿਖਤ ਵਿਸ਼ੇਸ਼ ਰੇਲਗੱਡੀਆਂ ਵੀ ਹੇਠਾਂ ਦਿਤੇ ਗਏ ਟਾਈਮ-ਟੇਬਲ ਦੇ ਅਨੁਸਾਰ ਸੰਚਾਲਿਤ ਕੀਤੀਆਂ ਜਾਣਗੀਆਂ:-

**05101/05102 ਗੋਰਖਪੁਰ - ਨਵੀਂ ਦਿੱਲੀ-ਗੋਰਖਪੁਰ ਵਿਸ਼ੇਸ਼ (ਸਪਤਾਹਿਕ)** — 26 ਫੇਰੇ

| ਰੇਲਗੱਡੀ ਨੰ. 05101 ਆਉਣਾ | ਜਾਣਾ | ਸਟੇਸ਼ਨ | ਰੇਲਗੱਡੀ ਨੰ. 05102 ਆਉਣਾ | ਜਾਣਾ |
|---|---|---|---|---|
| --- | 16:00 | ਗੋਰਖਪੁਰ | 01:00 | --- |
| 04:20 | 04:30 | ਮੁਰਾਦਾਬਾਦ | 12:50 | 13:00 |
| 07:30 | --- | ਨਵੀਂ ਦਿੱਲੀ | --- | 09:45 |

**ਚੱਲਣ ਦੇ ਦਿਨ** : **05101 ਗੋਰਖਪੁਰ** ਤੋਂ ਮਿਤੀ 11.04.2026 ਤੋਂ 11.07.2026 ਤਕ (ਸ਼ਨੀਵਾਰ) 23.05.2026 ਨੂੰ ਛੱਡ ਕੇ **05102 ਨਵੀਂ ਦਿੱਲੀ** ਤੋਂ ਮਿਤੀ 12.04.2026 ਤੋਂ 12.07.2026 ਤਕ (ਐਤਵਾਰ) 24.05.2026 ਨੂੰ ਛੱਡ ਕੇ।
**ਸਥਾਨ:** 3 ਟੀਅਰ ਏਸੀ., ਇਕੋਨਾਮੀ, ਸਲੀਪਰ ਅਤੇ ਜਨਰਲ
**ਠਹਿਰਾਓ:** ਆਨੰਦ ਨਗਰ, ਸਿਧਾਰਥ ਨਗਰ, ਬੜਨੀ, ਤੁਲਸੀਪੁਰ, ਬਲਰਾਮਪੁਰ, ਗੋਂਡਾ ਜੰ., ਸੀਤਾਪੁਰ, ਸ਼ਾਹਜਹਾਂਪੁਰ, ਬਰੇਲੀ ਅਤੇ ਗਾਜੀਆਬਾਦ ਸਟੇਸ਼ਨ।

**05193/05194 ਛਪਰਾ-ਪਠਾਨਕੋਟ-ਛਪਰਾ ਵਿਸ਼ੇਸ਼ (ਸਪਤਾਹਿਕ)** — 30 ਫੇਰੇ

| ਰੇਲਗੱਡੀ ਨੰ. 05193 ਆਉਣਾ | ਜਾਣਾ | ਸਟੇਸ਼ਨ | ਰੇਲਗੱਡੀ ਨੰ. 05194 ਆਉਣਾ | ਜਾਣਾ |
|---|---|---|---|---|
| --- | 14:00 | ਛਪਰਾ | 09:15 | --- |
| 22:15 | --- | ਪਠਾਨਕੋਟ | --- | 00:30 |

**ਚੱਲਣ ਦੇ ਦਿਨ** : **05193 ਛਪਰਾ** ਤੋਂ ਮਿਤੀ 06.04.2026 ਤੋਂ 13.07.2026 ਤਕ (ਸੋਮਵਾਰ) ਨੂੰ ਅਤੇ **05194 ਪਠਾਨਕੋਟ** ਤੋਂ ਮਿਤੀ 08.04.2026 ਤੋਂ 15.07.2026 ਤਕ (ਬੁਧਵਾਰ) ਨੂੰ।
**ਸਥਾਨ:** 2 ਟੀਅਰ ਏਸੀ., 3 ਟੀਅਰ ਏਸੀ., 3 ਟੀਅਰ ਏਸੀ., ਇਕੋਨਾਮੀ, ਸਲੀਪਰ ਅਤੇ ਜਨਰਲ
**ਠਹਿਰਾਓ:** ਛਪਰਾ ਕਚਹਰੀ, ਦਿਘਵਾ ਦੁਬੌਲੀ, ਥਾਵੇ ਜੰ., ਤਮਕੂਹੀ ਰੋਡ, ਪਠਰੌਨਾ, ਕਪਤਾਨਗੰਜ ਜੰ., ਗੋਰਖਪੁਰ, ਬਸਤੀ, ਗੋਂਡਾ ਜੰ., ਸੀਤਾਪੁਰ, ਸ਼ਾਹਜਹਾਂਪੁਰ, ਬਰੇਲੀ, ਮੁਰਾਦਾਬਾਦ, ਲਕਸਰ ਜੰ., ਰੁੜਕੀ, ਸਹਾਰਨਪੁਰ, ਯਮੁਨਾਨਗਰ ਜਗਾਧਰੀ, ਅੰਬਾਲਾ ਕੈਂਟ, ਲੁਧਿਆਣਾ ਅਤੇ ਜਲੰਧਰ ਕੈਂਟ ਸਟੇਸ਼ਨ।

**07621/07622 ਨਾਂਦੇੜ-ਹਜ਼ਰਤ ਨਿਜਾਮੂਦੀਨ-ਨਾਂਦੇੜ ਵਿਸ਼ੇਸ਼ (ਸਪਤਾਹਿਕ)** — 16 ਫੇਰੇ

| ਰੇਲਗੱਡੀ ਨੰ. 07621 ਆਉਣਾ | ਜਾਣਾ | ਸਟੇਸ਼ਨ | ਰੇਲਗੱਡੀ ਨੰ. 07622 ਆਉਣਾ | ਜਾਣਾ |
|---|---|---|---|---|
| --- | 08:45 | ਨਾਂਦੇੜ | 00:35 | --- |
| 14:00 | --- | ਹਜ਼ਰਤ ਨਿਜਾਮੂਦੀਨ | --- | 21:40 |

**ਚੱਲਣ ਦੇ ਦਿਨ** : **07621 ਨਾਂਦੇੜ** ਤੋਂ ਮਿਤੀ 11.04.2026 ਤੋਂ 30.05.2026 ਤਕ (ਸ਼ਨੀਵਾਰ) ਨੂੰ ਅਤੇ **07622 ਹਜ਼ਰਤ ਨਿਜਾਮੂਦੀਨ** ਤੋਂ ਮਿਤੀ 12.04.2026 ਤੋਂ 31.05.2026 ਤਕ (ਐਤਵਾਰ) ਨੂੰ।
**ਸਥਾਨ:** 2 ਟੀਅਰ ਏਸੀ., 3 ਟੀਅਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ:** ਪੂਰਨਾ ਜੰ., ਪਰਭਨੀ ਜੰ., ਸੇਲੂ, ਪਰਤੂਰ, ਜਾਲਨਾ, ਔਰੰਗਾਬਾਦ, ਮਨਮਾੜ, ਜਲਗਾਂਵ, ਭੁਸਾਵਲ, ਖੰਡਵਾ, ਇਟਾਰਸੀ, ਭੋਪਾਲ, ਬੀਨਾ, ਵੀਰਾਂਗਨਾ ਲਕਸ਼ਮੀਬਾਈ ਝਾਂਸੀ, ਗਵਾਲੀਅਰ ਆਗਰਾ ਕੈਂਟ ਅਤੇ ਮਥੁਰਾ ਜੰ. ਸਟੇਸ਼ਨ।

**05017/05018 ਮਊ ਜੰ.-ਵਲਸਾਡ-ਮਊ ਜੰ. ਵਿਸ਼ੇਸ਼ (ਸਪਤਾਹਿਕ)** — 10 ਫੇਰੇ

| ਰੇਲਗੱਡੀ ਨੰ. 05017 ਆਉਣਾ | ਜਾਣਾ | ਸਟੇਸ਼ਨ | ਰੇਲਗੱਡੀ ਨੰ. 05018 ਆਉਣਾ | ਜਾਣਾ |
|---|---|---|---|---|
| --- | 06:00 | ਮਊ ਜੰ. | 22:45 | --- |
| 08:20 | 08:30 | ਵਾਰਾਨਸੀ ਜੰ. | 20:30 | 20:40 |
| 12:35 | --- | ਵਲਸਾਡ | --- | 15:10 |

**ਚੱਲਣ ਦੇ ਦਿਨ** : **05017 ਮਊ ਜੰ.** ਤੋਂ ਮਿਤੀ 11.04.2026 ਤੋਂ 09.05.2026 ਤਕ (ਸ਼ਨੀਵਾਰ) ਨੂੰ ਅਤੇ **05018 ਵਲਸਾਡ** ਤੋਂ ਮਿਤੀ 12.04.2026 ਤੋਂ 10.05.2026 ਤਕ (ਸ਼ਨੀਵਾਰ) ਨੂੰ।
**ਸਥਾਨ:** 2 ਟੀਅਰ ਏਸੀ., 3 ਟੀਅਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ:** ਔੜਿਹਾਰ ਜੰ., ਗਿਆਨਪੁਰ ਰੋਡ, ਪ੍ਰਯਾਗਰਾਜ ਜੰ., ਕਾਨਪੁਰ ਸੈਂਟ੍ਰਲ, ਟੂੰਡਲਾ ਜੰ., ਈਦਗਾਹ ਆਗਰਾ ਜੰ., ਬਯਾਨਾ ਜੰ., ਗੰਗਾਪੁਰ ਸਿਟੀ, ਕੋਟਾ ਜੰ., ਰਾਮਗੰਜ ਮੰਡੀ, ਭਵਾਨੀ ਮੰਡੀ, ਨਾਗਦਾ ਜੰ., ਰਤਲਾਮ ਜੰ., ਵਡੋਦਰਾ ਜੰ. ਅਤੇ ਸੂਰਤ ਸਟੇਸ਼ਨ।

**04624/04623 ਅੰਮ੍ਰਿਤਸਰ-ਕੋਲਕਾਤਾ-ਅੰਮ੍ਰਿਤਸਰ ਅਣਰੀਜ਼ਰਵ ਵਿਸ਼ੇਸ਼ ਐਕਸਪ੍ਰੈਸ (ਸਪਤਾਹਿਕ)** — 24 ਫੇਰੇ

| ਰੇਲਗੱਡੀ ਨੰ. 04624 ਆਉਣਾ | ਜਾਣਾ | ਸਟੇਸ਼ਨ | ਰੇਲਗੱਡੀ ਨੰ. 04623 ਆਉਣਾ | ਜਾਣਾ |
|---|---|---|---|---|
| --- | 20:10 | ਅੰਮ੍ਰਿਤਸਰ | 00:40 | --- |
| 15:00 | --- | ਕੋਲਕਾਤਾ | --- | 05:00 |

**ਚੱਲਣ ਦੇ ਦਿਨ** : **04624 ਅੰਮ੍ਰਿਤਸਰ** ਤੋਂ ਮਿਤੀ 13.04.2026 ਤੋਂ 29.06.2026 ਤਕ (ਸੋਮਵਾਰ) ਨੂੰ ਅਤੇ **04623 ਕੋਲਕਾਤਾ** ਤੋਂ ਮਿਤੀ 16.04.2026 ਤੋਂ 02.07.2026 ਤਕ (ਵੀਰਵਾਰ) ਨੂੰ।
**ਸਥਾਨ:** 2 ਟੀਅਰ ਏਸੀ., 3 ਟੀਅਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ:** ਬਿਆਸ, ਜਲੰਧਰ ਸਿਟੀ, ਫਗਵਾੜਾ ਜੰ., ਢੰਡਾਰੀ ਕਲਾਂ, ਅੰਬਾਲਾ ਕੈਂਟ, ਯਮੁਨਾਨਗਰ ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਸੀਤਾਪੁਰ, ਗੋਂਡਾ ਜੰ., ਗੋਰਖਪੁਰ, ਕਪਤਾਨਗੰਜ, ਨਰਕਟਿਯਾਗੰਜ, ਬੇਤਿਯਾ, ਸਗੌਲੀ ਜੰ., ਬਾਪੂਧਾਮ ਮੋਤਿਹਾਰੀ, ਮੁਜ਼ਫਰਪੁਰ ਜੰ., ਸਮਸਤੀਪੁਰ ਜੰ., ਬਰੌਨੀ ਜੰ., ਕਿਊਲ ਜੰ., ਝਾਝਾ, ਜਸੀਡੀਹ ਜੰ., ਮਧੁਪੁਰ ਜੰ., ਚਿਤਰੰਜਨ, ਆਸਨਸੋਲ ਜੰ., ਦੁਰਗਾਪੁਰ, ਬਰਧਮਾਨ ਜੰ., ਬੈਨਡੇਲ ਜੰ. ਅਤੇ ਨੈਹਾਟੀ ਜੰ. ਸਟੇਸ਼ਨ।

**01073/01074 ਲੋਕਮਾਨਯ ਤਿਲਕ (ਟਰਮੀ.)-ਬਨਾਰਸ-ਲੋਕਮਾਨਯ ਤਿਲਕ (ਟਰਮੀ.) ਵਿਸ਼ੇਸ਼ (ਸਪਤਾਹ ਵਿਚ 2 ਦਿਨ)** — 42 ਫੇਰੇ

| ਰੇਲਗੱਡੀ ਨੰ. 01073 ਆਉਣਾ | ਜਾਣਾ | ਸਟੇਸ਼ਨ | ਰੇਲਗੱਡੀ ਨੰ. 01074 ਆਉਣਾ | ਜਾਣਾ |
|---|---|---|---|---|
| --- | 12:15 | ਲੋਕਮਾਨਯ ਤਿਲਕ (ਟਰਮੀ.) | 16:40 | --- |
| 22:45 | 22:50 | ਵਾਰਾਨਸੀ | 05:45 | 05:50 |
| 23:30 | --- | ਬਨਾਰਸ | --- | 05:30 |

**ਚੱਲਣ ਦੇ ਦਿਨ** : **01073 ਲੋਕਮਾਨਯ ਤਿਲਕ (ਟਰਮੀ.)** ਤੋਂ ਮਿਤੀ 06.05.2026 ਤੋਂ 15.07.2026 ਤਕ (ਬੁਧਵਾਰ, ਵੀਰਵਾਰ) ਨੂੰ ਅਤੇ **01074 ਬਨਾਰਸ** ਤੋਂ ਮਿਤੀ 08.05.2026 ਤੋਂ 17.07.2026 ਤਕ (ਸ਼ੁਕਰਵਾਰ, ਸ਼ਨੀਵਾਰ) ਨੂੰ।
**ਸਥਾਨ:** 2 ਟੀਅਰ ਏਸੀ., 3 ਟੀਅਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ:** ਠਾਨੇ, ਕਲਯਾਨ, ਇਗਤਪੁਰੀ, ਨਾਸਿਕ ਰੋਡ, ਜਲਗਾਂਵ ਜੰ., ਭੁਸਾਵਲ ਜੰ., ਖੰਡਵਾ, ਇਟਾਰਸੀ, ਰਾਨੀ ਕਮਲਾਪਤਿ, ਬੀਨਾ, ਰਾਣੀ ਲਕਸ਼ਮੀਬਾਈ ਝਾਂਸੀ, ਉਰਈ, ਗੋਵਿੰਦਪੁਰੀ, ਫਤੇਹਪੁਰ ਅਤੇ ਸੂਬੇਦਾਰਗੰਜ ਸਟੇਸ਼ਨ।

**01431/01432 ਪੁਣੇ-ਗਾਜੀਪੁਰ ਸਿਟੀ-ਹਡਪਸਰ ਵਿਸ਼ੇਸ਼ (ਸਪਤਾਹ ਵਿਚ 2 ਦਿਨ)** — 44 ਫੇਰੇ

| ਰੇਲਗੱਡੀ ਨੰ. 01431 ਆਉਣਾ | ਜਾਣਾ | ਸਟੇਸ਼ਨ | ਰੇਲਗੱਡੀ ਨੰ. 01432 ਆਉਣਾ | ਜਾਣਾ |
|---|---|---|---|---|
| --- | 06:40 | ਪੁਣੇ | --- | --- |
| --- | --- | ਹਡਪਸਰ | 16:20 | --- |
| 15:30 | 15:40 | ਵਾਰਾਨਸੀ | 08:20 | 08:30 |
| 19:05 | --- | ਗਾਜੀਪੁਰ ਸਿਟੀ | --- | 04:20 |

**ਚੱਲਣ ਦੇ ਦਿਨ** : **01431 ਪੁਣੇ** ਤੋਂ ਮਿਤੀ 01.05.2026 ਤੋਂ 14.07.2026 ਤਕ (ਸ਼ੁਕਰਵਾਰ, ਮੰਗਲਵਾਰ) ਨੂੰ ਅਤੇ **01432 ਗਾਜੀਪੁਰ ਸਿਟੀ** ਤੋਂ ਮਿਤੀ 03.05.2026 ਤੋਂ 16.07.2026 ਤਕ (ਐਤਵਾਰ, ਵੀਰਵਾਰ) ਨੂੰ।
**ਸਥਾਨ:** 2 ਟੀਅਰ ਏਸੀ., 3 ਟੀਅਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ:** ਦੌਂਡ ਕਾਰਡ ਲਾਈਨ, ਅਹਿਲਯਾਨਗਰ, ਕੋਪਰਗਾਂਵ, ਮਨਮਾੜ ਜੰ., ਜਲਗਾਂਵ ਜੰ., ਭੁਸਾਵਲ ਜੰ., ਖੰਡਵਾ, ਇਟਾਰਸੀ ਜੰ., ਪਿਪਰਿਯਾ, ਨਰਸਿੰਘਪੁਰ, ਮਦਨ ਮਹਲ, ਕਟਨੀ, ਮੈਹਰ, ਸਤਨਾ, ਮਾਨਿਕਪੁਰ, ਪ੍ਰਯਾਗਰਾਜ ਛਿਵਕੀ, ਜੌਨਪੁਰ ਜੰ., ਅਤੇ ਔੜਿਹਾਰ ਜੰ. ਸਟੇਸ਼ਨ।

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਕਿਸੇ ਵੀ ਹੋਰ ਸੂਚਨਾ ਅਤੇ ਵਿਸਤ੍ਰਿਤ ਸਮੇਂ-ਸਾਰਣੀ ਦੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨ ਨੰ.139 'ਤੇ ਸੰਪਰਕ ਕਰਨ ਜਾਂ ਰੇਲਵੇ ਦੀ ਵੈਬਸਾਈਟ https://enquiry.indianrail.gov.in ਜਾਂ NTES App ਵੇਖਣ।

**ਉੱਤਰ ਰੇਲਵੇ**
ਤੁਹਾਡੀ ਸੁਵਿਧਾ – ਸਾਡਾ ਲਕਸ਼
ਸਾਨੂੰ www.nr.indianrailways.gov.in 'ਤੇ ਮਿਲੋ
1159/2026
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਖ਼ਰਾਬ ਮੌਸਮ ਦੀ ਮਾਰ ਹੇਠ ਆਏ ਕਿਸਾਨਾਂ ਲਈ ਰਾਹਤ; ਮੁੱਖ ਮੰਤਰੀ ਵੱਲੋਂ ਵਿਸ਼ੇਸ਼ ਗਿਰਦਾਵਰੀ ਦੇ ਹੁਕਮ

## ਮੀਂਹ ਤੇ ਗੜ੍ਹੇਮਾਰੀ ਨਾਲ 1 ਲੱਖ ਏਕੜ ਤੋਂ ਵੱਧ ਫਸਲ ਤਬਾਹ; ਸਰਕਾਰ ਨੇ ਨੁਕਸਾਨ ਦੀ ਭਰਪਾਈ ਦਾ ਦਿੱਤਾ ਭਰੋਸਾ

**ਚੰਡੀਗੜ੍ਹ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਪਿਛਲੇ ਦਿਨਾਂ ਦੌਰਾਨ ਹੋਈ ਬੇਮੌਸਮੀ ਬਾਰਿਸ਼, ਤੇਜ਼ ਹਵਾਵਾਂ ਅਤੇ ਗੜ੍ਹੇਮਾਰੀ ਕਾਰਨ ਕਣਕ ਦੀ ਪੱਕੀ ਫਸਲ ਦੇ ਹੋਏ ਭਾਰੀ ਨੁਕਸਾਨ ਨੂੰ ਦੇਖਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ ਕੀਤੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਨੇ ਫ਼ਸਲੀ ਨੁਕਸਾਨ ਦੇ ਮੱਦੇਨਜ਼ਰ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਨੁਕਸਾਨ ਦੀ ਭਰਪਾਈ ਲਈ ਸਰਕਾਰ ਮੁਆਵਜ਼ਾ ਦੇਵੇਗੀ।



ਦੱਸਣਯੋਗ ਹੈ ਕਿ ਪੰਜਾਬ ਦੇ ਖ਼ਾਸ ਕਰਕੇ ਮਾਲਵਾ ਖ਼ਿੱਤੇ ਵਿੱਚ 30-31 ਮਾਰਚ ਨੂੰ ਮੀਂਹ ਅਤੇ ਗੜ੍ਹੇਮਾਰੀ ਨਾਲ ਭਾਰੀ ਨੁਕਸਾਨ ਹੋਇਆ ਹੈ ਅਤੇ ਇਸੇ ਤਰ੍ਹਾਂ ਮਾਝੇ ਅਤੇ ਦੁਆਬਾ ਖੇਤਰ ਵਿੱਚ ਵੀ ਕੁਦਰਤ ਨੇ ਫਸਲਾਂ ਨੂੰ ਮਾਰ ਪਾਈ ਹੈ।

ਖੇਤੀ ਮਹਿਕਮੇ ਅਨੁਸਾਰ ਪੰਜਾਬ ਵਿੱਚ ਕਰੀਬ ਇਕ ਲੱਖ ਏਕੜ ਤੋਂ ਵੱਧ ਕਣਕ ਦੀ ਫਸਲ ਦਾ ਨੁਕਸਾਨ ਹੋਇਆ ਹੈ। ਮੌਸਮ ਦੇ ਬਦਲੇ ਮਿਜ਼ਾਜ ਕਾਰਨ ਕਣਕ ਦੀ ਵਾਢੀ ਵੀ ਲੇਟ ਹੋਣਾ ਸੁਭਾਵਿਕ ਹੈ। ਕਿਸਾਨਾਂ ਲਈ ਖ਼ਤਰਾ ਹਾਲੇ ਟਲਿਆ ਨਹੀਂ ਹੈ। ਪੰਜਾਬ ਵਿੱਚ ਸਭ ਤੋਂ ਵੱਧ ਫ਼ਸਲੀ ਨੁਕਸਾਨ ਜ਼ਿਲ੍ਹਾ ਮੁਕਤਸਰ, ਫਾਜ਼ਿਲਕਾ ਅਤੇ ਬਠਿੰਡਾ ਤੋਂ ਇਲਾਵਾ ਅੰਮ੍ਰਿਤਸਰ ਅਤੇ ਤਰਨ ਤਾਰਨ ਵਿੱਚ ਹੋਇਆ ਹੈ। ਫ਼ਸਲ ਦੀ ਪੈਦਾਵਾਰ ਤੇ ਵੀ ਅਸਰ ਪਵੇਗਾ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਵੀ ਦਿੱਕਤ ਆਵੇਗੀ।

# ਨੌਕਰੀ ਛੱਡਣ ਦੇ 48 ਘੰਟਿਆਂ ਅੰਦਰ ਮਿਲੇਗਾ ਪੂਰਾ ਪੈਸਾ

## ਹੱਥ 'ਚ ਆਉਣ ਵਾਲੀ ਤਨਖਾਹ ਘਟੇਗੀ ਪਰ PF ਵਧੇਗਾ; ਨਵੇਂ Labour Codes ਦੇ ਵੱਡੇ ਬਦਲਾਅ

**ਚੰਡੀਗੜ੍ਹ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰ ਸਰਕਾਰ ਜਲਦੀ ਹੀ ਦੇਸ਼ ਵਿੱਚ ਨਵੇਂ ਲੇਬਰ ਕੋਡ (ਕਿਰਤ ਕਾਨੂੰਨ) ਲਾਗੂ ਕਰਨ ਜਾ ਰਹੀ ਹੈ। ਇਨ੍ਹਾਂ ਨਵੇਂ ਨਿਯਮਾਂ ਦੇ ਆਉਣ ਨਾਲ ਹੁਣ ਨੌਕਰੀ ਛੱਡਣ, ਬਦਲਣ ਜਾਂ ਕੱਢੇ ਜਾਣ ਦੀ ਸਥਿਤੀ ਵਿੱਚ ਕਰਮਚਾਰੀਆਂ ਨੂੰ ਆਪਣਾ ਹਿਸਾਬ-ਕਿਤਾਬ (Full & Final Settlement) ਕਰਵਾਉਣ ਲਈ ਹਫ਼ਤਿਆਂ ਜਾਂ ਮਹੀਨਿਆਂ ਤੱਕ ਇੰਤਜ਼ਾਰ ਨਹੀਂ ਕਰਨਾ ਪਵੇਗਾ। ਸਰਕਾਰ ਦੇ ਇਸ ਕਦਮ ਨਾਲ ਨੌਕਰੀਪੇਸ਼ਾ ਲੋਕਾਂ ਅਤੇ ਅਸੰਗਠਿਤ ਖੇਤਰਾਂ ਦੇ ਮਜ਼ਦੂਰਾਂ ਨੂੰ ਵੱਡੀ ਵਿੱਤੀ ਰਾਹਤ ਮਿਲੇਗੀ।

'ਵੇਤਨ ਸੰਹਿਤਾ 2019' (ਤਨਖਾਹ ਨਾਲ ਸਬੰਧਤ ਕਾਨੂੰਨ) ਦੇ ਤਹਿਤ ਹੁਣ ਕੰਪਨੀਆਂ ਲਈ ਇਹ ਜ਼ਰੂਰੀ ਹੋਵੇਗਾ ਕਿ ਉਹ ਨੌਕਰੀ ਛੱਡਣ ਵਾਲੇ ਕਰਮਚਾਰੀ ਦਾ ਇੱਕ-ਇੱਕ ਪੈਸਾ ਸਿਰਫ਼ ਦੋ ਕੰਮਕਾਜੀ ਦਿਨਾਂ (48 ਘੰਟੇ) ਦੇ ਅੰਦਰ-ਅੰਦਰ ਚੁਕਾਉਣ। ਇਹ ਕਾਨੂੰਨ ਪੁਰਾਣੇ ਤਨਖਾਹ ਨਿਯਮਾਂ ਨੂੰ ਸੁਧਾਰ ਕੇ ਬਣਾਇਆ ਗਿਆ ਹੈ, ਜਿਸ ਦਾ ਮੁੱਖ ਮਕਸਦ ਕਰਮਚਾਰੀਆਂ ਦੇ ਹੱਕਾਂ ਦੀ ਰਾਖੀ ਕਰਨਾ, ਉਨ੍ਹਾਂ ਨੂੰ ਬਿਹਤਰ ਵਿੱਤੀ ਸੁਰੱਖਿਆ ਦੇਣਾ ਅਤੇ ਕੰਪਨੀਆਂ ਦੇ ਕੰਮਕਾਜ ਵਿੱਚ ਪਾਰਦਰਸ਼ਤਾ ਲਿਆਉਣਾ ਹੈ।

# ਕੇਵਲ ਮੋਦੀ, ਚੀਨੀ ਸ਼ੀ ਜਿਨਪਿੰਗ ਅਤੇ ਵਲਾਦੀਮੀਰ ਪੁਤਿਨ ਰੁਕਵਾ ਸਕਦੇ ਹਨ ਅਮਰੀਕਾ-ਇਰਾਨ ਜੰਗ: ਅਮਰੀਕੀ ਅਰਥ ਸ਼ਾਸਤਰੀ

**ਨਵੀਂ ਦਿੱਲੀ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਪੱਛਮੀ ਏਸ਼ੀਆ ਵਿੱਚ ਅਮਰੀਕਾ ਅਤੇ ਇਜ਼ਰਾਈਲ ਦੀ ਇਰਾਨ ਵਿਰੁੱਧ ਵਧਦੀ ਜੰਗ ਦਰਮਿਆਨ ਪ੍ਰਸਿੱਧ ਅਮਰੀਕੀ ਅਰਥ ਸ਼ਾਸਤਰੀ ਪ੍ਰੋਫੈਸਰ ਜੈਫਰੀ ਸਾਕਸ ਨੇ ਕਿਹਾ ਹੈ ਕਿ ਇਸ ਸਮੇਂ ਦੁਨੀਆ ਵਿੱਚ ਸਿਰਫ਼ ਤਿੰਨ ਆਗੂ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਅਤੇ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਹੀ ਅਜਿਹਾ ਪ੍ਰਭਾਵ ਰੱਖਦੇ ਹਨ ਜੋ ਇਸ ਸੰਭਾਵੀ ਆਲਮੀ ਤਬਾਹੀ ਨੂੰ ਰੋਕ ਸਕਦੇ ਹਨ।

'ਨਿਊਅਰਡਰ ਟੀਵੀ' ਨੂੰ ਦਿੱਤੇ ਇੱਕ ਇੰਟਰਵਿਊ ਵਿੱਚ ਅਰਥ ਸ਼ਾਸਤਰੀ ਜੈਫਰੀ ਸਾਕਸ ਨੇ ਕਿਹਾ ਕਿ ਵਧਦੀ ਦੁਸ਼ਮਣੀ ਦੇ ਇਸ ਸੰਕਟ ਨੂੰ ਹੁਣ ਸਿਆਣੇ ਲੋਕਾਂ ਵੱਲੋਂ ਰੋਕਿਆ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਮੋਦੀ, ਜਿਨਪਿੰਗ ਅਤੇ ਪੁਤਿਨ ਨੂੰ ਅਜਿਹੇ ਸ਼ਕਤੀਸ਼ਾਲੀ ਆਗੂਆਂ ਵਜੋਂ ਦੇਖਿਆ ਜੋ ਮਿਲ ਕੇ ਅਮਰੀਕਾ ਦੀਆਂ ਕਾਰਵਾਈਆਂ ਨੂੰ ਰੁਕਵਾ ਸਕਦੇ ਹਨ।

ਉਨ੍ਹਾਂ ਨੇ ਅਪੀਲ ਕੀਤੀ ਕਿ ਭਾਰਤ ਦੀ ਪ੍ਰਧਾਨਗੀ ਹੇਠ ਬ੍ਰਿਕਸ ਵਰਗੇ ਮੰਚਾਂ ਦੀ ਵਰਤੋਂ ਕਰਕੇ ਆਪਸੀ ਤਾਲਮੇਲ ਨਾਲ ਇਸ ਮਾਮਲੇ ਵਿੱਚ ਤੁਰੰਤ ਦਖ਼ਲ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਦਲੀਲ ਦਿੱਤੀ ਕਿ ਭਾਰਤ ਨੂੰ ਆਪਣੇ ਵੱਡੇ ਪ੍ਰਭਾਵ ਅਤੇ ਇਤਿਹਾਸਕ ਮਹੱਤਵ ਦੇ ਚਲਦਿਆਂ ਚੁੱਪ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਮੁਤਾਬਕ ਭਾਰਤ ਇੰਨਾ ਸ਼ਕਤੀਸ਼ਾਲੀ ਹੈ ਕਿ ਉਹ ਅਮਰੀਕਾ ਦੇ ਗਲਤ ਫੈਸਲਿਆਂ ਨੂੰ ਨਕਾਰ ਸਕਦਾ ਹੈ। ਸਾਕਸ ਨੇ ਭਾਰਤ ਨੂੰ ਚੀਨ ਅਤੇ ਰੂਸ ਨਾਲ ਮਿਲ ਕੇ ਆਲਮੀ ਤਣਾਅ ਘਟਾਉਣ ਲਈ ਇੱਕ ਸਾਂਝਾ ਸਟੈਂਡ ਲੈਣ ਦੀ ਸਲਾਹ ਦਿੱਤੀ ਹੈ।

ਸਾਕਸ ਨੇ ਸੁਝਾਅ ਦਿੱਤਾ ਹੈ ਕਿ ਭਾਰਤ ਨੂੰ ਇੱਕ ਮਜ਼ਬੂਤ ਕੂਟਨੀਤਕ ਰੁਖ਼ ਅਪਣਾਉਣਾ ਚਾਹੀਦਾ ਹੈ ਅਤੇ ਇਰਾਨ ਵਰਗੇ ਦੇਸ਼ਾਂ ਨਾਲ ਆਪਣੇ ਪੁਰਾਣੇ ਸਬੰਧਾਂ ਦਾ ਫਾਇਦਾ ਉਠਾਉਣਾ ਚਾਹੀਦਾ ਹੈ। ਉਨ੍ਹਾਂ ਨੇ ਇਸ ਸੰਘਰਸ਼ ਨੂੰ 'ਮਨਮਰਜ਼ੀ ਦੀ ਜੰਗ' ਕਰਾਰ ਦਿੰਦਿਆਂ ਕਿਹਾ ਕਿ ਇਹ ਜੰਗ ਕੌਮਾਂਤਰੀ ਨਿਯਮਾਂ ਦੀ ਉਲੰਘਣਾ ਹੈ, ਜੋ ਨਾ ਸਿਰਫ਼ ਇਨਸਾਨੀਅਤ ਲਈ ਖ਼ਤਰਾ ਹੈ, ਸਗੋਂ ਪੂਰੀ ਦੁਨੀਆ ਵਿੱਚ ਇੱਕ ਵੱਡੀ ਆਰਥਿਕ ਤਬਾਹੀ ਵੀ ਲਿਆ ਸਕਦੀ ਹੈ।

# ਪਾਕਿਸਤਾਨ ਇੰਟੈਲੀਜੈਂਸ ਆਪਰੇਟਿਵਜ਼ ਦੁਆਰਾ ਚਲਾਏ ਜਾ ਰਹੇ ਆਈ.ਐਸ.ਆਈ.-ਦੀ ਹਮਾਇਤ ਵਾਲੇ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼; ਦੋ ਹੈਂਡ ਗ੍ਰਨੇਡ, ਇੱਕ ਗਲੌਕ ਪਿਸਤੌਲ ਸਮੇਤ ਤਿੰਨ ਗ੍ਰਿਫ਼ਤਾਰ

**ਅੰਮ੍ਰਿਤਸਰ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਵਿੰਗ ਨੇ ਤਿੰਨ ਮੁਲਜ਼ਮਾਂ ਨੂੰ ਦੋ ਆਰਗਸ ਹੈਂਡ ਗ੍ਰਨੇਡਾਂ ਅਤੇ ਇੱਕ ਵਿਦੇਸ਼ੀ ਗਲੌਕ ਪਿਸਤੌਲ ਸਮੇਤ ਗ੍ਰਿਫ਼ਤਾਰ ਕਰਕੇ ਪਾਕਿਸਤਾਨ ਇੰਟੈਲੀਜੈਂਸ ਆਪਰੇਟਿਵਜ਼ (ਪੀ.ਆਈ.ਓ.) ਦੁਆਰਾ ਚਲਾਏ ਜਾ ਰਹੇ ਆਈਐਸਆਈ ਦੀ ਹਮਾਇਤ ਵਾਲੇ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼ ਕੀਤਾਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਨ ਤਾਰਨ ਦੇ ਪਿੰਡ ਅੰਮੀਸ਼ਾਹ ਦੇ ਵਸਨੀਕ ਸਰਬਜੀਤ ਸਿੰਘ, ਅੰਮ੍ਰਿਤਸਰ ਦੇ ਪਿੰਡ ਨੰਗਲ ਪੰਨੂਆਂ ਦੇ ਵਸਨੀਕ ਬਿਕਰਮਜੀਤ ਸਿੰਘ ਅਤੇ ਅੰਮ੍ਰਿਤਸਰ ਦੀ ਇੰਦਰਾ ਕਲੋਨੀ ਦੇ ਵਸਨੀਕ ਅਮਨਦੀਪ ਸਿੰਘ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਬਰਾਮਦ ਕੀਤੇ ਗਏ ਗ੍ਰਨੇਡਾਂ 'ਤੇ ਪਾਕਿਸਤਾਨ ਔਰਡਨੈਂਸ ਫੈਕਟਰੀ (ਪੀ.ਓ.ਐਫ.) ਦੀ ਮਾਰਕਿੰਗ ਹੈ, ਜੋ ਸਰਹੱਦ ਪਾਰ ਦੇ ਸਬੰਧਾਂ ਨੂੰ ਦਰਸਾਉਂਦਾ ਹੈ।

ਡੀਜੀਪੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਮਾਡਿਊਲ ਕਈ ਰਾਜਾਂ ਵਿੱਚ ਯੋਜਨਾਬੱਧ ਢੰਗ ਨਾਲ ਪੁਲਿਸ ਅਦਾਰਿਆਂ ਨੂੰ ਨਿਸ਼ਾਨਾ ਬਣਾਉਣ ਦੀ ਕਾਰਵਾਈ ਵਿੱਚ ਸ਼ਾਮਲ ਰਿਹਾ ਹੈ ਅਤੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਾਲ ਪੁਲਿਸ ਨੇ ਉਨ੍ਹਾਂ ਦੇ ਮਨਸੂਬਿਆਂ ਨੂੰ ਪੂਰੀ ਤਰ੍ਹਾਂ ਨਾਕਾਮ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਮਾਡਿਊਲ ਦੇ ਹੋਰ ਮੈਂਬਰਾਂ ਦੀ ਪਛਾਣ, ਟਰੈਕਿੰਗ ਅਤੇ ਉਨ੍ਹਾਂ ਨੂੰ ਫੜਨ ਲਈ ਯਤਨ ਜਾਰੀ ਹਨ। ਏਆਈਜੀ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਖੁਫੀਆ ਜਾਣਕਾਰੀ 'ਤੇ ਅਧਾਰਤ ਕਾਰਵਾਈ ਵਿੱਚ ਐਸਐਸਓਸੀ ਦੀਆਂ ਪੁਲਿਸ ਟੀਮਾਂ ਨੇ ਸਰਬਜੀਤ ਸਿੰਘ ਅਤੇ ਅਮਨਦੀਪ ਸਿੰਘ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਹੈਂਡ ਗ੍ਰਨੇਡਜ਼ ਅਤੇ ਪਿਸਤੌਲ ਬਰਾਮਦ ਕਰ ਲਿਆ।

ਏਆਈਜੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਕਿ ਇਸ ਗਰੁੱਪ ਦਾ ਮੁੱਖ ਕਾਰਕੁਨ ਅਤੇ ਪੀ.ਆਈ.ਓਜ਼ ਦਾ ਪ੍ਰਾਇਮਰੀ ਕੰਟੈਕਟ ਬਿਕਰਮਜੀਤ ਸਿੰਘ ਗੁਜਰਾਤ ਦੇ ਡੀਸਾ ਤੋਂ ਕੰਮ ਕਰ ਰਿਹਾ ਸੀ। ਉਨ੍ਹਾਂ ਕਿਹਾ ਕਿ ਇਹ ਜਾਣਕਾਰੀ ਤੁਰੰਤ ਏਟੀਐਸ ਗੁਜਰਾਤ ਨਾਲ ਸਾਂਝੀ ਕੀਤੀ ਗਈ ਸੀ ਅਤੇ ਉਨ੍ਹਾਂ ਦੇ ਸਰਗਰਮ ਸਹਿਯੋਗ ਨਾਲ ਮੁਲਜ਼ਮ ਬਿਕਰਮਜੀਤ ਸਿੰਘ ਨੂੰ ਐਸਐਸਓਸੀ ਅੰਮ੍ਰਿਤਸਰ ਦੀ ਟੀਮ ਨੇ ਗ੍ਰਿਫ਼ਤਾਰ ਕਰ ਲਿਆ।




ਏਆਈਜੀ ਸੁਖਮਿੰਦਰ ਮਾਨ ਨੇ ਦੱਸਿਆ ਕਿ ਜਾਂਚ ਦੌਰਾਨ ਇਹ ਖੁਲਾਸਾ ਹੋਇਆ ਹੈ ਕਿ ਸਾਰੇ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪੀ.ਆਈ.ਓਜ਼ ਦੇ ਸੰਪਰਕ ਵਿੱਚ ਸਨ। ਜਾਂਚ ਵਿੱਚ ਇਹ ਵੀ ਖੁਲਾਸਾ ਹੋਇਆ ਹੈ ਕਿ ਆਈਐਸਆਈ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਕੰਮ ਕਰਦਿਆਂ ਇਹ ਗਰੁੱਪ ਪੰਜਾਬ ਅਤੇ ਹੋਰ ਰਾਜਾਂ ਵਿੱਚ ਵੱਖ-ਵੱਖ ਪੁਲਿਸ ਅਦਾਰਿਆਂ 'ਤੇ ਗ੍ਰਨੇਡ ਹਮਲੇ ਕਰਨ ਦੀ ਯੋਜਨਾ ਵੀ ਬਣਾ ਰਿਹਾ ਸੀ।

ਇਸ ਸਬੰਧ ਵਿੱਚ ਪੁਲਿਸ ਥਾਣਾ ਐਸਐਸਓਸੀ ਅੰਮ੍ਰਿਤਸਰ ਵਿਖੇ ਵਿਸਫੋਟਕ ਪਦਾਰਥ (ਸੋਧ) ਐਕਟ ਦੀ ਧਾਰਾ 4, ਅਸਲਾ ਐਕਟ ਦੀ ਧਾਰਾ 25 ਅਤੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 61(2) ਤਹਿਤ ਐਫਆਈਆਰ ਨੰਬਰ 21 ਮਿਤੀ 03-04-2026 ਦਰਜ ਕੀਤੀ ਗਈ ਹੈ।

# ਪੰਜਾਬ ਵਿਚ ਵੱਡੇ ਪੱਧਰ 'ਤੇ ਤਬਾਦਲੇ; ਕਈ ਜ਼ਿਲ੍ਹਿਆਂ ਦੇ ਡੀਸੀ ਵੀ ਬਦਲੇ

**ਚੰਡੀਗੜ੍ਹ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰ ਨੇ ਪ੍ਰਸ਼ਾਸਨਿਕ ਕੰਮਾਂ ਵਿਚ ਤਬਦੀਲੀ ਕਰਦਿਆਂ ਕਈ ਸੀਨੀਅਰ IAS ਅਤੇ PCS ਅਧਿਕਾਰੀਆਂ ਦੇ ਤਬਾਦਲੇ ਅਤੇ ਨਿਯੁਕਤੀਆਂ ਦੇ ਹੁਕਮ ਜਾਰੀ ਕੀਤੇ ਹਨ। ਇਨ੍ਹਾਂ ਹੁਕਮਾਂ ਅਨੁਸਾਰ ਪ੍ਰਮੁੱਖ ਸਕੱਤਰਾਂ ਤੋਂ ਲੈ ਕੇ ਵੱਖ-ਵੱਖ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਤੱਕ ਦੀਆਂ ਬਦਲੀਆਂ ਕੀਤੀਆਂ ਗਈਆਂ ਹਨ। ਤਬਾਦਲਿਆਂ ਦੇ ਜਾਰੀ ਹੋਏ ਨੋਟੀਫਿਕੇਸ਼ਨ ਮੁਤਾਬਕ ਵਿਕਾਸ ਪ੍ਰਤਾਪ (IAS 1994) ਨੂੰ ਵਧੀਕ ਮੁੱਖ ਸਕੱਤਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਵਜੋਂ ਤਾਇਨਾਤ ਕੀਤਾ ਗਿਆ ਹੈ। ਸੁਮੇਰ ਸਿੰਘ ਗੁਰਜਰ (IAS 1998) ਨੂੰ ਹੁਣ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਵਜੋਂ ਸੇਵਾਵਾਂ ਨਿਭਾਉਣਗੇ। ਕੰਵਲ ਪ੍ਰੀਤ ਬਰਾੜ (IAS 2007) ਨੂੰ ਸਕੱਤਰ ਸਿਹਤ ਅਤੇ ਪਰਿਵਾਰ ਭਲਾਈ ਦੇ ਨਾਲ-ਨਾਲ ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਅਤੇ ਕਮਿਸ਼ਨਰ ਫਰੀਦਕੋਟ ਮੰਡਲ ਦਾ ਵਾਧੂ ਚਾਰਜ ਦਿੱਤਾ ਗਿਆ ਹੈ।

ਇਸ ਤੋਂ ਇਲਾਵਾ ਬਬੀਤਾ (IAS 2009) ਨੂੰ ਕਮਿਸ਼ਨਰ ਖੇਤੀਬਾੜੀ ਦੇ ਨਾਲ ਫਿਰੋਜ਼ਪੁਰ ਮੰਡਲ ਦੇ ਕਮਿਸ਼ਨਰ ਦਾ ਵਾਧੂ ਚਾਰਜ ਸੌਂਪਿਆ ਗਿਆ ਹੈ। ਹਰਪ੍ਰੀਤ ਸਿੰਘ ਸੂਦਨ (IAS 2013) ਨੂੰ ਡਾਇਰੈਕਟਰ ਖੇਡਾਂ ਅਤੇ ਯੁਵਕ ਸੇਵਾਵਾਂ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਉਨ੍ਹਾਂ ਨੂੰ ਪੰਜਾਬ ਲਘੂ ਉਦਯੋਗ ਨਿਰਯਾਤ ਨਿਗਮ (PSIEC) ਅਤੇ ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ (PSIDC) ਦੇ ਪ੍ਰਬੰਧਕੀ ਨਿਰਦੇਸ਼ਕ ਵਜੋਂ ਸੁਰਭੀ ਮਲਿਕ ਨੂੰ ਵਾਧੂ ਚਾਰਜਾਂ ਤੋਂ ਮੁਕਤ ਕਰਦੇ ਹੋਏ ਤਾਇਨਾਤ ਕੀਤਾ ਗਿਆ ਹੈ।

# ਪੰਜਾਬ 'ਚ ਗੜ੍ਹੇਮਾਰੀ ਦੀ ਮਾਰ ਝੱਲ ਰਹੇ ਕਿਸਾਨਾਂ ਦੀ ਮਦਦ ਕਰੇਗਾ ਸ਼੍ਰੋਮਣੀ ਅਕਾਲੀ ਦਲ

**ਸ੍ਰੀ ਮੁਕਤਸਰ ਸਾਹਿਬ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਐਲਾਨ ਕੀਤਾ ਹੈ ਕਿ ਪਾਰਟੀ ਵੱਲੋਂ ਸੂਬੇ ਵਿਚ ਗੜ੍ਹੇਮਾਰੀ ਕਾਰਨ ਤਬਾਹ ਹੋਈਆਂ ਫ਼ਸਲਾਂ ਕਾਰਨ ਨੁਕਸਾਨ ਝੱਲ ਰਹੇ ਕਿਸਾਨਾਂ ਦੀ ਮਦਦ ਕੀਤੀ ਜਾਵੇਗੀ। ਸ੍ਰੀ ਮੁਕਤਸਰ ਸਾਹਿਬ ਵਿਖੇ ਪੰਜਾਬ ਬਚਾਓ ਰੈਲੀ ਨੂੰ ਸੰਬੋਧਨ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਬਾਰਿਸ਼ ਤੇ ਗੜ੍ਹੇਮਾਰੀ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਦਾ ਕਾਫ਼ੀ ਨੁਕਸਾਨ ਹੋਇਆ ਹੈ। ਉਹ ਸਾਰੇ ਹਲਕਾ ਇੰਚਾਰਜਾਂ ਤੋਂ ਗੜ੍ਹੇਮਾਰੀ ਕਾਰਨ ਹੋਏ ਨੁਕਸਾਨ ਦੀ ਰਿਪੋਰਟ ਲੈ ਰਹੇ ਹਨ। ਉਨ੍ਹਾਂ ਨੇ ਪਾਰਟੀ ਦੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਮਰੱਥਾ ਅਨੁਸਾਰ ਯੋਗਦਾਨ ਪਾ ਕੇ ਕਿਸਾਨਾਂ ਦੀ ਮਦਦ ਕਰਨ।




ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪਹਿਲਾਂ ਹੜ੍ਹਾਂ ਕਾਰਨ ਵੀ ਕਿਸਾਨਾਂ ਦਾ ਬਹੁਤ ਨੁਕਸਾਨ ਹੋਇਆ ਸੀ, ਪਰ ਸਰਕਾਰ ਵੱਲੋਂ ਉਨ੍ਹਾਂ ਨੂੰ ਕੋਈ ਰਾਹਤ ਨਹੀਂ ਮਿਲੀ। ਹੁਣ ਗੜ੍ਹੇਮਾਰੀ ਤੇ ਬੇਮੌਸਮੀ ਬਾਰਿਸ਼ ਕਾਰਨ ਕਿਸਾਨਾਂ ਦਾ ਬਹੁਤ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਉਹ ਸਰਕਾਰੀ ਤੌਰ 'ਤੇ ਫ਼ਸਲਾਂ ਦੀ ਇੰਸ਼ੋਰੈਂਸ ਕਰਵਾਉਣ ਦੀ ਯੋਜਨਾ ਲੈ ਕੇ ਆਉਣਗੇ। ਇਸ ਦੇ ਨਾਲ ਹੀ ਉਨ੍ਹਾਂ ਨੇ ਡਾਕਟਰਾਂ ਤੇ ਅਧਿਆਪਕਾਂ ਦੀਆਂ ਖ਼ਾਲੀ ਪੋਸਟਾਂ ਨੂੰ 6 ਮਹੀਨਿਆਂ ਅੰਦਰ ਭਰਨ ਦਾ ਵਾਅਦਾ ਵੀ ਕੀਤਾ ਤੇ ਨਾਲ ਹੀ ਇਹ ਵੀ ਐਲਾਨ ਕੀਤਾ ਕਿ ਪੰਜਾਬ ਵਿਚ ਸਰਕਾਰੀ ਨੌਕਰੀਆਂ ਸਿਰਫ਼ ਪੰਜਾਬੀਆਂ ਲਈ ਹੀ ਰਾਖਵੀਆਂ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ ਉਨ੍ਹਾਂ ਨੇ ਪੰਜਾਬ ਦੀ ਤਰੱਕੀ ਲਈ ਆਪਣਾ ਵਿਜ਼ਨ ਵੀ ਲੋਕਾਂ ਨੂੰ ਦੱਸਿਆ।

ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਪੰਜਾਬ ਦੀ ਸਿਆਸਤ ਤੋਂ ਬਾਦਲ ਪਰਿਵਾਰ ਦਾ ਨਾਂ ਖ਼ਤਮ ਕਰਨ ਦੀਆਂ ਕਈ ਸਾਜ਼ਿਸ਼ਾਂ ਰਚੀਆਂ ਗਈਆਂ। ਉਨ੍ਹਾਂ ਕਿਹਾ ਕਿ ਉਨ੍ਹਾਂ ਉੱਪਰ ਗੋਲ਼ੀ ਤਕ ਚਲਾਉਣ ਦੀ ਕੋਸ਼ਿਸ਼ ਕੀਤੀ ਗਈ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਜਿਹੜੇ ਉਨ੍ਹਾਂ ਨੂੰ ਖ਼ਤਮ ਕਰਨਾ ਚਾਹੁੰਦੇ ਸੀ, ਉਹ ਅੱਜ ਆਪ ਰੁਲਦੇ ਫ਼ਿਰਦੇ ਹਨ। ਉਨ੍ਹਾਂ ਸਪਸ਼ਟ ਕੀਤਾ ਕਿ ਨਾ ਉਨ੍ਹਾਂ ਦੇ ਪਿਤਾ ਪ੍ਰਕਾਸ਼ ਸਿੰਘ ਬਾਦਲ ਕਦੇ ਸੰਗਤ ਤੋਂ ਇਲਾਵਾ ਕਿਸੇ ਅੱਗੇ ਝੁਕੇ ਤੇ ਨਾ ਹੀ ਉਹ ਕਿਸੇ ਵੀ ਤਾਕਤ ਅੱਗੇ ਝੁਕਣਗੇ।

# ਗੁਰਦਾਸਪੁਰ ਪੁਲਿਸ ਵੱਲੋਂ 06 ਗ੍ਰਾਮ 930 ਮਿਲੀਗ੍ਰਾਮ ਹੈਰੋਇਨ ਸਮੇਤ ਦੋਸ਼ੀ ਗ੍ਰਿਫਤਾਰ

**ਸ੍ਰੀ ਹਰਗੋਬਿੰਦਪੁਰ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਵੱਲੋਂ ਐਲਾਨੇ ਯੁੱਧ ਨਸ਼ੇ ਦੇ ਵਿਰੁੱਧ÷ ਮੁਹਿੰਮ ਤਹਿਤ ਮਾਨਯੋਗ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਅਤੇ ਮਾਨਯੋਗ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ, ਅੰਮ੍ਰਿਤਸਰ ਜੀ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾ ਅਨੁਸਾਰ ਥਾਣਾ ਸਿਟੀ ਗੁਰਦਾਸਪੁਰ ਵਿਖੇ ਲਵਪ੍ਰੀਤ ਕੁਮਾਰ ਨੂੰ ਕਾਬੂ ਕਰਕੇ ਉਸ ਪਾਸੋਂ 06 ਗ੍ਰਾਮ 930 ਮਿਲੀਗ੍ਰਾਮ ਹੈਰੋਇੰਨ ਬ੍ਰਾਮਦ ਕੀਤੀ ਗਈ, ਜਿਸ ਤੇ ਦੋਸ਼ੀ ਦੇ ਖਿਲਾਫ ਮੁਕੱਦਮਾ ਬਾ-ਜੁਰਮ 21-61-85 NDPS Act ਥਾਣਾ ਸਿਟੀ ਗੁਰਦਾਸਪੁਰ ਵਿਖੇ ਦਰਜ ਰਜਿਸਟਰ ਕੀਤਾ ਗਿਆ। ਸ੍ਰੀ ਆਦਿੱਤਯ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਵਸਨੀਕਾ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ/ਨਸ਼ਿਆ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਿਸ ਨੂੰ ਦਿੱਤੀ ਜਾਵੇ,



ਗੈਰ-ਕਾਨੂੰਨੀ/ਨਸ਼ਿਆ ਦਾ ਕਾਰੋਬਾਰ ਵਿੱਚ ਸ਼ਾਮਿਲ ਵਿਅਕਤੀਆਂ ਦੇ ਖਿਲਾਫ ਠੋਸ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਨਸ਼ਿਆ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਲਈ ਜਿਲ੍ਹਾ ਗੁਰਦਾਸਪੁਰ ਦੀ ਪੁਲਿਸ ਪੂਰੀ ਤਰ੍ਹਾਂ ਵਚਨਬੱਧ ਹੈ।

# ਰਾਧਾ ਨਾਮ ਸੰਕੀਰਤਨ ਸਿਰ.ਫ ਧਾਰਮਿਕ ਕ੍ਰਿਆ ਨਹੀਂ, ਸਗੋਂ ਆਤਮਿਕ ਉੱਚਾਈਆਂ ਨੂੰ ਪ੍ਰਾਪਤ ਕਰਨ ਦਾ ਸਾਧਨ: ਅਮਨ ਅਰੋੜਾ

**ਸੁਨਾਮ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਬਾਂਕੇ ਬਿਹਾਰੀ ਸੇਵਾ ਸੰਮਤੀ ਵੱਲੋਂ ਪ੍ਰਧਾਨ ਅੱਛਰੂ ਗੋਇਲ ਦੀ ਅਗਵਾਈ ਹੇਠ ਇੱਥੇ ਸ਼ਿਵ ਨਿਕੇਤਨ ਧਰਮਸ਼ਾਲਾ ਵਿਖੇ ਵਿਸ਼ਾਲ ਰਾਧਾ ਨਾਮ ਸੰਕੀਰਤਨ ਸਮਾਗਮ ਭਗਤੀਮਈ ਮਾਹੌਲ ਵਿੱਚ ਕਰਵਾਇਆ ਗਿਆ, ਜਿਸ ਵਿੱਚ ਬ੍ਰਜ ਰਜ ਕਿੰਕਰੀ ਸ਼੍ਰੀ ਪੂਨਮ ਦੀਦੀ ਵੱਲੋਂ ਭਜਨ ਕੀਰਤਨ ਕੀਤਾ ਗਿਆ।

ਇਸ ਅਧਿਆਤਮਿਕ ਸਮਾਗਮ ਵਿੱਚ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਅਤੇ ਉਹਨਾਂ ਦੇ ਮੀਡੀਆ ਸਲਾਹਕਾਰ ਸ਼੍ਰੀ ਜਤਿੰਦਰ ਜੈਨ ਸਮੇਤ ਪੰਜਾਬ ਦੇ ਵੱਖ-ਵੱਖ ਇਲਾਕਿਆਂ ਤੋਂ ਆਈ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰਦੇ ਹੋਏ ਭਗਤੀ ਰਸ ਦਾ ਆਨੰਦ ਮਾਣਿਆ। ਸਮਾਗਮ ਸਬੰਧੀ ਵਿਸ਼ੇਸ਼ ਗੱਲ ਇਹ ਰਹੀ ਕਿ ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਵੱਲੋਂ ਸ੍ਰੀ ਰਾਧਾ ਰਾਣੀ ਮੰਦਰ, ਬਰਸਾਨਾ ਧਾਮ ਤੋਂ ਪਵਿੱਤਰ ਅਖੰਡ ਜਯੋਤੀ ਪ੍ਰਾਪਤ ਕਰ ਕੇ ਸ੍ਰੀ ਠਾਕੁਰ ਜੀ ਮੰਦਰ, ਵਿੰਦਾਵਨ ਧਾਮ ਵਿਖੇ ਪਹੁੰਚ ਕੇ ਵਿਧੀਵਤ ਪੂਜਾ-ਅਰਚਨਾ ਕੀਤੀ ਗਈ ਸੀ। ਇਸ ਤੋਂ ਬਾਅਦ ਉਨ੍ਹਾਂ ਵੱਲੋਂ ਮੱਥਾ ਟੇਕ ਕੇ ਇਸ ਪਵਿੱਤਰ ਅਖੰਡ ਜਯੋਤੀ ਨੂੰ ਸੁਨਾਮ ਲਈ ਰਵਾਨਾ ਕੀਤਾ ਗਿਆ ਸੀ, ਜਿਸ ਨੂੰ ਸਮਾਗਮ ਲਈ ਧਾਰਮਿਕ ਰੀਤੀ-ਰਿਵਾਜਾਂ ਅਨੁਸਾਰ ਸਥਾਪਿਤ ਕੀਤਾ ਗਿਆ।




ਇਸ ਮੌਕੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਲੋਕਾਂ ਦੀ ਖੁਸ਼ਹਾਲੀ, ਚੰਗੀ ਸਿਹਤ ਅਤੇ ਸਮਾਜ ਵਿੱਚ ਪ੍ਰੇਮ, ਸਾਂਝ ਅਤੇ ਭਾਈਚਾਰੇ ਦੀ ਭਾਵਨਾ ਬਣੀ ਰਹਿਣ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਇਹ ਪਵਿੱਤਰ ਅਖੰਡ ਜਯੋਤੀ ਰਾਧਾ ਜੀ ਅਤੇ ਕ੍ਰਿਸ਼ਨ ਜੀ ਦੇ ਅਟੱਲ ਪ੍ਰੇਮ, ਅਟੁਟ ਭਗਤੀ ਅਤੇ ਆਤਮਿਕ ਰੌਸ਼ਨੀ ਦਾ ਪ੍ਰਤੀਕ ਹੈ, ਜੋ ਜਿੱਥੇ ਵੀ ਪਹੁੰਚਦੀ ਹੈ, ਉੱਥੇ ਆਧਿਆਤਮਿਕ ਊਰਜਾ ਦਾ ਪ੍ਰਸਾਰ ਕਰਦੀ ਹੈ ਅਤੇ ਮਨੁੱਖ ਦੇ ਜੀਵਨ ਵਿੱਚ ਨਵੀਂ ਸਕਾਰਾਤਮਕਤਾ ਭਰਦੀ ਹੈ।

ਉਨ੍ਹਾਂ ਹੋਰ ਕਿਹਾ ਕਿ ਰਾਧਾ ਨਾਮ ਸੰਕੀਰਤਨ ਸਿਰਫ਼ ਇਕ ਧਾਰਮਿਕ ਕ੍ਰਿਆ ਨਹੀਂ, ਸਗੋਂ ਆਤਮਿਕ ਉੱਚਾਈਆਂ ਨੂੰ ਪ੍ਰਾਪਤ ਕਰਨ ਦਾ ਮਹੱਤਵਪੂਰਨ ਸਾਧਨ ਹੈ, ਜੋ ਮਨੁੱਖ ਨੂੰ ਅੰਦਰੂਨੀ ਸ਼ਾਂਤੀ, ਆਨੰਦ ਅਤੇ ਸੰਤੁਸ਼ਟੀ ਪ੍ਰਦਾਨ ਕਰਦਾ ਹੈ। ਅਜਿਹੇ ਸਮਾਗਮ ਸਮਾਜ ਵਿੱਚ ਆਪਸੀ ਪ੍ਰੇਮ, ਸਹਿਯੋਗ ਅਤੇ ਇਕਤਾ ਨੂੰ ਮਜ਼ਬੂਤ ਕਰਦੇ ਹਨ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੀ ਸੰਸਕ੍ਰਿਤਕ ਤੇ ਧਾਰਮਿਕ ਵਿਰਾਸਤ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਇਸ ਵਿਸ਼ਾਲ ਅਧਿਆਤਮਿਕ ਸਮਾਗਮ ਦੌਰਾਨ ਸੰਗਤ ਨੇ ਭਜਨ-ਕੀਰਤਨ ਅਤੇ ਰਾਧਾ ਨਾਮ ਦੇ ਜਾਪ ਵਿੱਚ ਲੀਨ ਹੋ ਕੇ ਆਤਮਿਕ ਅਨੰਦ ਦੀ ਪ੍ਰਾਪਤੀ ਕੀਤੀ ਅਤੇ ਪੂਰਾ ਮਾਹੌਲ ਭਗਤੀਮਈ ਰੰਗ ਵਿੱਚ ਰੰਗਿਆ ਰਿਹਾ। ਸਮਾਗਮ ਦੀ ਸਫਲਤਾ ਲਈ ਪ੍ਰਬੰਧਕਾਂ ਵੱਲੋਂ ਕੀਤੇ ਗਏ ਉੱਦਮਾਂ ਦੀ ਵੀ ਸਰਾਹਨਾ ਕੀਤੀ ਗਈ।

# ਬੇਅਬਦੀਆਂ ਸਬੰਧੀ ਕਾਨੂੰਨ ਦੇ ਮਾਮਲੇ 'ਚ ਸਿੱਖ ਜਥੇਬੰਦੀਆਂ ਦੀ ਰਾਇ ਜ਼ਰੂਰ ਲਏ ਪੰਜਾਬ ਸਰਕਾਰ : ਧਾਮੀ

**ਅੰਮ੍ਰਿਤਸਰ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਧਾਰਮਿਕ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਬਣਾਏ ਜਾ ਰਹੇ ਕਾਨੂੰਨ ਦੇ ਸਬੰਧ ਵਿੱਚ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਥਕ ਜਥੇਬੰਦੀਆਂ ਦਾ ਇੱਕਠ ਸੱਦਿਆ ਹੋਇਆ ਹੈ। ਇਸ ਦੌਰਾਨ ਸਰਕਾਰ ਨੂੰ ਅਪੀਲ ਕੀਤੀ ਗਈ ਹੈ ਕਿ ਇਸ ਮਾਮਲੇ ਵਿੱਚ ਕੋਈ ਵੀ ਕਦਮ ਚੁੱਕਣ ਤੋਂ ਪਹਿਲਾਂ ਸਿੱਖ ਜਥੇਬੰਦੀਆਂ ਦੀ ਰਾਇ ਜ਼ਰੂਰ ਲਈ ਜਾਵੇ।

ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਪੰਥਕ ਜਥੇਬੰਦੀਆਂ ਤੇ ਸਿੱਖ ਵਿਦਵਾਨਾਂ ਦੀ ਇਸ ਮੀਟਿੰਗ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਪਸ਼ਟ ਕੀਤਾ ਹੈ ਕਿ ਉਹ ਇਸ ਮਾਮਲੇ ਵਿੱਚ ਸਰਕਾਰ ਨਾਲ ਕੋਈ



ਟਕਰਾਅ ਨਹੀਂ ਚਾਹੁੰਦੇ ਹਨ, ਸਗੋਂ ਉਨ੍ਹਾਂ ਦੀ ਅਪੀਲ ਹੈ ਕਿ ਸਰਕਾਰ ਵੱਲੋਂ ਸਿੱਖ ਜਥੇਬੰਦੀਆਂ ਦੀ ਰਾਇ ਤੋਂ ਬਿਨਾਂ ਕੋਈ ਅਜਿਹਾ ਕਾਨੂੰਨ ਨਾ ਬਣਾਇਆ ਜਾਵੇ ਜੋ ਬਾਅਦ ਵਿੱਚ ਸਹੀ ਸਾਬਤ ਨਾ ਹੋਵੇ।

ਉਨ੍ਹਾਂ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਨੂੰ ਜਾਗਤ ਜੋਤ ਗੁਰੂ ਦਾ ਦਰਜਾ ਪ੍ਰਾਪਤ ਹੈ ਅਤੇ ਇਸ ਨੂੰ ਧਿਆਨ ਵਿੱਚ ਰੱਖ ਕੇ ਹੀ ਕੋਈ ਕਾਨੂੰਨ ਬਣਾਇਆ ਜਾਣਾ ਚਾਹੀਦਾ ਹੈ। ਸਿੱਖ ਵਿਦਵਾਨ ਅਤੇ ਉੱਘੇ ਵਕੀਲ ਪੂਰਨ ਸਿੰਘ ਹੁੰਦਲ ਨੇ ਬੇਅਦਬੀ ਦੇ ਪੁਰਾਣੇ ਕਾਨੂੰਨ ਵਿੱਚ ਮੌਜੂਦ ਸਥਿਤੀ ਨੂੰ ਸਪੱਸ਼ਟ ਕਰਦਿਆਂ ਕਿਹਾ ਹੈ ਕਿ ਸਰਕਾਰ ਨੂੰ ਇਸ ਮਾਮਲੇ ਬਾਰੇ ਸਿੱਖ ਪੰਥ ਨੂੰ ਪੂਰੀ ਜਾਣਕਾਰੀ ਦੇਣੀ ਚਾਹੀਦੀ ਹੈ।

# ਅਟਲ ਟਨਲ ਨੇੜੇ ਡਿੱਗਿਆ ਬਰ.ਫਾਨੀ ਤੋਦਾ, ਸੈਲਾਨੀਆਂ ਤੱਕ ਪਹੁੰਚਿਆ ਬਰ.ਫ ਦਾ ਗੁਬਾਰ



**ਮਨਾਲੀ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਿਮਾਚਲ ਪ੍ਰਦੇਸ਼ ਦੇ ਸੈਰ-ਸਪਾਟਾ ਸਥਾਨ ਅਟਲ ਟਨਲ, ਰੋਹਤਾਂਗ ਦੇ ਕਿਨਾਰੇ 'ਤੇ ਬਰਫ਼ਾਨੀ ਤੋਦਾ ਡਿੱਗਿਆ। ਦੋ ਦਿਨਾਂ ਦੀ ਬਰਫ਼ਬਾਰੀ ਤੋਂ ਬਾਅਦ ਐਤਵਾਰ ਨੂੰ ਧੁੱਪ ਖਿੜਨ 'ਤੇ ਦੁਪਹਿਰ ਦੇ ਸਮੇਂ ਅਟਲ ਟਨਲ ਦੇ ਨੌਰਥ ਪੋਰਟਲ ਦੇ ਨੇੜੇ ਪੀਰ ਪੰਜਾਲ ਦੀ ਚੋਟੀ 'ਤੇ ਹਿਮਸਖਲਨ ਹੋਇਆ। ਹਿਮਸਖਲਨ ਦੀ ਰਫ਼ਤਾਰ ਇੰਨੀ ਤੇਜ਼ ਸੀ ਕਿ ਹਵਾ ਵਿੱਚ ਉੱਡਦੇ ਬਰਫ਼ ਦੇ ਫਾਹੇ ਸੈਲਾਨੀਆਂ ਤੱਕ ਪਹੁੰਚ ਗਏ। ਸੈਲਾਨੀਆਂ ਲਈ ਇਹ ਦ੍ਰਿਸ਼ ਰੋਮਾਂਚਕ ਸੀ, ਪਰ ਜੇਕਰ ਕੋਈ ਇਸ ਦੀ ਲਪੇਟ ਵਿੱਚ ਆ ਜਾਂਦਾ ਤਾਂ ਵੱਡਾ ਨੁਕਸਾਨ ਹੋ ਸਕਦਾ ਸੀ। ਹਿਮਖੰਡ ਨੂੰ ਡਿੱਗਦਾ ਦੇਖ ਕੇ ਲੋਕਾਂ ਨੇ ਸੀਟੀਆਂ ਵਜਾ ਕੇ ਅਤੇ ਰੌਲਾ ਪਾ ਕੇ ਸੈਲਾਨੀਆਂ ਨੂੰ ਸੁਚੇਤ ਕੀਤਾ।

# ਫਿਰੋਜ਼ਪੁਰ ਅਦਾਲਤ ਨੂੰ ਬੰਬ ਨਾਲ ਉਡਾਉਣ ਦੀ ਮੁੜ ਧਮਕੀ; ਖਾਲੀ ਕਰਵਾਈ ਕਚਹਿਰੀ



**ਫਿਰੋਜ਼ਪੁਰ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਹੱਦੀ ਜ਼ਿਲ੍ਹੇ ਫਿਰੋਜ਼ਪੁਰ ਵਿੱਚ ਅੱਜ ਉਸ ਵੇਲੇ ਭਾਜੜਾਂ ਪੈ ਗਈਆਂ ਜਦੋਂ ਜ਼ਿਲ੍ਹਾ ਕਚਹਿਰੀ ਨੂੰ ਇਕ ਵਾਰ ਫਿਰ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਸੂਚਨਾ ਮਿਲਦੇ ਹੀ ਪੁਲੀਸ ਪ੍ਰਸ਼ਾਸਨ ਨੇ ਮੁਸਤੈਦੀ ਦਿਖਾਉਂਦੇ ਹੋਏ ਪੂਰੇ ਅਦਾਲਤੀ ਕੰਪਲੈਕਸ ਨੂੰ ਖਾਲੀ ਕਰਵਾ ਲਿਆ ਅਤੇ ਇਲਾਕੇ ਨੂੰ ਪੁਲੀਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ। ਵਕੀਲਾਂ, ਮੁਲਾਜ਼ਮਾਂ ਅਤੇ ਕੇਸਾਂ ਦੇ ਸਬੰਧ ਵਿੱਚ ਆਏ ਆਮ ਲੋਕਾਂ ਨੂੰ ਤੁਰੰਤ ਸੁਰੱਖਿਅਤ ਬਾਹਰ ਕੱਢਿਆ ਗਿਆ।

ਬੰਬ ਨਿਰੋਧਕ ਦਸਤੇ ਅਤੇ ਪੁਲੀਸ ਦੀਆਂ ਵਿਸ਼ੇਸ਼ ਟੀਮਾਂ ਵੱਲੋਂ ਕੋਰਟ ਦੇ ਹਰ ਕੋਨੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਪੁਲੀਸ ਅਧਿਕਾਰੀਆਂ ਨੇ ਦੱਸਿਆ ਕਿ ਸੁਰੱਖਿਆ ਦੇ ਮੱਦੇਨਜ਼ਰ ਕਿਸੇ ਵੀ ਤਰ੍ਹਾਂ ਦਾ ਖ਼ਤਰਾ ਨਹੀਂ ਲਿਆ ਜਾ ਸਕਦਾ, ਇਸ ਲਈ ਚੌਕਸੀ ਵਧਾ ਦਿੱਤੀ ਗਈ ਹੈ।

ਜ਼ਿਕਰਯੋਗ ਹੈ ਕਿ ਫਿਰੋਜ਼ਪੁਰ ਅਦਾਲਤ ਨੂੰ ਪਹਿਲਾਂ ਵੀ ਕਈ ਵਾਰ ਅਜਿਹੀਆਂ ਧਮਕੀਆਂ ਮਿਲ ਚੁੱਕੀਆਂ ਹਨ। ਹਾਲਾਂਕਿ ਪਿਛਲੀਆਂ ਘਟਨਾਵਾਂ ਵਿੱਚ ਕੁਝ ਵੀ ਸ਼ੱਕੀ ਨਹੀਂ ਮਿਲਿਆ ਸੀ, ਪਰ ਸਰਹੱਦੀ ਖੇਤਰ ਹੋਣ ਕਾਰਨ ਸੁਰੱਖਿਆ ਏਜੰਸੀਆਂ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈ ਰਹੀਆਂ ਹਨ। ਸਾਈਬਰ ਸੈੱਲ ਦੀ ਮਦਦ ਨਾਲ ਧਮਕੀ ਭਰੀ ਈਮੇਲ ਭੇਜਣ ਵਾਲੇ ਸ਼ਰਾਰਤੀ ਅਨਸਰ ਦੀ ਭਾਲ ਜਾਰੀ ਹੈ।

# ਚੰਡੀਗੜ੍ਹ ਦੇ ਸੇਂਟ ਸਟੀਫਨ ਸਕੂਲ ਨੂੰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ

## ਪੁਲਿਸ ਅਤੇ ਬੰਬ ਨਿਰੋਧਕ ਦਸਤੇ ਵੱਲੋਂ ਤਲਾਸ਼ੀ ਮੁਹਿੰਮ ਜਾਰੀ, ਮਾਪਿਆਂ ਅਤੇ ਬੱਚਿਆਂ ਵਿੱਚ ਦਹਿਸ਼ਤ ਦਾ ਮਾਹੌਲ

**ਚੰਡੀਗੜ੍ਹ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਦੇ ਸੈਕਟਰ 45 ਸਥਿਤ ਸੇਂਟ ਸਟੀਫਨ ਸਕੂਲ ਵਿੱਚ ਬੰਬ ਹੋਣ ਦੀ ਧਮਕੀ ਮਿਲਣ ਤੋਂ ਬਾਅਦ ਪੂਰੇ ਇਲਾਕੇ ਵਿੱਚ ਹੜਕੰਪ ਮਚ ਗਿਆ। ਧਮਕੀ ਮਿਲਦਿਆਂ ਹੀ ਬੰਬ ਨਿਰੋਧਕ ਦਸਤਾ, ਡੌਗ ਸਕੁਐਡ ਅਤੇ ਸੀਨੀਅਰ ਪੁਲੀਸ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਅਤੇ ਸਕੂਲ ਦੀ ਇਮਾਰਤ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਪੁਲੀਸ ਸੂਤਰਾਂ ਅਨੁਸਾਰ, ਸਕੂਲ ਨੂੰ ਈ-ਮੇਲ ਰਾਹੀਂ ਇਹ ਧਮਕੀ ਭੇਜੀ ਗਈ ਸੀ। ਹਾਲਾਂਕਿ, ਪੂਰੀ ਜਾਂਚ ਤੋਂ ਬਾਅਦ ਇਲਾਕੇ ਨੂੰ ਸੁਰੱਖਿਅਤ ਐਲਾਨ ਦਿੱਤਾ



ਗਿਆ ਹੈ, ਪਰ ਇਸ ਘਟਨਾ ਨੇ ਪ੍ਰਸ਼ਾਸਨ ਅਤੇ ਸਕੂਲ ਜਾਣ ਵਾਲੇ ਬੱਚਿਆਂ ਦੇ ਮਾਪਿਆਂ ਦੀ ਚਿੰਤਾ ਵਧਾ ਦਿੱਤੀ ਹੈ।

ਜ਼ਿਕਰਯੋਗ ਹੈ ਕਿ ਸ਼ਹਿਰ ਵਿੱਚ ਬੰਬ ਦੀਆਂ ਧਮਕੀਆਂ ਮਿਲਣ ਦਾ ਇਹ ਸਿਲਸਿਲਾ ਲਗਾਤਾਰ ਜਾਰੀ ਹੈ। ਇਸ ਤੋਂ ਪਹਿਲਾਂ ਜਨਵਰੀ ਵਿੱਚ ਲਗਭਗ 30 ਸਕੂਲਾਂ ਅਤੇ ਹਾਲ ਹੀ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੂੰ ਵੀ ਅਜਿਹੀਆਂ ਹੀ ਧਮਕੀਆਂ ਭਰੀਆਂ ਮੇਲਾਂ ਮਿਲ ਚੁੱਕੀਆਂ ਹਨ।

ਪੁਲੀਸ ਜਾਂਚ ਮੁਤਾਬਕ ਇਹ ਮੇਲਾਂ ਪਹਿਲਾਂ ਤੋਂ ਹੀ ਸ਼ਡਿਊਲ ਕੀਤੀਆਂ ਹੁੰਦੀਆਂ ਹਨ, ਜੋ ਆਪਣੇ ਆਪ ਵੱਖ-ਵੱਖ ਸੰਸਥਾਵਾਂ ਤੱਕ ਪਹੁੰਚ ਜਾਂਦੀਆਂ ਹਨ। ਫਿਲਹਾਲ ਪੁਲੀਸ ਨੇ ਸ਼ਹਿਰ ਵਿੱਚ ਹਾਈ ਅਲਰਟ ਜਾਰੀ ਕਰ ਦਿੱਤਾ ਹੈ ਅਤੇ ਲੋਕਾਂ ਨੂੰ ਅਫਵਾਹਾਂ ਤੋਂ ਬਚਣ ਦੀ ਅਪੀਲ ਕੀਤੀ ਹੈ। ਪੁਰਾਣੀਆਂ ਧਮਕੀਆਂ ਦੇ ਸਰੋਤਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ, ਜਿਸ ਕਾਰਨ ਸੁਰੱਖਿਆ ਏਜੰਸੀਆਂ ਲਈ ਇਹ ਇੱਕ ਵੱਡੀ ਚੁਣੌਤੀ ਬਣੀ ਹੋਈ ਹੈ।

# ਬੈਰੀਅਰ ਤੋੜ ਕੇ ਅੰਦਰ ਵੜੀ ਗੱਡੀ; ਸਪੀਕਰ ਦੀ ਕਾਰ 'ਤੇ ਸੁੱਟੀ ਸਿਆਹੀ

**ਨਵੀਂ ਦਿੱਲੀ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਵਿਧਾਨ ਸਭਾ ਵਿੱਚ ਸੁਰੱਖਿਆ ਨੂੰ ਲੈ ਕੇ ਵੱਡੀ ਚੂਕ ਸਾਹਮਣੇ ਆਈ ਹੈ। ਇੱਥੇ ਇੱਕ ਵਾਹਨ ਨੇ ਕਥਿਤ ਤੌਰ 'ਤੇ ਅਹਾਤੇ ਦੇ ਬਾਹਰ ਲੱਗੇ ਬੈਰੀਕੇਡਾਂ ਨੂੰ ਤੋੜ ਦਿੱਤਾ। ਰਿਪੋਰਟਾਂ ਅਨੁਸਾਰ, ਇਸ ਘਟਨਾ ਦੌਰਾਨ ਦਿੱਲੀ ਵਿਧਾਨ ਸਭਾ ਦੇ ਸਪੀਕਰ ਦੀ ਕਾਰ 'ਤੇ ਕਥਿਤ ਤੌਰ 'ਤੇ ਸਿਆਹੀ ਵੀ ਸੁੱਟੀ ਗਈ।

ਅਧਿਕਾਰੀਆਂ ਨੇ ਦੱਸਿਆ ਕਿ ਸੋਮਵਾਰ ਦੁਪਹਿਰ ਨੂੰ ਇੱਕ ਨਕਾਬਪੋਸ਼ ਵਿਅਕਤੀ ਵੱਲੋਂ ਚਲਾਈ ਗਈ ਕਾਰ ਦਿੱਲੀ ਵਿਧਾਨ ਸਭਾ ਦੇ ਅਹਾਤੇ ਦੇ ਇੱਕ ਸੀਮਾ ਗੇਟ ਰਾਹੀਂ ਜ਼ਬਰਦਸਤੀ ਅੰਦਰ ਵੜ ਗਈ, ਜਿਸ ਨਾਲ ਸੁਰੱਖਿਆ ਦਾ ਡਰ ਪੈਦਾ ਹੋ ਗਿਆ।

ਦਿੱਲੀ ਸਕੱਤਰੇਤ ਦੇ ਇੱਕ ਅਧਿਕਾਰੀ ਨੇ ਕਿਹਾ, ਡਰਾਈਵਰ ਵਿਧਾਨ ਸਭਾ ਸਪੀਕਰ ਵਿਜੇਂਦਰ ਗੁਪਤਾ ਦੇ ਦਫ਼ਤਰ ਵੱਲ ਵਧਿਆ ਅਤੇ ਵਾਪਸ ਜਾਣ ਤੋਂ ਪਹਿਲਾਂ ਪੋਰਚ ਦੇ ਕੋਲ ਇੱਕ ਫੁੱਲਾਂ ਦਾ ਗੁਲਦਸਤਾ ਰੱਖ ਦਿੱਤਾ।

ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਗੰਭੀਰ ਸੁਰੱਖਿਆ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ ਅਤੇ ਅਧਿਕਾਰੀ ਇਸ ਨੂੰ ਇੱਕ ਸੰਭਾਵੀ ਸੁਰੱਖਿਆ ਉਲੰਘਣਾ ਵਜੋਂ ਦੇਖ ਰਹੇ ਹਨ। ਇਹ ਘਟਨਾ ਹਾਲ ਹੀ ਵਿੱਚ ਖਤਮ ਹੋਏ ਬਜਟ ਸੈਸ਼ਨ ਦੌਰਾਨ ਵਿਧਾਨ ਸਭਾ ਨੂੰ ਮਿਲੀਆਂ ਬੰਬ ਦੀਆਂ ਧਮਕੀਆਂ ਤੋਂ ਤੁਰੰਤ ਬਾਅਦ ਵਾਪਰੀ ਹੈ।

# ਕਦੇ ਘਾਟੇ 'ਚ ਚਲਦਾ ਬਿਜਲੀ ਵਿਭਾਗ ਪਿਛਲੇ 4 ਸਾਲਾਂ ਤੋਂ ਪੰਜਾਬ ਦੇ 90 ਫੀਸਦ ਘਰਾਂ ਨੂੰ ਮੁ.ਫਤ ਬਿਜਲੀ ਦੇ ਕੇ ਵੀ ਕਮਾ ਰਿਹੈ ਮੁਨਾ.ਫਾ: ਮੁੱਖ ਮੰਤਰੀ

**ਚੰਡੀਗੜ੍ਹ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜ਼ੋਰ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਅਧੀਨ ਪੰਜਾਬ ਦੇ ਬਿਜਲੀ ਖੇਤਰ ਵਿੱਚ ਵੱਡਾ ਢਾਂਚਾਗਤ ਬਦਲਾਅ ਆਇਆ ਹੈ। ਕਿਸੇ ਸਮੇਂ ਘਾਟੇ ਵਿੱਚ ਚੱਲ ਰਿਹਾ ਇਹ ਵਿਭਾਗ ਹੁਣ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਪ੍ਰਦਾਨ ਕਰ ਕੇ ਵੀ ਮੁਨਾਫ਼ਾ ਕਮਾ ਰਿਹਾ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰ ਨੇ ਨਾ ਸਿਰਫ਼ 600 ਯੂਨਿਟ ਮੁਫ਼ਤ ਬਿਜਲੀ ਰਾਹੀਂ ਬਹੁਗਿਣਤੀ ਪਰਿਵਾਰਾਂ ਲਈ ਜ਼ੀਰੋ ਬਿਜਲੀ ਬਿੱਲ ਯਕੀਨੀ ਬਣਾਏ, ਸਗੋਂ ਪਿਛਲੀਆਂ ਸਰਕਾਰਾਂ ਵੱਲੋਂ ਜਨਤਕ ਜਾਇਦਾਦਾਂ ਵੇਚਣ ਦੇ ਪੁਰਾਣੇ ਰੁਝਾਨ ਨੂੰ ਬਦਲਦਿਆਂ 540 ਮੈਗਾਵਾਟ ਗੋਇੰਦਵਾਲ ਥਰਮਲ ਪਾਵਰ ਪਲਾਂਟ ਨੂੰ ਖ਼ਰੀਦ ਕੇ ਬਿਜਲੀ ਉਪਲਬਧਤਾ ਵਿੱਚ ਅਹਿਮ ਸੁਧਾਰ ਕੀਤੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਵਪਾਰਕ ਅਤੇ ਉਦਯੋਗਿਕ ਖਪਤਕਾਰਾਂ ਸਮੇਤ ਹੋਰ ਸ਼੍ਰੇਣੀਆਂ ਲਈ ਟੈਰਿਫ ਘਟਾਏ ਗਏ ਹਨ, ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਹੈ ਅਤੇ ਨਵੇਂ ਸਬਸਟੇਸ਼ਨਾਂ ਅਤੇ ਟ੍ਰਾਂਸਫਾਰਮਰਾਂ ਰਾਹੀਂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ।

ਰੁਜ਼ਗਾਰ ਪੈਦਾ ਕਰਨ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਬਿਜਲੀ ਖੇਤਰ ਵਿੱਚ 9593 ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ 1750 ਹੋਰ ਅਸਾਮੀਆਂ ਲਈ ਭਰਤੀ ਜਾਰੀ ਹੈ। ਪੰਜਾਬ ਬਿਜਲੀ ਵਿਭਾਗ (ਪੀਐਸਪੀਸੀਐਲ) ਵੱਲੋਂ ਏ+ ਰੇਟਿੰਗ ਹਾਸਲ ਕਰਨਾ, ਰਾਸ਼ਟਰੀ ਪੱਧਰ 'ਤੇ ਦੂਜਾ ਸਥਾਨ ਮਿਲਣਾ ਪੰਜਾਬ ਨੂੰ ਬਿਜਲੀ ਵਿੱਚ ਆਤਮ-ਨਿਰਭਰ ਬਣਾਉਣ ਅਤੇ ਲੋਕਾਂ ਲਈ 24 ਘੰਟੇ ਮੁਫ਼ਤ ਬਿਜਲੀ ਸਪਲਾਈ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਪ੍ਰੈਸ ਕਾਨਫਰੰਸ ਦੌਰਾਨ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਪ ਸਰਕਾਰ ਨੇ ਹਰ ਖੇਤਰ ਨੂੰ ਸਸਤੀ ਅਤੇ ਨਿਰਵਿਘਨ ਬਿਜਲੀ ਸਪਲਾਈ ਪ੍ਰਦਾਨ ਕਰਵਾ ਕੇ ਨਵਾਂ ਰਿਕਾਰਡ ਕਾਇਮ ਕੀਤਾ ਹੈ। ਪਹਿਲੀ ਵਾਰ ਲੋਕਾਂ ਨੂੰ ਬਿਨਾਂ ਕਿਸੇ ਵਾਧੂ ਵਿੱਤੀ ਬੋਝ ਤੋਂ ਬਿਜਲੀ ਦੀ ਨਿਰੰਤਰ ਸਪਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ, "ਜਦੋਂ ਅਸੀਂ ਸੂਬੇ ਦੀ ਵਾਗਡੋਰ ਸੰਭਾਲੀ ਸੀ ਤਾਂ ਸਿੰਚਾਈ ਲਈ ਸਿਰਫ 22 ਫੀਸਦੀ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਸੀ, ਪਰ ਅੱਜ ਇਹ ਪ੍ਰਤੀਸ਼ਤ ਵਧ ਕੇ 78 ਫੀਸਦੀ ਹੋ ਗਿਆ ਹੈ ਅਤੇ ਆਉਣ ਵਾਲੇ ਝੋਨੇ ਦੇ ਸੀਜ਼ਨ ਤੱਕ ਇਸ ਨੂੰ 90 ਫੀਸਦੀ ਤੱਕ ਵਧਾ ਦਿੱਤਾ ਜਾਵੇਗਾ।"

ਸਿੰਚਾਈ ਸੁਧਾਰਾਂ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਭਾਖੜਾ ਨਹਿਰ ਦੀ ਸਮਰੱਥਾ 9500 ਕਿਊਸਿਕ ਹੈ ਪਰ ਸਾਡੇ ਯਤਨਾਂ ਸਦਕਾ ਹੁਣ ਕਿਸਾਨਾਂ ਨੂੰ 11,000 ਕਿਊਸਿਕ ਨਹਿਰੀ ਪਾਣੀ ਸਪਲਾਈ ਕੀਤਾ ਜਾ ਰਿਹਾ ਹੈ। ਸੋ ਇਹ ਕਿਹਾ ਜਾ ਸਕਦਾ ਹੈ ਕਿ ਪੰਜਾਬ ਨੇ ਇੱਕ ਇੰਚ ਜ਼ਮੀਨ ਐਕਵਾਇਰ ਕੀਤੇ ਬਿਨਾਂ ਇੱਕ ਨਵੀਂ ਭਾਖੜਾ ਨਹਿਰ ਬਣਾ ਦਿੱਤੀ ਹੈ।

ਸੂਫ਼ੀ ਸਿਲਸਿਲਾ (10)



# ਮਲਾਮਤੀ

ਸੂਫ਼ੀ ਸਿਲਸਿਲਿਆਂ ਦਾ ਆਰੰਭ ਹਜ਼ਰਤ ਅਬੂ ਬਕਰ ਸਿੱਦੀਕੀ ਤੇ ਹਜ਼ਰਤ ਅਲੀ ਮੁਰਤਜ਼ਾ ਦੇ ਸਮੇਂ ਤੋਂ ਮੰਨਿਆ ਜਾਂਦਾ ਹੈ। ਮੁੱਢਲੇ ਦੌਰ ਵਿਚ 14 ਸੂਫ਼ੀ ਸਿਲਸਿਲੇ ਪ੍ਰਚਲਿਤ ਹੋਏ। ਬਾਅਦ ਵਿਚ ਇਨ੍ਹਾਂ ਸਿਲਸਿਲਿਆਂ 'ਚੋਂ ਹੋਰ ਬਹੁਤ ਸਾਰੇ ਸਿਲਸਿਲਿਆਂ ਦਾ ਪ੍ਰਚਲਨ ਜਾਰੀ ਰਿਹਾ। ਸੂਫ਼ੀ ਸਿਲਸਿਲਿਆਂ ਦੀ ਗਿਣਤੀ ਨਿਸ਼ਚਿਤ ਨਹੀਂ ਕੀਤੀ ਜਾ ਸਕਦੀ। ਭਾਰਤ 'ਚ ਜਿਹੜੇ ਸੂਫ਼ੀ ਸਿਲਸਿਲੇ ਜ਼ਿਆਦਾ ਮਕਬੂਲ ਰਹੇ ਹਨ, ਉਨ੍ਹਾਂ ਵਿਚ ਚਿਸ਼ਤੀ ਸਿਲਸਿਲਾ, ਕਾਦਿਰੀ ਸਿਲਸਿਲਾ, ਸੁਹਰਵਰਦੀ ਸਿਲਸਿਲਾ, ਨਕਸ਼ਬੰਦੀ ਸਿਲਸਿਲਾ ਤੇ ਮਲਾਮਤੀ ਸਿਲਸਿਲਾ ਪ੍ਰਮੁੱਖ ਹਨ।

ਮਲਾਮਤੀ ਸੂਫ਼ੀ ਸਿਲਸਿਲੇ ਦਾ ਆਰੰਭ ਹਜ਼ਰਤ ਅਬੂ ਹਮਦੂਨ ਕਸਾਰ ਤੋਂ ਮੰਨਿਆ ਜਾਂਦਾ ਹੈ। ਰਵਾਇਤ ਮੁਤਾਬਿਕ ਉਹ ਮਿਸਰ ਦੇ ਪ੍ਰਸਿੱਧ ਸੂਫ਼ੀ ਸ਼ੇਖ਼ ਹਜ਼ਰਤ ਜੁਨੂਨ ਮਿਸਰੀ ਦਾ ਮੁਰੀਦ ਸੀ। ਮਲਾਮਤੀ ਸੂਫ਼ੀ ਮਲਾਮਤ ਵਾਲਾ ਵਤੀਰਾ ਕਈ ਵਾਰੀ ਜਾਣ ਬੁੱਝ ਕੇ ਵੀ ਅਖ਼ਤਿਆਰ ਕਰ ਲੈਂਦੇ ਹਨ ਤਾਂ ਕਿ ਲੋਕ ਉਨ੍ਹਾਂ ਤੋਂ ਨਫ਼ਰਤ ਖਾ ਕੇ ਉਨ੍ਹਾਂ ਨੂੰ ਤਰਕ ਕਰ ਜਾਣ ਅਤੇ ਉਹ ਆਰਾਮ ਨਾਲ ਇਬਾਦਤ ਅਤੇ ਰਿਆਜ਼ਤ ਦਾ ਮਾਰਗ ਅਪਣਾ ਸਕਣ। ਮਲਾਮਤੀ ਸੂਫ਼ੀਆਂ ਦੀਆਂ ਹਰਕਤਾਂ ਆਮ ਕਰਕੇ ਐਸੀਆਂ ਹੁੰਦੀਆਂ ਹਨ, ਜੋ ਬਾਹਰੀ ਤੌਰ 'ਤੇ ਸ਼ਰੀਅਤ ਵਿਰੋਧੀ ਜਾਪਦੀਆਂ ਹਨ, ਜਿਵੇਂ ਰੋਜ਼ਿਆਂ ਦੇ ਦਿਨਾਂ ਵਿਚ ਖਾਣਾ-ਪੀਣਾ, ਨੱਚਣਾ, ਗਾਉਣਾ, ਭੰਗ ਪੀਣਾ, ਨੰਗੇ ਘੁੰਮਣਾ ਆਦਿ।

ਮਲਾਮਤੀ ਸੂਫ਼ੀ ਕਿਸੇ ਵੀ ਸਿਲਸਿਲੇ ਵਿਚ ਹੋ ਸਕਦੇ ਹਨ, ਇਨ੍ਹਾਂ ਲਈ ਕੋਈ ਸਥਾਪਤ ਸੂਫ਼ੀ ਸਿਲਸਿਲਾ ਨਹੀਂ। ਪੰਜਾਬੀ ਦੇ ਪ੍ਰਸਿੱਧ ਸੂਫ਼ੀ ਸ਼ਾਇਰ ਹਜ਼ਰਤ ਸ਼ਾਹ ਹੁਸੈਨ ਨੂੰ ਮਲਾਮਤੀ ਰੁਚੀਆਂ ਵਾਲਾ ਸੂਫ਼ੀ ਮੰਨਿਆ ਜਾਂਦਾ ਹੈ, ਜੋ ਅਕਸਰ ਸਿਰ-ਮੂੰਹ ਮੁਨਾ ਕੇ ਰੱਖਦੇ ਸਨ ਅਤੇ ਭੰਗ ਪੀ ਕੇ ਨੱਚਦੇ ਗਾਉਂਦੇ ਸਨ। ਪ੍ਰਸਿੱਧ ਸੂਫ਼ੀ ਦਰਵੇਸ਼ ਹਜ਼ਰਤ ਸਰਮਦ ਸ਼ਹੀਦ ਵੀ ਮਲਾਮਤੀ ਰੁਚੀਆਂ ਵਾਲਾ ਫ਼ਕੀਰ ਸੀ, ਜੋ ਨੰਗਾ ਰਹਿੰਦਾ ਸੀ ਅਤੇ ਸ਼ਰੀਅਤ ਵਿਰੋਧੀ ਕਲਮੇ ਬੋਲਦਾ ਸੀ।

• ਪ੍ਰਿੰ. ਗੁਰਚਰਨ ਸਿੰਘ ਤਲਵਾੜਾ
94634-63193

---

ਕਿਸ਼ਤ ਪੰਜਵੀਂ

# ਗੁਰੂ ਨਾਨਕ ਸਾਹਿਬ ਦਾ ਅਰਬ ਦੇਸ਼ਾਂ ਦਾ ਸਫ਼ਰਨਾਮਾ

ਦੋ ਦਿਨ ਬਾਅਦ ਸਵੇਰ ਦੇ ਕੀਰਤਨ ਦੀ ਸਮਾਪਤੀ ਤੋਂ ਬਾਅਦ ਸੰਗਤ ਵਿਚ ਜਨਾਬ ਯਾਕੂਬ ਇਬਨੇ ਸਹਿਲੱਬ ਨੇ ਸੰਗਤ ਨੂੰ ਦੱਸਿਆ,

*"ਇਨਲ ਹਾਜਰੀਨਾ ਵ ਪਾਸ਼ਾਹਾਲੀ ਹਲਾਕਾਤੁਨ ਫੀ ਮਰਜ਼ੇ ਖਲੀਜੇ ਸਲਸਹੂ ਬਜਾਨਬੇ ਮਰਗ, ਹਜੀ ਮਹਜ਼, ਜ਼ਾਤੁਨ ਹਾਜਾਨਬੀ ਫਲਾਇਲਕਾ ਨਾਨਕ ਤੌਹੀਨਾ ਤ ਮੁਰਤਦਾਤੁਨ।"*

ਭਾਵ, ਪਾਸ਼ਾਹਾਲੀ ਤਿੰਨ ਦਿਨ ਤੋਂ ਪੇਟ ਦੀ ਬਿਮਾਰੀ ਨਾਲ ਤੜਪ ਰਿਹਾ ਹੈ, ਇਸ ਲਈ ਕਿ ਉਸ ਨੇ ਬਾਬਾ ਜੀ ਨੂੰ ਕਾਫ਼ਰ ਦਾ ਫ਼ਤਵਾ ਦਿੱਤਾ ਹੈ।

ਸੰਗਤ ਨੇ ਸੁਣ ਕੇ ਕਿਹਾ, *'ਲਾਹਨਤੁਲ ਹੇ ਅਲੁਲ ਖਨਾਸ'*, ਭਾਵ ਖ਼ੁਦਾ ਪਾਕਿ ਦੀ ਲਾਹਨਤ ਹੋਵੇ ਉਸ ਸ਼ੈਤਾਨ ਉੱਪਰ। ਬਾਬਾ ਜੀ ਨੇ ਸੰਗਤ ਨੂੰ ਹੌਸਲਾ ਰੱਖਣ ਲਈ ਆਖਿਆ ਤੇ ਆਖਿਆ ਕਿ ਅਸੀਂ ਉਸ ਦੀ ਬਿਮਾਰ-ਪਰਸੀ ਲਈ ਜਾਵਾਂਗੇ। ਮਰਦਾਨਾ ਜੀ ਨੇ ਆਖਿਆ ਕਿ ਇਹ ਕੈਸਾ ਇਨਸਾਫ਼ ਹੈ, ਉਸ ਨੂੰ ਮਰਨ ਦੇਣਾ ਚਾਹੀਦਾ ਹੈ। ਗੁਰੂ ਜੀ ਨੇ ਕਿਹਾ 'ਬੁਰੇ ਦਾ ਭਲਾ ਕਰਨਾ ਚਾਹੀਦਾ ਹੈ।' ਇਹ ਆਖ ਕੇ ਬਾਬਾ ਜੀ ਉਸ ਦੀ ਬਿਮਾਰ-ਪਰਸੀ ਲਈ ਤੁਰ ਪਏ। ਉਨ੍ਹਾਂ ਦੇ ਪਿੱਛੇ-ਪਿੱਛੇ ਮਰਦਾਨਾ ਜੀ ਤੇ ਤਾਜਦੀਨ ਵੀ ਤੁਰ ਪਏ। ਉਸ ਦੇ ਘਰ ਜਾ ਕੇ ਦਰਵਾਜ਼ਾ ਖੜਕਾਇਆ ਤਾਂ ਕਰੀਬ ਗਿਆਰਾਂ ਸਾਲ ਦੀ ਲੜਕੀ ਨੇ ਦਰਵਾਜ਼ਾ ਖੋਲ੍ਹਿਆ, 'ਆਪ ਕੌਣ ਹੋ ਤੇ ਕੀ ਕੰਮ ਹੈ?' ਬਾਬਾ ਜੀ ਨੇ ਆਖਿਆ, 'ਮੇਰਾ ਨਾਮ ਨਾਨਕ ਹੈ ਤੇ ਕਾਜ਼ੀ ਜੀ ਨੂੰ ਮਿਲਣਾ ਹੈ।' ਲੜਕੀ ਤੋਂ ਨਾਨਕ ਨਾਮ ਸੁਣ ਕੇ ਪਾਸ਼ਾਹਾਲੀ ਅੱਗ ਬਗੂਲਾ ਹੋ ਕੇ ਬੋਲਿਆ, 'ਇਨ੍ਹਾਂ ਨੂੰ ਕਹਿ ਕੇ ਮੇਰੇ ਘਰ ਤੋਂ ਤੁਰੰਤ ਚਲੇ ਜਾਣ।' ਲੜਕੀ ਨੇ ਬਾਬਾ ਜੀ ਨੂੰ ਇੰਜ ਹੀ ਕਹਿ ਦਿੱਤਾ। ਬਾਬਾ ਜੀ ਨੇ ਲੜਕੀ ਨੂੰ ਕਿਹਾ, 'ਉਨ੍ਹਾਂ ਨੂੰ ਕਹੋ ਕਿ ਤੁਹਾਡੀ ਬਿਮਾਰੀ-ਪਰਸੀ ਲਈ ਆਏ ਹਾਂ।' ਬਾਬਾ ਜੀ ਦੇ ਦਰਸ਼ਨ ਕਰ ਕੇ, ਲੜਕੀ ਦੇ ਦਿਲ 'ਤੇ ਬੜਾ ਚੰਗਾ ਅਸਰ ਹੋਇਆ। ਲੜਕੀ ਨੇ ਪਿਤਾ ਨੂੰ ਫਿਰ ਬਾਬਾ ਜੀ ਵੱਲੋਂ ਆਖੇ ਸ਼ਬਦ ਕਹੇ ਤਾਂ ਉਸ ਨੇ ਪਹਿਲਾਂ ਵਾਲਾ ਹੀ ਜਵਾਬ ਦਿੱਤਾ। ਲੜਕੀ ਕਹਿਣ ਲੱਗੀ, 'ਮੈਂ ਨਹੀਂ ਕਹਿ ਸਕਦੀ, ਚੰਗਾ ਹੈ ਕਿ ਆਪ ਚਲੇ ਜਾਵੋ।' ਲੜਕੀ ਨੂੰ ਬਾਬਾ ਜੀ ਨੇ ਕਿਹਾ ਕਿ 'ਉਸ ਨੂੰ ਕਹੋ ਕਿ ਆਪ ਦੇ ਕਾਫ਼ਰ ਮਾਫ਼ੀ ਮੰਗਣ ਆਏ ਹਨ।' ਇਹ ਸੁਣ ਕੇ ਉਸ ਨੇ ਲੜਕੀ ਨੂੰ ਕਿਹਾ ਕਿ 'ਰਸਤੇ ਵਿਚ ਚਾਦਰ ਵਿਛਾ ਕੇ ਉਨ੍ਹਾਂ ਨੂੰ ਅੰਦਰ ਆਉਣ ਲਈ ਕਹਿ ਦੇ।' ਲੜਕੀ ਨੇ ਇੰਜ ਹੀ ਕੀਤਾ ਤਾਂ ਬਾਬਾ ਜੀ ਅੰਦਰ ਆ ਗਏ। ਗੁਰੂ ਜੀ ਦੇ ਦੀਦਾਰ ਕਰ ਕੇ ਕਾਜ਼ੀ ਦੀ ਅੱਗ ਬਗੂਲਾ ਆਤਮਾ ਠੰਡੀ-ਸੀਤਲ ਹੋ ਗਈ। ਉਸ ਦੀ ਨਾਸਮਝੀ ਦੇ ਤਾਲੇ ਟੁੱਟ ਹਏ। ਬਾਬਾ ਨਾਨਕ ਦੀ ਦੀ ਕਦਮ ਬੋਸੀ (ਸੇਵਾ) ਲਈ ਉੱਠਣ ਦੀ ਕੋਸ਼ਿਸ਼ ਕੀਤੀ ਪਰ ਕਮਜ਼ੋਰੀ ਹੋਣ ਕਾਰਨ, ਉੱਠ ਨਾ ਸਕਿਆ ਤਾਂ ਬਾਬਾ ਜੀ ਨੇ ਉਸ ਦੇ ਬਗਲ ਵਿਚ ਹੱਥ ਪਾਇਆ ਹੀ ਸੀ ਕਿ ਉਹ ਬਿਲਕੁਲ ਤੰਦਰੁਸਤ ਹੋ ਗਿਆ। ਬਾਬਾ ਜੀ ਨੇ ਉਸ ਨੂੰ ਗਲ ਨਾਲ ਲਾਇਆ। ਮਰਦਾਨਾ ਜੀ ਤੇ ਤਾਜਦੀਨ ਹੈਰਾਨ ਹੋਏ ਕਿ ਦੁਸ਼ਮਣ ਨੂੰ ਗਲੇ ਲਾ ਲਿਆ ਹੈ। ਹੁਣ ਪਾਸ਼ਾਹਾਲੀ ਕਾਜ਼ੀ ਦੇਖਦਾ ਹੈ ਕਿ ਫ਼ਰਿਸ਼ਤੇ ਉਸ ਨੂੰ ਘੜੀਸ ਕੇ ਦੋਜ਼ਕ ਦੀ ਅੱਗ 'ਚ ਪਾਉਣ ਲਈ ਲਿਜਾ ਰਹੇ ਹਨ। ਉਸ ਸਮੇਂ ਅਸਮਾਨੀ ਆਵਾਜ਼ ਆਈ, 'ਖ਼ਬਰਦਾਰ! ਇਸ ਨੂੰ ਦੋਜ਼ਕ ਦੀ ਅੱਗ 'ਚ ਨਾ ਪਾਓ, ਇਹ ਬਖ਼ਸ਼ ਦਿੱਤਾ ਗਿਆ ਹੈ। ਇਹ ਹੁਣ ਜੱਨਤ 'ਚ ਜਾਵੇਗਾ।' ਜਮਦੂਤਾਂ ਨੇ ਪੁੱਛਿਆ ਕਿ ਇਤਨੇ ਥੋੜ੍ਹੇ ਸਮੇਂ 'ਚ ਇਸ ਨੂੰ ਕਿਵੇਂ ਬਖ਼ਸ਼ ਦਿੱਤਾ ਗਿਆ? ਜਵਾਬ ਮਿਲਿਆ ਕਿ ਖ਼ੁਦਾਵੰਦ ਕਰੀਮ ਆਲਮਗੀਰ ਜਾਮਾ ਪਹਿਨ ਕੇ ਦੁਨੀਆ ਦਾ ਸਫ਼ਰ ਕਰ ਰਹੇ ਹਨ। ਇਸ ਨੂੰ ਉਨ੍ਹਾਂ ਦਾ ਦੀਦਾਰ ਹੋਇਆ ਹੈ। ਇਹ ਨਜ਼ਾਰਾ ਵੇਖਣ ਤੋਂ ਬਾਅਦ ਤਾਜਦੀਨ ਚੱਲ ਵਸਿਆ ਹੈ। ਤਿੰਨ ਦਿਨ ਤੋਂ ਮੌਤ ਦੇ ਬਿਸਤਰ 'ਤੇ ਪਏ ਨੂੰ ਗੁਰੂ ਜੀ ਦੇ ਦੀਦਾਰ ਹੋਣ ਨਾਲ, ਉਸ ਨੂੰ ਜੱਨਤ ਨਸੀਬ ਹੋਈ। ਇਹ ਖ਼ਬਰ ਫ਼ੈਲੀ ਤਾਂ ਸਾਰਾ ਸ਼ਹਿਰ ਹੀ ਬਾਬਾ ਜੀ ਦੇ ਕਦਮਾਂ 'ਤੇ ਆ ਪਿਆ।

ਹੁਣ ਤਿੰਨ ਮਹੀਨੇ ਤੋਂ ਵੀ ਵਧੀਕ ਸਮੇਂ ਲਈ ਅਰਬੀ ਜ਼ੁਬਾਨ 'ਚ ਖ਼ੁਦਾ ਦੀ ਰਹਿਮਤ, ਉਸ ਦੀ ਬਖ਼ਸ਼ਿਸ਼, ਉਸ ਦੀਆਂ ਸਿਫ਼ਤਾਂ ਤੇ ਖਲਕਤ ਦੇ ਬਾਰੇ ਇਨਸਾਨੀ ਫ਼ਰਜ਼ਾਂ ਨੂੰ ਦੱਸਦੇ ਹੋਏ ਗੁਰਬਾਣੀ ਦਾ ਕੀਰਤਨ ਹੁੰਦਾ ਰਿਹਾ। ਗੁਰਬਾਣੀ ਦੇ ਅਰਥ ਸਮਝਾਂਦੇ ਹੋਏ ਬਾਬਾ ਜੀ ਨੇ ਹਾਜ਼ਰੀਨ (ਸੰਗਤਾਂ) ਨੂੰ ਦੱਸਿਆ ਕਿ ਬਦੀਆਂ ਨੂੰ ਤਲਾਕ ਦੇ ਕੇ ਸੱਚੀ ਜ਼ਿੰਦਗੀ ਅਪਣਾਉ ਤੇ ਉੱਠਦੇ, ਬੈਠਦੇ, ਚੱਲਦੇ-ਫਿਰਦੇ, 'ਸਤਿ ਕਰਤਾਰ' ਦੀ ਧੁਨੀ 'ਚ ਮਸਰੂਫ਼ ਰਹਿਣ ਦੇ ਅਮਲ ਨੂੰ ਪੱਕਾ ਕੀਤਾ। ਆਖ਼ਰੀ ਦਿਨ ਸਲੀਮਾ ਤੇ ਉਸ ਦੇ ਪਤੀ ਯਹੀਆ ਖ਼ਾਨ ਨੇ ਅਰਜ਼ ਕੀਤੀ ਕਿ ਆਪ ਦਾ ਵਿਛੋੜਾ ਸਹਿਣ ਨਹੀਂ ਹੋਵੇਗਾ। ਫਿਰ ਕਦੋਂ ਦੀਦਾਰ ਹੋਣਗੇ? ਗੁਰੂ ਜੀ ਨੇ ਅਰਬੀ ਭਾਸ਼ਾ 'ਚ ਜਪੁਜੀ ਸਾਹਿਬ ਦਾ ਗੁਟਕਾ ਦੇਂਦੇ ਹੋਏ ਕਿਹਾ, 'ਇਸ ਦਾ ਪਾਠ ਮਨ ਲਾ ਕੇ ਕਰਨਾ ਤਾਂ ਮੇਰੇ ਦੀਦਾਰ ਹੋਣਗੇ।' ਗ਼ੁਲਾਮ ਯਹੀਆ ਖ਼ਾਨ ਨੇ ਉਸ ਕਬਰਸਤਾਨ 'ਚ ਬਾਬਾ ਜੀ ਦੀ ਖ਼ੂਬਸੂਰਤ ਯਾਦਗਾਰ ਬਣਵਾਈ - 'ਯਾਦਗਾਰ ਵਲੀ ਹਿੰਦ।' ਤਾਜਦੀਨ ਅਨੁਸਾਰ ਇਸ ਸ਼ਹਿਰ 'ਚ 15 ਫ਼ੀਸਦੀ ਲੋਕ ਬਾਬਾ ਜੀ ਨੂੰ ਮੰਨਣ ਵਾਲੇ ਹਨ। ਇਨ੍ਹਾਂ ਵਿਚ ਜ਼ਿਆਦਾਤਰ ਇਮਾਮ ਮਾਵਿਆ ਤੇ ਹਜ਼ਰਤ ਮੁਹੰਮਦ ਸਾਹਿਬ ਦੇ ਬਜ਼ੁਰਗਾਂ ਦੀ ਔਲਾਦ ਵਿਚੋਂ ਹਨ। ਇਥੇ ਜਪੁਜੀ ਸਾਹਿਬ ਦੇ ਉਸ ਗੁਟਕੇ (ਪੋਥੀ) ਦੇ ਅੱਜ ਵੀ ਲੋਕਾਂ ਨੂੰ ਦਰਸ਼ਨ ਕਰਵਾਏ ਜਾਂਦੇ ਹਨ।



## ਕਾਰੂੰ ਹਮੀਦ ਦਾ ਪਾਰ-ਉਤਾਰਾ



ਬਗ਼ਦਾਦ ਵਿਖੇ ਗੁਰੂ ਨਾਨਕ ਸਾਹਿਬ ਦੀ ਆਮਦ 'ਚ ਬਣੀ 'ਯਾਦਗਾਰ ਵਲੀ ਹਿੰਦ।'

ਇਥੋਂ ਚੱਲ ਕੇ ਬਾਬਾ ਜੀ ਦਜਲੇ ਦੀ ਖਾੜੀ ਪਾਰ ਕਰ ਕੇ ਇਕ ਸ਼ਹਿਰ ਪੁੱਜੇ, ਜਿਸ ਦਾ ਨਾਂ 'ਕੈ ਕੈ' ਸੀ। ਇਹ ਮਿਸਰ ਦੇ ਬਾਦਸ਼ਾਹ ਦਾ ਸ਼ਹਿਰ ਸੀ। ਬਾਦਸ਼ਾਹ ਦੇ ਕਿਲ੍ਹੇ ਦੇ ਬਾਹਰ ਬਾਬਾ ਜੀ ਨੇ ਦਰਬਾਰ ਲਗਾਇਆ ਤੇ ਮਿਸਰੀ ਜ਼ੁਬਾਨ 'ਚ ਕੀਰਤਨ ਕਰਨਾ ਸ਼ੁਰੂ ਕੀਤਾ। ਕੀਰਤਨ ਦੀ ਆਵਾਜ਼ ਸੁਣ ਕੇ ਬਾਦਸ਼ਾਹ ਦਾ ਮੁਰਸ਼ਦ ਤੇ ਬਹੁਤ ਸਾਰੇ ਲੋਕ ਇਕੱਠੇ ਹੋ ਗਏ। ਕੀਰਤਨ ਸੁਣ ਕੇ ਉਨ੍ਹਾਂ ਦੇ ਦਿਲਾਂ ਨੂੰ ਠੰਡਕ ਪੁੱਜੀ। ਬਾਦਸ਼ਾਹ ਦਾ ਨਾਂ ਕਾਰੂੰ ਹਮੀਦ ਸੀ। ਬਾਦਸ਼ਾਹ ਦਾ ਮੁਰਸ਼ਦ 'ਪੀਰ ਜਲਾਲ' ਸੀ। ਕੀਰਤਨ ਦਾ ਉਸ ਦੇ ਮਨ 'ਤੇ ਬਹੁਤ ਚੰਗਾ ਅਸਰ ਹੋਇਆ। ਬਾਬਾ ਜੀ ਨੂੰ ਅਰਜ਼ ਕੀਤੀ ਕਿ ਮੈਂ ਬਾਦਸ਼ਾਹ ਦਾ ਮੁਰਸ਼ਦ ਹਾਂ, ਉਹ ਬਹੁਤ ਜ਼ਾਲਮ ਹੈ। ਲੋਕਾਂ ਨੂੰ ਦੁਖੀ ਕਰ ਰਿਹਾ ਹੈ। ਬਹੁਤ ਕੰਜੂਸ ਹੈ। ਚਾਲੀ ਗੰਜ ਦੌਲਤ ਦੇ ਇਕੱਠੇ ਕਰ ਰੱਖੇ ਹਨ। ਹੁਣ ਵੀ ਤਸੱਲੀ ਨਹੀਂ, ਲੋਕਾਂ ਦੇ ਕਫ਼ਨ ਤਕ ਉਤਾਰ ਕੇ ਆਪਣਾ ਖ਼ਜ਼ਾਨਾ ਭਰ ਰਿਹਾ ਹੈ। ਉਸ ਨੂੰ ਸਿੱਧੇ ਰਾਹ ਪਾਓ।

ਬਾਬਾ ਜੀ ਨੇ ਕਿਹਾ, 'ਮੈਂ ਆਇਆ ਹੀ ਇਸੇ ਲਈ ਹਾਂ। ਖ਼ੁਦਾ ਭਲਾ ਕਰੇਗਾ।' ਪੀਰ ਜਲਾਲ ਨੂੰ ਵੇਖ ਕੇ ਇਥੇ ਵੱਡੀ ਸੰਗਤ ਕੀਰਤਨ ਸੁਣ ਕੇ ਆਪਣੀਆਂ ਆਤਮਾਵਾਂ ਨੂੰ ਸ਼ਾਂਤ ਕਰਨ ਲੱਗ ਪਈਆਂ। ਪੀਰ ਜਲਾਲ ਨੇ ਬਾਦਸ਼ਾਹ ਨੂੰ ਦੱਸਿਆ ਕਿ ਕਿਲ੍ਹੇ ਦੇ ਬਾਹਰ ਹਿੰਦ ਦਾ ਇਕ ਭਾਰੀ ਪੀਰ ਆਇਆ ਹੋਇਆ ਹੈ, ਜਿਨ੍ਹਾਂ ਦੇ ਦੀਦਾਰ ਕਰ ਕੇ ਆਤਮਾ ਖਿੜ ਉੱਠਦੀ ਹੈ। ਮੱਕਾ ਕਾਅਬਾ ਨੇ ਵੀ ਉਸ ਦਾ ਤੁਵਾਫ਼ (ਪਰਕਰਮਾ) ਕੀਤਾ ਹੈ। ਉਹ ਕੀਰਤਨ ਕਰਦੇ ਹਨ, ਜਿਸ 'ਚ ਬੜੀ ਕਸ਼ਿਸ਼ ਹੈ। ਬਾਦਸ਼ਾਹ ਨੇ ਕਿਹਾ ਕਿ ਮੈਨੂੰ ਵੀ ਦਰਸ਼ਨ ਕਰਵਾਓ। ਪੀਰ ਜਲਾਲ ਉਸ ਨੂੰ ਲੈ ਕੇ ਗੁਰੂ ਦਰਬਾਰ ਵਿਚ ਪੁੱਜੇ। ਸ਼ਾਮ ਦਾ ਸਮਾਂ ਸੀ। ਲੋਕਾਂ ਦੀ ਭੀੜ ਦੇਖ ਕੇ ਬਾਦਸ਼ਾਹ ਹੈਰਾਨ ਹੋਇਆ ਤੇ ਦੀਦਾਦ ਕਰਦੇ ਹੀ ਆਤਮਾ 'ਤੇ ਭਾਰੀ ਅਸਰ ਹੋਇਆ। ਸਜਦਾ ਕਰ ਕੇ ਬੈਠ ਗਿਆ। ਬਾਬਾ ਜੀ ਨੂੰ ਅਰਜ਼ ਕੀਤੀ ਕਿ ਹਜ਼ੂਰ ਮੇਰੇ 'ਤੇ ਵੀ ਰਹਿਮਤ ਕਰੋ ਤਾਂ ਕਿ ਨਜਾਤ ਪਾ ਸਕਾਂ। ਬਾਬਾ ਜੀ ਨੇ ਉਸ ਦੇ ਹੱਥ ਵਿਚ ਇਕ ਸੂਈ ਦੇ ਕੇ ਕਿਹਾ, ਇਹ ਮੇਰੀ ਅਮਾਨਤ ਹੈ, ਇਸ ਨੂੰ ਸੰਭਾਲ ਕੇ ਰੱਖਣਾ। ਉਸ ਨੇ ਸੂਈ ਫੜ ਕੇ ਕਿਹਾ ਕਿ ਇਹ ਅਮਾਨਤ ਕਦੋਂ ਵਾਪਸ ਲਉਗੇ। ਬਾਬਾ ਜੀ ਨੇ ਕਿਹਾ ਅਗਲੇ ਜਹਾਨ ਜਾ ਕੇ ਲਵਾਂਗਾ। ਬਾਦਸ਼ਾਹ ਕਹਿਣ ਲੱਗਾ ਕਿ ਅਗਲੇ ਜਹਾਨ ਤਾਂ ਕੁਝ ਨਾਲ ਨਹੀਂ ਜਾਂਦਾ। ਬਾਬਾ ਜੀ ਨੇ ਕਿਹਾ, ਜੋ ਚਾਲੀ ਗੰਜ ਦੌਲਤ ਦੇ ਇਕੱਠੇ ਕਰ ਰਹੇ ਹੋ, ਉਸ ਦਾ ਕੀ ਕਰੋਗੇ? ਉਸ ਨੂੰ ਰਮਜ਼ ਦੀ ਸਮਝ ਆਈ ਤਾਂ ਕਹਿਣ ਲੱਗਾ ਕਿ ਆਪ ਹੀ ਦੱਸੋ ਕੀ ਕਰਾਂ? ਗੁਰੂ ਜੀ ਨੇ ਕਿਹਾ ਕਿ ਇਸ ਨੂੰ ਗ਼ਰੀਬਾਂ 'ਚ ਵੰਡ ਦਿਓ, ਲੋਕਾਂ ਦੀ ਭਲਾਈ ਦੇ ਕੰਮ ਕਰੋ ਤੇ ਖ਼ੁਦਾ ਦੇ ਨਾਮ ਨੂੰ ਦਿਲ 'ਚ ਵਸਾ ਕੇ ਹਰਦਮ ਉਸ ਦੀ ਬੰਦਗੀ ਕਰੋ। ਇਸੇ 'ਚ ਨਜਾਤ ਹੈ।

ਇਹ ਸੁਣ ਕੇ ਉਸ ਨੇ ਇਕਰਾਰ ਕੀਤਾ ਕਿ ਉਹ ਇੰਜ ਹੀ ਕਰੇਗਾ। ਪੀਰ ਜਲਾਲ ਨੇ ਉਹ ਸੂਈ ਸੰਭਾਲ ਕੇ ਰੱਖ ਲਈ। ਦੇਸ਼ ਦੇ ਗ਼ਰੀਬਾਂ 'ਚ ਉਹ ਦੌਲਤ ਵੰਡ ਦਿੱਤੀ ਗਈ। ਸਾਰੇ ਮੁਲਕ 'ਚ ਬਾਬਾ ਜੀ ਦੀ ਜੈ ਜੈਕਾਰ ਹੋਣ ਲੱਗੀ। ਉਸ ਪੀਰ ਨੇ 'ਕੈ ਕੈ' ਸ਼ਹਿਰ ਦੇ ਬਾਹਰ ਨਹਿਰ ਫ਼ਰਾਤ ਦੇ ਕਿਨਾਰੇ ਗੁਰੂ ਜੀ ਦੀ ਨੇਕੀ ਫੈਲਾਉਣ ਲਈ ਇਕ ਚਬੂਤਰਾ ਬਣਵਾਇਆ, ਜਿਸ ਦਾ ਨਾਂ 'ਵਲੀ ਹਿੰਦ' ਹੈ। ਇਥੇ ਹੀ ਗੁਰੂ ਜੀ ਦੀ ਉਸ 'ਸੂਈ' ਦੇ ਦੀਦਾਰ ਕਰਵਾਏ ਜਾਂਦੇ ਹਨ ਤੇ ਇਹ ਕਹਾਣੀ ਲੋਕਾਂ ਨੂੰ ਦੱਸੀ ਜਾਂਦੀ ਹੈ। ਸਈਦ ਪ੍ਰਿਥੀਪਾਲ ਸਿੰਘ (ਮੁਸ਼ਤਾਕ ਹੁਸੈਨ) ਨੇ ਭਾਸ਼ਣ ਵਿਚ ਸੰਗਤਾਂ ਨੂੰ ਦੱਸਿਆ ਕਿ ਉਨ੍ਹਾਂ ਨੇ ਵੀ ਉਸ ਸੂਈ ਦੇ ਦਰਸ਼ਨ ਕੀਤੇ ਹਨ।



ਡਾ. ਜਸਬੀਰ ਸਿੰਘ ਸਰਨਾ
99065-66604

## ਪੀਰ ਬਗ਼ਦਾਦ ਨਾਲ ਮੁਲਾਕਾਤ ਤੇ ਉਸ ਨੂੰ ਨਜਾਤ

ਇਸ ਤੋਂ ਬਾਅਦ ਬਾਬਾ ਨਾਨਕ ਦੀ, ਪੀਰ ਬਗ਼ਦਾਦ ਦੀ ਨਜਾਤ ਲਈ ਸ਼ਹਿਰ ਬਗ਼ਦਾਦ ਗਏ। ਸ਼ਹਿਰ ਦੇ ਮਸ਼ਰਕ (ਪੂਰਬ) ਵੱਲ ਵੱਡੇ ਕਬਰਸਤਾਨ ਵਿਚ ਖਜੂਰਾਂ ਦੇ ਜੰਗਲ 'ਚ ਡੇਰਾ ਕੀਤਾ ਅਤੇ 'ਪਾਤਾਲਾਂ ਪਾਤਾਲ ਲੱਖ ਆਗਾਸਾਂ ਆਗਾਸ' ਸ਼ਬਦ ਗਾਇਆ ਤੇ ਸੰਗਤਾਂ ਨੂੰ ਸਮਝਾਇਆ ਕਿ ਖ਼ੁਦਾ ਨੇ ਸਾਡੇ ਵਰਗੀਆਂ ਲੱਖਾਂ ਦੁਨੀਆ ਬਣਾਈਆਂ ਹਨ। ਇਨ੍ਹਾਂ ਹਾਜ਼ਰੀਨ ਵਿਚ ਪੀਰ ਬਗ਼ਦਾਦ ਦਾ ਮੁਰੀਦ ਵੀ ਸੀ। ਉਹ ਦੌੜ ਕੇ ਪੀਰ ਕੋਲ ਗਿਆ ਤੇ ਜੋ ਸੁਣਿਆ ਸੀ ਉਸ ਨੂੰ ਕਿਹਾ ਤੇ ਦੱਸਿਆ ਕਿ ਸਾਡੇ ਨਬੀ ਪਾਕਿ ਨੇ ਚੌਦਾਂ ਤਬਕ ਬਣਾਏ ਹਨ, ਇਹ ਲੱਖਾਂ ਦੱਸ ਰਹੇ ਹਨ ਤੇ ਸ਼ਰੱਈ ਮੁਹੰਮਦੀ ਦੇ ਉਲਟ ਗਾਣਾ-ਵਜਾਉਣਾ ਕਰ ਰਹੇ ਹਨ। ਉੱਥੇ ਮੌਜੂਦ ਹੋਰ ਲੋਕਾਂ ਨੇ ਵੀ ਸੁਣਿਆ। ਉਸ ਸਮੇਂ ਇਹ ਪੀਰ ਪੰਜਵੀਂ ਥਾਵੇਂ ਇਸ ਗੱਦੀ ਦਾ ਮਾਲਕ ਸੀ ਤੇ ਉਸ ਦਾ ਨਾਂ ਅਬਦੁਲ ਰਹਿਮਾਨ ਸੀ। ਇਹ ਸੁਣਦੇ ਹੀ ਉਹ ਗੁੱਸੇ ਨਾਲ ਲਾਲ-ਪੀਲਾ ਹੋ ਗਿਆ ਤੇ ਕਹਿਣ ਲੱਗਾ, 'ਮੇਰਾ ਘੋੜਾ ਲੈ ਕੇ ਆਉ, ਮੈ ਜਾਂਦੇ ਹੀ ਉਸ ਨੂੰ ਫ਼ਨਾਹ ਕਰ ਦੇਵਾਂਗਾ।' ਘੋੜੇ 'ਤੇ ਸਵਾਰ ਹੋ ਕੇ ਉਹ ਤੇਜ਼ ਰਫ਼ਤਾਰ ਚੱਲ ਪਿਆ। ਉਸ ਦੇ ਮੁਰੀਦ ਨੇ ਵੀ ਲੋਕਾਂ ਨੂੰ ਭੜਕਾ ਦਿੱਤਾ ਅਤੇ ਉਹ ਪੱਥਰ, ਲਾਠੀਆਂ, ਚਾਕੂ ਲੈ ਕੇ ਦੌੜੇ। ਬਾਬਾ ਜੀ ਜਿੱਥੇ ਬੈਠੇ ਸਨ, ਉਨ੍ਹਾਂ ਤੋਂ ਇਕ ਸੌ ਗਜ਼ ਪਹਿਲਾਂ ਹੀ ਪੀਰ ਜੀ ਦਾ ਘੋੜਾ ਅਚਾਨਕ ਰੁਕ ਗਿਆ। ਬੜੇ ਚਾਬਕ ਮਾਰੇ, ਫਿਰ ਵੀ ਘੋੜਾ ਇਕ ਕਦਮ ਅੱਗੇ ਨਾ ਚੱਲ ਸਕਿਆ। ਜਦੋਂ ਸਿਰ ਉੱਪਰ ਚੁੱਕ ਕੇ ਵੇਖਿਆ ਤਾਂ ਗੁਰੂ ਜੀ ਦੇ ਚਿਹਰੇ ਦਾ ਜਲਾਲ ਨਾ ਸਹਾਰ ਸਕਿਆ ਤਾਂ ਅੱਖਾਂ ਬੰਦ ਹੋ ਗਈਆਂ। ਇੰਨੇ ਚਿਰ ਨੂੰ ਖ਼ੁਦਾ ਦੀ ਦਰਗਾਹ ਤੋਂ ਨਿਜ਼ਾਲਤੇ ਵਹੀ ਦੇ ਰਾਹੀਂ ਮੈਨੂੰ ਲਾਅਨਤ ਪਈ ਕਿ ਐ ਪੀਰ ਤੇਰੇ ਤੋਂ ਤਾਂ ਹੈਵਾਨ ਘੋੜਾ ਹੀ ਚੰਗਾ ਹੈ, ਜਿਸ ਨੇ ਤੇਰੇ ਚਾਬਕਾਂ ਦੀ ਮਾਰ ਖਾਣ ਦੇ ਬਾਵਜੂਦ ਤੈਨੂੰ ਬਾਬਾ ਜੀ ਦੀ ਬੇਇਜ਼ਤੀ ਕਰਨ ਤੋਂ ਰੋਕਿਆ ਹੈ। ਜਿਨ੍ਹਾਂ ਨੂੰ ਤੂੰ ਫ਼ਨਾਹ ਕਰਨ ਦੀ ਨੀਅਤ ਨਾਲ ਆਇਆ ਹੈਂ, ਇਹ ਉਹੀ ਹਨ, ਜਿਨ੍ਹਾਂ ਦਾ ਤੁਵਾਫ਼ (ਪਰਕਰਮਾ) ਮੱਕਾ ਕਾਅਬਾ ਨੇ ਕੀਤਾ ਹੈ ਤੇ ਬੜੇ-ਬੜੇ ਪੀਰਾਂ, ਖ਼ਲੀਫ਼ਿਆਂ, ਰੁਕਨਦੀਨ ਜਿਹੇ ਕਾਜ਼ੀ ਉਨ੍ਹਾਂ ਨਾਲ ਸੈਂਕੜੇ ਸਵਾਲਾਂ-ਜਵਾਬਾਂ ਤੋਂ ਬਾਅਦ ਉਨ੍ਹਾਂ ਦੇ ਕਦਮਾਂ 'ਤੇ ਹੀ ਨਹੀਂ ਡਿੱਗੇ ਸਗੋਂ ਉਨ੍ਹਾਂ ਦੇ ਹੀ ਹੋ ਕੇ ਰਹਿ ਗਏ ਅਤੇ ਨਜਾਤ ਹਾਸਲ ਕੀਤੀ। ਉਸ ਤੋਂ ਬਾਅਦ ਪੀਰ ਨੂੰ ਹੋਸ਼ ਆਈ ਤੇ ਉਹ ਘੋੜੇ ਤੋਂ ਉਤਰ ਕੇ, ਜੁੱਤੀਆਂ ਉਤਾਰ ਕੇ ਨੰਗੇ ਪੈਰੀਂ ਚੱਲ ਕੇ ਬਾਬਾ ਜੀ ਦੇ ਕਦਮਾਂ 'ਤੇ ਜਾ ਪਿਆ ਤੇ ਮਰੀ ਜਿਹੀ ਜ਼ੁਬਾਨ ਤੋਂ ਬੇ-ਅਖ਼ਤਿਆਰ ਇਹ ਲਫ਼ਜ਼ ਨਿਕਲੇ :

*ਐ ਪੀਰੇ ਦਸਤਗੀਰ ਤੂ ਦਸਤ ਮਰਾਬੱਗੀਰ,*
*ਦਸਤੰਮ ਦੂਨਾਂ ਬਗੀਰ ਕਿ ਗੋਇੰਦ ਦਸਤਗੀਰ।*

ਭਾਵ, ਐ ਮੇਰੇ ਪੀਰਾਨੇ ਦਸਤਗੀਰ ਨਾਨਕ, ਆਪ ਮੇਰਾ ਹੱਥ ਫੜੋ। ਇਸ ਤਰ੍ਹਾਂ ਜ਼ੋਰ ਨਾਲ ਫੜੋ ਕਿ ਜਦੋਂ ਮੇਰੇ ਮੁਰੀਦ ਸੁਣਨ ਤਾਂ ਉਨ੍ਹਾਂ ਨੂੰ ਇਸ ਬਾਤ ਵਿਚ ਖ਼ੁਸ਼ੀ ਹੋਵੇ ਕਿ ਉਨ੍ਹਾਂ ਦੇ ਮੁਰਸ਼ਦ ਨੇ ਕਾਮਿਲ ਮਰਦ ਅੱਲ੍ਹਾ ਦੇ ਹੱਥ 'ਚ ਆਪਣਾ ਹੱਥ ਫੜਾਇਆ ਹੈ। ਮੇਰੇ ਸਿਰ 'ਤੇ ਰਹਿਮਤ ਭਰਿਆ ਹੱਥ ਰੱਖੋ। ਬਾਬਾ ਜੀ ਨੇ ਮੁਬਾਰਕ ਹੱਥਾਂ ਨਾਲ ਉਸ ਦਾ ਸਿਰ ਆਪਣੇ ਕਦਮਾਂ ਤੋਂ ਉਠਾਇਆ ਤੇ ਫ਼ਰਮਾਇਆ ਕਿ ਤੁਹਾਡਾ ਸਜਦਾ ਖ਼ੁਦਾ ਦੀ ਦਰਗਾਹ ਵਿਚ ਕਬੂਲ ਹੋਇਆ। ਜੋ ਮੁਰੀਦ ਬਾਬਾ ਜੀ ਨੂੰ ਕਾਫ਼ਰ ਕਹਿ ਕੇ ਫ਼ਨਾਹ ਕਰਨ ਲਈ ਆਏ ਸਨ, ਉਹ ਆਪਣੇ ਪੀਰ ਨੂੰ ਸਜਦਾ ਕਰਦਾ ਵੇਖ ਕੇ ਲਾਲ-ਪੀਲੇ ਹੋ ਰਹੇ ਸਨ। ਜਦ ਉਸ ਨੇ ਪਿੱਛੇ ਵੇਖਿਆ ਤਾਂ ਕਰੀਬ ਇਕ ਹਜ਼ਾਰ ਆਦਮੀ ਹੱਥਾਂ ਵਿਚ ਪੱਥਰ, ਲਾਠੀਆਂ, ਚਾਕੂ ਆਦਿ ਲੈ ਕੇ ਬਾਹਵਾਂ ਉੱਪਰ ਕਰ ਕੇ ਖੜ੍ਹੇ ਸਨ। ਇਹ ਵੇਖ ਕੇ ਪੀਰ ਜੀ ਨੇ ਮੁਖਾਤਿਬ ਹੋ ਕੇ ਉਨ੍ਹਾਂ ਨੂੰ ਕਿਹਾ, 'ਹਾਜ਼ਰੀਨ, ਜਿਸ ਨੂੰ ਮੈਂ ਸਜਦਾ ਕੀਤਾ ਹੈ, ਹੈਰਾਨ ਨਾ ਹੋਵੋ, ਮੈਂ ਪਛਾਣ ਕੇ ਸਜਦਾ ਕੀਤਾ ਹੈ। ਇਹ ਨਬੀ ਹਨ, ਪੀਰ ਨਹੀਂ। ਮੇਰੀਆਂ ਅੱਖਾਂ ਨਾਲ ਵੇਖੋ, ਖ਼ੁਦਾ ਹਨ। ਤੁਸੀਂ ਵੀ ਸਜਦਾ ਕਰੋ ਤੇ ਸਲਾਮ ਭੇਜੋ। ਬਾਬਾ ਜੀ ਨੂੰ ਉਨ੍ਹਾਂ 'ਤੇ ਰਹਿਮਤ ਕਰਨ ਦੀ ਬੇਨਤੀ ਕੀਤੀ ਤਾਂ ਸਾਰਿਆਂ ਦੇ ਹੱਥ ਹੇਠਾਂ ਆ ਗਏ। ਇਹ ਵੇਖ ਕੇ ਸਾਰਿਆਂ ਨੇ ਗੁਰੂ ਨਾਨਕ ਸਾਹਿਬ ਨੂੰ ਸਜਦਾ ਕੀਤਾ ਅਤੇ ਠੰਡੇ-ਸੀਤਲ ਹੋ ਕੇ ਬੈਠ ਗਏ।

ਇਨ੍ਹਾਂ ਵਿੱਚੋਂ ਇਕ ਆਦਮੀ ਨੇ ਕਿਹਾ ਕਿ ਆਪ ਗਾਉਂਦੇ ਕਿਉਂ ਹੋ? ਜਵਾਬ ਵਿਚ ਬਾਬਾ ਜੀ ਨੇ ਫ਼ਰਮਾਇਆ ਕਿ ਹਜ਼ਰਤ ਮੁਹੰਮਦ ਸਾਹਿਬ ਨਾਬਾਲਗ ਆਇਸ਼ਾ ਨੂੰ ਕੰਧੇ 'ਤੇ ਬਿਠਾ ਕੇ ਹਰ ਰੋਜ਼ ਬਲੋਚਾਂ ਦਾ ਗਾਣਾ ਸੁਣਨ ਨੂੰ ਜਾਂਦੇ ਸਨ। ਇਹ ਗੁਪਤ ਰਾਜ਼ ਸੁਣ ਕੇ ਸਾਰਿਆਂ ਨੇ ਗੁਰੂ ਸਾਹਿਬ ਦੀ ਬਹੁਤ ਸਿਫ਼ਤ ਕੀਤੀ ਅਤੇ ਸਜਦਾ ਕੀਤਾ। ਹੁਣ ਖੁੱਲ੍ਹ ਕੇ ਹਰ ਰੋਜ਼ ਕੀਰਤਨ ਦੀ ਮਹਿਫ਼ਲ ਲੱਗਣ ਲੱਗੀ। ਦਸਤਗੀਰ ਸਾਹਿਬ ਆਪ ਹਰ ਰੋਜ਼ ਇਸ ਕੀਰਤਨ ਵਿਚ ਹਾਜ਼ਰੀ ਭਰਨ ਲੱਗੇ। ਉਨ੍ਹਾਂ ਨੂੰ ਵੇਖ ਕੇ ਆਮ ਲੋਕ ਵੀ ਭਾਰੀ ਗਿਣਤੀ ਵਿਚ ਸਤਿਸੰਗ ਵਿਚ ਬਹਿ ਅਤੇ ਸ਼ਬਦ ਸੁਣ ਕੇ ਆਪਣੇ ਦਿਲਾਂ 'ਤੇ ਲੱਗੀ ਮੈਲ ਨੂੰ ਸਾਫ਼ ਕਰਨ ਲੱਗੇ। ਸਾਰੇ ਸ਼ਹਿਰ ਵਿਚ 'ਸਤਿ ਕਰਤਾਰ, ਸਤਿ ਕਰਤਾਰ' ਦੀ ਗੂੰਜ ਉੱਠਣ ਲੱਗ ਪਈ। •

(ਚੱਲਦਾ...)

---

## ਸਵਾਮੀ ਰਾਮ ਕ੍ਰਿਸ਼ਨ ਰੋਜ਼ ਸਵੇਰੇ ਬਗ਼ੀਚੇ 'ਚੋਂ ਪੂਜਾ ਲਈ ਫੁੱਲ ਤੋੜਦੇ ਸਨ ਪਰ ਇਕ ਵਕਤ ਆਇਆ ਜਦੋਂ ਟਾਹਣੀਆਂ ਨਾਲ ਝੂਮਦੇ ਫੁੱਲਾਂ ਨੂੰ ਤੋੜਨ ਤੋਂ ਉਨ੍ਹਾਂ ਦੇ ਹੱਥ ਇਨਕਾਰੀ ਹੋ ਗਏ...

# ਸਵਾਮੀ ਰਾਮ ਕ੍ਰਿਸ਼ਨ ਪਰਮਹੰਸ

8 ਮਾਰਚ, ਜਨਮ ਦਿਵਸ 'ਤੇ

ਸਵਾਮੀ ਰਾਮ ਕ੍ਰਿਸ਼ਨ ਪਰਮਹੰਸ ਦਾ ਜਨਮ ਦਾ ਨਾਂ-ਗਦਾਧਰ ਚਟੋਪਾਧਿਆਏ ਸੀ। ਦੋ ਭਰਾਵਾਂ ਦਾ ਛੋਟਾ ਭਰਾ, ਜਨਮ ਤੋਂ ਹੀ ਲਟਬਾਉਰਾ ਸੀ। ਬੰਗਾਲ ਵਿਚ ਹੁਗਲੀ ਜ਼ਿਲ੍ਹੇ ਦੇ ਛੋਟੇ ਜਿਹੇ ਪਿੰਡ ਕਾਮਾਰ ਪੁਕਰ ਵਿਖੇ ਉਨ੍ਹਾਂ ਦਾ ਜਨਮ ਹੋਇਆ। ਰੋਟੀ-ਰੋਜ਼ੀ ਲਈ ਜਦੋਂ ਵੱਡੇ ਭਰਾ ਕਲਕੱਤੇ ਚਲੇ ਗਏ, ਲੋਕਾਂ ਦੇ ਘਰਾਂ 'ਚ ਠਾਕੁਰ ਪੂਜਾ ਕਰਦੇ ਗੁਜ਼ਰ-ਬਸਰ ਕਰਨ ਲੱਗੇ ਤਾਂ ਨਿੱਕਾ ਜਿਹਾ ਗਦਾਧਰ ਵੀ ਕੁਝ ਪੈਰਾਂ 'ਤੇ ਹੋ ਕੇ ਭਰਾਵਾਂ ਕੋਲ ਚਲਾ ਗਿਆ।

ਕਲਕੱਤੇ ਦੀ ਰਾਣੀ ਰਾਸਮਣੀ ਨੇ ਗੰਗਾ ਕਿਨਾਰੇ ਆਪਣੇ ਮਹਿਲ ਦੇ ਬਗ਼ੀਚੇ 'ਚ ਮਹਾਮਾਯਾ ਦਾ ਮੰਦਰ ਬਣਵਾਇਆ ਤਾਂ ਗਦਾਧਰ ਦੇ ਵੱਡੇ ਭਰਾ ਨੂੰ ਉਸ ਦਾ ਪੁਜਾਰੀ ਨਿਯੁਕਤ ਕੀਤਾ ਗਿਆ। ਹੁਣ ਗਦਾਧਰ ਰਾਮ ਕ੍ਰਿਸ਼ਨ ਕਹੇ ਜਾਣ ਲੱਗੇ। ਉਨ੍ਹਾਂ ਦੇ ਦੇਵੀ ਪ੍ਰੇਮ ਨੇ ਮਨ ਦਾ ਉਹ ਦੁਆਰ ਖੋਲ੍ਹ ਦਿੱਤਾ, ਜਿਹਦੇ ਵਿਚੋਂ ਲੰਘ ਕੇ ਉਨ੍ਹਾਂ ਨੇ ਕਾਇਨਾਤੀ ਚਾਨਣ 'ਚ ਪ੍ਰਵੇਸ਼ ਕਰ ਲਿਆ। ਸਭ ਵਿਧੀਆਂ ਤੇ ਕਰਮ-ਕਾਂਡ ਪਿੱਛੇ ਰਹਿ ਗਏ। ਉਹ ਇਨ੍ਹਾਂ ਕਾਇਨਾਤੀ ਸ਼ਕਤੀ ਕਣਾਂ 'ਚ ਵਿਚਰਦੇ-ਵਿਚਰਦੇ ਸ਼ਕਤੀ ਕਣ ਹੀ ਹੋ ਗਏ।

ਭਰਾਵਾਂ ਨੇ ਰਾਮ ਕ੍ਰਿਸ਼ਨ ਦੇ ਮਨ ਨੂੰ ਬੰਨ੍ਹਣ ਲਈ ਛੇ ਵਰ੍ਹਿਆਂ ਦੀ ਬਾਲੜੀ ਸ਼ਾਰਦਾ ਨਾਲ ਉਨ੍ਹਾਂ ਦਾ ਵਿਆਹ ਕਰ ਦਿੱਤਾ। ਬਉਰੇ-ਲਟਬਉਰੇ ਸਵਾਮੀ ਰਾਮ ਕ੍ਰਿਸ਼ਨ ਕਈ ਵਾਰ ਸ਼ਾਰਦਾ ਨੂੰ ਹੀ ਦੇਵੀ-ਸਥਾਨ 'ਤੇ ਬਿਠਾ ਕੇ ਉਸ ਦੀ ਪੂਜਾ ਕਰਨ ਲਗਦੇ। ਪੂਜਾ ਦੇ ਫੁੱਲ ਦੇਵੀ ਨੂੰ ਅਰਪਦੇ-ਅਰਪਦੇ ਆਪਣੇ ਸਿਰ 'ਤੇ ਚਾੜ੍ਹ ਲੈਂਦੇ ਤੇ ਅੰਤਰ ਦੀ ਮਹਿਕ ਜਦੋਂ ਫੁੱਲਾਂ ਦੀ ਮਹਿਕ ਨਾਲ ਰਲ ਜਾਂਦੀ ਤਾਂ ਨੱਚਦੇ ਗਾਉਂਦੇ ਕਿਸੇ ਅੰਬਰੀ ਚਾਨਣ 'ਚ ਭਿੱਜ ਜਾਂਦੇ। ਉਨ੍ਹਾਂ ਦੇ ਮਨ ਦੀ ਵਿਆਕੁਲਤਾ ਸੀ ਕਿ ਦੇਵੀ ਮਾਂ ਨੂੰ ਆਕਾਰਮਈ ਸੂਰਤ ਵਿਚ ਵੇਖਣਾ ਹੈ। ਇਸ ਲਈ ਆਵਾਜ਼ਾਂ ਮਾਰਦੇ ਉਹ ਕਈ ਵਾਰ ਰੋ ਪੈਂਦੇ ਤੇ ਇਹ ਵਿਆਕੁਲਤਾ ਫਿਰ ਆਕਾਰਮਈ ਹੋਣ ਲੱਗ ਪਈ ਤੇ ਉਹ ਉਹਦੇ ਨਾਲ ਗੱਲਾਂ ਕਰਦੇ ਕਈ ਵਾਰ ਸੁਣੇ ਗਏ।

ਰੋਜ਼ ਸਵੇਰੇ ਬਗ਼ੀਚੇ ਵਿੱਚੋਂ ਪੂਜਾ ਲਈ ਫੁੱਲ ਤੋੜਦੇ ਸਨ ਪਰ ਇਕ ਵਕਤ ਆਇਆ ਜਦੋਂ ਟਾਹਣੀਆਂ ਨਾਲ ਝੂਮਦੇ ਫੁੱਲਾਂ ਨੂੰ ਤੋੜਨ ਤੋਂ ਉਨ੍ਹਾਂ ਦੇ ਹੱਥ ਇਨਕਾਰੀ ਹੋ ਗਏ। ਸ਼ਿਕਾਇਤ ਹੋਣੀ ਸੀ, ਹੋਈ ਕਿ ਰਾਮ ਕ੍ਰਿਸ਼ਨ ਦੇਵੀ ਨੂੰ ਫੁੱਲ ਨਹੀਂ ਚੜ੍ਹਾਉਂਦੇ, ਪੂਜਾ ਪੂਰੀ ਨਹੀਂ ਹੁੰਦੀ। ਰਾਮ ਕ੍ਰਿਸ਼ਨ ਹੱਸੇ ਤੇ ਆਖਣ ਲੱਗੇ, "ਫੁੱਲ ਤਾਂ ਮੈਂ ਦੇਵੀ ਨੂੰ ਅਰਪਦਾ ਹਾਂ, ਰੋਜ਼ ਫੁੱਲਾਂ ਨਾਲ ਉਸ ਦੀ ਪੂਜਾ ਕਰਦਾ ਹਾਂ, ਹੁਣ ਮੈਂ ਫੁੱਲ ਤੋੜ ਕੇ ਨਹੀਂ ਚੜ੍ਹਾਉਂਦਾ, ਸਗੋਂ ਸਾਰਾ ਬਗ਼ੀਚਾ ਤੇ ਉਸ ਦੇ ਸਾਰੇ ਫੁੱਲ ਦੇਵੀ ਨੂੰ ਅਰਪ ਦਿੰਦਾ ਹਾਂ।"

ਉਨ੍ਹਾਂ ਦੇ ਜੀਵਨੀਕਾਰ ਲਿਖਦੇ ਹਨ ਕਿ ਸਵਾਮੀ ਰਾਮ ਕ੍ਰਿਸ਼ਨ ਦੇ ਇਕ ਅਰਾਧਕ ਮਨੀ ਲਾਲ ਦੀ ਇਕ ਬੇਟੀ ਸੀ, ਜੋ ਸਮਾਧੀ ਵਿਚ ਧਿਆਨ ਜੋੜਨਾ ਚਾਹੁੰਦੀ ਸੀ ਪਰ ਜੋੜ ਨਹੀਂ ਸੀ ਸਕਦੀ। ਮਨ ਕਿਸ ਤਰ੍ਹਾਂ ਟਿਕੇ? ਇਹ ਪੁੱਛਣ ਲਈ ਉਹ ਸਵਾਮੀ ਜੀ ਕੋਲ ਆਈ। ਉਹ ਸਹਿਜ ਭਾਵ ਪੁੱਛਣ ਲੱਗੇ, 'ਤੈਨੂੰ ਦੁਨੀਆ 'ਚ ਸਭ ਤੋਂ ਪਿਆਰੀ ਚੀਜ਼ ਕਿਹੜੀ ਲਗਦੀ ਹੈ?' ਲੜਕੀ ਕਹਿਣ ਲੱਗੀ, 'ਮੇਰੇ ਭਰਾ ਦਾ ਛੋਟਾ ਜਿਹਾ ਬੇਟਾ ਮੈਨੂੰ ਸਭ ਤੋਂ ਪਿਆਰਾ ਲਗਦਾ ਹੈ।' ਸਵਾਮੀ ਰਾਮ ਕ੍ਰਿਸ਼ਨ ਕਹਿਣ ਲੱਗੇ, 'ਫਿਰ ਕੋਈ ਮੁਸ਼ਕਿਲ ਨਹੀਂ, ਤੂੰ ਉਸੇ ਦਾ ਧਿਆਨ ਕਰਿਆ ਕਰ।' ਉਹ ਲੜਕੀ ਉਸ ਨਿੱਕੇ ਜਿਹੇ ਭਤੀਜੇ ਦਾ ਧਿਆਨ ਧਰਨ ਲੱਗੀ...ਤੇ ਫਿਰ ਉਸ ਬੱਚੇ ਦਾ ਉਹੀ ਪਿਆਰਾ ਜਿਹਾ ਮੂੰਹ ਉਸ ਨੂੰ ਪਤਾ ਹੀ ਨਾ ਲੱਗਾ ਕਿ ਕਦੋਂ ਬਾਲ-ਕ੍ਰਿਸ਼ਨ ਦਾ ਰੂਪ ਧਾਰ ਗਿਆ। •

*- ਇਬਲੀਸ*



---

ਚਾਣਕਯ ਨੀਤੀ

ਡਾ. ਅਮਰ ਕੋਮਲ

ਅਚਾਰਿਆ ਚਾਣਕਯ ਭਾਰਤ ਦੇ ਅਮੀਰ ਇਤਿਹਾਸਕ ਵਿਰਸੇ ਦੀ ਇਕ ਮਹਾਨ ਸ਼ਖ਼ਸੀਅਤ, ਵਿਦਵਾਨ ਸਿਆਸਤਦਾਨ, ਕੂਟ ਨੀਤੀਵਾਨ, ਨਿਪੁੰਨ ਪ੍ਰਬੰਧਕ ਅਤੇ ਸਰਲ ਸਾਦਾ ਜੀਵਨ ਜਿਊਂਣ ਵਾਲੇ ਪੰਡਿਤ ਸਨ। ਉਨ੍ਹਾਂ ਦੀ ਜੀਵਨ ਕਾਲ 350-283 ਪੂਰਵ ਈਸਵੀ ਸੀ। ਉਨ੍ਹਾਂ ਦੁਆਰਾ ਰਚਿਤ 'ਚਾਣਕਯ ਨੀਤੀ' ਉਨ੍ਹਾਂ ਦੀ ਵਡਮੁੱਲੀਆਂ ਸਿੱਖਿਆਵਾਂ ਵਾਲੀ ਪੁਸਤਕ ਹੈ। ਚਾਣਕਯ ਨੀਤੀ ਵਿਚ 17 ਅਧਿਆਏ ਅਤੇ ਕੁੱਲ 333 ਸਲੋਕ ਹਨ। ਇਨ੍ਹਾਂ ਸਲੋਕਾਂ ਵਿਚ ਉਨ੍ਹਾਂ ਨੇ ਜ਼ਿੰਦਗੀ, ਘਰ, ਪਰਿਵਾਰ, ਸਮਾਜ ਤੇ ਸਮਾਜ ਲਈ ਉੱਚੀਆਂ-ਸੁੱਚੀਆਂ ਨੈਤਿਕ ਕਦਰਾਂ ਕੀਮਤਾਂ ਨੂੰ ਅਟੱਲ ਸੱਚਾਈਆਂ ਦੇ ਰੂਪ ਵਿਚ ਪੇਸ਼ ਕੀਤਾ ਹੈ।



**ਸਲੋਕ (1.08)**

ਯਸ਼ਿਮਨ ਦੇਸ਼ੇ ਨ ਸਮ੍ਮਾਨੋ ਨ ਵ੍ਰਿਟਿਤਤਨਰ੍ ਚ ਬਾਨਯਵਾਹ।
ਨ ਚ ਵਿਦਯ੍ਆਅਗਮਹ ਕਸ਼ਿਚਤ੍ਰ ਤਮ੍ ਦੇਸ਼ਮ ਪਰਿਵਜਰ੍ਯੇਤ੍॥

**ਅਰਥ**

ਜਿਸ ਦੇਸ਼ ਵਿਚ ਨਾ ਤਾਂ ਆਦਰ ਸਨਮਾਨ ਹੈ, ਨਾ ਆਜੀਵਿਕਾ ਪ੍ਰਾਪਤੀ ਦੇ ਸਾਧਨ ਹਨ। ਨਾ ਦੋਸਤ-ਮਿੱਤਰ ਹਨ ਤੇ ਨਾ ਹੀ ਗਿਆਨ ਪ੍ਰਾਪਤੀ ਦੀ ਸੰਭਾਵਨਾ ਹੈ, ਅਜਿਹੇ ਦੇਸ਼ ਨੂੰ ਤਿਆਗ ਦੇਣਾ ਚਾਹੀਦਾ ਹੈ। ਅਜਿਹੀ ਥਾਂ 'ਤੇ ਨਹੀਂ ਰਹਿਣਾ ਚਾਹੀਦਾ। •

**ਵਿਆਖਿਆ**

ਅਚਾਰਿਆ ਚਾਣਕਯ ਆਖਦੇ ਹਨ ਕਿ ਨੀਤੀ ਪ੍ਰਬੰਧਾਂ ਤੋਂ ਸੱਖਣਾ ਉਹ ਦੇਸ਼, ਜਿੱਥੇ ਕਿਸੇ ਵਿਅਕਤੀ ਦਾ ਮਾਣ-ਸਨਮਾਨ ਨਹੀਂ, ਪੁੱਛ-ਪੜਤਾਲ ਨਹੀਂ ਅਤੇ ਰੋਜ਼ੀ-ਰੋਟੀ ਕਮਾਉਣ ਦੇ ਸਾਧਨ ਵੀ ਪ੍ਰਾਪਤ ਨਹੀਂ ਹੁੰਦੇ, ਉਥੇ ਨਾ ਦੋਸਤ ਮਿੱਤਰ ਰਿਸ਼ਤੇਦਾਰ ਹਨ, ਨਾ ਸਿੱਖਿਆ ਪ੍ਰਾਪਤੀ ਦੇ ਵਿਸ਼ੇਸ਼ ਜਾਂ ਆਮ ਸਾਧਨ ਹਨ। ਅਜਿਹਾ ਦੇਸ਼ ਰਹਿਣ ਦੇ ਯੋਗ ਨਹੀਂ, ਉਸ ਦੇਸ਼ ਨੂੰ ਛੱਡ ਦੇਣਾ ਚਾਹੀਦਾ ਹੈ।

84378-73565

---

ਅਰਵਿੰਦਰ ਸਿੰਘ ਸਾਸਨ

# ਜ਼ਿੰਦਗੀ ਦੀ ਹਕੀਕਤ ਸੁਆਸ ਤੇ ਸਿਮਰਨ



**ਪਰਮਾਤਮਾ ਵੱਲੋਂ ਦਿੱਤੇ ਸੁਆਸਾਂ ਨਾਲ ਸਿਮਰਨ ਕਰਨ 'ਤੇ ਕੁਝ ਘਟਦਾ ਨਹੀਂ ਬਲਕਿ ਆਪਣੇ ਨਾਲ-ਨਾਲ ਹੋਰਨਾਂ ਲੋਕਾਂ ਦਾ ਵੀ ਭਲਾ ਹੀ ਹੁੰਦਾ ਹੈ...**

ਸਿਆਣਿਆਂ ਦਾ ਕਥਨ ਹੈ ਕਿ 'ਅੱਖਾਂ ਗਈਆਂ ਜਹਾਨ ਗਿਆ, ਜੀਭ ਗਈ ਸੁਆਦ ਗਿਆ।' ਠੀਕ ਇਸੇ ਤਰ੍ਹਾਂ ਸੁਆਸ ਗਏ ਤਾਂ ਮਨੁੱਖੀ ਜੀਵਨ ਖ਼ਤਮ ਹੋ ਜਾਂਦਾ ਹੈ। ਪਰਮਾਤਮਾ ਵੱਲੋਂ ਬਖ਼ਸ਼ੇ ਗਏ ਸੁਆਸ ਸਦੀਵੀ ਨਹੀਂ ਹਨ ਪਰ ਮਨੁੱਖ ਇਸ ਭੁਲੇਖੇ 'ਚ ਹੈ ਕਿ ਸ਼ਾਇਦ ਉਸ ਕੋਲ ਹਮੇਸ਼ਾ ਸੁਆਸ ਰਹਿਣਗੇ। ਇਕ ਨਿਸ਼ਚਿਤ ਸਮਾਂ ਹੱਦ ਲਈ ਪਰਮਾਤਮਾ ਵੱਲੋਂ ਜੀਵਨ ਦਾ ਨਿਰਮਾਣ ਕੀਤਾ ਗਿਆ ਹੈ, ਜਿਸ ਤਹਿਤ ਮਨੁੱਖਤਾ ਦੇ ਚੰਗੇ ਅਤੇ ਮਾੜੇ ਕਰਮਾਂ ਦਾ ਮੁਲਾਂਕਣ ਕੀਤਾ ਜਾਂਦਾ ਹੈ। ਅਜੋਕੇ ਸਮੇਂ ਦੀ ਸੱਚਾਈ ਇਹ ਹੈ ਕਿ ਰਿਸ਼ਤਿਆਂ 'ਚ ਖੱਟਾਸ, ਆਪਸੀ ਮੇਲ-ਮਿਲਾਪ 'ਚ ਕਮੀ ਅਤੇ ਪਿਆਰ ਨਾ ਹੋਣ ਲਈ ਹਰ ਆਮ ਤੇ ਖ਼ਾਸ ਮਨੁੱਖ ਜ਼ਿੰਮੇਵਾਰ ਬਣ ਗਿਆ ਹੈ।

ਲੋਕ ਵਿਖਾਵਾ ਇਸ ਕਦਰ ਹਾਵੀ ਹੋ ਚੁੱਕਾ ਹੈ ਕਿ ਮਨੁੱਖ ਪਰਮਾਤਮਾ ਨੂੰ ਭੁੱਲ ਗਿਆ ਹੈ। ਇਕ ਦੂਜੇ ਤੋਂ ਅੱਗੇ ਨਿਕਲਣ ਦੀ ਦੌੜ ਨੂੰ ਹੀ ਸਿਆਣਪ ਦੀ ਨਿਸ਼ਾਨੀ ਸਮਝਿਆ ਜਾ ਰਿਹਾ ਹੈ। ਪਰਮਾਤਮਾ ਵੱਲੋਂ ਬਖ਼ਸ਼ੇ ਸੁਆਸਾਂ ਜ਼ਰੀਏ ਸਿਮਰਨ ਕਰਨ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਦੀ ਅੱਜ ਬਹੁਤ ਲੋੜ ਹੈ। ਮਨੁੱਖਤਾ ਅੰਦਰ ਲੁਕੀ 'ਮੈਂ' ਦੀ ਭਾਵਨਾ ਕਰਕੇ ਆਤਮਾ ਦਾ ਪਰਮਾਤਮਾ ਨਾਲ ਸੁਮੇਲ ਹੋਣ 'ਚ ਮੁਸ਼ਕਿਲ ਆ ਰਹੀ ਹੈ। ਦੁਨਿਆਵੀ ਮੋਹ ਨੂੰ ਹੀ ਸਭ ਕੁਝ ਮੰਨਿਆ ਜਾ ਰਿਹਾ ਹੈ, ਜਿਸ ਦੀ ਕੀਮਤ ਪਾਣੀ ਦੇ ਬੁਲਬੁਲੇ ਸਮਾਨ ਹੈ।

ਪਰਮਾਤਮਾ ਦਾ ਸਿਮਰਨ ਮਨੁੱਖੀ ਜੀਵਨ ਲਈ ਅੰਮ੍ਰਿਤ ਸਮਾਨ ਹੈ ਜੋ ਨਾ ਸਿਰਫ਼ ਭਟਕੇ ਹੋਇਆਂ ਨੂੰ ਰਾਹੇ ਪਾਉਂਦਾ ਹੈ ਬਲਕਿ ਚੰਗੀ ਸ਼ਖ਼ਸੀਅਤ ਦੇ ਵਿਕਾਸ ਵਿਚ ਵੀ ਵਡਮੁੱਲਾ ਯੋਗਦਾਨ ਪਾਉਂਦਾ ਹੈ। ਅਜਿਹਾ ਤਦ ਹੀ ਸੰਭਵ ਹੋ ਸਕਦਾ ਹੈ ਜਦੋਂ ਮਨੁੱਖ ਆਪਣੇ ਅੰਤਰ ਮਨ ਦੀ ਆਵਾਜ਼ ਸੁਣੇ ਤੇ ਦੁਨਿਆਵੀ ਮੋਹ-ਮਾਇਆ ਦੇ ਜਾਲ ਤੋਂ ਬਾਹਰ ਆਵੇ। ਇਸ ਗੱਲ ਨੂੰ ਵੀ ਸਮਝਣਾ ਪਵੇਗਾ ਕਿ ਜਦ ਤਕ ਸਵਾਸ ਹਨ, ਤਦ ਤਕ ਹੀ ਦੁਨਿਆਵੀ ਪਦਾਰਥ ਹਨ। ਸਰਵਉੱਚ ਕਮਾਈ ਸੁਆਸਾਂ ਜ਼ਰੀਏ ਪਰਮਾਤਮਾ ਦਾ ਨਾਮ ਸਿਮਰਨ ਕਰਨ 'ਚ ਹੀ ਹੈ। ਇਸ ਤੋਂ ਬਿਨਾਂ ਮਨੁੱਖੀ ਜੀਵਨ ਵਿਅਰਥ ਹੈ।

ਰਫ਼ਤਾਰ ਭਰੀ ਜ਼ਿੰਦਗੀ 'ਚ ਮਨੁੱਖ ਸਿਰਫ਼ ਇਸ ਪਾਸੇ ਤੁਰਿਆ ਹੋਇਆ ਹੈ ਕਿ ਕਿੱਥੋਂ ਮਾਇਆ ਆ ਸਕਦੀ ਹੈ ਤੇ ਮਾਇਆ ਹਾਸਲ ਕਰਨ ਲਈ ਸਾਧਨ ਕਿਵੇਂ ਪੈਦਾ ਕੀਤੇ ਜਾਣ। ਸਮੇਂ ਦਾ ਇਸ਼ਾਰਾ ਕਿੱਧਰ ਹੈ, ਇਸ ਵੱਲ ਕੋਈ ਨਹੀਂ ਵੇਖਣਾ ਚਾਹੁੰਦਾ। ਥੋੜ੍ਹਾ ਸਮਾਂ ਕੱਢਣ ਵਾਸਤੇ ਵੀ ਕੋਈ ਤਿਆਰ ਨਹੀਂ ਕਿ ਪਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਨਾਮ ਸਿਮਰਨ ਕਰ ਲਿਆ ਜਾਵੇ। ਮਨੁੱਖ ਦੇ ਵੱਸ ਵਿਚ ਕੁਝ ਨਹੀਂ ਹੈ, ਪਰਮਾਤਮਾ ਸਭ ਕੁਝ ਕਰਨ-ਕਰਵਾਉਣ ਵਾਲਾ ਹੈ। ਪੈਸਿਆਂ ਨਾਲ ਦੁਨਿਆਵੀ ਚੀਜ਼ਾਂ ਤਾਂ ਖ਼ਰੀਦੀਆਂ ਜਾ ਸਕਦੀਆਂ ਹਨ ਪਰ ਮਨ ਦੀ ਸ਼ਾਂਤੀ ਪਰਮਾਤਮਾ ਦਾ ਨਾਮ ਸਿਮਰਨ ਕਰ ਕੇ ਹੀ ਮਿਲ ਸਕਦੀ ਹੈ।

ਪਰਮਾਤਮਾ ਵੱਲੋਂ ਦਿੱਤੇ ਸੁਆਸਾਂ ਨਾਲ ਸਿਮਰਨ ਕਰਨ 'ਤੇ ਕੁਝ ਘਟਦਾ ਨਹੀਂ ਬਲਕਿ ਆਪਣੇ ਨਾਲ-ਨਾਲ ਹੋਰਨਾਂ ਲੋਕਾਂ, ਰਿਸ਼ਤੇਦਾਰਾਂ, ਮਿੱਤਰਾਂ ਦਾ ਵੀ ਭਲਾ ਹੀ ਹੁੰਦਾ ਹੈ। ਨਾਮ ਬਾਣੀ ਹਿਰਦੇ 'ਚ ਵਸਾਉਣ ਨਾਲ ਉਸ ਦਾ ਹੋਰਨਾਂ 'ਤੇ ਕਿਤੇ ਨਾ ਕਿਤੇ ਪ੍ਰਭਾਵ ਜ਼ਰੂਰ ਪੈਂਦਾ ਹੈ ਜਿਸ ਦਾ ਸਾਨੂੰ ਸਮੇਂ ਦੀ ਅਧੀਨ ਵਿਚਰਦਿਆਂ ਅਨੁਭਵ ਹੋ ਜਾਂਦਾ ਹੈ। ਇਸ ਲਈ ਸੁਆਸਾਂ ਦੀ ਆਪਣੀ ਪ੍ਰਮੁੱਖਤਾ ਹੈ, ਉੱਥੇ ਸਿਮਰਨ ਪਰਮਾਤਮਾ ਨਾਲ ਜੁੜਨ ਦਾ ਸੁਚੱਜਾ ਮਾਰਗ ਹੈ। ਜ਼ਿੰਦਗੀ ਨਿਵੇਕਲਾ ਤੇ ਸਮੇਂ ਨੂੰ ਆਧਾਰ ਬਣਾ ਕੇ ਕੁਝ ਅਹਿਮ ਕਰਨ ਦੇ ਮੌਕੇ ਵਾਰ-ਵਾਰ ਨਹੀਂ ਦਿੰਦੀ। ਇਸ ਲਈ ਜੋ ਇਸ ਦੇ ਦਾਇਰੇ ਵਿਚ ਤੁਰਦਾ ਹੈ, ਪਰਮਾਤਮਾ ਉਸ ਦੇ ਅੰਗ-ਸੰਗ ਸਹਾਈ ਹੁੰਦੇ ਹਨ। ਪਰਮਾਤਮਾ ਨਾਲ ਸਾਂਝ ਪਾਉਣ ਲਈ ਸਾਨੂੰ ਆਪਣੀ ਸੋਚ ਨੂੰ ਬਦਲਣਾ ਪਵੇਗਾ ਤਦ ਹੀ ਮਨੁੱਖੀ ਜੀਵਨ ਸਫਲ ਹੋ ਸਕਦਾ ਹੈ। •

97813-20622

---

ਅਲੀ ਰਾਜਪੁਰਾ

## ਨਵਾਬ ਸੈਫ਼ੂਦੀਨ ਗੁਰੂ ਤੇਗ ਬਹਾਦਰ ਸਾਹਿਬ ਦਾ ਅਨਿਨ ਸੇਵਕ ਸੀ। ਜਦ ਗੁਰੂ ਜੀ ਦਿੱਲੀ ਵਿਖੇ ਸ਼ਹਾਦਤ ਦੇਣ ਲਈ ਜਾ ਰਹੇ ਸਨ ਤਾਂ ਉਹ ਸੈਫ਼ੂਦੀਨ ਪਾਸ ਵੀ ਠਹਿਰੇ। ਗੁਰੂ ਸਾਹਿਬ ਦੀ ਸ਼ਹਾਦਤ ਦੀ ਖ਼ਬਰ ਸੁਣ ਕੇ ਸੈਫ਼ੂਦੀਨ ਨੇ ਸਵਾ ਮਹੀਨਾ ਕਾਲਾ ਮਾਤਮੀ ਲਿਬਾਸ ਪਾਈ ਰੱਖਿਆ ਸੀ...



ਬਹਾਦਰਗੜ੍ਹ ਦੇ ਬਾਗ਼ 'ਚ ਸਥਿਤ ਉਹ ਥੜ੍ਹਾ ਜਿਸ ਉੱਪਰ ਗੁਰੂ ਤੇਗ ਬਹਾਦਰ ਸਾਹਿਬ ਬਿਰਾਜਮਾਨ ਹੋਏ ਸਨ।

# ਗੁਰੂ ਘਰ ਦਾ ਅਨਿਨ ਸੇਵਕ ਨਵਾਬ ਸੈਫ਼ੂਦੀਨ

ਨਵਾਬ ਸੈਫ਼ੂਦੀਨ ਮੁਗ਼ਲਾਂ ਦੇ ਸਮੇਂ ਪ੍ਰਮੁੱਖ ਅਹਿਲਕਾਰ ਤੇ ਸ਼ਾਹਜਹਾਂ ਦਾ ਸਾਂਢੂ ਸੀ। ਉਸ ਦੇ ਵੱਡੇ ਭਾਈ ਨਵਾਬ ਫਿਦਾਈ ਖ਼ਾਂ ਅਤੇ ਮੁਗ਼ਲ ਬਾਦਸ਼ਾਹ ਔਰੰਗਜ਼ੇਬ ਨੂੰ ਇਕੋ ਦਾਈ ਨੇ ਪਾਲਿਆ ਸੀ। ਨਵਾਬ ਸੈਫ਼ੂਦੀਨ ਦਾ ਅੱਬਾ ਫ਼ਖ਼ਰੂਦੀਨ ਅਹਿਮਦ ਬਖ਼ਸ਼ੀ ਜਹਾਂਗੀਰ ਦੇ ਸਮੇਂ ਤੁਰਕਿਸਤਾਨ ਤੋਂ ਭਾਰਤ ਆਇਆ। ਜਦ ਸ਼ਾਹਜਹਾਂ ਬਾਦਸ਼ਾਹ ਬਣਿਆ ਤਾਂ ਉਸ ਨੇ ਉਸ ਨੂੰ 'ਤਰਬੀਅਤ ਖ਼ਾਂ' ਦਾ ਖ਼ਿਤਾਬ ਦਿੱਤਾ।

ਸ਼ਾਹਜਹਾਂ ਦੇ ਰਾਜਕਾਲ ਦੇ ਅੰਤਲੇ ਦਿਨਾਂ 'ਚ ਸੈਫ਼ੂਦੀਨ ਨੂੰ ਸੱਤ ਸੌ ਦਾ ਮਨਸੂਬੇਦਾਰ ਬਣਾਇਆ ਗਿਆ ਤੇ ਇਕ ਸੌ ਘੋੜ ਸਵਾਰ ਉਸ ਦੇ ਮੁਤਹਿਤ ਕੀਤੇ ਗਏ। ਜਦੋਂ ਸ਼ਾਹਜਹਾਂ ਦੇ ਪੁੱਤਰਾਂ ਵਿਚਾਲੇ ਤਖ਼ਤ ਲਈ ਜੰਗ ਸ਼ੁਰੂ ਹੋਈ ਤਾਂ ਸੈਫ਼ੂਦੀਨ ਨੂੰ ਰਾਜਾ ਜਸਵੰਤ ਸਿੰਘ ਨਾਲ ਮਾਲਵੇ ਵਿਚ ਔਰੰਗਜ਼ੇਬ ਦਾ ਮੁਕਾਬਲਾ ਕਰਨ ਲਈ ਭੇਜਿਆ ਗਿਆ। ਰਾਜਾ ਜਸਵੰਤ ਸਿੰਘ ਦੇ ਪੈਰ ਥਿੜਕਦੇ ਦੇਖ ਕੇ ਸੈਫ਼ੂਦੀਨ ਔਰੰਗਜ਼ੇਬ ਨਾਲ ਰਲ ਗਿਆ। ਉਸ ਨੂੰ ਔਰੰਗਜ਼ੇਬ ਨੇ ਪੰਦਰਾਂ ਸੌ ਦਾ ਮਨਸੂਬੇਦਾਰ ਬਣਾ ਦਿੱਤਾ ਤੇ ਉਸ ਨੂੰ 'ਸੈਫ਼ ਖ਼ਾਨ' ਦੀ ਉਪਾਧੀ ਬਖ਼ਸ਼ੀ। ਇਹ ਸੈਫ਼ੂਦੀਨ ਦੀ ਚਾਲ ਸੀ। ਉਹ ਦਿਲੋਂ ਔਰੰਗਜ਼ੇਬ ਦੇ ਨਾਲ ਨਹੀਂ ਸੀ। ਔਰੰਗਜ਼ੇਬ ਨੇ ਉਸ ਨੂੰ ਗੁਜ਼ਾਰੇ ਲਈ 12 ਪਿੰਡਾਂ ਦਾ ਖ਼ੁਸ਼ਕ ਜਿਹਾ ਇਲਾਕਾ ਦੇ ਦਿੱਤਾ। ਉਸ ਨੇ ਇਸ ਇਲਾਕੇ ਵਿਚ ਪਟਿਆਲਾ ਤੋਂ 8 ਕਿਲੋਮੀਟਰ ਦੂਰ ਪਟਿਆਲਾ-ਰਾਜਪੁਰਾ ਸੜਕ ਉੱਪਰ ਆਪਣੇ ਨਾਂ 'ਤੇ ਸੈਫ਼ਾਬਾਦ (ਕਿਲ੍ਹਾ ਬਹਾਦਰਗੜ੍ਹ) ਨਾਂ ਦਾ ਇਕ ਨਗਰ ਆਬਾਦ ਕੀਤਾ ਤੇ ਇਕ ਕਿਲ੍ਹਾ ਵੀ ਬਣਵਾਇਆ।

ਧਾਰਮਿਕ ਬਿਰਤੀ ਦੇ ਨਾਲ-ਨਾਲ ਸੈਫ਼ੂਦੀਨ ਸਿਆਣਾ ਰਾਜਨੀਤਿਕ ਵੀ ਸੀ। ਉਸ ਦੀ ਮਿਹਨਤ ਨਾਲ ਇਲਾਕੇ ਵਿਚ ਬਹਾਰਾਂ ਲੱਗ ਗਈਆਂ। ਪੀਰ ਭੀਖਣ ਸ਼ਾਹ ਦੇ ਸੰਪਰਕ 'ਚ ਆਉਣ ਨਾਲ ਉਨ੍ਹਾਂ ਦੀ ਇਕੋ ਜਮਾਤ ਬਣ ਗਈ ਸੀ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜਦੋਂ ਅਨੰਦਪੁਰ ਸਾਹਿਬ ਤੋਂ ਆਪਣੇ ਸ਼ਰਧਾਲੂਆਂ ਨਾਲ ਧਰਮ ਪ੍ਰਚਾਰ ਕਰਦੇ ਹੋਏ ਕੀਰਤਪੁਰ, ਘਨੌਲੀ, ਰੋਪੜ, ਉਗਾਣਾਂ, ਸਰਾਏ, ਨੌ ਲੱਖਾ, ਲਹਿਲਪੁਰਾ ਪੁੱਜੇ ਤਾਂ ਮੁੱਸਾ ਰੋਪੜੀ ਨੇ ਸੈਫ਼ ਖ਼ਾਨ ਨੂੰ ਗੁਰੂ ਤੇਗ ਬਹਾਦਰ ਸਾਹਿਬ ਦੀ ਮਹਿਮਾ ਸੁਣਾਈ। ਜਦੋਂ ਸੈਫ਼ ਖ਼ਾਨ ਨੇ ਗੁਰੂ ਤੇਗ ਬਹਾਦਰ ਜੀ ਦੀ ਆਮਦ ਬਾਰੇ ਸੁਣਿਆ ਤਾਂ ਗੁਰੂ ਸਾਹਿਬ ਨੂੰ ਆਪਣੇ ਬਾਗ਼ ਵਿਚ ਲੈ ਆਇਆ। ਉਸ ਨੇ ਮੇਵਿਆਂ ਤੇ ਹੋਰ ਖਾਣ-ਪੀਣ ਦੀਆਂ ਵਸਤਾਂ ਮੰਗਵਾਈਆਂ ਤੇ ਬਾਗ਼ ਵਿਚ ਗੁਰੂ ਸਾਹਿਬ ਅੱਗੇ ਪੇਸ਼ ਕੀਤੀਆਂ ਤੇ ਕਿਹਾ, 'ਗੁਰੂ ਜੀ, ਅੱਜ ਮੇਰਾ ਜੀਵਨ ਸਫਲ ਹੋਇਆ ਹੈ।' ਸੈਫ਼ ਖ਼ਾਨ ਦੇ ਬਾਗ਼ ਵਿਚ ਗੁਰੂ ਜੀ ਨੇ ਠਹਿਰ ਕੀਤੀ। ਜਿਥੇ ਗੁਰੂ ਸਾਹਿਬ ਬਿਰਾਜਮਾਨ ਹੋਏ ਸਨ, ਉਹ ਚੌਂਤਰਾ ਅੱਜ ਵੀ ਸਾਂਭਿਆ ਹੋਇਆ ਹੈ।

ਸੈਫ਼ ਖ਼ਾਨ ਇਕ ਨੇਕ ਦਿਲ ਇਨਸਾਨ ਸੀ। ਉਹ ਅਕਸਰ ਕਿਹਾ ਕਰਦਾ ਸੀ ਕਿ ਚਰਚਾ ਵਿਚ ਖਿਝਣਾ ਤੇ ਦੂਜਿਆਂ ਨੂੰ ਚੋਟਾਂ ਨਹੀਂ ਮਾਰਨੀਆਂ ਚਾਹੀਦੀਆਂ। ਜੇਕਰ ਤੁਸੀਂ ਚਾਹੁੰਦੇ ਹੋ ਕਿ ਅਗਲਾ ਠੀਕ ਰਹੇ ਤਾਂ ਉਸ ਦੀ ਗੱਲ ਮੰਨਦੇ ਰਹੋ। ਕੋਸ਼ਿਸ਼ ਜ਼ਰੂਰ ਕਰੋ ਸਮਝਾਉਣ ਦੀ, ਜੇਕਰ ਉਹ ਫਿਰ ਵੀ ਨਾ ਮੰਨੇ ਤਾਂ ਸਮਝੋ ਕਿ ਉਹ ਜੋ ਕੁਝ ਵੀ ਕਹਿ ਰਿਹਾ ਹੈ, ਉਹ ਠੀਕ ਹੀ ਹੈ। ਜਦੋਂ ਪਹਿਲੀ ਵਾਰ ਗੁਰੂ ਸਾਹਿਬ ਸੈਫ਼ੂਦੀਨ ਕੋਲ ਗਏ ਤਾਂ ਉਸ ਨੇ ਗੁਰੂ ਸਾਹਿਬ ਨੂੰ ਇੰਨਾ ਸਤਿਕਾਰ ਦਿੱਤਾ ਸੀ ਕਿ ਘੋੜੇ ਤੋਂ ਥੱਲੇ ਪੈਰ ਨਾ ਲਾਉਣ ਦਿੱਤਾ, ਸਗੋਂ ਆਪ ਘੋੜੇ ਦੀ ਰਕਾਬ ਫੜ ਕੇ ਪੈਦਲ ਤੁਰਿਆ। ਗੁਰੂ ਸਾਹਿਬ ਆਪਣੇ ਜੀਵਨ ਕਾਲ ਦੌਰਾਨ ਚਾਰ ਵਾਰ ਸੈਫ਼ ਖ਼ਾਨ ਦੇ ਘਰ ਆਏ ਸਨ। ਜਦੋਂ ਗੁਰੂ ਜੀ ਸ਼ਹਾਦਤ ਦੇਣ ਲਈ ਦਿੱਲੀ ਵੱਲ ਗਏ ਤਾਂ ਉਨ੍ਹਾਂ ਦੀ ਸੈਫ਼ੂਦੀਨ ਦੇ ਘਰ ਠਹਿਰੇ ਹੋਣ ਦੀ ਖ਼ਬਰ ਮੁਗ਼ਲ ਫ਼ੌਜ ਨੂੰ ਮਿਲੀ। ਉਹ ਗੁਰੂ ਸਾਹਿਬ ਨੂੰ ਗ੍ਰਿਫ਼ਤਾਰ ਕਰਨ ਲਈ ਆਣ ਪਹੁੰਚੇ। ਸੈਫ਼ੂਦੀਨ ਨੇ ਫ਼ੌਜ ਨੂੰ ਉਲਟ ਦਿਸ਼ਾ ਵੱਲ ਤੋਰ ਕੇ ਗੁਰੂ ਸਾਹਿਬ ਪ੍ਰਤੀ ਆਪਣੀ ਵਫ਼ਾ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ। ਸੈਫ਼ੂਦੀਨ ਨਹੀਂ ਸੀ ਚਾਹੁੰਦਾ ਕਿ ਗੁਰੂ ਸਾਹਿਬ ਉਸ ਦੇ ਘਰ ਤੋਂ ਗ੍ਰਿਫ਼ਤਾਰ ਹੋਣ। ਗੁਰੂ ਸਾਹਿਬ ਦੇ ਹਿਰਦੇ ਵਿਚ ਵੀ ਸੈਫ਼ੂਦੀਨ ਲਈ ਅਜਿਹਾ ਪਿਆਰ ਸੀ ਕਿ ਜਦੋਂ ਗੁਰੂ ਜੀ ਪੂਰਬ ਦਿਸ਼ਾ ਵੱਲ ਨੂੰ ਗਏ ਤਾਂ ਸੈਫ਼ੂਦੀਨ ਨੂੰ ਯਾਦ ਕਰਦੇ ਰਹਿੰਦੇ ਸਨ। ਜੇ ਕੋਈ ਚੰਗੀ ਵਸਤੂ ਸੁਗਾਤ ਦੀ ਮਿਲੀ ਤਾਂ ਉਚੇਚਾ ਆਪਣੇ ਸਿੱਖਾਂ ਹੱਥ ਸੈਫ਼ੂਦੀਨ ਲਈ ਭੇਜਦੇ ਸਨ।

ਭਾਈ ਦਿਆਲ ਦਾਸ, ਭਾਈ ਰਾਮ ਰਾਇ ਅਤੇ ਹੋਰ ਸਿੱਖਾਂ ਦੇ ਨਾਮ ਸੰਦੇਸ਼ ਵਿਚ ਵਿਸ਼ੇਸ਼ ਜ਼ਿਕਰ ਮਿਲਦਾ ਹੈ। ਦੱਸਿਆ ਜਾਂਦਾ ਹੈ ਕਿ ਇਕ ਫ਼ਕੀਰ ਹੋਣ ਦੇ ਨਾਲ-ਨਾਲ ਸੈਫ਼ੂਦੀਨ ਸ਼ਾਸਤਰੀ ਸੰਗੀਤ ਦੇ ਵੀ ਗਿਆਤਾ ਸਨ। ਗਵਾਲੀਅਰ ਦੇ ਰਾਜਾ ਮਾਨ ਸਿੰਘ (1486-1517) ਰਚਿਤ ਹਿੰਦੀ ਗ੍ਰੰਥ 'ਮਾਨਕ ਤੁਗਲ' ਦਾ ਫ਼ਾਰਸੀ ਅਨੁਵਾਦ ਵੀ ਸੈਫ਼ੂਦੀਨ ਨੇ ਹੀ ਕੀਤਾ ਸੀ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਦੀ ਖ਼ਬਰ ਸੁਣ ਕੇ ਉਨ੍ਹਾਂ ਨੇ ਸਵਾ ਮਹੀਨਾ ਕਾਲਾ ਮਾਤਮੀ ਲਿਬਾਸ ਪਾਈ ਰੱਖਿਆ ਸੀ। 26 ਅਗਸਤ 1684 ਈਸਵੀ ਨੂੰ ਸੈਫ਼ੂਦੀਨ ਇਸ ਫ਼ਾਨੀ ਦੁਨੀਆ ਨੂੰ ਅਲਵਿਦਾ ਆਖ ਗਏ। ਉਨ੍ਹਾਂ ਦੀ ਯਾਦ ਵਿਚ ਰੋਜ਼ਾ ਸਰੀਫ਼ 'ਨਵਾਬ ਬਾਬਾ ਸੈਫ਼ੂਦੀਨ' ਬਣਿਆ ਹੋਇਆ ਹੈ। ਇਸ ਜਗ੍ਹਾ 'ਤੇ ਗੁਰਦੁਆਰਾ ਬਹਾਦਰਗੜ੍ਹ ਵੀ ਸੁਸ਼ੋਭਿਤ ਹੈ। ਪਟਿਆਲਾ ਦੇ ਮਹਾਰਾਜਾ ਕਰਮ ਸਿੰਘ ਨੇ 1883 ਈਸਵੀ ਵਿਚ ਬਾਬਾ ਸੈਫ਼ੂਦੀਨ ਦੀ ਮਜ਼ਾਰ ਨੂੰ 300 ਵਿਘੇ ਜ਼ਮੀਨ ਦਾਨ ਵਜੋਂ ਭੇਟ ਕੀਤੀ ਸੀ। ਅੱਜ ਕੱਲ੍ਹ ਇਸ ਜਗ੍ਹਾ ਪੰਜਾਬ ਆਰਮੀ ਪੁਲਿਸ ਦੀ 36ਵੀਂ ਬਟਾਲੀਅਨ ਦਾ ਹੈਡਕੁਆਟਰ ਬਣਿਆ ਹੋਇਆ ਹੈ। •

94176-79302

ਕੌਮੀ ਪੱਤ੍ਰਿਕਾ

## ਸੰਪਾਦਕੀ

# ਪੱਛਮੀ ਬੰਗਾਲ ਵਿੱਚ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵਾਪਰ ਰਹੀਆਂ ਘਟਨਾਵਾਂ ਨਿੰਦਣਯੋਗ

ਪੱਛਮੀ ਬੰਗਾਲ ਵਿੱਚ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵਾਪਰ ਰਹੀਆਂ ਘਟਨਾਵਾਂ ਵਿੱਚੋਂ ਇੱਕ ਮਾਲਦਾ ਜ਼ਿਲ੍ਹੇ ਵਿੱਚ ਵੋਟਰ ਸੂਚੀ ਦੀ ਸੁਧਾਈ ਦੌਰਾਨ ਵਾਪਰੀ। 'ਕੋਈ ਕਾਰਵਾਈ ਨਾ ਕਰਨ' ਕਰਕੇ ਸੁਪਰੀਮ ਕੋਰਟ ਨੇ ਸੂਬਾਈ ਅਧਿਕਾਰੀਆਂ ਦੀ ਝਾੜ-ਝੰਬ ਕਰਦਿਆਂ ਸਪੱਸ਼ਟ ਚਿਤਾਵਨੀ ਦਿੱਤੀ ਹੈ ਕਿ ਕਾਨੂੰਨ ਵਿਵਸਥਾ ਦੀ ਹਰ ਕੀਮਤ 'ਤੇ ਰਾਖੀ ਕੀਤੀ ਜਾਣੀ ਚਾਹੀਦੀ ਹੈ। ਅਦਾਲਤ ਨੇ ਪੱਛਮੀ ਬੰਗਾਲ ਨੂੰ ਇਸ ਵੇਲੇ ਸਭ ਤੋਂ ਵੱਧ 'ਧਰੁਵੀਕਰਨ' ਵਾਲਾ ਸੂਬਾ ਕਹਿੰਦਿਆਂ ਕੇਂਦਰੀ ਏਜੰਸੀ ਤੋਂ ਇਸ ਮਾਮਲੇ ਦੀ ਜਾਂਚ ਕਰਵਾਏ ਜਾਣ ਦੇ ਹੁਕਮ ਦਿੰਦੇ ਹੋਏ ਇੱਕ ਪਰੇਸ਼ਾਨ ਕਰਨ ਵਾਲੀ ਸਥਿਤੀ ਉਜਾਗਰ ਕੀਤੀ ਹੈ ਕਿ ਕਾਨੂੰਨੀ ਪ੍ਰਕਿਰਿਆ ਦੀ ਪਾਲਣਾ ਕਰਨ ਲਈ ਤਾਇਨਾਤ ਕੀਤੇ ਗਏ ਕਰਮਚਾਰੀਆਂ ਨੂੰ ਡਰਾਇਆ-ਧਮਕਾਇਆ ਜਾ ਰਿਹਾ ਹੈ। ਸਿਆਸੀ ਟਕਰਾਅ ਕਾਰਨ ਜ਼ਾਹਰਾ ਤੌਰ 'ਤੇ ਪ੍ਰਬੰਧਕੀ ਖੜੋਤ ਪੈਦਾ ਹੋ ਰਹੀ ਹੈ। ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ (ਐੱਸ ਆਈ ਆਰ) ਸੰਵਿਧਾਨਿਕ ਤੌਰ 'ਤੇ ਕਰਵਾਉਣੀ ਜ਼ਰੂਰੀ ਹੈ, ਜੋ ਆਪਸੀ ਟਕਰਾਅ ਦਾ ਮੁੱਦਾ ਬਣੀ ਹੋਈ ਹੈ। ਵਿਆਪਕ ਪੱਧਰ 'ਤੇ ਵੋਟਰਾਂ ਦੇ ਨਾਂ ਸੂਚੀ ਵਿੱਚੋਂ ਹਟਾਉਣ ਦੇ ਦੋਸ਼ ਜਨਤਕ ਰੋਹ ਨੂੰ ਭੜਕਾ ਰਹੇ ਹਨ, ਜਦੋਂਕਿ ਦੂਜੇ ਪਾਸੇ ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਇਹ ਵਿਰੋਧ ਸੁਧਾਈ ਪ੍ਰਕਿਰਿਆ ਵਿੱਚ ਰੁਕਾਵਟਾਂ ਖੜ੍ਹੀਆਂ ਕਰਨ ਲਈ ਪ੍ਰਗਟਾਇਆ ਜਾ ਰਿਹਾ ਹੈ। ਫਿਰ ਵੀ ਸਿਆਸੀ ਵਿਰੋਧ ਦੇ ਬਾਵਜੂਦ ਨਿਆਂਇਕ ਅਫ਼ਸਰਾਂ ਨੂੰ ਘੰਟਿਆਂਬੱਧੀ ਬੰਦੀ ਬਣਾਉਣਾ ਕਿਸੇ ਵੀ ਸੂਰਤ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਇਹ ਨਾ ਸਿਰਫ਼ ਜਨਤਕ ਵਿਵਸਥਾ ਨੂੰ ਹੀ ਖੋਰਾ ਲਗਾਉਂਦਾ ਹੈ ਸਗੋਂ ਇਹ ਸੰਵਿਧਾਨਿਕ ਅਥਾਰਟੀ ਦੇ ਸਤਿਕਾਰ ਨੂੰ ਵੀ ਘਟਾਉਂਦਾ ਹੈ।

ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਇਸ ਘਟਨਾ ਦੀ ਨਿੰਦਾ ਕੀਤੀ ਹੈ, ਪਰ ਉਸ ਨੇ ਸਮੁੱਚੀ ਸਥਿਤੀ ਲਈ ਚੋਣ ਕਮਿਸ਼ਨ ਅਤੇ ਸਿਆਸੀ ਵਿਰੋਧੀਆਂ ਨੂੰ ਦੋਸ਼ੀ ਠਹਿਰਾਇਆ ਹੈ। ਭਾਜਪਾ, ਜੋ ਆਗਾਮੀ ਚੋਣਾਂ ਵਿੱਚ ਤ੍ਰਿਣਮੂਲ ਕਾਂਗਰਸ ਨੂੰ ਸੱਤਾ ਤੋਂ ਲਾਂਭੇ ਕਰਨ ਲਈ ਹਰ ਹਰਬਾ ਵਰਤ ਰਹੀ ਹੈ, ਨੇ ਸੂਬੇ ਵਿੱਚ ਅਜਿਹੀ ਅਰਾਜਕਤਾ ਨੂੰ ਵਿਵਸਥਾ ਦੇ ਢਹਿ-ਢੇਰੀ ਹੋਣ ਦਾ ਸਬੂਤ ਦੱਸਿਆ ਹੈ। ਇੱਕ-ਦੂਜੇ 'ਤੇ ਚਿੱਕੜ ਉਛਾਲੀ ਦੀ ਇਹ ਖੇਡ ਜਵਾਬਦੇਹੀ ਯਕੀਨੀ ਬਣਾਉਣ ਅਤੇ ਸੁਧਾਰਾਤਮਕ ਕਾਰਵਾਈ ਦੀ ਲੋੜ ਤੋਂ ਧਿਆਨ ਭਟਕਾਉਂਦੀ ਹੈ।

ਕੇਂਦਰੀ ਬਲਾਂ ਦੀ ਤਾਇਨਾਤੀ ਦੇ ਨਾਲ ਨਾਲ ਇਸ ਮਾਮਲੇ ਦੀ ਸੁਤੰਤਰ ਜਾਂਚ ਸ਼ੁਰੂ ਕਰਨ ਲਈ ਨਿਰਦੇਸ਼ਾਂ ਜਿਹੇ ਕਦਮ ਲਾਜ਼ਮੀ ਚੁੱਕੇ ਜਾਣੇ ਚਾਹੀਦੇ ਹਨ। ਇਸ ਦੇ ਨਾਲ ਹੀ ਪ੍ਰਸ਼ਾਸਕੀ ਮਸ਼ੀਨਰੀ ਦਾ ਗ਼ੈਰ-ਸਿਆਸੀਕਰਨ, ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣਾ ਅਤੇ ਲੋਕਾਂ ਦਾ ਵਿਸ਼ਵਾਸ ਬਹਾਲ ਕਰਨਾ ਵੀ ਜ਼ਰੂਰੀ ਹੈ। ਜਮਹੂਰੀਅਤ ਦਾ ਵਰਤਮਾਨ ਅਤੇ ਭਵਿੱਖ ਸੰਵਿਧਾਨਿਕ ਅਦਾਰਿਆਂ ਦੇ ਬਿਨਾਂ ਡਰ ਜਾਂ ਪੱਖਪਾਤ ਦੇ ਕੰਮ ਕਰਨ ਦੀ ਸਮਰੱਥਾ 'ਤੇ ਨਿਰਭਰ ਕਰਦਾ ਹੈ। ਮਾਲਦਾ ਦੀ ਘਟਨਾ ਨੂੰ ਇੱਕ ਚਿਤਾਵਨੀ ਵਜੋਂ ਲੈਣਾ ਚਾਹੀਦਾ ਹੈ। ਜਦੋਂ ਧਰੁਵੀਕਰਨ ਉਸ ਹੱਦ ਤੱਕ ਪਹੁੰਚ ਜਾਂਦਾ ਹੈ ਕਿ ਅਧਿਕਾਰੀਆਂ ਦੇ ਕੰਮ ਵਿੱਚ ਸ਼ਰ੍ਹੇਆਮ ਰੋੜੇ ਅਟਕਾਏ ਜਾਂਦੇ ਹਨ ਤਾਂ ਇਸ ਦੇ ਸਿੱਟੇ ਕਿਸੇ ਇੱਕ ਸੂਬੇ ਤੱਕ ਮਹਿਦੂਦ ਨਹੀਂ ਰਹਿੰਦੇ। ਅਜਿਹੀਆਂ ਘਟਨਾਵਾਂ ਭਾਰਤ ਦੇ ਜਮਹੂਰੀ ਢਾਂਚੇ 'ਤੇ ਹਮਲਾ ਹਨ।

# ਨਰਸਿੰਗ ਸਟਾਫ ਦੀ ਸੂਬਾ ਪੱਧਰੀ ਹੜਤਾਲ ਦਾ ਨੌਵੇਂ ਦਿਨ ਵੀ ਪੂਰੀ ਇਕਜੁੱਟਤਾ ਨਾਲ ਜਾਰੀ




**ਪਟਿਆਲਾ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

4600 ਗਰੇਡ ਪੇਅ ਦੀ ਬਹਾਲੀ ਲਈ ਜਾਰੀ ਨਰਸਿੰਗ ਸਟਾਫ ਦੀ ਸੂਬਾ ਪੱਧਰੀ ਹੜਤਾਲ ਦਾ ਨੌਵੇਂ ਦਿਨ ਵੀ ਪੂਰੀ ਇਕਜੁੱਟਤਾ ਨਾਲ ਜਾਰੀ ਰਿਹਾ। ਇਸ ਦੌਰਾਨ ਹੜਤਾਲ਼ੀ ਸਟਾਫ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਰੈਲੀ ਦੇ ਨਾਟਕੀ ਰੂਪ ਦੀ ਪੇਸ਼ਕਾਰੀ ਕੀਤੀ ਗਈ। ਇਸ ਦੌਰਾਨ ਪੇਸ਼ ਕੀਤੇ ਗਏ ਨਾਟਕ ਰਾਹੀਂ ਇਹ ਦਰਸਾਉਣ ਦੀ ਕੋਸ਼ਿਸ਼ ਕੀਤੀ ਗਈ ਕਿ ਕਿਵੇਂ ਸੱਤਾਂ ਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਕੀਤੇ ਗਏ ਵਾਅਦੇ ਹੁਣ ਪੂਰੇ ਨਹੀਂ ਕੀਤੇ ਜਾ ਰਹੇ।ਇਸ ਨਾਟਕੀ ਪ੍ਰਦਰਸ਼ਨ ਦੌਰਾਨ ਬਸੰਤੀ ਪੱਗ ਬੰਨ੍ਹ ਕੇ ਆਏ ਪ੍ਰਦਰਸ਼ਨਕਾਰੀ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਰੋਲ ਅਦਾ ਕੀਤਾ। ਇਸ ਨੌਜਵਾਨ ਦੇ ਆਉਣ ਦਾ ਸਾਰਾ ਵਰਤਾਰਾ ਇਸ ਤਰ੍ਹਾ ਪੇਸ਼ ਕੀਤਾ ਗਿਆ ਜਿਵੇਂ ਸੱਚ-ਮੁੱਚ ਹੀ ਮੁਖ ਮੰਤਰੀ ਧਰਨੇ 'ਚ ਆ ਪੁੱਜੇ ਹੋਣ। ਉਸ ਨੇ ਸਰਕਾਰ ਬਣਨ ਤੋਂ ਪਹਿਲਾਂ ਅਤੇ ਬਾਅਦ ਦੇ ਹਾਲਾਤ ਦੀ ਪੇਸ਼ਕਾਰੀ ਕੀਤੀ। ਹੜਤਾਲ਼ ਦੀ ਅਗਵਾਈ ਕਰ ਰਹੇ ਸੂਬਾ ਪ੍ਰਧਾਨ ਰਮਨਦੀਪ ਸਿੰਘ ਗਿੱਲ ਦਾ ਕਹਿਣਾ ਸੀ ਕਿ ਇਸ ਨਾਟਕ ਰਾਹੀਂ ਉਨ੍ਹਾਂ ਨੇ ਇਹ ਸੰਦੇਸ਼ ਦੇਣ ਦੀ ਕੋਸ਼ਿਸ਼ ਕੀਤੀ ਹੈ ਕਿ ਸੂਬੇ ਵਿੱਚ ਮੁਲਾਜ਼ਮ ਵਰਗ ਦੀ ਸਥਿਤੀ ਨਾਜ਼ੁਕ ਬਣ ਚੁੱਕੀ ਹੈ ਅਤੇ ਉਨ੍ਹਾਂ ਨੂੰ ਆਪਣੀਆਂ ਹੱਕੀ ਮੰਗਾਂ ਤੋਂ ਵੀ ਵਾਂਝਾ ਰੱਖਿਆ ਜਾ ਰਿਹਾ ਹੈ। ਇਸੇ ਦੌਰਾਨ ਯੂਨਾਈਟਿਡ ਨਰਸਿਜ਼ ਐਸੋਸੀਏਸ਼ਨ ਆਫ ਪੰਜਾਬ ਨੇ ਸਰਕਾਰ ਨੂੰ ਸੰਘਰਸ਼ ਹੋਰ ਤੇਜ਼ ਕਰਨ ਲਈ ਮਜਬੂਰ ਹੋਣਗੇ।

# ਪਰਾਲੀ ਤੋਂ ਪੈਲਟ ਯੂਨਿਟ ਲਗਾਉਣ ਸਬੰਧੀ ਕਿਸਾਨਾਂ ਨੂੰ ਕੀਤਾ ਜਾਗਰੂਕ



**ਤਰਨਤਾਰਨ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ, ਹਰਿਆਣਾ ਅਤੇ ਦੇਸ਼ ਦੇ ਹੋਰਨਾਂ ਹਿੱਸਿਆਂ ਵਿੱਚ ਝੋਨੇ ਦੀ ਪਰਾਲੀ ਸਾੜਨ ਨਾਲ ਹਰ ਸਾਲ ਵੱਡੀ ਮਾਤਰਾ ਵਿੱਚ ਹਵਾ ਪ੍ਰਦੂਸ਼ਣ ਹੁੰਦਾ ਹੈ। ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਦੀ ਪ੍ਰਧਾਨਗੀ ਹੇਠ ਸਟੱਬਲ ਬਰਨਿੰਗ ਦੀ ਹੋਈ ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਕਿ ਇਸ ਸਮੱਸਿਆ ਦਾ ਇਕ ਪ੍ਰਭਾਵਸ਼ਾਲੀ ਹੱਲ ਪਰਾਲੀ ਤੋਂ ਪੈਲਟ ਬਣਾਉਣ ਵਾਲੇ ਯੂਨਿਟਾਂ ਦੀ ਸਥਾਪਨਾ ਹੈ।

ਉਨ੍ਹਾਂ ਕਿਹਾ ਕਿ ਇਹ ਤਕਨੀਕ ਨਾ ਸਿਰਫ਼ ਵਾਤਾਵਰਨ ਨੂੰ ਸੁਰੱਖਿਅਤ ਬਣਾਉਂਦੀ ਹੈ, ਸਗੋਂ ਕਿਸਾਨਾਂ ਅਤੇ ਉਦਯੋਗਾਂ ਲਈ ਵਧੀਆ ਆਮਦਨ ਦਾ ਸਰੋਤ ਵੀ ਬਣ ਰਹੀ ਹੈ। ਪੈਲਟ ਛੋਟੇ-ਛੋਟੇ ਠੋਸ ਈਂਧਨ ਦੇ ਟੁਕੜੇ ਹੁੰਦੇ ਹਨ, ਜੋ ਪਰਾਲੀ ਨੂੰ ਪ੍ਰੈੱਸ ਕਰਕੇ ਬਣਾਏ ਜਾਂਦੇ ਹਨ। ਇਹ ਪੈਲਟ ਥਰਮਲ ਪਾਵਰ ਪਲਾਂਟਾਂ, ਬਾਇਲਰਾਂ ਅਤੇ ਉਦਯੋਗਿਕ ਇਕਾਈਆਂ ਵਿੱਚ ਕੋਲੇ ਦੇ ਬਦਲ ਵਜੋਂ ਵਰਤੇ ਜਾਂਦੇ ਹਨ। ਸਰਕਾਰ ਵੀ ਇਸ ਉਪਰਾਲੇ ਨੂੰ ਪ੍ਰੋਤਸਾਹਿਤ ਕਰ ਰਹੀ ਹੈ ਅਤੇ ਕਈ ਸਕੀਮਾਂ ਰਾਹੀਂ ਸਬਸਿਡੀ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਖੇਤੀਬਾੜੀ ਵਿਭਾਗ ਵੱਲੋਂ ਇਸ ਸਬੰਧੀ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।

ਇਸੇ ਤਹਿਤ ਕਿਸਾਨਾਂ ਨੂੰ ਪੈਲਟ ਯੂਨਿਟ ਸਬੰਧੀ ਜਾਣਕਾਰੀ ਦਿੰਦਿਆਂ ਖੇਤੀਬਾੜੀ ਵਿਭਾਗ ਤੋਂ ਡਾ. ਯਾਦਵਿੰਦਰ ਸਿੰਘ ਨੇ ਦੱਸਿਆ ਕਿ ਇਕ ਪੈਲਟ ਬਣਾਉਣ ਵਾਲਾ ਯੂਨਿਟ ਲਗਾਉਣ ਲਈ ਲੱਗਭਗ 15 ਤੋਂ 25 ਲੱਖ ਰੁਪਏ ਦੀ ਲਾਗਤ ਆਉਂਦੀ ਹੈ, ਜੋ ਕਿ ਮਸ਼ੀਨਰੀ, ਸ਼ੈੱਡ ਅਤੇ ਕੱਚੇ ਮਾਲ ਦੇ ਉੱਤੇ ਨਿਰਭਰ ਕਰਦੀ ਹੈ। ਇਕ ਦਰਮਿਆਨੇ ਪੱਧਰ ਦਾ ਯੂਨਿਟ ਦਿਨ ਵਿੱਚ 2 ਤੋਂ 5 ਟਨ ਤੱਕ ਪੈਲਟ ਤਿਆਰ ਕਰ ਸਕਦਾ ਹੈ। ਇਸ ਲਈ ਵੱਡੀ ਮਾਤਰਾ ਵਿੱਚ ਪਰਾਲੀ ਦੀ ਲੋੜ ਹੁੰਦੀ ਹੈ, ਜੋ ਕਿ ਸਿੱਧੇ ਕਿਸਾਨਾਂ ਤੋਂ ਖ਼ਰੀਦੀ ਜਾ ਸਕਦੀ ਹੈ। ਇਸ ਨਾਲ ਕਿਸਾਨਾਂ ਨੂੰ ਵੀ ਪਰਾਲੀ ਵੇਚਣ ਤੋਂ ਵਾਧੂ ਆਮਦਨ ਮਿਲਦੀ ਹੈ।

ਉਨ੍ਹਾਂ ਦੱਸਿਆ ਕਿ ਪੈਲਟ ਦੀ ਮੰਗ ਤੇਜ਼ੀ ਨਾਲ ਵੱਧ ਰਹੀ ਹੈ, ਖਾਸ ਕਰਕੇ ਪਾਵਰ ਪਲਾਂਟਾਂ ਅਤੇ ਉਦਯੋਗਾਂ ਵਿੱਚ। ਉਨ੍ਹਾਂ ਕਿਹਾ ਕਿ ਐਨ.ਟੀ.ਪੀ.ਸੀ ਵਰਗੀਆਂ ਵੱਡੀਆਂ ਕੰਪਨੀਆਂ ਵੀ ਬਾਇਓਮਾਸ ਪੈਲਟ ਦੀ ਖ਼ਰੀਦ ਕਰ ਰਹੀਆਂ ਹਨ। ਇਸ ਕਾਰਨ ਇਸ ਖੇਤਰ ਵਿੱਚ ਨਿਵੇਸ਼ ਕਰਨ ਵਾਲਿਆਂ ਲਈ ਮਾਰਕੀਟ ਦੀ ਕੋਈ ਘਾਟ ਨਹੀਂ ਹੈ।

ਇਸ ਤੋਂ ਇਲਾਵਾ, ਪੈਲਟ ਯੂਨਿਟ ਪਿੰਡਾਂ ਵਿੱਚ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਦੇ ਹਨ। ਸਥਾਨਕ ਲੋਕਾਂ ਨੂੰ ਮਸ਼ੀਨ ਚਲਾਉਣ, ਪਰਾਲੀ ਇਕੱਠੀ ਕਰਨ ਅਤੇ ਟ੍ਰਾਂਸਪੋਰਟ ਕਰਨ ਵਿੱਚ ਕੰਮ ਮਿਲਦਾ ਹੈ।

ਉਨ੍ਹਾਂ ਕਿਹਾ ਕਿ ਝੋਨੇ ਦੀ ਪਰਾਲੀ ਤੋਂ ਪੈਲਟ ਬਣਾਉਣ ਵਾਲਾ ਯੂਨਿਟ ਇੱਕ ਲਾਹੇਵੰਦ ਅਤੇ ਭਵਿੱਖ ਦ੍ਰਿਸ਼ਟੀ ਵਾਲਾ ਕਾਰੋਬਾਰ ਹੈ। ਇਹ ਨਾ ਸਿਰਫ਼ ਕਿਸਾਨਾਂ ਦੀ ਆਮਦਨ ਵਧਾਉਂਦਾ ਹੈ, ਸਗੋਂ ਪ੍ਰਦੂਸ਼ਣ ਨੂੰ ਘਟਾ ਕੇ ਸਾਫ਼-ਸੁਥਰਾ ਵਾਤਾਵਰਣ ਬਣਾਉਣ ਵਿੱਚ ਵੀ ਯੋਗਦਾਨ ਪਾਉਂਦਾ ਹੈ। ਇਸ ਮੌਕੇ ਉਹਨਾਂ ਦੇ ਨਾਲ ਗੁਰਪ੍ਰਤਾਪ ਸਿੰਘ, ਹਰਪ੍ਰੀਤ ਸਿੰਘ, ਅਤੇ ਇਲਾਕੇ ਦੇ ਅਗਾਂਹਵਧੂ ਕਿਸਾਨ ਹਾਜ਼ਰ ਸਨ।

# ਵੱਖ-ਵੱਖ ਪਿੰਡਾਂ ਵਿੱਚ ਖੇਡ ਸਟੇਡੀਅਮਾਂ ਦੇ ਚੱਲ ਰਹੇ ਕੰਮਾਂ ਦਾ ਲਿਆ ਜਾਇਜ਼ਾ

**ਬਠਿੰਡਾ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸਿਹਤ, ਸਿੱਖਿਆ ਤੋਂ ਇਲਾਵਾ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਵਿਆਪਕ ਉਪਰਾਲੇ ਕੀਤੇ ਜਾ ਰਹੇ ਹਨ। ਇਸ ਦੇ ਤਹਿਤ, ਸੂਬੇ ਵਿੱਚ ਆਧੁਨਿਕ ਸਹੂਲਤਾਂ ਨਾਲ ਲੈਸ 3000 ਤੋਂ ਵੱਧ ਨਵੇਂ ਖੇਡ ਮੈਦਾਨ ਬਣਾਏ ਜਾ ਰਹੇ ਹਨ। ਇਹਨਾਂ ਸ਼ਬਦਾਂ ਨਾਲ ਪ੍ਰਗਟਾਵਾ ਵਿਧਾਇਕ ਮੌੜ ਸ. ਸੁਖਵੀਰ ਸਿੰਘ ਮਾਈਸਰਖਾਨਾ ਨੇ ਵੱਖ-ਵੱਖ ਪਿੰਡਾਂ ਵਿੱਚ ਬਣਾਏ ਜਾ ਰਹੇ ਖੇਡ ਮੈਦਾਨਾਂ ਦੇ ਕੰਮ ਦਾ ਨਿਰੀਖਣ ਕਰਨ ਮੌਕੇ ਕੀਤਾ।



ਇਸ ਦੌਰਾਨ ਵਿਧਾਇਕ ਸ. ਸੁਖਵੀਰ ਸਿੰਘ ਮਾਈਸਰਖਾਨਾ ਵੱਲੋਂ ਸੰਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਖੇਡ ਮੈਦਾਨਾਂ ਦੇ ਕੰਮ ਨੂੰ ਜਲਦ ਤੋਂ ਜਲਦ ਤੈਅ ਸਮੇਂ ਵਿੱਚ ਮੁਕੰਮਲ ਕੀਤਾ ਜਾਵੇ ਤਾਂ ਜੋ ਇਹ ਖੇਡ ਮੈਦਾਨ ਨੌਜਵਾਨਾਂ ਨੂੰ ਸਪੁਰਦ ਕੀਤੇ ਜਾ ਸਕਣ।

ਵਿਧਾਇਕ ਮੌੜ ਸ. ਸੁਖਵੀਰ ਸਿੰਘ ਮਾਈਸਰਖਾਨਾ ਨੇ ਅੱਜ ਪਿੰਡ ਕੋਟਲੀ ਖੁਰਦ ਵਿਖੇ 9.78 ਲੱਖ, ਕਮਾਲੂ ਵਿਖੇ 9.28 ਲੱਖ, ਬੁਰਜ 23.70 ਲੱਖ, ਸੰਦੋਹਾ 32.26, ਰਾਜਗੜ੍ਹ ਕੁਬੇ 23.35, ਮਾਨਸਾ ਕਲਾ 38.93, ਜੋਧਪੁਰ ਪਾਖਰ 20.54, ਭਾਈ ਬਖਤੌਰ 29.93, ਰਾਮਗੜ੍ਹ ਭੂੰਦੜ 13.15, ਕੋਟਭਾਰਾ 26.59, ਰਾਏਖਾਨਾ 54.56, ਗਹਿਰੀ ਬਾਰਾ ਸਿੰਘ 27.60, ਰਾਮਨਗਰ 53.33, ਕੁੱਤੀਵਾਲ ਕਲਾਂ 29.54, ਕੁੱਤੀਵਾਲ ਖੁਰਦ 23.79, ਥੰਮਣਗੜ੍ਹ 22.11 ਅਤੇ ਘੁੰਮਣ ਕਲਾਂ ਵਿਖੇ 43.67 ਲੱਖ ਦੀ ਲਾਗਤ ਨਾਲ ਬਣਾਏ ਜਾ ਰਹੇ ਖੇਡ ਮੈਦਾਨਾਂ ਦੇ ਕੰਮ ਦਾ ਨਿਰੀਖਣ ਕੀਤਾ।

ਉਹਨਾਂ ਆਪਣੇ ਦੌਰੇ ਦੌਰਾਨ ਕਿਹਾ ਕਿ ਇਨ੍ਹਾਂ ਖੇਡ ਮੈਦਾਨਾਂ ਦਾ ਉਦੇਸ਼ ਪੰਜਾਬ ਦੇ ਨੌਜਵਾਨਾਂ ਨੂੰ ਤੰਦਰੁਸਤ ਬਣਾਉਣ ਦੇ ਨਾਲ ਨਾਲ ਵੱਧ ਤੋਂ ਵੱਧ ਖੇਡਾਂ ਨਾਲ ਜੋੜਨਾ ਹੈ। ਉਹਨਾਂ ਕਿਹਾ ਕਿ ਇਹ ਖੇਡ ਮੈਦਾਨ ਪਿੰਡ ਪੱਧਰ 'ਤੇ ਖੇਡ ਸੱਭਿਆਚਾਰ ਨੂੰ ਵੀ ਉਤਸ਼ਾਹਿਤ ਕਰਨਗੇ।

ਉਹਨਾਂ ਦੱਸਿਆ ਕਿ ਇਨ੍ਹਾਂ ਖੇਡ ਮੈਦਾਨਾਂ ਦੇ ਨਿਰਮਾਣ ਲਈ ਸੂਬਾ ਸਰਕਾਰ ਵੱਲੋਂ ਵਿਸ਼ਾਲ ਬਜਟ ਰੱਖਿਆ ਗਿਆ ਹੈ ਤਾਂ ਜੋ ਇਹਨਾਂ ਨੂੰ ਜਲਦ ਤੋਂ ਜਲਦ ਤਿਆਰ ਕਰਕੇ ਵੱਖ-ਵੱਖ ਖੇਡਾਂ ਖੇਡਣ ਲਈ ਨੌਜਵਾਨਾਂ ਦੇ ਸਪੁਰਦ ਕੀਤਾ ਜਾ ਸਕੇ।

ਇਸ ਮੌਕੇ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਪਿੰਡਾਂ ਦੇ ਸਰਪੰਚ, ਪੰਚ, ਹੋਰ ਅਹੁਦੇਦਾਰਾਂ ਤੋਂ ਇਲਾਵਾ ਹੋਰ ਲੋਕ ਆਦਿ ਹਾਜ਼ਰ ਸਨ।

# ਪ੍ਰੀ-ਐਸ.ਆਈ.ਆਰ. ਕਾਰਜ: 2003 ਵੋਟਰ ਲਿਸਟਾਂ ਚੋਂ 73.49 ਫੀਸਦੀ ਲੋਕਾਂ ਦੀ ਮੈਪਿੰਗ ਕੀਤੀ ਗਈ: ਜ਼ਿਲ੍ਹਾ ਚੋਣ ਅਧਿਕਾਰੀ

**ਬਠਿੰਡਾ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰੀ-ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ) ਤਹਿਤ, ਬਠਿੰਡਾ ਚੋਣ ਵਿਭਾਗ 2003 ਵੋਟਰ ਲਿਸਟਾਂ ਚ ਮੌਜੂਦ ਵੋਟਰਾਂ ਦੇ ਡਾਟਾ ਦੀ ਮੈਪਿੰਗ ਪੂਰਨ ਕਰ ਲਈ ਗਈ ਹੈ। ਜ਼ਿਲ੍ਹਾ ਬਠਿੰਡਾ ਵਿੱਚ 73.49 ਫੀਸਦੀ ਵੋਟਰ ਮੈਪ ਕਰ ਲਏ ਗਏ ਹਨ, ਜਦਕਿ ਬਾਕੀ ਵੋਟਰਾਂ ਦੇ ਅੰਕਨ ਦਾ ਕੰਮ ਜਾਰੀ ਹੈ।



ਸ੍ਰੀ ਰਾਜੇਸ਼ ਧੀਮਨ, ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਨੇ ਪ੍ਰੀ-ਐਸ.ਆਈ.ਆਰ ਦੇ ਕੰਮ ਦੀ ਸਮੀਖਿਆ ਕਰਦਿਆਂ ਕਿਹਾ। ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੇ ਹੁਕਮਾਂ ਅਨੁਸਾਰ, 2003 ਵੋਟਰ ਲਿਸਟਾਂ ਦਾ ਡਾਟਾ ਜਾਂਚਿਆ ਜਾ ਰਿਹਾ ਹੈ। ਇਸ ਲਈ ਬੂਥ ਲੈਵਲ ਅਧਿਕਾਰੀ (ਬੀ.ਐਲ.ਓ.) ਆਪਣੇ ਸਬੰਧਿਤ ਖੇਤਰਾਂ ਵਿੱਚ ਜਾ ਕੇ ਵੋਟਰਾਂ ਨਾਲ ਸੰਪਰਕ ਕਰ ਰਹੇ ਹਨ ਤਾਂ ਜੋ ਉਹ ਵੋਟਰ, ਜੋ ਆਪਣੀ ਜਗ੍ਹਾ 'ਤੇ ਮੌਜੂਦ ਨਹੀਂ ਹਨ, ਵੋਟਰ ਸੂਚੀਆਂ ਤੋਂ ਹਟਾ ਦਿੱਤੇ ਜਾਣਉਨ੍ਹਾਂ ਨੇ ਰਾਮਪੁਰਾ ਫੂਲ, ਭੁਚੋ ਮੰਡੀ, ਬਠਿੰਡਾ ਸ਼ਹਿਰੀ, ਬਠਿੰਡਾ ਪੇਂਡੂ , ਤਲਵੰਡੀ ਸਾਬੋ ਅਤੇ ਮੌੜ ਦੇ ਰਿਟਰਨਿੰਗ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ 2003 ਦੇ ਡਾਟੇ ਵਾਲੇ ਵੋਟਰ, ਜੋ ਹੁਣ ਮੌਜੂਦ ਨਹੀਂ ਪਾਏ ਜਾਂਦੇ, ਉਨ੍ਹਾਂ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਠੀਕ ਤਰੀਕੇ ਨਾਲ ਹਟਾ ਦਿੱਤਾ ਜਾਵੇ। ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਹੁਣ ਤੱਕ ਰਾਮਪੁਰਾ ਫੂਲ ਵਿੱਚ 78.25 ਫੀਸਦੀ, ਭੁਚੋ ਮੰਡੀ ਵਿੱਚ 77.67 ਫੀਸਦੀ, ਬਠਿੰਡਾ ਸ਼ਹਿਰੀ ਵਿੱਚ 54.52 ਫੀਸਦੀ, ਬਠਿੰਡਾ ਗ੍ਰਾਮੀਣ ਵਿੱਚ 78.07 ਫੀਸਦੀ, ਤਲਵੰਡੀ ਸਾਬੋ ਵਿੱਚ 82.69 ਫੀਸਦੀ ਅਤੇ ਮੌੜ ਵਿੱਚ 76.87 ਫੀਸਦੀ ਵੋਟਰ ਅੰਕਿਤ ਕੀਤੇ ਗਏ ਹਨ।

ਉਨ੍ਹਾਂ ਨੇ ਬਠਿੰਡਾ ਸ਼ਹਿਰੀ ਵੋਟਰਾਂ ਨੂੰ ਸਰਕਾਰੀ ਹੁਕਮਾਂ ਅਨੁਸਾਰ ਆਪਣੀ ਵੋਟ ਜਾਂਚ ਕਰਵਾਉਣ ਦੀ ਅਪੀਲ ਕੀਤੀ। ਅੰਕਨ ਲਈ ਵੋਟਰ ਆਪਣੇ ਬੂਥ ਲੈਵਲ ਅਧਿਕਾਰੀਆਂ (ਬੀ.ਐਲ.ਓ) ਨਾਲ ਸੰਪਰਕ ਕਰ ਸਕਦੇ ਹਨ। ਸੰਬੰਧਿਤ ਬੀ.ਐਲ.ਓ ਦੀ ਜਾਣਕਾਰੀ https://www.ceopunjab.gov.in/ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ।

# ਪੰਜਾਬ ਸਰਕਾਰ ਨੇ ਆਮ ਲੋਕਾਂ ਲਈ ਸ਼ੁਰੂ ਕੀਤੀਆਂ ਵੱਖ-ਵੱਖ ਭਲਾਈ ਸਕੀਮਾਂ



**ਬਠਿੰਡਾ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਇਕ ਮੌੜ ਸ. ਸੁਖਵੀਰ ਸਿੰਘ ਮਾਈਸਰਖਾਨਾ ਨੇ ਅੱਜ ਵਿਧਾਨ ਸਭਾ ਹਲਕਾ ਮੌੜ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨਾਲ ਮੀਟਿੰਗਾਂ ਕਰਕੇ ਪੰਜਾਬ ਸਰਕਾਰ ਵੱਲੋਂ ਆਪਣੇ ਪਿਛਲੇ 4 ਸਾਲਾਂ ਦੇ ਕਾਰਜ ਕਾਲ ਦੌਰਾਨ ਕੀਤੀਆਂ ਗਈਆਂ ਪ੍ਰਾਪਤੀਆਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ।

ਵਿਧਾਇਕ ਮੌੜ ਸ. ਸੁਖਵੀਰ ਸਿੰਘ ਮਾਈਸਰਖਾਨਾ ਨੇ ਪਿੰਡ ਸੰਦੋਹਾ, ਟਾਹਲਾ ਸਾਹਿਬ, ਮੰਡੀਕਲਾਂ, ਮੌੜ ਮੰਡੀ ਵਾਰਡ ਨੰਬਰ 13 ਆਦਿ ਦਾ ਦੌਰਾ ਕਰਦਿਆਂ ਲੋਕਾਂ ਨਾਲ ਮੀਟਿੰਗਾਂ ਕਰਕੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਆਪਣਾ ਕਾਰਜਕਾਲ ਸ਼ੁਰੂ ਹੋਣ ਦੇ ਪਹਿਲੇ ਤਿੰਨ ਮਹੀਨਿਆਂ ਦੌਰਾਨ ਹੀ ਲੋਕਾਂ ਦੇ ਘਰਾਂ ਦੇ ਦੋ ਮਹੀਨਿਆਂ ਦੇ 600 ਯੂਨਿਟ ਮੁਆਫ਼ ਕਰਕੇ ਆਪਣਾ ਵਾਅਦਾ ਪੂਰਾ ਕੀਤਾ, ਜਿਸ ਕਰਕੇ ਹੁਣ ਤੱਕ ਵੀ 90ਫੀਸਦੀ ਘਰਾਂ ਦੇ ਬਿੱਲ ਜ਼ੀਰੋ ਆ ਰਹੇ ਹਨ।

ਉਹਨਾਂ ਅੱਗੇ ਦੱਸਿਆ ਕਿ ਪਿੰਡਾਂ ਵਿੱਚ ਆਧੁਨਿਕ ਸਹੂਲਤਾਂ ਨਾਲ ਲੈਸ ਖੇਡ ਮੈਦਾਨ ਬਣਾਏ ਜਾ ਰਹੇ ਹਨ ਤਾਂ ਜੋ ਨੌਜਵਾਨੀ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੋੜਿਆ ਜਾ ਸਕੇ। ਇਸ ਤੋਂ ਇਲਾਵਾ 40 ਹਜਾਰ ਕਿਲੋਮੀਟਰ ਪੇਂਡੂ ਲਿੰਕ ਸੜਕਾਂ ਦਾ ਮੁੜ-ਨਿਰਮਾਣ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਪਿੰਡਾਂ ਦੇ ਛੱਪੜਾਂ ਨੂੰ ਵੀ ਸਾਫ ਕੀਤਾ ਗਿਆ ਹੈ।

ਸੂਬਾ ਸਰਕਾਰ ਵੱਲੋਂ ਪੰਜਾਬ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਦਾ ਮੁਫਤ ਅਤੇ ਕੈਸ਼ਲੈਸ ਇਲਾਜ ਸਭ ਤੋਂ ਵਧੀਆ ਨਿੱਜੀ ਹਸਪਤਾਲਾਂ ਵਿੱਚ ਮਿਲ ਰਿਹਾ ਹੈ। ਇਸ ਤੋਂ ਇਲਾਵਾ ਕਿਸਾਨਾਂ ਨੂੰ ਦਿਨ ਸਮੇਂ ਹੀ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਹੈ।

ਇਸ ਤੋਂ ਇਲਾਵਾ ਸੂਬਾ ਸਰਕਾਰ ਵੱਲੋਂ ਨੌਜਵਾਨਾਂ ਨੂੰ 65000 ਤੋਂ ਵੱਧ ਬਿਨਾ ਕਿਸੇ ਭੇਦ ਭਾਵ ਦੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।

ਮੁਫਤ ਤੀਰਥ ਯਾਤਰਾ ਤਹਿਤ ਸੂਬੇ ਦੇ 50 ਸਾਲ ਤੋਂ ਵੱਧ ਉਮਰ ਦੇ ਸਾਰੇ ਨਾਗਰਿਕਾਂ ਲਈ ਏ.ਸੀ. ਬੱਸ ਸਫਰ, ਏ.ਸੀ. ਰਹਿਣ-ਸਹਿਣ ਅਤੇ ਮੁਫ਼ਤ ਭੋਜਨ ਮੁਹੱਈਆ ਕਰਵਾਕੇ ਵੱਖ ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ।

ਇਸ ਮੌਕੇ ਵੱਖ ਵੱਖ ਪਿੰਡਾਂ ਦੇ ਸਰਪੰਚ, ਪੰਚ, ਹੋਰ ਅਹੁਦੇਦਾਰਾਂ ਤੋਂ ਇਲਾਵਾ ਪਿੰਡ ਵਾਸੀ ਆਦਿ ਹਾਜ਼ਰ ਸਨ।

# 71 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਨੂੰ ਪ੍ਰਵਾਨਗੀ

**ਬਠਿੰਡਾ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿੱਤ ਅਤੇ ਠੇਕਾ ਕਮੇਟੀ (ਐਫ ਐਂਡ ਸੀ ਸੀ) ਦੀ ਇੱਕ ਮਹੱਤਵਪੂਰਨ ਮੀਟਿੰਗ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦੀ ਅਗਵਾਈ ਹੇਠ ਹੋਈ, ਜਿੱਥੇ ਲਗਭਗ 71 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਕਾਰਜਾਂ ਨੂੰ ਪ੍ਰਵਾਨਗੀ ਦਿੱਤੀ ਗਈ। ਸ਼ਹਿਰ ਦੇ ਸਮੁੱਚੇ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਕਈ ਮਹੱਤਵਪੂਰਨ ਪ੍ਰਸਤਾਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਪਾਸ ਕੀਤੇ ਗਏ।



ਇਸ ਦੌਰਾਨ ਮੇਅਰ ਦੇ ਨਾਲ ਕਮਿਸ਼ਨਰ ਮੈਡਮ ਲਵਜੀਤ ਕੌਰ ਕਲਸੀ, ਸੰਯੁਕਤ ਕਮਿਸ਼ਨਰ ਸ਼੍ਰੀ ਰਾਕੇਸ਼ ਮੀਨਾ, ਸੀਨੀਅਰ ਡਿਪਟੀ ਮੇਅਰ ਸ਼੍ਰੀ ਸ਼ਾਮ ਲਾਲ ਜੈਨ, ਐਸਈ ਸ਼੍ਰੀ ਸੰਦੀਪ ਰੋਮਾਣਾ, ਐਕਸੀਅਨ ਸ਼੍ਰੀ ਰਾਜਿੰਦਰ ਕੁਮਾਰ ਅਤੇ ਸ਼੍ਰੀ ਨੀਰਜ ਕੁਮਾਰ, ਐਫ ਐਂਡ ਸੀ ਸੀ ਮੈਂਬਰ ਮੈਡਮ ਪ੍ਰਵੀਨ ਗਰਗ, ਸ਼੍ਰੀ ਉਮੇਸ਼ ਗਰਗ ਗੋਗੀ, ਸ਼੍ਰੀ ਰਤਨ ਰਾਹੀ ਅਤੇ ਮੇਅਰ ਦੇ ਪੀਏ ਸ਼੍ਰੀ ਸੁਰੇਸ਼ ਸੇਤੀਆ ਵੀ ਮੌਜੂਦ ਸਨ।

ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਮਹੱਤਵਪੂਰਨ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਨ੍ਹਾਂ ਵਿੱਚ ਸੜਕਾਂ ਦੀ ਮੁਰੰਮਤ, ਆਧੁਨਿਕ ਮਸ਼ੀਨਰੀ ਨਾਲ ਸਫਾਈ ਅਤੇ ਧੁਲਾਈ, ਮੀਂਹ ਦੇ ਪਾਣੀ ਦੇ ਨਿਕਾਸ ਲਈ ਰੋੜ ਜਾਲੀਆਂ ਦੀ ਸਫਾਈ ਅਤੇ ਪ੍ਰਬੰਧ, ਆਮ ਮੁਰੰਮਤ ਅਤੇ ਸਿਵਲ ਵਰਕਸ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਬਠਿੰਡਾ ਨੂੰ ਇੱਕ ਆਧੁਨਿਕ ਅਤੇ ਸੁਚੱਜੇ ਢੰਗ ਨਾਲ ਸੰਗਠਿਤ ਸ਼ਹਿਰ ਬਣਾਉਣ ਵੱਲ ਠੋਸ ਕਦਮ ਹਨ।ਉਨ੍ਹਾਂ ਅੱਗੇ ਕਿਹਾ ਕਿ ਵਾਰਡ ਨੰਬਰ 48 ਵਿੱਚ ਇੱਕ ਲਾਇਬ੍ਰੇਰੀ-ਕਮ-ਸੀਨੀਅਰ ਸਿਟੀਜ਼ਨ ਹੋਮ ਅਤੇ ਵਾਰਡ ਨੰਬਰ 18 ਵਿੱਚ ਇੱਕ ਕਮਿਊਨਿਟੀ ਸੈਂਟਰ ਸਥਾਪਤ ਕਰਨ ਦੇ ਪ੍ਰਸਤਾਵਾਂ ਨੂੰ ਵੀ ਮਨਜ਼ੂਰੀ ਦੇ ਦਿੱਤੀ ਗਈ ਹੈ। ਇਸ ਤੋਂ ਇਲਾਵਾ, ਸ਼ਹੀਦ ਜਰਨੈਲ ਸਿੰਘ ਚੌਂਕ ਦੇ ਨਵੀਨੀਕਰਨ ਦਾ ਕੰਮ ਵੀ ਜਲਦੀ ਸ਼ੁਰੂ ਹੋ ਜਾਵੇਗਾ।

ਮੇਅਰ ਸ੍ਰੀ ਮਹਿਤਾ ਨੇ ਇਹ ਵੀ ਦੱਸਿਆ ਕਿ ਲਗਭਗ 2 ਕਰੋੜ ਰੁਪਏ ਦੀ ਲਾਗਤ ਨਾਲ ਸਰਹਿੰਦ ਨਹਿਰ ਦੇ ਨੇੜੇ ਇੱਕ ਸੁੰਦਰ ਨੇਚਰ ਪਾਰਕ ਵਿਕਸਤ ਕਰਨ ਦੀ ਯੋਜਨਾ ਨੂੰ ਵੀ ਮਨਜ਼ੂਰੀ ਦਿੱਤੀ ਗਈ ਹੈ, ਜਿਸ ਨਾਲ ਸ਼ਹਿਰ ਦੇ ਵਸਨੀਕਾਂ ਨੂੰ ਬਿਹਤਰ ਵਾਤਾਵਰਣ ਅਤੇ ਮਨੋਰੰਜਨ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ।

ਮੀਟਿੰਗ ਵਿੱਚ ਬਹਿਮਣ ਰੋਡ 'ਤੇ ਸਥਿਤ ਵਿਸ਼ਵਾਸ ਨਗਰ ਵਿੱਚ ਭਗਵਾਨ ਪਰਸ਼ੂਰਾਮ ਭਵਨ ਦੀ ਉਸਾਰੀ ਨੂੰ ਵੀ ਪ੍ਰਵਾਨਗੀ ਦਿੱਤੀ। ਇਸ ਦੇ ਨਾਲ ਹੀ, ਪਟਿਆਲਾ ਗੇਟ ਨੇੜੇ ਸ਼੍ਰੀ ਸ਼੍ਰੀ 108 ਸੰਤ ਸ਼੍ਰੀ ਨਵਲ ਸਾਹਿਬ ਮਹਾਰਾਜ ਮਾਰਗ ਦਰਸ਼ਨੀ ਗੇਟ ਦੀ ਉਸਾਰੀ ਨੂੰ ਵੀ ਪ੍ਰਵਾਨਗੀ ਦਿੱਤੀ ਗਈ।

ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਇਨ੍ਹਾਂ ਸਾਰੇ ਵਿਕਾਸ ਕਾਰਜਾਂ ਦੇ ਮੁਕੰਮਲ ਹੋਣ ਤੋਂ ਬਾਅਦ, ਬਠਿੰਡਾ ਸ਼ਹਿਰ ਆਧੁਨਿਕ ਸਹੂਲਤਾਂ ਨਾਲ ਲੈਸ ਹੋ ਕੇ ਇੱਕ ਨਵੀਂ ਪਛਾਣ ਸਥਾਪਤ ਕਰੇਗਾ।

# ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਕਰਤਾਰਪੁਰ ਸਾਹਿਬ ਲਾਂਘਾ ਮੁੜ ਖੋਲ੍ਹਣ ਦੀ ਮੰਗ

**ਅੰਮ੍ਰਿਤਸਰ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (SGPC) ਨੇ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਨੂੰ ਕਰਤਾਰਪੁਰ ਸਾਹਿਬ ਲਾਂਘਾ ਮੁੜ ਖੋਲ੍ਹਣਾ ਚਾਹੀਦਾ ਹੈ ਤਾਂ ਜੋ ਸਿੱਖ ਸ਼ਰਧਾਲੂ ਸਿੱਖ ਕੌਮ ਦੇ ਸਭ ਤੋਂ ਪਵਿੱਤਰ ਮੌਕਿਆਂ ਵਿੱਚੋਂ ਇੱਕ 'ਤੇ ਪਾਕਿਸਤਾਨ ਸਥਿਤ ਇਤਿਹਾਸਕ ਸਿੱਖ ਅਸਥਾਨ – ਗੁਰਦੁਆਰਾ ਕਰਤਾਰਪੁਰ ਸਾਹਿਬ ਵਿਖੇ ਨਤਮਸਤਕ ਹੋ ਸਕਣ। ਕਰਤਾਰਪੁਰ ਸਾਹਿਬ ਸਿੱਖ ਧਰਮ ਦੇ ਬਾਨੀ ਗੁਰੂ ਨਾਨਕ ਦੇਵ ਜੀ ਦਾ ਅੰਤਿਮ ਵਿਸ਼ਰਾਮ ਅਸਥਾਨ ਹੈ।



ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਇਸ ਮਾਮਲੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਟੈਂਡ ਸ਼ੁਰੂ ਤੋਂ ਹੀ ਬਿਲਕੁਲ ਸਪੱਸ਼ਟ ਹੈ ਕਿ ਲਾਂਘਾ ਜਲਦੀ ਤੋਂ ਜਲਦੀ ਖੋਲ੍ਹਿਆ ਜਾਣਾ ਚਾਹੀਦਾ ਹੈ। ਜੇ ਕ੍ਰਿਕਟ ਸਬੰਧ ਮੁੜ ਸ਼ੁਰੂ ਹੋ ਸਕਦੇ ਹਨ ਤਾਂ ਧਾਰਮਿਕ ਸਬੰਧ ਕਿਉਂ ਨਹੀਂ। ਸ਼੍ਰੋਮਣੀ ਕਮੇਟੀ ਨੇ 28 ਮਾਰਚ ਨੂੰ ਹੋਏ ਆਪਣੇ ਸਾਲਾਨਾ ਬਜਟ ਇਜਲਾਸ ਵਿੱਚ ਰਸਮੀ ਤੌਰ 'ਤੇ ਲਾਂਘਾ ਤੁਰੰਤ ਖੋਲ੍ਹਣ ਦੀ ਮੰਗ ਰੱਖੀ ਸੀ। ਇਸ ਸੈਸ਼ਨ ਵਿੱਚ ਕਮੇਟੀ ਨੇ ਸਰਕਾਰ ਨੂੰ ਧਾਰਮਿਕ ਤੀਰਥ ਯਾਤਰਾ ਨੂੰ ਸਿਆਸੀ ਟਕਰਾਵਾਂ ਤੋਂ ਵੱਖ ਰੱਖਣ ਦਾ ਸੁਝਾਅ ਵੀ ਦਿੱਤਾ ਸੀ।

ਐੱਸ ਜੀ ਪੀ ਸੀ ਨੇ ਆਪਣੇ ਬਜਟ ਇਜਲਾਸ ਵਿੱਚ ਇੱਕ ਮਤਾ ਵੀ ਪਾਸ ਕੀਤਾ ਜਿਸ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਲਾਂਘੇ ਦੇ ਲੰਬੇ ਸਮੇਂ ਤੋਂ ਬੰਦ ਰਹਿਣ ਨਾਲ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਸੱਟ ਵੱਜੀ ਹੈ। ਲਗਪਗ 4.6 ਕਿਲੋਮੀਟਰ ਲੰਬਾ ਇਹ ਲਾਂਘਾ ਪਾਕਿਸਤਾਨ ਦੇ ਜ਼ਿਲ੍ਹਾ ਨਾਰੋਵਾਲ ਵਿੱਚ ਸਥਿਤ ਕਰਤਾਰਪੁਰ ਸਾਹਿਬ ਗੁਰਦੁਆਰਾ (ਜਿਸ ਨੂੰ ਦਰਬਾਰ ਸਾਹਿਬ ਵਜੋਂ ਵੀ ਜਾਣਿਆ ਜਾਂਦਾ ਹੈ) ਨੂੰ ਭਾਰਤ ਦੇ ਡੇਰਾ ਬਾਬਾ ਨਾਨਕ ਨਾਲ ਜੋੜਦਾ ਹੈ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (DSMC) ਦੇ ਅੰਤਰਰਾਸ਼ਟਰੀ ਮਾਮਲਿਆਂ ਦੇ ਮੁੱਖ ਸਲਾਹਕਾਰ ਪਰਮਜੀਤ ਸਿੰਘ ਚੰਡੋਕ ਨੇ ਦੱਸਿਆ ਕਿ ਦਿੱਲੀ ਸਥਿਤ ਸਿੱਖ ਸੰਸਥਾ ਨੇ ਹਾਲ ਹੀ ਵਿੱਚ ਨਰਿੰਦਰ ਮੋਦੀ ਸਰਕਾਰ ਨੂੰ ਇੱਕ ਪੱਤਰ ਲਿਖ ਕੇ ਸਿੱਖ ਸ਼ਰਧਾਲੂਆਂ ਲਈ ਲਾਂਘਾ ਮੁੜ ਖੋਲ੍ਹਣ ਦੀ ਬੇਨਤੀ ਕੀਤੀ ਹੈ। ਉਨ੍ਹਾਂ ਤਰਕ ਦਿੱਤਾ ਕਿ 14 ਅਪਰੈਲ ਨੂੰ ਇਸ ਵਿਸਾਖੀ 'ਤੇ ਸੀਮਤ ਗਿਣਤੀ ਵਿੱਚ ਸ਼ਰਧਾਲੂਆਂ ਨੂੰ ਇਜਾਜ਼ਤ ਦੇ ਕੇ ਲਾਂਘਾ ਖੋਲ੍ਹਿਆ ਜਾ ਸਕਦਾ ਹੈ। ਸੀਮਤ ਸ਼ਰਧਾਲੂਆਂ ਲਈ ਲਾਂਘਾ ਖੋਲ੍ਹਣਾ ਭਾਰਤ ਅਤੇ ਪਾਕਿਸਤਾਨ ਦੋਵਾਂ ਸਰਕਾਰਾਂ ਲਈ ਸੰਭਾਲਣਾ ਸੁਖਾਲਾ ਹੋਵੇਗਾ।

22 ਅਪਰੈਲ 2025 ਨੂੰ ਪਹਿਲਗਾਮ ਅਤਿਵਾਦੀ ਹਮਲੇ ਤੋਂ ਬਾਅਦ ਸੁਰੱਖਿਆ ਚਿੰਤਾਵਾਂ ਕਾਰਨ ਮਈ 2025 ਵਿੱਚ ਭਾਰਤ ਵਾਲੇ ਪਾਸੇ ਤੋਂ ਲਾਂਘਾ ਬੰਦ ਕਰ ਦਿੱਤਾ ਗਿਆ ਸੀ।

# ਅਗਵਾ ਕਰਕੇ ਫਿਰੋਤੀ ਮੰਗਣ ਦਾ ਕੇਸ ਫਾਜਿਲਕਾ ਪੁਲਿਸ ਵੱਲੋ 04 ਘੰਟਿਆਂ ਵਿੱਚ ਕੀਤਾ ਗਿਆ ਟਰੇਸ, ਬੰਦੀ ਨੂੰ ਛੁਡਾਇਆ, 06 ਦੋਸ਼ੀ ਗ੍ਰਿਫਤਾਰ

**ਫਾਜ਼ਿਲਕਾ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮਿਤੀ01-04-2026 ਨੂੰ ਰਾਕੇਸ਼ ਕੁਮਾਰ ਪੁੱਤਰ ਰਾਮ ਕੁਮਾਰ(ਅਸਲ ਨਾਮ ਗੁਪਤ)ਵਾਸੀ ਢਾਣੀ ਸੀਤੋ ਗੂੰਨੋ ਤਹਿਸੀਲ ਅਬੋਹਰ ਨੇ ਚੋਕੀ ਸੀਤੋ ਗੁੰਨੋ ਵਿਖੇ ਤਕਰੀਬਨ 03:30 ਵਜੇਇਤਲਾਹ ਦਿੱਤੀ ਕਿ ਉਸਦਾ ਪਿਤਾ ਰਾਮ ਕੁਮਾਰ (ਅਸਲ ਨਾਮ ਗੁਪਤ) ਸੁਭਾ ਵਕਤ ਕਰੀਬ 10 ਵਜੇ ਕੰਮ ਧੰਦੇ ਲਈ ਸੀਤੋ ਗੁੰਨੋ ਗਿਆ ਸੀ,ਪ੍ਰੰਤੂ ਘਰ ਵਾਪਸ ਨਹੀ ਆਇਆ ਅਤੇ ਵਕਤ ਕਰੀਬ 03 ਵਜੇ ਦੁਪਹਿਰ ਉਸਦੇ ਭਤੀਜੇ ਅਨੁਜ ਕੁਮਾਰ ਪਾਸ ਉਸਦੇ ਪਿਤਾ ਰਾਮ ਕੁਮਾਰ( ਅਸਲ ਨਾਲ ਗੁਪਤ ) ਦੇ ਮੋਬਾਇਲ ਨੰ ਤੋ ਫੋਨ ਆਇਆ .

ਜਿਸਨੇ ਕਿਸੇ ਹੋਰ ਵਿਅਕਤੀ ਨਾਲ ਆਪਣੇ ਫੋਨ ਤੇ ਗਲ ਕਰਵਾਈ,ਜਿਸ ਵਿਅਕਤੀ ਨੇ ਕਿਹਾ ਕਿ ਉਸ ਦਾ ਪਿਤਾ ਰਾਮ ਕੁਮਾਰ (ਅਸਲ ਨਾਲ ਗੁਪਤ) ਉਸਦੇ ਅਤੇ ਉਸਦੇ ਗਿਰੋਹ ਦੇ ਕਬਜੇ ਵਿੱਚ ਹੈ ਅਤੇ ਉਸਨੂੰ ਛੱਡਣ ਲਈ ਉਸ ਵੱਲੋ 2-1/2 ਲੱਖ ਫਿਰੋਤੀ ਦੀ ਮੰਗ ਕੀਤੀ ਗਈ।

ਫਿਰ ਕੁੱਝ ਸਮੇ ਬਾਅਦ ਉਸ ਦੇ ਪਿਤਾ ਦੇ ਨੰਬਰ ਤੋ ਦੁਬਾਰਾ ਫੋਨ ਆਇਆ ਤਾ ਅੱਗੋ ਇੱਕ ਔਰਤ ਬੋਲੀ, ਜਿਸਨੇ ਕਿਹਾ ਕੇ ਰਾਮ ਕੁਮਾਰ(ਅਸਲ ਨਾਮ ਗੁਪਤ) ਸਾਡੇ ਗਿਰੋਹ ਦੇ ਕਬਜੇ ਵਿੱਚ ਹੈ ਅਤੇ ਜੋ ਤੈਨੂੰ ਖਾਤਾ ਨੰਬਰ ਭੇਜਿਆ ਹੈ.

ਉਸ ਖਾਤੇ ਵਿੱਚ ਪੈਸੇ ਪਾ ਦੇ ਨਹੀ ਤਾਂ ਮੈ,ਮੇਰੀ ਸਹੇਲੀ ਸੰਤੋਸ਼ ਰਾਣੀ ਅਤੇ ਸੀਮਾ ਰਾਣੀ ਤੇਰੇ ਪਿਤਾ ਤੇ ਬਲਾਤਕਾਰ ਦਾ ਇਲਜਾਮ ਲਗਾ ਕੇ ਝੂਠੇ ਕੇਸ ਵਿੱਚ ਫਸਾ ਦੇਵਾਂਗੀਆ ਅਤੇ ਧੱਮਕੀ ਦਿੱਤੀ ਕਿ ਅਸੀ ਤੇਰੇ ਪਿਤਾ ਦਾ ਬਹੁਤ ਮਾੜਾ ਹਾਲ ਕਰਾਂਗੇ .

ਇਸ ਨੂੰ ਦੁਨੀਆ ਦੇ ਸਾਹਮਣੇ ਮੂੰਹ ਦਿਖਾਉਣ ਜੋਗਾ ਨਹੀ ਛਡਾਂਗੇ ਅਤੇ ਇਸ ਤੋ ਬਾਅਦ ਫਿਰ ਫੋਨ ਆਇਆ ਕਿ ਜੇਕਰ ਤੁਸੀ ਇਹ ਮੰਗ ਪੂਰੀ ਨਾ ਕੀਤੀ ਤਾਂ ਤੇਰੇ ਪਿਤਾ ਦੀ ਅਸ਼ਲੀਲ ਵੀਡਿਉ ਬਣਾ ਕੇ ਵਾਇਰਲ ਕਰ ਦੇਵਾਂਗੇ ।



ਫਿਰ ਉਕਤ ਵਿਅਕਤੀ ਵਾਰ-ਵਾਰ ਫੋਨ ਕਰਦੇ ਰਹੇ ਅਤੇ ਰਾਮ ਕੁਮਾਰ(ਅਸਲ ਨਾਮ ਗੁਪਤ) ਨਾਲ ਗੱਲ ਕਰਵਾ ਕੇ ਉਕਤ ਅਨੁਸਾਰ ਧੱਮਕੀਆ ਦੇ ਕੇ ਫਿਰੋਤੀ ਦੀ ਮੰਗ ਕਰਦੇ ਰਹੇ ।

ਪੁਲਿਸ ਕਾਰਵਾਈ:- ਉਕਤ ਸੁਚਨਾ ਮਿਲਣ ਪਰ ਫਾਜਿਲਕਾ ਪੁਲਿਸ ਵੱਲੋ ਤੁਰੰਤ ਉਕਤ ਮੁੱਕਦਮਾ ਦਰਜ ਕਰਕੇ ਵਿਗਿਆਨਿਕ ਅਤੇ ਟੈਕਨੀਕਲ ਤਰੀਕੇ ਨਾਲ ਤਫਤੀਸ਼ ਅਮਲ ਵਿੱਚ ਲਿਆਦੀ ਅਤੇ ਵੱਖ-ਵੱਖ ਪੁਲਿਸ ਟੀਮਾਂ ਬਣਾ ਕੇ ਟੈਕਨੀਕਲ ਕੋਣ ਤੋ ਤਫਤੀਸ਼ ਕਰਦੇ ਹੋਏ ਦੋਸ਼ੀਆ ਦੀ ਭਾਲ ਸ਼ੁਰੂ ਕੀਤੀ ।ਜਿਸ ਤੇ ਫਾਜਿਲਕਾ ਪੁਲਿਸ ਵੱਲੋ ਬੜੀ ਮੁਸਤੈਦੀ ਨਾਲ ਕਾਰਵਾਈ ਕਰਦਿਆ ਹੋਇਆ,04 ਘੰਟਿਆ ਵਿੱਚ ਹੀ ਉਕਤ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੋਸ਼ੀਆ ਨੂੰ ਟਰੇਸਕਰ ਲਿਆ ਗਿਆ ਅਤੇ ਫਿਰ ਮਲੋਟ-ਸੀਤੋ ਰੋੜ ਪਰ ਨਾਕਾਬੰਦੀ ਕਰਕੇ ਉਹਨਾ ਨੂੰ ਕਾਬੂ ਕਰ ਲਿਆ ਅਤੇ ਉਹਨਾ ਦੇ ਕਬਜਾ ਵਿੱਚੋ ਅਗਵਾ ਕੀਤੇ ਪੁਰਸ਼ ਰਾਮ ਕੁਮਾਰ (ਅਸਲ ਨਾਮ ਗੁਪਤ) ਪੁੱਤਰ ਸੋਹਨ ਲਾਲ ਨੂੰ ਛੁਡਵਾ ਲਿਆ।ਮੁਕੱਦਮਾ ਦੀ ਤਫਤੀਸ਼ ਜਾਰੀ ਹੈ।

# ਕੈਬਨਿਟ ਮੰਤਰੀ ਹਰਜੋਤ ਬੈਂਸ ਵੱਲੋਂ ਹਨੂੰਮਾਨ ਜਨਮ ਉਤਸਵ ਮੌਕੇ ਕੋਟਲਾ ਆਸ਼ਰਮ ਦਾ ਦੌਰਾ

- ਸਤਿਸੰਗ ਘਰ ਲਈ 10 ਲੱਖ ਰੁਪਏ ਦੀ ਗ੍ਰਾਂਟ ਦਾ ਐਲਾਨ
- ਸੰਗਤਾਂ ਨਾਲ ਖੁਸ਼ੀਆਂ ਸਾਂਝੀਆਂ, ਕੇਕ ਕੱਟ ਕੇ ਵੰਡਿਆ ਗਿਆ ਪ੍ਰਸ਼ਾਦ



**ਸ੍ਰੀ ਆਨੰਦਪੁਰ ਸਾਹਿਬ, 7 ਅਪ੍ਰੈਲ -ਨਿਊਜ਼ਲਾਈਨ ਐਕਸਪ੍ਰੈਸ-**

ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਪੰਜਾਬ ਵੱਲੋਂ ਬੀਤੀ ਸ਼ਾਮ ਹਨੂੰਮਾਨ ਜੈਯੰਤੀ ਦੇ ਪਵਿੱਤਰ ਅਵਸਰ ਅਤੇ ਰਾਸ਼ਟਰੀ ਸੰਤ ਬਾਬਾ ਬਾਲ ਜੀ ਮਹਾਰਾਜ ਦੇ ਜਨਮ ਦਿਨ ਮੌਕੇ ਸ਼੍ਰੀ ਰਾਧਾ ਕ੍ਰਿਸ਼ਨ ਆਸ਼ਰਮ ਕੋਟਲਾ ਪਾਵਰ ਹਾਊਸ, ਸ਼੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ੇਸ਼ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਬਾਬਾ ਜੀ ਦੇ ਦਰਸ਼ਨ ਕਰਕੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸੰਗਤਾਂ ਨਾਲ ਧਾਰਮਿਕ ਮਾਹੌਲ ਵਿੱਚ ਸਮਾਂ ਬਿਤਾਇਆ। ਆਸ਼ਰਮ ਵਿੱਚ ਹੋ ਰਹੀ ਧਾਰਮਿਕ ਗਤੀਵਿਧੀਆਂ ਅਤੇ ਸੇਵਾ ਭਾਵਨਾ ਦੀ ਉਨ੍ਹਾਂ ਵੱਲੋਂ ਭਰਪੂਰ ਪ੍ਰਸ਼ੰਸਾ ਕੀਤੀ ਗਈ।

ਇਸ ਮੌਕੇ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਨੇ ਕਿਹਾ ਕਿ ਧਾਰਮਿਕ ਸਥਾਨ ਸਾਡੀ ਸੰਸਕ੍ਰਿਤੀ ਅਤੇ ਆਤਮਕ ਸ਼ਾਂਤੀ ਦੇ ਕੇਂਦਰ ਹਨ, ਜਿੱਥੇ ਲੋਕਾਂ ਨੂੰ ਸਹੀ ਜੀਵਨ ਜੀਊਣ ਦੀ ਪ੍ਰੇਰਣਾ ਮਿਲਦੀ ਹੈ। ਉਨ੍ਹਾਂ ਨੇ ਦੱਸਿਆ ਕਿ ਸਰਕਾਰ ਵੱਲੋਂ ਹਮੇਸ਼ਾਂ ਅਜਿਹੇ ਸਥਾਨਾਂ ਦੀ ਵਿਕਾਸ ਅਤੇ ਸਹੂਲਤਾਂ ਵਧਾਉਣ ਲਈ ਯਤਨ ਕੀਤੇ ਜਾਂਦੇ ਹਨ ਤਾਂ ਜੋ ਸੰਗਤਾਂ ਨੂੰ ਕੋਈ ਦਿੱਕਤ ਨਾ ਆਵੇ ਅਤੇ ਉਹ ਅਰਾਮ ਨਾਲ ਸੇਵਾ-ਸਿਮਰਨ ਕਰ ਸਕਣ।

ਕੈਬਨਿਟ ਮੰਤਰੀ ਵੱਲੋਂ ਕੋਟਲਾ ਸਤਿਸੰਗ ਘਰ ਦੀ ਉੱਨਤੀ ਲਈ 10 ਲੱਖ ਰੁਪਏ ਦੀ ਵਿਸ਼ੇਸ਼ ਗ੍ਰਾਂਟ ਦੇਣ ਦਾ ਐਲਾਨ ਵੀ ਕੀਤਾ ਗਿਆ। ਇਸ ਦੇ ਨਾਲ ਹੀ ਉਨ੍ਹਾਂ ਨੇ 5 ਲੱਖ ਰੁਪਏ ਦਾ ਪਹਿਲਾ ਚੈੱਕ ਬਾਬਾ ਜੀ ਦੇ ਚਰਨਾਂ ਵਿੱਚ ਨਿਵੇਦਨ ਕੀਤਾ। ਇਹ ਐਲਾਨ ਸੰਗਤਾਂ ਵੱਲੋਂ ਭਾਰੀ ਉਤਸ਼ਾਹ ਨਾਲ ਸਵੀਕਾਰਿਆ ਗਿਆ ਅਤੇ ਇਸ ਨਾਲ ਆਸ਼ਰਮ ਦੇ ਵਿਕਾਸ ਕਾਰਜਾਂ ਨੂੰ ਨਵੀਂ ਰਫਤਾਰ ਮਿਲਣ ਦੀ ਉਮੀਦ ਜਤਾਈ ਗਈ।

ਸਮਾਗਮ ਦੌਰਾਨ ਕੈਬਨਿਟ ਮੰਤਰੀ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਬਾਬਾ ਜੀ ਦੇ ਜਨਮਦਿਨ ਦੀ ਖੁਸ਼ੀ ਵਿੱਚ ਕੇਕ ਵੀ ਕੱਟਿਆ ਗਿਆ, ਜਿਸ ਨੂੰ ਬਾਅਦ ਵਿੱਚ ਸੰਗਤਾਂ ਵਿੱਚ ਵੰਡਿਆ ਗਿਆ। ਸਾਰਾ ਮਾਹੌਲ ਭਗਤੀ ਅਤੇ ਖੁਸ਼ੀ ਨਾਲ ਭਰਪੂਰ ਰਿਹਾ।

ਅੰਤ ਵਿੱਚ ਸਭ ਨੇ ਮਿਲ ਕੇ ਅਰਦਾਸ ਕੀਤੀ ਕਿ ਬਾਬਾ ਜੀ ਦਾ ਆਸ਼ੀਰਵਾਦ ਸਦਾ ਸਭ 'ਤੇ ਬਣਿਆ ਰਹੇ ਅਤੇ ਸਮਾਜ ਵਿੱਚ ਚੜ੍ਹਦੀ ਕਲਾ ਅਤੇ ਭਾਈਚਾਰੇ ਦੀ ਭਾਵਨਾ ਬਣੀ ਰਹੇ।

# ਬਲਬੀਰ ਸਿੱਧੂ ਨੇ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਗਮਾਡਾ ਤੇ ਪੰਜਾਬ ਸਰਕਾਰ ਦੀਆਂ ਧੱਕੇਸ਼ਾਹੀਆਂ ਖ਼ਿਲਾਫ਼ ਕੀਤਾ ਜਾਗਰੂਕ



**ਮੁਹਾਲੀ, 7 ਅਪ੍ਰੈਲ -ਨਿਊਜ਼ਲਾਈਨ ਐਕਸਪ੍ਰੈਸ-**

ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਵੱਲੋਂ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਸਰਕਾਰ ਅਤੇ ਗਮਾਡਾ ਦੀਆਂ ਧੱਕੇਸ਼ਾਹੀਆਂ ਖਿਲਾਫ਼ ਤੇ ਕਿਸਾਨਾਂ ਨੂੰ ਉਨ੍ਹਾਂ ਦੇ ਹੱਕਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਦੌਰਾਨ ਉਨ੍ਹਾਂ ਵੱਲੋਂ ਲੋਕਾਂ ਨੂੰ 6 ਅਪ੍ਰੈਲ ਨੂੰ ਹੋਣ ਵਾਲੇ ਧਰਨੇ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ ਗਈ।

ਸਿੱਧੂ ਨੇ ਕਿਹਾ ਕਿ ਮੌਜੂਦਾ ਸਰਕਾਰ ਗਮਾਡਾ ਰਾਹੀਂ ਕਿਸਾਨਾਂ ਨਾਲ ਨਾਇਨਸਾਫ਼ੀ ਕਰ ਰਹੀ ਹੈ ਅਤੇ ਇਹ ਨੀਤੀਆਂ ਸਿੱਧੇ ਤੌਰ 'ਤੇ ਕਿਸਾਨ ਵਿਰੋਧੀ ਹਨ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਬਿਨਾਂ ਯੋਗ ਮੁਆਵਜ਼ਾ ਦਿੱਤੇ ਕਿਸਾਨਾਂ ਤੋਂ ਜ਼ਮੀਨ ਹਾਸਲ ਕਰ ਰਹੀ ਹੈ, ਜੋ ਕਿ ਪੂਰੀ ਤਰ੍ਹਾਂ ਧੱਕੇਸ਼ਾਹੀ ਹੈ।

ਉਨ੍ਹਾਂ ਕਿਹਾ ਕਿ ਜਦੋਂ ਪਲਾਟਾਂ ਦੀ ਵੰਡ ਕੀਤੀ ਜਾਂਦੀ ਹੈ ਤਾਂ ਕਿਸਾਨਾਂ ਦੀ ਥਾਂ ਵਪਾਰਕ ਘਰਾਣਿਆਂ ਨੂੰ ਤਰਜੀਹ ਦਿੱਤੀ ਜਾਂਦੀ ਹੈ। ਇਹ ਗੱਲ ਸਪਸ਼ਟ ਕਰਦੀ ਹੈ ਕਿ ਸਰਕਾਰ ਦਾ ਧਿਆਨ ਲੋਕ ਭਲਾਈ ਦੀ ਥਾਂ ਮੋਟਾ ਮੁਨਾਫ਼ਾ ਕਮਾਉਣ ਵੱਲ ਹੈ।

ਸਿੱਧੂ ਨੇ ਗਮਾਡਾ ਦੀ ਉਸ ਨੀਤੀ 'ਤੇ ਵੀ ਸਵਾਲ ਉਠਾਏ ਜਿਸ ਅਨੁਸਾਰ ਕੋਨੇ ਜਾਂ ਪਾਰਕ ਦੇ ਸਾਹਮਣੇ ਪਲਾਟ ਲੈਣ ਵਾਲਿਆਂ ਤੋਂ ਵਾਧੂ ਰਕਮ ਵਸੂਲੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਕਿਰਿਆ ਗਲਤ ਹੈ ਅਤੇ ਇਸਨੂੰ ਤੁਰੰਤ ਰੋਕਿਆ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਗਮਾਡਾ, ਜੋ ਲੋਕਾਂ ਨੂੰ ਸਸਤੇ ਘਰ ਮੁਹੱਈਆ ਕਰਵਾਉਣ ਲਈ ਬਣਾਇਆ ਗਿਆ ਸੀ, ਹੁਣ ਨਿੱਜੀ ਕੰਪਨੀਆਂ ਵਾਂਗ ਕੰਮ ਕਰ ਰਿਹਾ ਹੈ ਅਤੇ ਸਿਰਫ਼ ਮੁਨਾਫ਼ੇ 'ਤੇ ਧਿਆਨ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਲੈਂਡ ਪੂਲਿੰਗ ਨੀਤੀ ਰਾਹੀਂ ਸਰਕਾਰ ਕਿਸਾਨਾਂ ਦੀ ਜ਼ਮੀਨ ਹਾਸਲ ਕਰਕੇ ਵੱਡੇ ਪੱਧਰ 'ਤੇ ਲਾਭ ਕਮਾ ਰਹੀ ਹੈ, ਪਰ ਇਸ ਨਾਲ ਨਾ ਤਾਂ ਕਿਸਾਨਾਂ ਨੂੰ ਫ਼ਾਇਦਾ ਹੋ ਰਿਹਾ ਹੈ ਅਤੇ ਨਾ ਹੀ ਆਮ ਲੋਕਾਂ ਨੂੰ ਕੋਈ ਰਾਹਤ ਮਿਲ ਰਹੀ ਹੈ।

ਸ੍ਰੀ ਸਿੱਧੂ ਵੱਲੋਂ ਪੱਤੋਂ, ਮਨੌਲੀ, ਰੁੜਕਾ, ਧਰਮਗੜ੍ਹ, ਸੇਖਣ ਮਾਜਰਾ, ਬੜੀ, ਮਾਣਕਪੁਰ ਕੱਲਰ, ਕੁਰੜਾ, ਕੁਰੜੀ, ਬਾਕਰਪੁਰ, ਮੋਟੇ ਮਾਜਰਾ, ਤੰਗੋਰੀ, ਨਡਿਆਲੀ, ਮਟਰਾਂ, ਸਿਆਊ, ਕੰਡਾਲਾ, ਸਫ਼ੀਪੁਰ, ਝਿਊਰਹੇੜੀ, ਅਲੀਪੁਰ ਅਤੇ ਜਗਤਪੁਰਾ ਸਮੇਤ ਕਈ ਪਿੰਡਾਂ ਵਿੱਚ ਜਾ ਕੇ ਮੀਟਿੰਗਾਂ ਕੀਤੀਆਂ ਗਈਆਂ। ਇਨ੍ਹਾਂ ਮੀਟਿੰਗਾਂ ਵਿੱਚ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਅਤੇ ਆਪਣੇ ਹੱਕਾਂ ਲਈ ਇਕਜੁੱਟ ਹੋਣ ਦਾ ਸੰਕਲਪ ਲਿਆ।

ਇਸ ਮੌਕੇ ਪਿੰਡ ਵਾਸੀਆਂ ਨੇ ਕਿਹਾ ਕਿ ਜ਼ਮੀਨਾਂ 'ਤੇ ਪੰਜਾਬ ਸਰਕਾਰ ਦੀ ਕਿਸੇ ਵੀ ਤਰ੍ਹਾਂ ਦੀ ਧੱਕੇਸ਼ਾਹੀ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪਿੰਡ ਵਾਸੀਆਂ ਦਾ ਜੋਸ਼ ਅਤੇ ਇਕਜੁੱਟਤਾ ਇਹ ਦਰਸਾਉਂਦੀ ਹੈ ਕਿ ਆਪਣੇ ਹੱਕਾਂ ਦੀ ਰੱਖਿਆ ਲਈ ਉਹ ਹਰ ਸੰਘਰਸ਼ ਲਈ ਤਿਆਰ ਹਨ।

ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵਿੱਚ ਗਮਾਡਾ ਦੀਆਂ ਨੀਤੀਆਂ ਖਿਲਾਫ਼ ਭਾਰੀ ਰੋਸ ਹੈ ਅਤੇ ਲੋਕ ਆਪਣੀ ਜ਼ਮੀਨ 'ਤੇ ਕਿਸੇ ਵੀ ਤਰ੍ਹਾਂ ਦੀ ਜ਼ਬਰਦਸਤੀ ਨੂੰ ਸਹਿਣ ਨਹੀਂ ਕਰਨਗੇ।

ਅੰਤ ਵਿੱਚ ਬਲਬੀਰ ਸਿੰਘ ਸਿੱਧੂ ਨੇ ਦੁਬਾਰਾ ਸਾਰੇ ਲੋਕਾਂ ਨੂੰ ਅਪੀਲ ਕੀਤੀ ਕਿ 6 ਅਪ੍ਰੈਲ ਨੂੰ ਸਵੇਰੇ 10 ਵਜੇ ਹੋਣ ਵਾਲੇ ਧਰਨੇ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਪਹੁੰਚ ਕੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਨ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾਂ ਕਿਸਾਨਾਂ ਦੇ ਨਾਲ ਖੜ੍ਹੀ ਸੀ, ਖੜ੍ਹੀ ਹੈ ਤੇ ਖੜ੍ਹੀ ਰਹੇਗੀ ਅਤੇ ਉਨ੍ਹਾਂ ਦੇ ਹੱਕਾਂ ਦੀ ਲੜਾਈ ਲੜਦੀ ਰਹੇਗੀ।

# ਆਪ ਦੇ ਹਲਕਾ ਇੰਚਾਰਜ ਰਣਜੋਧ ਹਡਾਣਾ ਵੱਲੋਂ ਸੰਵਾਦ ਸਮਾਗਮ

**ਵਿਸਾਖੀ 'ਤੇ ਘਰ-ਘਰ ਜਾ ਕੇ ਭਰੇ ਜਾਣਗੇ 1000-1500 ਰੁਪਏ ਵਾਲੇ ਫ਼ਾਰਮ: ਹਡਾਣਾ**



**ਸਨੌਰ,7 ਅਪ੍ਰੈਲ -ਨਿਊਜ਼ਲਾਈਨ ਐਕਸਪ੍ਰੈਸ-**

ਸਨੌਰ ਤੋਂ 'ਆਪ' ਦੇ ਹਲਕਾ ਇੰਚਾਰਜ ਰਣਜੋਧ ਹਡਾਣਾ ਨੇ ਅੱਜ ਹਲਕੇ ਦੇ ਸਨੌਰ ਨੇੜਲੇ ਕਈ ਪਿੰਡਾਂ ਦਾ ਦੌਰਾ ਕਰਦਿਆਂ 'ਸ਼ਾਨਦਾਰ ਚਾਰ ਸਾਲ-ਭਗਵੰਤ ਮਾਨ ਦੇ ਨਾਲ' ਦੇ ਬੈਨਰ ਹੇਠਾਂ ਲੋਕਾਂ ਨਾਲ ਸੰਵਾਦ ਪ੍ਰੋਗਰਾਮ ਕੀਤੇ। ਸ੍ਰੀ ਹਡਾਣਾ ਨੇ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਵੱਲੋਂ ਲੋਕਾਂ ਦੇ ਘਰਾਂ ਨੇੜੇ ਸਿਹਤ ਸੇਵਾਵਾਂ ਦੇ ਪ੍ਰਬੰਧ ਕੀਤੇ ਗਏ ਹਨ, ਉੱਥੇ ਹੀ ਸਰਕਾਰੀ ਕੰਮਾਂ ਦੇ ਨਿਬੇੜੇ ਲਈ ਵੀ ਲੋਕਾਂ ਦੇ ਘਰਾਂ ਦੇ ਨੇੜੇ ਹੀ ਕੈਂਪ ਲਾਏ ਜਾ ਰਹੇ ਹਨ।

ਇਸ ਦੌਰਾਨ ਸ੍ਰੀ ਹਡਾਣਾ ਨੇ ਥਾਣਾ ਤੇ ਤਹਿਸੀਲ ਪਟਿਆਲਾ 'ਚ ਪੈਂਦੇ ਹਲਕੇ ਦੇ ਵੱਡੇ ਪਿੰਡ ਭੁਨਰਹੇੜੀ ਸਮੇਤ ਸਨੌਰ ਨੇੜਲੇ ਪਿੰਡਾਂ ਚੌਰਾ, ਮਲਕਪੁਰ ਜੱਟਾਂ, ਬੱਤਾ, ਬੱਤੀ, ਬਰਕਤਪੁਰ ਆਦਿ ਕਈ ਪਿੰਡਾਂ ਦਾ ਦੌਰਾ ਕੀਤਾ।

ਸਨੌਰ ਬਲਾਕ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਠੀਆਂ (ਸਰਪੰਚ) ਸਮੇਤ ਹੋਰ ਬਲਾਕ ਪ੍ਰਧਾਨ ਦੀ ਅਗਵਾਈ ਹੇਠਲੇ ਇਨ੍ਹਾਂ ਸਮਾਗਮਾਂ 'ਚ ਜ਼ਿਲ੍ਹਾ ਪਰਿਸ਼ਦ ਮੈਂਬਰ ਰਾਮ ਇੰਦਰ ਯਮਨਾ, ਸੁਖਜਿੰਦਰ ਟਾਂਡਾ (ਸੁੱਖਾ ਬਾਜਵਾ), ਜੈਲਦਾਰ ਗੁਰਪ੍ਰੀਤ ਮਹਿਮਦਪੁਰ, ਬਲਿਹਾਰ ਸ਼ਮਸ਼ਪੁਰ, ਹਰਪ੍ਰੀਤ ਘੁੰਮਣ, ਗੁਰਮੇਲ ਖਾਕਟਾਂ, ਦਵਿੰਦਰ ਮਾੜੂ, ਐੱਮ ਸੀ ਯੁਵਰਾਜ ਤੇ ਬਿੱਟੂ ਰਾਠੀਆਂ ਆਦਿ ਦੇ ਨਾਮ ਸ਼ਾਮਲ ਹਨ। ਆਪਣੇ ਸੰਬੋਧਨ 'ਚ ਰਣਜੋਧ ਹਡਾਣਾ ਨੇ ਕਿਹਾ ਕਿ ਸਰਕਾਰ ਵੱਲੋਂ ਮਹਿਲਾਵਾਂ ਨੂੰ ਦਿੱਤੀ ਜਾਣ ਵਾਲੀ 1000-1500 ਰੁਪਏ ਦੇ ਰਾਸ਼ੀ ਸਬੰਧੀ 'ਆਪ' ਵਲੰਟੀਅਰਾਂ ਵੱਲੋਂ ਸਰਕਾਰੀ ਮੁਲਾਜ਼ਮਾਂ ਦੇ ਨਾਲ਼ ਘਰ ਘਰ ਜਾ ਕੇ ਫਾਰਮ ਭਰਨ ਦੀ ਮੁਹਿੰਮ ਵਿਸਾਖੀ ਤੋਂ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਹੋਰ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਨਵੇਂ ਪ੍ਰੋਜੈਕਟ ਵੀ ਜਲਦ ਸ਼ੁਰੂ ਕੀਤੇ ਜਾਣਗੇ।

# ਦੇਵੀਗੜ੍ਹ 'ਚ ਮੀਂਹ ਨੇ ਕਣਕ ਦੀ ਪੱਕੀ ਫ਼ਸਲ 'ਤੇ ਪਾਣੀ ਫੇਰਿਆ

**ਕਿਸਾਨਾਂ ਦੇ ਚਿਹਰੇ ਮੁਰਝਾਏ; ਝਾੜ ਘਟਣ ਦਾ ਖਦਸ਼ਾ ਜਤਾਇਆ**




**ਦੇਵੀਗੜ੍ਹ, 7 ਅਪ੍ਰੈਲ -ਨਿਊਜ਼ਲਾਈਨ ਐਕਸਪ੍ਰੈਸ-**

ਬੇਮੌਸਮੀ ਬਰਸਾਤ ਨੇ ਕਿਸਾਨਾਂ ਦੇ ਚਿਹਰਿਆਂ ਦਾ ਰੰਗ ਫਿੱਕਾ ਪਾ ਦਿੱਤਾ ਹੈ। ਖੇਤਾਂ ਵਿੱਚ ਕਣਕ ਦੀ ਫਸਲ ਪੱਕ ਕੇ ਤਿਆਰ ਹੋ ਚੁੱਕੀ ਹੈ। ਕੁਝ ਕਿਸਾਨਾਂ ਵੱਲੋਂ ਕਣਕ ਦੀ ਕਟਾਈ ਵੀ ਸ਼ੁਰੂ ਕਰ ਦਿੱਤੀ ਹੈ। ਅਚਾਨਕ ਖ਼ਰਾਬ ਹੋ ਰਹੇ ਮੌਸਮ ਨੇ ਅੰਨਦਾਤੇ ਨੂੰ ਫਿਕਰਾਂ ਵਿੱਚ ਪਾ ਦਿੱਤਾ ਹੈ। ਅੱਜ ਬਾਅਦ ਦੁਪਹਿਰ ਸ਼ੁਰੂ ਹੋਏ ਮੀਂਹ ਨੇ ਕਣਕ ਦੀ ਕੀਤੀ ਜਾ ਰਹੀ ਕਟਾਈ ਨੂੰ ਪ੍ਰਭਾਵਿਤ ਕਰ ਦਿੱਤਾ ਹੈ। ਬਾਰਸ਼ ਅਤੇ ਤੇਜ਼ ਹਵਾਵਾਂ ਨਾਲ ਫਸਲਾਂ ਜ਼ਮੀਨ ਉੱਤੇ ਵਿਛ ਗਈਆਂ ਹਨ ਜਿਸ ਨਾਲ ਕਣਕ ਦਾ ਝਾੜ ਘਟਣ ਦਾ ਖਦਸ਼ਾ ਵਧ ਗਿਆ ਹੈ। ਮੌਸਮ ਵਿਭਾਗ ਨੇ ਅਗਲੇ ਕੁਝ ਦਿਨ ਹੋਰ ਮੌਸਮ ਖ਼ਰਾਬ ਰਹਿਣ ਦੀ ਪੇਸ਼ੀਨਗੋਈ ਕੀਤੀ ਹੈ ਜਿਸ ਨੇ ਕਿਸਾਨਾਂ ਨੂੰ ਚਿੰਤਾ ਵਿੱਚ ਡੋਬ ਦਿੱਤਾ ਹੈ। ਮੌਸਮ ਦੇ ਵਿਗੜ ਰਹੇ ਮਿਜ਼ਾਜ ਦੇ ਡਰ ਕਾਰਨ ਕਣਕ ਦੀ ਕਟਾਈ ਵਿੱਚ ਪਿਛਲੇ ਦਿਨਾਂ ਤੋਂ ਤੇਜ਼ੀ ਆਈ ਸੀ। ਮੰਡੀਆਂ ਵਿੱਚ ਲੇਬਰ ਦੀ ਕਮੀ ਹੋਣ ਕਾਰਨ ਕੁਝ ਕਿਸਾਨਾਂ ਨੇ ਕਟਾਈ ਕਰ ਕੇ ਕਣਕ ਘਰਾਂ ਵਿੱਚ ਹੀ ਸਟੋਰ ਕਰ ਲਈ ਹੈ।

ਮਾਹਰਾਂ ਦਾ ਕਹਿਣਾ ਹੈ ਕਿ ਜਦੋਂ ਹਾੜ੍ਹੀ ਦੀ ਪੱਕੀ ਫਸਲ ਉੱਤੇ ਮੀਂਹ ਪੈ ਜਾਵੇ ਤਾਂ ਦਾਣੇ ਨੂੰ ਪਾਣੀ ਲੱਗਣ ਕਾਰਨ ਝਾੜ ਘਟਣ ਦੇ ਨਾਲ ਨਾਲ ਦਾਣਿਆਂ ਦਾ ਰੰਗ ਕਾਲਾ ਵੀ ਹੋ ਸਕਦਾ ਹੈ। ਪਹਿਲਾਂ ਹੀ ਵਧ ਰਹੀਆਂ ਖੇਤੀਬਾੜੀ ਲਾਗਤਾਂ, ਡੀਜ਼ਲ ਦੇ ਭਾਅ ਅਤੇ ਖਾਦਾਂ ਦੇ ਖਰਚਿਆਂ ਨਾਲ ਜੂਝ ਰਹੇ ਕਿਸਾਨਾਂ ਲਈ ਇਹ ਬੇਮੌਸਮੀ ਬਾਰਿਸ਼ ਇੱਕ ਹੋਰ ਵੱਡਾ ਝਟਕਾ ਸਾਬਤ ਹੋ ਸਕਦੀ ਹੈ। ਕੁਦਰਤੀ ਮਾਰ ਕਾਰਨ ਕਿਸਾਨ ਸਹਿਮੇ ਹੋਏ ਹਨ।

# ਡਰੱਗ ਤੇ ਸਮਾਜਿਕ-ਆਰਥਿਕ ਸੈਂਸਸ ਲਈ ਸਵੈ-ਗਣਨਾ ਦਾ ਕੰਮ ਜਲਦ ਸ਼ੁਰੂ : ਡਿਪਟੀ ਕਮਿਸ਼ਨਰ



**ਬਠਿੰਡਾ,7 ਅਪ੍ਰੈਲ -ਨਿਊਜ਼ਲਾਈਨ ਐਕਸਪ੍ਰੈਸ-**

ਡਿਪਟੀ ਕਮਿਸ਼ਨਰ ਬਠਿੰਡਾ ਸ਼੍ਰੀ ਰਾਜੇਸ਼ ਧੀਮਾਨ ਨੇ ਡਰੱਗ ਅਤੇ ਸਮਾਜਿਕ-ਆਰਥਿਕ ਜਨਗਣਨਾ ਸਬੰਧੀ ਜ਼ਿਲ੍ਹਾ ਪੱਧਰੀ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਡਰੱਗ ਅਤੇ ਸੋਸ਼ਿਓ-ਇਕਨਾਮਿਕ ਸੈਂਸਸ ਕਰਵਾਇਆ ਜਾ ਰਿਹਾ ਹੈ। ਇਸ ਪ੍ਰਕਿਰਿਆ ਨੂੰ ਨਿਰਧਾਰਿਤ ਸਮਾਂ-ਸੀਮਾ ਅੰਦਰ ਪੂਰਾ ਕਰਨ ਲਈ ਜ਼ਿਲ੍ਹੇ ਦੇ ਸਮੂਹ 1193 ਪੋਲਿੰਗ ਬੂਥਾਂ 'ਤੇ ਐਨਯੂਮੇਰੇਟਰ (ਗਿਣਤੀਕਾਰ) ਤਾਇਨਾਤ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ ਇਸ ਸੈਂਸਸ ਦਾ ਮੁੱਖ ਉਦੇਸ਼ ਜ਼ਿਲ੍ਹੇ ਵਿੱਚ ਨਸ਼ਿਆਂ ਨਾਲ ਸੰਬੰਧਿਤ ਹਾਲਾਤਾਂ ਅਤੇ ਲੋਕਾਂ ਦੀ ਸਮਾਜਿਕ-ਆਰਥਿਕ ਸਥਿਤੀ ਬਾਰੇ ਸਹੀ ਅਤੇ ਤਾਜ਼ਾ ਡਾਟਾ ਇਕੱਠਾ ਕਰਨਾ ਹੈ, ਤਾਂ ਜੋ ਸਰਕਾਰ ਵੱਲੋਂ ਲੋਕ-ਭਲਾਈ ਯੋਜਨਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਸਕੇ। ਉਨ੍ਹਾਂ ਜ਼ਿਲ੍ਹਾ ਪੱਧਰੀ ਤਿਆਰੀਆਂ, ਲਾਜਿਸਟਿਕਲ ਪ੍ਰਬੰਧਾਂ, ਸਿਖਲਾਈ ਯੋਜਨਾਵਾਂ, ਪੇਂਡੂ ਅਤੇ ਸ਼ਹਿਰੀ ਕਵਰੇਜ ਰਣਨੀਤੀਆਂ ਅਤੇ ਸਥਾਨਕ ਸੰਸਥਾਵਾਂ ਨਾਲ ਤਾਲਮੇਲ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਜਦੋਂ ਐਨਯੂਮੇਰੇਟਰ ਘਰ-ਘਰ ਸਰਵੇ ਲਈ ਆਉਣ ਤਾਂ ਉਨ੍ਹਾਂ ਨੂੰ ਪੂਰਾ ਸਹਿਯੋਗ ਦਿੱਤਾ ਜਾਵੇ ਅਤੇ ਸਹੀ ਅਤੇ ਅੱਪਡੇਟ ਜਾਣਕਾਰੀ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਪਾਰਦਰਸ਼ਤਾ, ਅੰਕੜਿਆਂ ਦੀ ਸਟੀਕਤਾ ਅਤੇ ਨਿਰਧਾਰਿਤ ਸਮਾਂ-ਸੀਮਾਵਾਂ ਦੀ ਸਖ਼ਤੀ ਨਾਲ ਪਾਲਣਾ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਸੁਚੱਜੀ ਯੋਜਨਾਬੰਦੀ ਅਤੇ ਅੰਤਰ-ਵਿਭਾਗੀ ਤਾਲਮੇਲ ਨੂੰ ਯਕੀਨੀ ਬਣਾਉਣ ਲਈ ਕਿਹਾ।

ਇਸ ਦੌਰਾਨ ਉਨ੍ਹਾਂ ਜਨਗਣਨਾ ਐਕਟ ਤਹਿਤ ਮਾਪਦੰਡਾਂ, ਪਰਿਭਾਸ਼ਾਵਾਂ ਅਤੇ ਪ੍ਰਕਿਰਿਆਵਾਂ ਦੀ ਪੂਰੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਦੱਸਿਆ ਇਹ ਸੈਂਸਸ ਜਲਦ ਸ਼ੁਰੂ ਹੋ ਕੇ ਕਰੀਬ 45 ਦਿਨਾਂ ਵਿੱਚ ਪੂਰਾ ਕੀਤਾ ਜਾਵੇਗਾ ਅਤੇ ਸਰਵੇ ਦੀ ਪ੍ਰਕਿਰਿਆ ਸਰਕਾਰ ਵੱਲੋਂ ਪ੍ਰਦਾਨ ਕੀਤੀ ਮੋਬਾਈਲ ਐਪਲੀਕੇਸ਼ਨ ਰਾਹੀਂ ਕੀਤੀ ਜਾਵੇਗੀ।

ਮੀਟਿੰਗ ਦੌਰਾਨ ਸਾਰੇ ਅਧਿਕਾਰੀਆਂ ਨੂੰ ਸੈਂਸਸ ਨੂੰ ਪਾਰਦਰਸ਼ੀ, ਸਮਾਵੇਸ਼ੀ, ਸਟੀਕ ਅਤੇ ਤਕਨਾਲੋਜੀ ਅਧਾਰਤ ਢੰਗ ਨਾਲ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਪੇਸ਼ੇਵਰ ਇਮਾਨਦਾਰੀ, ਕਾਨੂੰਨੀ ਪਾਲਣਾ ਅਤੇ ਪ੍ਰਸ਼ਾਸਕੀ ਕੁਸ਼ਲਤਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਕਿਹਾ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਕੰਚਨ, ਐਸ.ਡੀ.ਐਮ ਬਠਿੰਡਾ ਸ. ਬਲਕਰਨ ਸਿੰਘ, ਐਸ.ਡੀ.ਐਮ ਰਾਮਪੁਰਾ ਅਤੇ ਮੌੜ ਮੈਡਮ ਵੀਰਪਾਲ ਕੌਰ, ਐਸ.ਡੀ.ਐਮ ਤਲਵੰਡੀ ਸਾਬੋ ਸ਼੍ਰੀ ਰਾਜੇਸ਼ ਕੁਮਾਰ ਸ਼ਰਮਾ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਸ਼੍ਰੀ ਅਭਿਨਵ ਗੋਇਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਸਰਕਾਰ ਬਣਾਉਣ ਲਈ ਕਾਂਗਰਸ ਇੱਕਜੁੱਟ ਹੋਵੇ: ਭੱਠਲ



**ਪਟਿਆਲਾ, 7 ਅਪ੍ਰੈਲ -ਨਿਊਜ਼ਲਾਈਨ ਐਕਸਪ੍ਰੈਸ-**

ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੀਬੀ ਰਾਜਿੰਦਰ ਕੌਰ ਭੱਠਲ ਨੇ ਕਿਹਾ ਕਿ ਜੇਕਰ ਪੰਜਾਬ ਕਾਂਗਰਸ ਵੱਲੋਂ 2027 ਵਿੱਚ ਆਪਣੀ ਸਰਕਾਰ ਬਣਾਉਣੀ ਹੈ ਤਾਂ ਕਾਂਗਰਸ ਦੀ ਲੀਡਰਸ਼ਿਪ ਨੂੰ ਇਕੱਠੇ ਰਹਿਣਾ ਪਵੇਗਾ, ਕਾਂਗਰਸ ਦੀ ਫੁੱਟ ਇਕ ਵਾਰ ਪੰਜਾਬ ਵਿੱਚ ਆਪਣੀ ਸਰਕਾਰ ਬਣਦੀ-ਬਣਦੀ ਗੁਆ ਚੁੱਕੀ ਹੈ, ਜੇਕਰ ਇਸ ਵਾਰ ਵੀ ਪੰਜਾਬ ਕਾਂਗਰਸ ਨੇ ਇੱਕਜੁੱਟਤਾ ਵਿੱਚ ਥੋੜ੍ਹੀ ਜਿਹੀ ਵੀ ਢਿੱਲ ਛੱਡੀ ਤਾਂ ਪੰਜਾਬ ਕਾਂਗਰਸ ਲਈ ਔਖਾ ਹੋ ਸਕਦਾ ਹੈ। ਬੀਬੀ ਰਾਜਿੰਦਰ ਕੌਰ ਭੱਠਲ ਇੱਥੇ ਸਾਬਕਾ ਮੰਤਰੀ ਲਾਲ ਸਿੰਘ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਆਏ ਸਨ। ਉਨ੍ਹਾਂ ਕਿਹਾ ਕਿ ਲਾਲ ਸਿੰਘ ਨੇ ਕਦੇ ਵੀ ਵਿਵਾਦਮਈ ਰਾਜਨੀਤੀ ਨਹੀਂ ਕੀਤੀ, ਸਗੋਂ ਉਨ੍ਹਾਂ ਹਮੇਸ਼ਾ ਪੰਜਾਬ ਦੇ ਭਲੇ ਲਈ ਕਾਂਗਰਸ ਦੀ ਵਫ਼ਾਦਾਰੀ ਨਿਭਾਈ। ਬੀਬੀ ਭੱਠਲ ਨੇ ਕਿਹਾ ਕਿ ਲਾਲ ਸਿੰਘ ਵਰਗੇ ਲੀਡਰਾਂ ਦੀ ਸੋਚ ਦੀ ਅੱਜ ਵੀ ਸਾਡੀ ਲੀਡਰਸ਼ਿਪ ਨੂੰ ਲੋੜ ਹੈ, ਉਨ੍ਹਾਂ ਕਦੇ ਵੀ ਕਾਂਗਰਸ ਵਿਰੁੱਧ ਜਾਂ ਫਿਰ ਕਾਂਗਰਸ ਦੀ ਹਾਈਕਮਾਂਡ ਵਿਰੁੱਧ ਇਕ ਵਾਰ ਵੀ ਕੋਈ ਗੱਲ ਨਹੀਂ ਆਖੀ, ਸਗੋਂ ਅਜਿਹਾ ਸਮਾਂ ਆ ਗਿਆ ਸੀ ਕਿ ਪੰਜਾਬ ਦੀ ਰਾਜਨੀਤੀ ਬਾਰੇ ਪੂਰੀ ਜਾਣਕਾਰੀ ਹਾਸਲ ਕਰਨ ਲਈ ਹਾਈਕਮਾਂਡ ਵੀ ਲਾਲ ਸਿੰਘ ਤੋਂ ਸਲਾਹ ਮਸ਼ਵਰਾ ਕਰ ਲੈਂਦੀ ਸੀ। ਅਜਿਹੇ ਲੀਡਰਾਂ ਦੀ ਸੋਚ ਕਾਂਗਰਸ ਨੂੰ ਅਪਣਾਉਣੀ ਚਾਹੀਦੀ ਹੈ। ਇਸ ਮੌਕੇ ਕੇਵਲ ਢਿੱਲੋਂ, ਪ੍ਰਗਟ ਸਿੰਘ, ਨਿਸ਼ਾਨ ਕੰਬੋਜ, ਹਰਮੇਲ ਮਕੌੜ, ਦਮੋਦਰ ਸਿੰਘ, ਸ਼ਮਸ਼ੇਰ ਗੋਪਾਲ ਸਵੀਟ, ਵਿਸ਼ਨੂੰ ਸ਼ਰਮਾ, ਗੁਰਸ਼ਰਨ ਕੌਰ ਰੰਧਾਵਾ ਆਦਿ ਹਾਜ਼ਰ ਸਨ।

# ਪਟਿਆਲਾ : ਪੁਲਿਸ ਹਿਰਾਸਤ 'ਚ 28 ਸਾਲਾ ਨੌਜਵਾਨ ਦੀ ਮੌਤ, ਪਰਿਵਾਰ ਨੇ ਲਾਏ ਕੁੱਟਮਾਰ ਦੇ ਦੋਸ਼



**ਪਟਿਆਲਾ, 7 ਅਪ੍ਰੈਲ -ਨਿਊਜ਼ਲਾਈਨ ਐਕਸਪ੍ਰੈਸ-**

ਪਟਿਆਲਾ ਦੇ ਤ੍ਰਿਪੜੀ ਥਾਣੇ ਵਿੱਚ ਪੁੱਛਗਿੱਛ ਲਈ ਲਿਆਂਦੇ ਗਏ 28 ਸਾਲਾ ਨੌਜਵਾਨ ਬੰਟੀ ਦੀ ਮੌਤ ਮਾਮਲੇ ਨੇ ਨਵਾਂ ਵਿਵਾਦ ਖੜ੍ਹਾ ਕਰ ਦਿੱਤਾ ਹੈ। ਬੰਟੀ, ਜੋ ਕਿ ਪਿਛਲੇ ਚਾਰ ਸਾਲਾਂ ਤੋਂ ਐਨਡੀਪੀਐਸ ਮਾਮਲੇ ਵਿੱਚ ਪਟਿਆਲਾ ਕੇਂਦਰੀ ਜੇਲ੍ਹ ਵਿੱਚ ਬੰਦ ਸੀ, ਨੂੰ ਹਾਲ ਹੀ ਵਿੱਚ ਇਕ ਹੋਰ ਕੇਸ ਵਿੱਚ ਪੁੱਛਗਿੱਛ ਲਈ ਤ੍ਰਿਪੜੀ ਥਾਣੇ ਲਿਆਂਦਾ ਗਿਆ ਸੀ। ਪੁਲਿਸ ਮੁਤਾਬਕ ਪੁੱਛਗਿੱਛ ਦੌਰਾਨ ਉਸ ਦੀ ਤਬੀਅਤ ਅਚਾਨਕ ਖਰਾਬ ਹੋ ਗਈ, ਜਿਸ ਤੋਂ ਬਾਅਦ ਪਹਿਲਾਂ ਡਾਕਟਰੀ ਸਹਾਇਤਾ ਦਿੱਤੀ ਗਈ ਅਤੇ ਫਿਰ ਉਸ ਨੂੰ ਸਰਕਾਰੀ ਰਜਿੰਦਰਾ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤ ਘੋਸ਼ਿਤ ਕਰ ਦਿੱਤਾ।ਦੂਜੇ ਪਾਸੇ ਮ੍ਰਿਤਕ ਦੇ ਪਰਿਵਾਰ ਨੇ ਪੁਲਿਸ 'ਤੇ ਗੰਭੀਰ ਦੋਸ਼ ਲਗਾਉਂਦੇ ਹੋਏ ਕਿਹਾ ਕਿ ਬੰਟੀ ਦੇ ਸਰੀਰ 'ਤੇ ਸੱਟਾਂ ਦੇ ਨਿਸ਼ਾਨ ਸਨ, ਜਿਸ ਨਾਲ ਕੁੱਟਮਾਰ ਦੀ ਸੰਭਾਵਨਾ ਨੂੰ ਨਕਾਰਿਆ ਨਹੀਂ ਜਾ ਸਕਦਾ। ਇਸ ਘਟਨਾ ਤੋਂ ਬਾਅਦ ਪਰਿਵਾਰਕ ਮੈਂਬਰ ਅਤੇ ਸਥਾਨਕ ਲੋਕ ਮੋਰਚਰੀ ਦੇ ਬਾਹਰ ਇਕੱਠੇ ਹੋ ਗਏ ਅਤੇ ਇਨਸਾਫ ਦੀ ਮੰਗ ਕਰਦੇ ਹੋਏ ਹੰਗਾਮਾ ਕੀਤਾ। ਪੁਲਿਸ ਅਧਿਕਾਰੀਆਂ ਨੇ ਸਾਰੇ ਦੋਸ਼ਾਂ ਨੂੰ ਨਕਾਰਦੇ ਹੋਏ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਜ਼ਬਰਦਸਤੀ ਜਾਂ ਟਾਰਚਰ ਨਹੀਂ ਕੀਤਾ ਗਿਆ। ਉਨ੍ਹਾਂ ਦੇ ਅਨੁਸਾਰ ਮੌਤ ਦੀ ਅਸਲ ਵਜ੍ਹਾ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਸਪੱਸ਼ਟ ਹੋਵੇਗੀ। ਇਸ ਮਾਮਲੇ ਨੇ ਪੁਲਿਸ ਕਾਰਵਾਈ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ ਅਤੇ ਹੁਣ ਸਭ ਦੀ ਨਿਗਾਹ ਜਾਂਚ ਅਤੇ ਰਿਪੋਰਟ 'ਤੇ ਟਿਕੀ ਹੋਈ ਹੈ।

# ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਕਰਤਾਰਪੁਰ ਸਾਹਿਬ ਲਾਂਘਾ ਮੁੜ ਖੋਲ੍ਹਣ ਦੀ ਮੰਗ

**ਅੰਮ੍ਰਿਤਸਰ, 7 ਅਪ੍ਰੈਲ -ਨਿਊਜ਼ਲਾਈਨ ਐਕਸਪ੍ਰੈਸ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਨੂੰ ਕਰਤਾਰਪੁਰ ਸਾਹਿਬ ਲਾਂਘਾ ਮੁੜ ਖੋਲ੍ਹਣਾ ਚਾਹੀਦਾ ਹੈ ਤਾਂ ਜੋ ਸਿੱਖ ਸ਼ਰਧਾਲੂ ਸਿੱਖ ਕੌਮ ਦੇ ਸਭ ਤੋਂ ਪਵਿੱਤਰ ਮੌਕਿਆਂ ਵਿੱਚੋਂ ਇੱਕ 'ਤੇ ਪਾਕਿਸਤਾਨ ਸਥਿਤ ਇਤਿਹਾਸਕ ਸਿੱਖ ਅਸਥਾਨ - ਗੁਰਦੁਆਰਾ ਕਰਤਾਰਪੁਰ ਸਾਹਿਬ ਵਿਖੇ ਨਤਮਸਤਕ ਹੋ ਸਕਣ। ਕਰਤਾਰਪੁਰ ਸਾਹਿਬ ਸਿੱਖ ਧਰਮ ਦੇ ਬਾਨੀ ਗੁਰੂ ਨਾਨਕ ਦੇਵ ਜੀ ਦਾ ਅੰਤਿਮ ਵਿਸ਼ਰਾਮ ਅਸਥਾਨ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਇਸ ਮਾਮਲੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਟੈਂਡ ਸ਼ੁਰੂ ਤੋਂ ਹੀ ਬਿਲਕੁਲ ਸਪੱਸ਼ਟ ਹੈ ਕਿ ਲਾਂਘਾ ਜਲਦੀ ਤੋਂ ਜਲਦੀ ਖੋਲ੍ਹਿਆ ਜਾਣਾ ਚਾਹੀਦਾ ਹੈ। ਜੇ ਕ੍ਰਿਕਟ ਸਬੰਧ ਮੁੜ ਸ਼ੁਰੂ ਹੋ ਸਕਦੇ ਹਨ ਤਾਂ ਧਾਰਮਿਕ ਸਬੰਧ ਕਿਉਂ ਨਹੀਂ। ਸ਼੍ਰੋਮਣੀ ਕਮੇਟੀ ਨੇ 28 ਮਾਰਚ ਨੂੰ ਹੋਏ ਆਪਣੇ ਸਾਲਾਨਾ ਬਜਟ ਇਜਲਾਸ ਵਿੱਚ ਰਸਮੀ ਤੌਰ 'ਤੇ ਲਾਂਘਾ ਤੁਰੰਤ ਖੋਲ੍ਹਣ ਦੀ ਮੰਗ ਰੱਖੀ ਸੀ। ਇਸ ਸੈਸ਼ਨ ਵਿੱਚ ਕਮੇਟੀ ਨੇ ਸਰਕਾਰ ਨੂੰ ਧਾਰਮਿਕ ਤੀਰਥ ਯਾਤਰਾ ਨੂੰ ਸਿਆਸੀ ਟਕਰਾਵਾਂ ਤੋਂ ਵੱਖ ਰੱਖਣ ਦਾ ਸੁਝਾਅ ਵੀ ਦਿੱਤਾ ਸੀ। ਐੱਸ ਜੀ ਪੀ ਸੀ ਨੇ ਆਪਣੇ ਬਜਟ ਇਜਲਾਸ ਵਿੱਚ ਇੱਕ ਮਤਾ ਵੀ ਪਾਸ ਕੀਤਾ ਜਿਸ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਲਾਂਘੇ ਦੇ ਲੰਬੇ ਸਮੇਂ ਤੋਂ ਬੰਦ ਰਹਿਣ ਨਾਲ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਸੱਟ ਵੱਜੀ ਹੈ। ਲਗਪਗ 4.6 ਕਿਲੋਮੀਟਰ ਲੰਬਾ ਇਹ ਲਾਂਘਾ ਪਾਕਿਸਤਾਨ ਦੇ ਜ਼ਿਲ੍ਹਾ ਨਾਰੋਵਾਲ ਵਿੱਚ ਸਥਿਤ ਕਰਤਾਰਪੁਰ ਸਾਹਿਬ ਗੁਰਦੁਆਰਾ (ਜਿਸ ਨੂੰ ਦਰਬਾਰ ਸਾਹਿਬ ਵਜੋਂ ਵੀ ਜਾਣਿਆ ਜਾਂਦਾ ਹੈ) ਨੂੰ ਭਾਰਤ ਦੇ ਡੇਰਾ ਬਾਬਾ ਨਾਨਕ ਨਾਲ ਜੋੜਦਾ ਹੈ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤਰਰਾਸ਼ਟਰੀ ਮਾਮਲਿਆਂ ਦੇ ਮੁੱਖ ਸਲਾਹਕਾਰ ਪਰਮਜੀਤ ਸਿੰਘ ਚੰਡੋਕ ਨੇ ਦੱਸਿਆ ਕਿ ਦਿੱਲੀ ਸਥਿਤ ਸਿੱਖ ਸੰਸਥਾ ਨੇ ਹਾਲ ਹੀ ਵਿੱਚ ਨਰਿੰਦਰ ਮੋਦੀ ਸਰਕਾਰ ਨੂੰ ਇੱਕ ਪੱਤਰ ਲਿਖ ਕੇ ਸਿੱਖ ਸ਼ਰਧਾਲੂਆਂ ਲਈ ਲਾਂਘਾ ਮੁੜ ਖੋਲ੍ਹਣ ਦੀ ਬੇਨਤੀ ਕੀਤੀ ਹੈ। ਉਨ੍ਹਾਂ ਤਰਕ ਦਿੱਤਾ ਕਿ 14 ਅਪਰੈਲ ਨੂੰ ਇਸ ਵਿਸਾਖੀ 'ਤੇ ਸੀਮਤ ਗਿਣਤੀ ਵਿੱਚ ਸ਼ਰਧਾਲੂਆਂ ਨੂੰ ਇਜਾਜ਼ਤ ਦੇ ਕੇ ਲਾਂਘਾ ਖੋਲ੍ਹਿਆ ਜਾ ਸਕਦਾ ਹੈ। ਸੀਮਤ ਸ਼ਰਧਾਲੂਆਂ ਲਈ ਲਾਂਘਾ ਖੋਲ੍ਹਣਾ ਭਾਰਤ ਅਤੇ ਪਾਕਿਸਤਾਨ ਦੋਵਾਂ ਸਰਕਾਰਾਂ ਲਈ ਸੰਭਾਲਣਾ ਸੁਖਾਲਾ ਹੋਵੇਗਾ।

22 ਅਪਰੈਲ 2025 ਨੂੰ ਪਹਿਲਗਾਮ ਅਤਿਵਾਦੀ ਹਮਲੇ ਤੋਂ ਬਾਅਦ ਸੁਰੱਖਿਆ ਚਿੰਤਾਵਾਂ ਕਾਰਨ ਮਈ 2025 ਵਿੱਚ ਭਾਰਤ ਵਾਲੇ ਪਾਸੇ ਤੋਂ ਲਾਂਘਾ ਬੰਦ ਕਰ ਦਿੱਤਾ ਗਿਆ ਸੀ। ਜਦੋਂ ਕਿ ਰਿਪੋਰਟਾਂ ਦੱਸਦੀਆਂ ਹਨ ਕਿ ਪਾਕਿਸਤਾਨ ਨੇ ਆਪਣਾ ਪਾਸਾ ਖੁੱਲ੍ਹਾ ਰੱਖਿਆ ਹੈ, ਪਰ ਭਾਰਤੀ ਪਾਸੇ ਤੋਂ ਮੁਸਾਫ਼ਰਾਂ ਲਈ ਇਹ ਲਾਂਘਾ ਬੰਦ ਹੈ। ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ)

**ਪਟਿਆਲਾ ਵਿੱਚ ਮਿਸਲ ਸਤਲੁਜ ਦੇ ਕੌਮੀ ਪ੍ਰਧਾਨ ਯਾਦੂ ਦੀ ਤਾਜਪੋਸ਼ੀ**

# ਨੌਜਵਾਨਾਂ ਦੇ ਹੱਥ ਦੇਖਣਾ ਚਾਹੁੰਦੇ ਹਾਂ ਪੰਜਾਬ ਦੀ ਵਾਗਡੋਰ: ਅਜੈਪਾਲ ਬਰਾੜ



**ਪਟਿਆਲਾ, 7 ਅਪ੍ਰੈਲ -ਨਿਊਜ਼ਲਾਈਨ ਐਕਸਪ੍ਰੈਸ-**

ਪੰਜਾਬੀ ਯੂਨੀਵਰਸਿਟੀ ਦੇ ਸਨੀ ਓਬਰਾਏ ਆਰਟਸ ਆਡੀਟੋਰੀਅਮ ਵਿੱਚ ਅੱਜ 'ਮਿਸਲ ਸਤਲੁਜ' ਨਾਮੀ ਜਥੇਬੰਦੀ ਦੇ ਯੂਥ ਵਿੰਗ ਦੇ ਕੌਮੀ ਪ੍ਰਧਾਨ ਬਣਾਏ ਗਏ ਯਾਦਵਿੰਦਰ ਸਿੰਘ ਯਾਦੂ (ਅਲਾਲ) ਦੀ ਤਾਜਪੋਸੀ ਸਬੰਧੀ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਵੱਡੀ ਗਿਣਤੀ 'ਚ ਵਿਦਿਆਰਥੀ ਅਤੇ ਨੌਜਵਾਨ ਵਰਗ ਨੇ ਸ਼ਿਰਕਤ ਕੀਤੀ। ਜਥੇਬੰਦੀ ਦੇ ਕੌਮੀ ਪ੍ਰਧਾਨ ਅਜੇਪਾਲ ਸਿੰਘ ਬਰਾੜ ਨੇ ਸ੍ਰੀ ਯਾਦੂ ਨੂੰ ਸ੍ਰੀ ਸਾਹਿਬ ਤੇ ਸਿਰੋਪਾ ਭੇਟ ਕਰਕੇ ਯੂਥ ਵਿੰਗ ਦੇ ਕੌਮੀ ਪ੍ਰਧਾਨ ਦੀ ਜ਼ਿੰਮੇਵਾਰੀ ਦੀ ਰਸਮੀ ਤੌਰ 'ਤੇ ਵਾਗਡੋਰ ਸੌਂਪੀ।

ਪ੍ਰਧਾਨ ਅਜੇਪਾਲ ਬਰਾੜ ਨੇ ਕਿਹਾ ਕਿ ਮਿਸਲ ਸਤਲੁਜ ਦਾ ਮੁੱਖ ਉਦੇਸ਼ ਰਾਜਨੀਤਕ ਤੌਰ 'ਤੇ ਨੌਜਵਾਨਾਂ ਹੱਥ ਪੰਜਾਬ ਦੀ ਵਾਗਡੋਰ ਲਿਆਉਣਾ ਅਤੇ ਪੰਜਾਬ ਨੂੰ ਪ੍ਰਫੁੱਲਿਤ ਕਰਨਾ ਹੈ। ਜਥੇਬੰਦੀ ਨੌਜਵਾਨਾਂ ਨੂੰ ਉਨ੍ਹਾਂ ਦੇ ਹੱਕਾਂ ਪ੍ਰਤੀ ਜਾਗਰੂਕ ਕਰਨ ਸਮੇਤ ਲੋੜਵੰਦਾਂ ਨੂੰ ਮਦਦ ਵੀ ਪ੍ਰਦਾਨ ਕੀਤੀ ਜਾਵੇਗੀ। ਇਹ ਨਵੀਂ ਜ਼ਿੰਮੇਵਾਰੀ ਸੰਭਾਲਦਿਆਂ ਯਾਦਵਿੰਦਰ ਯਾਦੂ ਨੇ ਪ੍ਰਧਾਨ ਅਜੇਪਾਲ ਬਰਾੜ ਤੇ ਸਕੱਤਰ ਜਨਰਲ ਦਵਿੰਦਰ ਸੇਖੋਂ ਦਾ ਧੰਨਵਾਦ ਕਰਦਿਆਂ ਇਹ ਨਵੀਂ ਪਾਰੀ ਹੋਰ ਵੀ ਵਧੇਰੇ ਤਨਦੇਹੀ ਤੇ ਇਮਾਨਦਾਰੀ ਨਿਭਾਉਣ ਦਾ ਭਰੋਸਾ ਦਿਤਾ। ਉਨ੍ਹਾਂ ਕਿਹਾ ਕਿ ਉਹ ਨੌਜਵਾਨਾਂ ਦੀ ਭਲਾਈ, ਸਮਾਜਿਕ ਵਿਕਾਸ ਅਤੇ ਸਾਂਝੇ ਮੁੱਦਿਆਂ ਲਈ ਹਮੇਸ਼ਾ ਸਮਰਪਿਤ ਭਾਵਨਾ ਨਾਲ਼ ਕੰਮ ਕਰਨਗੇ। ਇਸ ਮੌਕੇ ਇਸਤਰੀ ਵਿੰਗ ਦੇ ਪ੍ਰਧਾਨ ਜਸਮੀਤ ਕੌਰ ਛੀਨਾ, ਅਮਰਿੰਦਰ ਤੂੜ, ਮਨਜਿੰਦਰ ਸਿੰਘ, ਇਕਬਾਲ ਸਿੰਘ, ਡਾ.ਐਂਤਪਾਲ ਬਰਾੜ, ਅਮਰਿੰਦਰ ਸਿੰਘ, ਰਾਜਵਿੰਦਰ ਸਿੰਘ, ਜਸਕਰਨ ਸਿੰਘ, ਯੋਗਪ੍ਰੀਤ ਸਿੰਘ, ਅਨਮੋਲ ਸਿੰਘ, ਪ੍ਰਭਵਿਜੇਂਦਰ ਸਿੰਘ ਅਤੇ ਸੁਖਵਿੰਦਰ ਸਿੰਘ ਮੌਜੂਦ ਸਨ।

# ਸਕੂਲੀ ਬੱਚਿਆਂ ਦੇ ਪੋਸ਼ਣ 'ਤੇ ਸਰਕਾਰ ਦਾ ਖਾਸ ਧਿਆਨ; ਪੀਐਮ ਪੋਸ਼ਨ ਸ਼ਕਤੀ ਨਿਰਮਾਣ ਯੋਜਨਾ ਲਈ 747 ਕਰੋੜ ਦਾ ਬਜਟ

**ਚੰਡੀਗੜ੍ਹ, 7 ਅਪ੍ਰੈਲ -ਨਿਊਜ਼ਲਾਈਨ ਐਕਸਪ੍ਰੈਸ-**

ਹਰਿਆਣਾ ਸਰਕਾਰ ਨੇ ਸਕੂਲੀ ਬੱਚਿਆਂ ਦੇ ਪੋਸ਼ਣ ਨੂੰ ਪ੍ਰੋਤਸਾਹਨ ਦੇਣ ਦੇ ਉਦੇਸ਼ ਨਾਲ ਪ੍ਰਧਾਨ ਮੰਤਰੀ ਪੋਸ਼ਣ ਸ਼ਕਤੀ ਨਿਰਮਾਣ ਯੋਜਨਾ ਤਹਿਤ ਸਾਲ 2026-27 ਲਈ 747 ਕਰੋੜ ਰੁਪਏ ਦੇ ਬਜਟ ਨੂੰ ਮੰਜੂਰੀ ਪ੍ਰਦਾਨ ਕੀਤੀ ਹੈ। ਰਾਜ ਦੇ ਸਕੂਲੀ ਬੱਚਿਆਂ ਨੂੰ ਪੋਸ਼ਣ ਸਹਾਇਤਾ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸੰਚਾਲਿਤ ਕੀਤੀ ਜਾ ਰਹੀ ਹੈ ਇਹ ਇੱਕ ਪ੍ਰਮੁੱਖ ਯੋਜਨਾ ਹੈ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਦੀ ਅਗਵਾਈ ਹੇਠ ਅੱਜ ਇੱਥੇ ਹੋਈ ਰਾਜ ਪੱਧਰੀ ਸੰਚਾਲਨ ਅਤੇ ਨਿਗਰਾਨੀ ਕਮੇਟੀ (ਐਸਐਲਐਸਐਮਸੀ) ਦੀ ਉੱਚ ਪੱਧਰੀ ਮੀਟਿੰਗ ਵਿੱਚ ਇਸ ਦੀ ਮੰਜੂਰੀ ਪ੍ਰਦਾਨ ਕੀਤੀ ਗਈ। ਮੀਟਿੰਗ ਵਿੱਚ ਯੋਜਨਾ ਦੇ ਮੌਜੂਦਾ ਲਾਗੂ ਕਰਨ, ਵਿੱਤੀ ਪ੍ਰਗਤੀ ਅਤੇ ਅਗਾਮੀ ਸਾਲ ਦੀ ਕਾਰਜਯੋਜਨਾ ਦੀ ਵੀ ਵਿਆਪਕ ਸਮੀਖਿਆ ਕੀਤੀ ਗਈ।

ਮੰਜੂਰ ਬਜਟ ਵਿੱਚ ਕੇਂਦਰ ਸਰਕਾਰ ਦਾ 222 ਕਰੋੜ ਰੁਪਏ ਅਤੇ ਸੂਬਾ ਸਰਕਾਰ ਦਾ 525 ਕਰੋੜ ਰੁਪਏ ਦਾ ਹਿੱਸਾ ਹੈ।

ਮੁੱਖ ਸਕੱਤਰ ਸ੍ਰੀ ਰਸਤੋਗੀ ਨੇ ਸਾਰੇ ਜਿਲ੍ਹਿਆਂ ਵਿੱਚ ਗੁਣਵੱਤਾ, ਸਵੱਛਤਾ ਅਤੇ ਪੋਸ਼ਣ ਮਾਨਕਾਂ ਦਾ ਸਖਤੀ ਨਾਲ ਪਾਲਣ ਯਕੀਨੀ ਕਰਨ ਦੇ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਭੋਜਨ ਦੀ ਗੁਣਵੱਤਾ ਵਿੱਖ ਕਿਸੇ ਵੀ ਤਰ੍ਹਾ ਦਾ ਸਮਝੌਤਾ ਸਵੀਕਾਰ ਨਹੀ ਕੀਤਾ ਜਾਵੇਗਾ। ਉਨ੍ਹਾਂ ਨ ਅਧਿਕਾਰੀਆਂ ਨੂੰ ਜਿਲ੍ਹਾ ਅਤੇ ਸਕੂਲ ਪੱਧਰ 'ਤੇ ਨਿਗਰਾਨੀ ਸਿਸਟਮ ਨੂੰ ਹੋਰ ਮਜਬੂਤ ਕਰਨ ਦੇ ਵੀ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਬੱਚਿਆਂ ਨੂੰ ਦਿੱਤਾ ਜਾਣ ਵਾਲਾ ਭੋਜਨ ਪੌਸ਼ਟਿਕ, ਸਵਾਦ ਅਤੇ ਨਿਰਧਾਰਿਤ ਮਾਨਕਾਂ ਦੇ ਅਨੁਰੂਪ ਹੋਣ, ਇਸ ਦੇ ਲਈ ਨਿਯਮਤ ਨਿਰੀਖਣ ਦੇ ਨਾਲ-ਨਾਲ ਵਿਦਿਆਰਥੀਆਂ ਤੋਂ ਵੀ ਫੀਡਬੈਕ ਲਿਆ ਜਾਵੇ। ਮੀਟਿੰਗ ਵਿੱਚ ਰਕਮ ਦੇ ਪ੍ਰਭਾਵੀ ਵਰਤੋ ਅਤੇ ਸਮੇਂ 'ਤੇ ਕਿਸਤ ਜਾਰੀ ਕਰਨ ਸਬੰਧੀ ਉਪਾਆਂ 'ਤੇ ਵੀ ਚਰਚਾ ਕੀਤੀ ਗਈ।

ਮੀਟਿੰਗ ਵਿੱਚ ਮੁੱਢਲੀ ਸਿਖਿਆ ਨਿਦੇਸ਼ਕ ਸੁਸ੍ਰੀ ਮਨੀਤਾ ਮਲਿਕ ਨੇ ਦਸਿਆ ਕਿ ਅਗਾਮੀ ਵਿੱਤ ਸਾਲ ਵਿੱਚ ਬਾਲ ਵਾਟਿਕਾ ਤੋਂ ਲੈ ਕੇ ਉੱਚ ਪ੍ਰਾਥਮਿਕ ਕਲਾਸਾਂ ਤੱਕ ਦੇ 14.8 ਲੱਖ ਤੋਂ ਵੱਧ ਬੱਚਿਆਂ ਨੂੰ ਯੋਜਨਾ ਦੇ ਤਹਿਤ ਸ਼ਾਮਿਲ ਕੀਤੇ ਜਾਣ ਦਾ ਪ੍ਰਸਤਾਵ ਹੈ। ਇਹ ਯੋਜਨਾ ਸਕੂਲੀ ਬੱਚਿਆਂ ਨੂੰ ਭੋਜਨ ਉਪਲਬਧ ਕਰਵਾਉਣ, ਸਰਕਾਰੀ ਸਕੂਲਾਂ ਵਿੱਚ ਮੌਜੂਦਗੀ ਵਧਾਉਣ ਅਤੇ ਵਿਦਿਆਰਥੀਆਂ ਦੀ ਨਾਮਜਦਗੀ ਬਣਾਏ ਰੱਖਣ ਵਿੱਚ ਮਹਤੱਵਪੂਰਣ ਭੂਮਿਕਾ ਨਿਭਾਉਂਦੀ ਹੈ।

ਕਮੇਟੀ ਨੇ ਵਿਦਿਆਰਥੀਆਂ ਨੂੰ ਉਪਲਬਧ ਕਰਾਏ ਜਾ ਰਹੇ ਭੋਜਨ ਮੈਨਯੂ ਅਤੇ ਪੋਸ਼ਣ ਸਬੰਧੀ ਦਖਲਅੰਦਾਜੀ ਦੀ ਵੀ ਸਮੀਖਿਆ ਕੀਤੀ, ਜਿਨ੍ਹਾਂ ਵਿੱਚ ਦੁੱਧ, ਪ੍ਰੋਟੀਨ ਯੁਕਤ ਭੋਜਨ ਪਦਾਰਥ, ਮੂੰਗਫਲੀ ਪਿੰਨੀ ਅਤੇ ਖੀਰ ਵਰਗੇ ਪੂਰਕ ਪੋਸ਼ਣ ਤੱਤ ਸ਼ਾਮਿਲ ਹਨ। ਮੀਟਿੰਗ ਵਿੱਚ ਸਕੂਲ ਸਿਖਿਆ ਵਿਭਾਗ ਦੇ ਪ੍ਰਧਾਨ ਸਕੱਤਰ ਸ੍ਰੀ ਵਿਜੈ ਸਿੰਘ ਦਹੀਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਸ਼ੇਖਰ ਵਿਦਿਆਰਥੀ, ਵੱਖ-ਵੱਖ ਵਿਭਾਗਾਂ ਤੋਂ ਕਮੇਟੀ ਮੈਂਬਰ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ।

# ਸਬਜੀ ਮੰਡੀ ਸਨੌਰ ਵਿੱਚ ਸ਼ਾਨਦਾਰ ਮੀਟਿੰਗ, ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਦੀ ਵਿਸ਼ੇਸ਼ ਹਾਜ਼ਰੀ



**ਪਟਿਆਲਾ, 7 ਅਪ੍ਰੈਲ -ਨਿਊਜ਼ਲਾਈਨ ਐਕਸਪ੍ਰੈਸ-**

ਅੱਜ - ਸਬਜੀ ਮੰਡੀ ਸਨੌਰ ਵਿਖੇ ਮਾਰਕੀਟ ਕਮੇਟੀ ਦੇ ਚੇਅਰਮੈਨ ਅਸ਼ੋਕ ਸਿਰਸਵਾਲ ਵੱਲੋਂ ਇੱਕ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਆੜਤੀ ਅਤੇ ਪੱਲੇਦਾਰ ਭਾਈਚਾਰੇ ਨੇ ਸ਼ਮੂਹਲੀਅਤ ਕੀਤੀ।

ਇਸ ਮੌਕੇ 'ਤੇ ਪੰਜਾਬ ਐਗਰੋ ਫੂਡ ਕਾਰਪੋਰੇਸਨ ਲਿਮਟਿਡ ਚੇਅਰਮੈਨ ਅਤੇ ਪਟਿਆਲਾ ਲੋਕ ਸਭਾ ਇੰਚਾਰਜ ਸ੍ਰੀ ਬਲਜਿੰਦਰ ਸਿੰਘ ਢਿੱਲੋਂ ਨੂੰ ਸਨਮਾਨ ਦੇ ਤੌਰ 'ਤੇ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੱਦਾ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਆੜਤੀ ਅਤੇ ਪੱਲੇਦਾਰ ਭਾਈਚਾਰੇ ਨੇ ਅਪਣਿਆ ਸਮਸਿਆਵਾਂ ਉਨਾ ਨੂੰ ਦਸਿਆਂ। ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਅਤੇ ਮਾਰਕੀਟ ਕਮੇਟੀ ਚੇਅਰਮੈਨ ਅਸ਼ੋਕ ਸਿਰਸਵਾਲ ਨੇ ਉਹਨਾ ਦੀਆਂ ਮੁਸਕਿਲਾ ਬਾਰੇ ਸੰਬੰਧਿਤ ਅਧਿਕਾਰੀਆਂ ਨਾਲ ਗੱਲ ਬਾਤ ਕਰਕੇ ਜਲਦ ਹੀ ਹੱਲ ਕਰਨ ਦਾ ਭਰੋਸਾ ਦਿਵਾਈਆ। ਇਸ ਮੌਕੇ ਉਨਾ ਨਾਲ ਜਿਲਾ ਮੀਡੀਆ ਇੰਚਾਰਜ ਪ੍ਰਿੰਸ ਲਾਂਬਾ ਵੀ ਹਾਜਰ ਸਨ।

ਇਸ ਤੋਂ ਇਲਾਵਾਂ ਉਨਾ ਨੇ ਦਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਅਤੇ ਵਿਕਾਸ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਇਲਾਕੇ ਦੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ।

ਇਸ ਮੌਕੇ : ਜਸਪਾਲ ਸਿੰਘ ,ਅਮਰੀਕ ਸਿੰਘ,ਜੌਲੀ,ਜੋਗਿੰਦਰ ਸਿੰਘ ਧਵਲ,ਬਿੱਲਾ ਸਾਬਕਾ ਪ੍ਰਧਾਨ,ਬਲਦੇਵ ਸਿੰਘ,ਸੁਮਿਤ ਰਾਣਾ,ਡਿੰਪਲ ਭਾਟੀਆ,ਗੋਲਡੀ ਭਾਟੀਆ,ਬੋਬੀ ਸੁਨੀਲ ਕੁਮਾਰ,ਮਨਦੀਪ ਜੋਲਾ ਆਦਿ ਮੋਜੂਦ ਸਨ।

# ਗੁਰਦੁਆਰਾ ਘਾਟ ਸਾਹਿਬ

ਗੁਰਨਾਮ ਸਿੰਘ ਭੱਲੜੀ
9417335325



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨਛੋਹ ਪ੍ਰਾਪਤ ਪਵਿੱਤਰ ਗੁਰਦੁਆਰਾ ਘਾਟ ਸਾਹਿਬ ਸ਼ਿਵਾਲਿਕ ਦੀਆਂ ਪਹਾੜੀਆਂ ਦੀ ਗੋਦ 'ਚ ਵਸੇ, ਨੰਗਲ ਡੈਮ ਵਿਖੇ ਸੁਸ਼ੋਭਿਤ ਹੈ। ਖ਼ਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਤੋਂ ਕਰੀਬ 20 ਕਿਲੋਮੀਟਰ ਉੱਤਰ ਦਿਸ਼ਾ ਵੱਲ ਸਥਿਤ ਇਸ ਪਾਵਨ ਅਸਥਾਨ 'ਤੇ ਗੁਰੂ ਗੋਬਿੰਦ ਸਿੰਘ ਜੀ ਸਾਲ 1696 ਵਿਚ ਬਿਭੌਰ ਸਾਹਿਬ ਨੂੰ ਜਾਣ ਸਮੇਂ ਪਧਾਰੇ ਸਨ।ਕਿਉਂਕਿ ਬਿਭੌਰ ਸਾਹਿਬ ਉਸ ਸਮੇਂ ਰਾਜਾ ਬਾਰਬਿਕ ਰਿਆਸਤ ਸੀ। ਇਥੋਂ ਦੇ ਰਾਜਾ ਰਤਨ ਰਾਏ ਅਤੇ ਰਾਣੀ ਗੁਰੂ ਜੀ ਦੇ ਸੇਵਕ ਸਨ। ਗੁਰੂ ਜੀ ਦੇ ਕਹਿਣ 'ਤੇ ਹੀ, ਨਾਹਨ ਦੇ ਰਾਜਾ ਮੇਦਨੀ ਪ੍ਰਕਾਸ਼ ਨੇ ਅਪਣੀ ਧੀ ਸ਼ੰਮਾਂ ਰਾਣੀ, ਬਿਭੌਰ ਰਿਆਸਤ ਦੇ ਰਾਜੇ ਰਤਨ ਰਾਏ ਨਾਲ ਵਿਆਹੀ ਹੋਈ ਸੀ। ਬਿਭੌਰ ਦੇ ਰਾਜਾ ਵਲੋਂ ਗੁਰੂ ਜੀ ਨੂੰ ਵਾਰ-ਵਾਰ ਬਿਭੌਰ ਸਾਹਿਬ ਆਉਣ ਲਈ ਬੇਨਤੀਆਂ ਕੀਤੀਆਂ ਜਾ ਰਹੀਆਂ ਸਨ। ਅਖ਼ੀਰ ਗੁਰੂ ਜੀ ਨੇ ਉਨ੍ਹਾਂ ਦੀ ਬੇਨਤੀ ਪ੍ਰਵਾਨ ਕਰਦਿਆਂ ਸਾਲ 1696 ਵਿਚ ਬਿਭੌਰ ਸਾਹਿਬ ਲਈ ਨੰਗਲ ਡੈਮ ਵਿਖੇ ਪਹੁੰਚੇ ਸਨ। ਜਿੱਥੇ ਸਤਲੁਜ ਦਰਿਆ ਲੰਘਣ ਲਈ ਨੰਗਲ ਵਿਖੇ ਇਕ ਘਾਟ ਸੀ ਉੱਥੋਂ ਕਿਸ਼ਤੀ ਰਾਹੀਂ ਬਿਭੌਰ ਸਾਹਿਬ ਨੂੰ ਜਾਣਾ ਪੈਂਦਾ ਸੀ। ਪਿੰਡ ਦਬੇਟਾ ਅਤੇ ਬਿਭੌਰ ਸਾਹਿਬ, ਸਤਲੁਜ ਦਰਿਆ ਦੇ ਕੰਢੇ 'ਤੇ ਬਹੁਤ ਉੱਚੀਆਂ ਪਹਾੜੀਆਂ 'ਤੇ ਵਸੇ ਦੋ ਪਿੰਡ ਹਨ। ਇਨ੍ਹਾਂ ਪਿੰਡਾਂ ਵਿਚਕਾਰ ਪੈਂਦੀ ਸਤਲੁਜ ਨਦੀ ਨੂੰ ਪਾਰ ਕਰਨ ਲਈ ਬੇੜੀ ਪੈਂਦੀ ਸੀ।



ਗੁਰੂ ਗੋਬਿੰਦ ਸਿੰਘ ਜੀ ਨੇ ਇਸ ਘਾਟ ਤੋਂ ਬੇੜੀ ਰਸਤੇ ਬਿਭੌਰ ਸਾਹਿਬ ਜਾਣਾ ਸੀ, ਜਿਸ ਦੀ ਭਿਣਕ ਸਾਰੇ ਮਲਾਹਾਂ ਨੂੰ ਲੱਗ ਚੁੱਕੀ ਸੀ। ਇਸ ਲਈ ਹਰੇਕ ਮਲਾਹ ਨੇ ਆਪਣੀ-ਆਪਣੀ ਬੇੜੀ ਨੂੰ ਬਹੁਤ ਹੀ ਖ਼ੂਬਸੂਰਤ ਤਰੀਕੇ ਨਾਲ ਸਜਾ ਲਿਆ ਤਾਂ ਕਿ ਗੁਰੂ ਜੀ ਉਸ ਦੀ ਬੇੜੀ ਵਿਚ ਬੈਠ ਕੇ ਸਤਲੁਜ ਦਰਿਆ ਪਾਰ ਕਰਨਗੇ ਅਤੇ ਮੋਟੀ ਮਾਇਆ ਜਾਂ ਮੋਹਰਾਂ ਦਾ ਗੱਫਾ ਦੇ ਕੇ ਜਾਣਗੇ। ਪਰ ਇਸ ਘਾਟ 'ਤੇ ਬੇੜੀ ਚਲਾਉਣ ਵਾਲਾ ਰੁਕਨਦੀਨ ਮਲਾਹ ਵੀ ਸੀ ਜਿਸ ਨੂੰ ਲੋਕ ਸੈਦਾ ਮਲਾਹ ਵੀ ਆਖਦੇ ਸਨ। ਰੱਬ ਦੀ ਰਜ਼ਾ ਵਿਚ ਰਹਿਣ ਵਾਲਾ ਰੁਕਨਦੀਨ ਬਹੁਤ ਗ਼ਰੀਬ ਸੀ ਇਸ ਕਾਰਨ ਉਸ ਦੀ ਕਿਸ਼ਤੀ ਵੀ ਕਈ ਥਾਂ ਤੋਂ ਟੁੱਟੀ ਹੋਈ ਸੀ। ਗ਼ਰੀਬੀ ਕਾਰਨ ਉਹ ਆਪਣੀ ਕਿਸ਼ਤੀ ਨੂੰ ਸ਼ਿੰਗਾਰ ਵੀ ਨਾ ਸਕਿਆ। ਇਸ ਕਾਰਨ ਦੂਜੇ ਮਲਾਹਾਂ ਵਲੋਂ ਸੈਦਾ ਮਲਾਹ ਦੀ ਕਿਸ਼ਤੀ ਨੂੰ ਇਕ ਸਾਈਡ 'ਤੇ ਕਰਾ ਦਿੱਤਾ।

ਜਦੋਂ ਗੁਰੂ ਜੀ ਇਸ ਘਾਟ 'ਤੇ ਪਹੁੰਚੇ ਤਾਂ ਉਹ ਵਾਰੀ-ਵਾਰੀ ਹਰ ਇਕ ਕਿਸ਼ਤੀ ਦੇ ਮਲਾਹ ਕੋਲ ਜਾ ਕੇ ਪੁੱਛਣ ਲੱਗੇ ਕਿ ਇਹ ਕਿਸ਼ਤੀ ਕਿਸਦੀ ਹੈ, ਤਾਂ ਹਰੇਕ ਮਲਾਹ ਨੇ ਹੰਕਾਰ ਵਿਚ ਆ ਕੇ ਕਿਹਾ ਕਿ ਇਹ ਕਿਸ਼ਤੀ ਮੇਰੀ ਹੈ, ਇਹ ਕਿਸ਼ਤੀ ਮੇਰੀ ਹੈ। ਸੈਦਾ ਮਲਾਹ ਬਹੁਤ ਨਿਤਾਣਾ ਹੋ ਕੇ ਇਕ ਪਾਸੇ ਖੜ੍ਹਾ ਸੀ। ਜਦੋਂ ਗੁਰੂ ਜੀ ਨੇ ਸੈਦੇ ਮਲਾਹ ਦੀ ਕਿਸ਼ਤੀ ਵੱਲ ਉਂਗਲ ਕਰਕੇ ਪੁੱਛਿਆ ਕਿ ਇਹ ਕਿਸਦੀ ਹੈ।ਤਾਂ ਸਾਰੇ ਮਲਾਹ ਹੱਸ ਪਏ। ਪਰ ਸੈਦਾ ਮਲਾਹ ਬਹੁਤ ਹੀ ਨਿਮਰਤਾ ਨਾਲ ਬੋਲਿਆ ਕਿ ਸੱਚੇ ਪਾਤਸ਼ਾਹ ਜੀ ਇਹ ਬੇੜੀ ਆਪ ਦੀ ਹੀ ਹੈ ਅਤੇ ਮੈਂ ਆਪ ਦੇ ਦਰ ਦਾ ਕੂਕਰ ਹਾਂ। ਸੈਦੇ ਮਲਾਹ ਦੀ ਨਿਮਰਤਾ ਨੂੰ ਵੇਖ ਕੇ ਗੁਰੂ ਜੀ ਬਹੁਤ ਖ਼ੁਸ਼ ਹੋਏ ਅਤੇ ਸੈਦੇ ਮਲਾਹ ਦੀ ਕਿਸ਼ਤੀ ਵਿਚ ਬੈਠ ਕੇ ਸਤਲੁਜ ਦਰਿਆ ਪਾਰ ਕੀਤਾ। ਜਦੋਂ ਗੁਰੂ ਜੀ ਸੈਦੇ ਮਲਾਹ ਨੂੰ ਕੁਝ ਮੋਹਰਾਂ ਦੇਣ ਲੱਗੇ ਤਾ ਸੈਦਾ ਮਲਾਹ ਹੱਥ ਜੋੜ ਕੇ ਖੜ੍ਹਾ ਹੋ ਗਿਆ।ਅਤੇ ਕਹਿਣ ਲੱਗਾ ਕਿ ਗ਼ਰੀਬ ਨਿਵਾਜ ਜੀ ਤੁਸੀ ਵੀ ਮਲਾਹ ਹੋ ਅਤੇ ਮੈਂ ਵੀ ਮਲਾਹ ਹਾਂ। ਮੇਰਾ ਅਸੂਲ ਹੈ ਕਿ ਮੈਂ ਕਿਸੇ ਮਲਾਹ ਤੋਂ ਕੋਈ ਭੇਟਾ ਨਹੀਂ ਲੈਂਦਾ। ਗੁਰੂ ਜੀ ਹੈਰਾਨ ਹੋ ਕੇ ਪੁੱਛਣ ਲੱਗੇ ਉਹ ਕਿਵੇਂ? ਤਾਂ ਸੈਦਾ ਮਲਾਹ ਹੱਥ ਜੋੜ ਕੇ ਕਹਿਣ ਲੱਗਾ ਕਿ ਗੁਰ ਜੀ ਮੈਂ ਇਸ ਨਦੀ ਤੋਂ ਆਪ ਜੀ ਨੂੰ ਪਾਰ ਲੰਘਾਇਆ ਹੈ ਇਸ ਲਈ ਮੈਂ ਇਕ ਮਲਾਹ ਹਾਂ ਅਤੇ ਤੁਸੀਂ ਲੋਕਾਂ ਨੂੰ ਇਸ ਸੰਸਾਰ ਰੂਪੀ ਭਵਸਾਗਰ ਤੋਂ ਪਾਰ ਲੰਘਾਉਂਦੇ ਹੋ ਇਸ ਲਈ ਤੁਸੀਂ ਵੀ ਇਕ ਮਲਾਹ ਹੀ ਹੋ। ਗੁਰੂ ਜੀ ਕਹਿਣ ਲੱਗੇ ਕੁਝ ਮੰਗ ਲੈ ਤਾਂ ਸੈਦਾ ਮਲਾਹ ਨੇ ਹੱਥ ਜੋੜ ਕੇ ਅਰਜ਼ ਕੀਤੀ ਕਿ ਸੱਚੇ ਪਾਤਸ਼ਾਹ ਜੇ ਤੁੱਠੇ ਹੋ ਤਾਂ ਮੇਰੀ ਇਕ ਬੇਨਤੀ ਕਬੂਲ ਕਰੋ।ਕਿ ਮੈਨੂੰ ਇਸ ਸੰਸਾਰ ਦੇ ਭਵਸਾਗਰ ਤੋਂ ਪਾਰ ਲਗਾ ਦਿਓ। ਗੁਰੂ ਜੀ ਵਰ ਦਿੱਤਾ ਕਿ ਸੈਦਿਆ ਤੂੰ ਤਾਂ ਅਪਣੀ ਗੱਲ ਕਰਦਾ ਹੈਂ ਤੇਰੀਆਂ 21 ਕੁੱਲਾਂ ਤਰਨਗੀਆਂ।

ਅੱਜ ਵੀ ਇਸ ਇਲਾਕੇ 'ਚ ਸੈਦਾ ਮਲਾਹ ਦੀ ਵੰਸ਼ ਵਿੱਚੋਂ ਲੋਕ ਇਥੇ ਰਹਿੰਦੇ ਹਨ। ਇਸ ਜਗ੍ਹਾ 'ਤੇ ਸਿੱਖ ਸੰਗਤਾਂ ਵਲੋਂ ਇਕ ਝੌਂਪੜੀ ਬਣਾ ਕੇ ਗੁਰਦੁਆਰਾ ਸਾਹਿਬ ਬਣਾਇਆ ਗਿਆ ਸੀ ਜਿਸ ਨੂੰ ਭਾਰਤ ਪਾਕਿਸਤਾਨ ਦੀ ਵੰਡ ਸਮੇਂ ਕੁਝ ਜਨੂੰਨੀ ਲੋਕਾਂ ਵਲੋਂ ਸਾੜ ਦਿੱਤਾ ਗਿਆ ਸੀ। ਮੁੜ ਸੰਗਤਾਂ ਵਲੋਂ 1950 'ਚ ਇਸ ਗੁਰਦੁਆਰਾ ਸਾਹਿਬ ਦੀ ਕਾਰ ਸੇਵਾ ਆਰੰਭ ਕੀਤੀ ਗਈ ਅਤੇ 13 ਅਪਰੈਲ 1952 ਨੂੰ ਪਹਿਲੀ ਵਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕਰ ਦਿੱਤਾ ਗਿਆ। ਇਸ ਥਾਂ 'ਤੇ ਇਕ ਆਲੀਸ਼ਾਨ ਗੁਰਦੁਆਰਾ ਘਾਟ ਸਾਹਿਬ ਬਣਿਆ ਹੋਇਆ ਹੈ। •

# ਕੌਮਾਂਤਰੀ ਔਰਤ ਦਿਵਸ ਅਤੇ ਮਹਾਨ ਸਿੰਘਣੀਆਂ

ਪ੍ਰੋ. ਰੀਨਾ ਕੌਰ ਢਿੱਲੋਂ







ਅੱਜ ਪੂਰਾ ਵਿਸ਼ਵ ਔਰਤ ਦਿਵਸ ਮਨਾ ਰਿਹਾ ਹੈ। ਔਰਤਾਂ ਦੇ ਅਧਿਕਾਰਾਂ ਅਤੇ ਸੁਰੱਖਿਆ ਦੇ ਚਰਚੇ ਭੱਖਦੇ ਮੁੱਦੇ ਬਣ ਚੁੱਕੇ ਹਨ। ਅਜਿਹੇ 'ਚ ਲੋੜ ਹੈ ਉਨ੍ਹਾਂ ਔਰਤਾਂ ਨੂੰ ਯਾਦ ਕਰਨ ਦੀ ਜਿਨ੍ਹਾਂ ਨੇ ਆਪਣੀ ਬਹਾਦਰੀ ਤੇ ਸਾਹਸ ਸਦਕਾ ਇਤਿਹਾਸ ਵਿਚ ਆਪਣਾ ਵਿਸ਼ੇਸ਼ ਮੁਕਾਮ ਬਣਾਇਆ। ਗੁਰੂ ਨਾਨਕ ਦੇਵ ਜੀ ਵੱਲੋਂ ਉਚਾਰੀ ਬਾਣੀ 'ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ' ਨਾਲ ਔਰਤ ਦੇ ਸਮਾਜ ਵਿਚ ਦਰਸਾਏ ਮਹੱਤਵ ਨੂੰ ਅਣਗਿਣਤ ਮਹਾਨ ਸਿੰਘਣੀਆਂ ਨੇ ਨਾ ਸਿਰਫ਼ ਹੋਰ ਅੱਗੇ ਵਧਾਇਆ ਬਲਕਿ ਸਿੱਖ ਇਤਿਹਾਸ ਨੂੰ ਨਵਾਂ ਮੋੜ ਦਿੱਤਾ। ਆਓ ਕੌਮਾਂਤਰੀ ਔਰਤ ਦਿਵਸ ਮੌਕੇ ਉਨ੍ਹਾਂ ਮਹਾਨ ਔਰਤਾਂ ਦੇ ਯੋਗਦਾਨ 'ਤੇ ਇਕ ਸੰਖੇਪ ਝਾਤ ਮਾਰੀਏ।

**ਬੇਬੇ ਨਾਨਕੀ ਜੀ** : ਗੁਰੂ ਨਾਨਕ ਦੇਵ ਜੀ ਨੂੰ ਪਰਮਾਤਮਾ ਨਾਲ ਇਕਸੁਰ ਹੋਣ ਤੇ ਸਮਾਜਿਕ ਬੁਰਾਈਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਲਈ ਪ੍ਰੇਰਿਤ ਕਰਨ ਪਿੱਛੇ ਉਨ੍ਹਾਂ ਦੀ ਵੱਡੀ ਭੈਣ ਬੇਬੇ ਨਾਨਕੀ ਸੀ। ਬੇਬੇ ਨਾਨਕੀ ਜੀ ਨੂੰ ਸਿੱਖ ਧਰਮ ਦੇ ਪਹਿਲੇ ਸਿੱਖ ਹੋਣ ਦਾ ਮਾਣ ਪ੍ਰਾਪਤ ਹੈ। ਬੇਬੇ ਨਾਨਕੀ ਨੇ ਹੀ ਸਭ ਤੋਂ ਪਹਿਲਾਂ ਗੁਰੂ ਜੀ ਦੇ ਰੱਬ ਪ੍ਰਤੀ ਅਸੀਮ ਮੋਹ ਨੂੰ ਪਛਾਣਿਆ ਤੇ ਉਸ ਨੂੰ ਸਹੀ ਦਿਸ਼ਾ ਦਿੱਤੀ। ਇਹੀ ਨਹੀਂ ਜਦ ਗੁਰੂ ਜੀ ਯਾਤਰਾ 'ਤੇ ਗਏ ਤਾਂ ਬੇਬੇ ਨਾਨਕੀ ਨੇ ਹੀ ਆਪਣੇ ਮਾਤਾ ਪਿਤਾ , ਗੁਰੂ ਜੀ ਦੀ ਪਤਨੀ ਤੇ ਉਨ੍ਹਾਂ ਦੇ ਬੱਚਿਆਂ ਦੀ ਦੇਖਭਾਲ ਕੀਤੀ। ਉਨ੍ਹਾਂ ਨੇ ਗੁਰੂ ਜੀ ਦੇ ਰਾਹ ਵਿਚ ਆਉਣ ਵਾਲੀਆਂ ਸਾਰੀਆਂ ਰੁਕਾਵਟਾਂ ਦਾ ਖਾਤਮਾ ਕਰ ਦਿੱਤਾ ਅਤੇ ਸਿੱਖੀ ਇਤਿਹਾਸ ਨੂੰ ਉਨ੍ਹਾਂ ਸਦਕਾ ਹੀ ਪਹਿਲਾ ਗੁਰੂ ਪ੍ਰਾਪਤ ਹੋਇਆ।

**ਮਾਤਾ ਖੀਵੀ ਜੀ** : ਗੁਰੂ ਅੰਗਦ ਦੇਵ ਜੀ ਦੀ ਪਤਨੀ ਮਾਤਾ ਖੀਵੀ ਜੀ ਦਾ ਨਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੈ। ਲੰਗਰ ਪ੍ਰਥਾ ਵਿਚ ਮਾਤਾ ਖੀਵੀ ਜੀ ਦਾ ਯੋਗਦਾਨ ਅਣਮੁੱਲਾ ਹੈ। ਇੱਥੋਂ ਤਕ ਕਿ ਗੁਰੂ ਅੰਗਦ ਦੇਵ ਜੀ ਦੇ ਜੋਤੀ-ਜੋਤ ਸਮਾਉਣ ਤੋਂ 30 ਸਾਲਾਂ ਬਾਅਦ ਤਕ ਵੀ ਇਹ ਰਸੋਈ ਵਿਚ ਲੰਗਰ ਬਣਾਉਂਦੇ ਸਨ ਤੇ ਮਨੁੱਖਤਾ ਦੀ ਸੱਚੀ ਸੇਵਾ ਕਰਨ ਵਾਲੇ ਮਾਤਾ ਖੀਵੀ ਜੀ ਦਾ ਨਾਂ ਸਿੱਖ ਧਰਮ ਵੱਲੋਂ ਦੁਨੀਆ ਨੂੰ ਲੰਗਰ ਦੇ ਰੂਪ 'ਚ ਦਿੱਤੇ ਗਏ 'ਵੰਡ ਕੇ ਛਕੋ' ਸਿਧਾਂਤ ਵਿਚ ਪਾਏ ਗਏ ਅਹਿਮ ਯੋਗਦਾਨ ਵਜੋਂ ਹਮੇਸ਼ਾ ਯਾਦ ਰਹੇਗਾ।

**ਬੀਬੀ ਭਾਨੀ ਜੀ** : ਤੀਸਰੇ ਗੁਰੂ ਸ੍ਰੀ ਅਮਰਦਾਸ ਜੀ ਦੀ ਪੁੱਤਰੀ, ਚੌਥੇ ਗੁਰੂ ਸ੍ਰੀ ਰਾਮ ਦਾਸ ਜੀ ਦੀ ਪਤਨੀ ਅਤੇ ਪੰਜਵੇਂ ਗੁਰੂ ਸ੍ਰੀ ਅਰਜਨ ਦੇਵ ਜੀ ਦੇ ਮਾਤਾ ਬੀਬੀ ਭਾਨੀ ਜੀ ਅਤਿ ਸੁਸ਼ੀਲ, ਸੰਜਮੀ ਅਤੇ ਨਿਮਰਤਾ ਦੇ ਗੁਣਾਂ ਨਾਲ ਭਰਪੂਰ ਸ੍ਰੇਸ਼ਟ ਬੁੱਧੀ ਦੇ ਮਾਲਕ ਸਨ। ਬੀਬੀ ਭਾਨੀ ਜੀ ਨੇ ਪਿਤਾ ਦੀ ਸੇਵਾ ਕਰ ਕੇ ਇਹ ਪੂਰਨ ਰੂਪ ਵਿਚ ਸਿੱਧ ਕੀਤਾ ਕਿ ਬੇਟੀ ਅਤੇ ਬੇਟੇ ਵਿਚ ਕੋਈ ਫ਼ਰਕ ਨਹੀਂ । ਉਨ੍ਹਾਂ ਵੱਲੋਂ ਕੀਤੀ ਗਈ ਸੇਵਾ ਨੇ ਸਿੱਖ ਇਤਿਹਾਸ ਨੂੰ ਇਕ ਨਵਾਂ ਮੋੜ ਦੇਣ ਵਿਚ ਅਹਿਮ ਭੂਮਿਕਾ ਅਦਾ ਕੀਤੀ।

**ਮਾਤਾ ਗੁਜਰ ਕੌਰ ਜੀ** : ਆਪਣੇ ਸਾਰੇ ਪਰਿਵਾਰ ਨੂੰ ਕੌਮ ਦੀ ਰਾਖੀ ਲਈ ਕੁਰਬਾਨ ਕਰਨ ਲਈ ਮਾਤਾ ਗੁਜਰ ਕੌਰ ਜੀ ਦਾ ਨਾਂ ਰਹਿੰਦੀ ਦੁਨੀਆ ਤਕ ਯਾਦ ਰਹੇਗਾ। ਹਿੰਦ ਦੀ ਚਾਦਰ ਗੁਰੂ ਤੇਗ ਬਹਾਦਰ ਜੀ ਦੀ ਧਰਮ ਸੁਪਤਨੀ ਅਤੇ ਸਰਬੰਸ ਦਾਨੀ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਯੋਗ ਮਾਤਾ ਜੀ ਭਾਰਤ ਦੇਸ਼ ਦੀ ਪਹਿਲੀ ਸ਼ਹੀਦ ਇਸਤਰੀ ਸਨ ਜਿਨ੍ਹਾਂ ਦਾ ਸਮੁੱਚਾ ਜੀਵਨ ਤਿਆਗ ਤੇ ਕੁਰਬਾਨੀ ਦੀ ਮਿਸਾਲ ਹੈ।

**ਮਾਈ ਭਾਗੋ ਜੀ** : ਮਾਤਾ ਭਾਗ ਕੌਰ ਜੀ ਜੋ ਇਤਿਹਾਸ ਵਿਚ ਮਾਈ ਭਾਗੋ ਜੀ ਦੇ ਨਾਂ ਨਾਲ ਵੀ ਜਾਣੇ ਜਾਂਦੇ ਹਨ, ਅਜਿਹੀ ਬਹਾਦਰ ਸਿੰਘਣੀ ਸੀ ਜਿਨ੍ਹਾਂ ਨੇ ਸ੍ਰੀ ਅਨੰਦਪੁਰ ਸਾਹਿਬ ਤੋਂ ਬੇਦਾਵਾ ਦੇ ਕੇ ਆਏ 40 ਮਝੈਲ ਸਿੰਘਾਂ ਨੂੰ ਪ੍ਰੇਰਨਾ ਦੇ ਕੇ ਮੁੜ ਗੁਰੂ ਗੋਬਿੰਦ ਸਿੰਘ ਜੀ ਦੇ ਜ਼ੁਲਮ ਵਿਰੁੱਧ ਵਿੱਢੇ ਗਏ ਸੰਘਰਸ਼ ਵਿਚ ਸ਼ਾਮਲ ਕੀਤਾ। ਉਨ੍ਹਾਂ ਆਪ ਇਨ੍ਹਾਂ 40 ਮਝੈਲ ਸਿੰਘਾਂ ਦੀ ਅਗਵਾਈ ਕਰਦਿਆਂ ਗੁਰੂ ਜੀ ਦੀ ਭਾਲ ਵਿਚ ਖਿਦਰਾਣੇ ਦੀ ਧਰਤੀ (ਹੁਣ ਮੁਕਤਸਰ ਸਾਹਿਬ) ਦੇ ਜੰਗੇ ਮੈਦਾਨ ਵਿਚ ਦੁਸ਼ਮਣ ਦੀਆਂ ਫ਼ੌਜਾਂ ਦਾ ਮੁਕਾਬਲਾ ਕੀਤਾ। ਸਿਰ 'ਤੇ ਕੇਸਕੀ, ਖ਼ਾਲਸੇ ਦੀ ਵੇਸ਼ਭੂਸ਼ਾ ਅਤੇ ਕਿਰਪਾਣ ਧਾਰਨ ਕਰ ਯੁੱਧ ਵਿਚ ਆਪਣੀ ਬਹਾਦਰੀ ਦੇ ਜੌਹਰ ਦਿਖਾਉਣ ਵਾਲੇ ਇਹ ਪਹਿਲੀ ਔਰਤ ਸੀ। ਮਾਈ ਭਾਗੋ ਜੀ ਹਜ਼ੂਰ ਸਾਹਿਬ ਤਕ ਗੁਰੂ ਗੋਬਿੰਦ ਸਿੰਘ ਜੀ ਦੇ ਨਾਲ ਗਏ ਅਤੇ ਉਸ ਇਲਾਕੇ ਵਿਚ ਵਿਚਰਦਿਆਂ ਸਿੱਖੀ ਦਾ ਪ੍ਰਚਾਰ ਕੀਤਾ ਅਤੇ ਬਿਦਰ (ਕਰਨਾਟਕ) ਦੇ ਇਲਾਕੇ ਵਿਚ ਨਾਨਕ ਝੀਰਾ ਜੀ ਦੇ ਕੋਲ ਅਕਾਲ ਚਲਾਣਾ ਕਰ ਗਏ। ਇਸੇ ਪਵਿੱਤਰ ਥਾਂ 'ਤੇ ਗੁਰਦੁਆਰਾ ਟਾਪ ਅਸਥਾਨ ਮਾਈ ਭਾਗੋ ਸੁਸ਼ੋਭਿਤ ਹੈ।

**ਮਾਤਾ ਸਾਹਿਬ ਕੌਰ ਜੀ** : 'ਮਾਤਾ ਸਾਹਿਬ ਕੌਰ' ਨੂੰ ਸਿੱਖ ਧਰਮ ਵਿਚ 'ਖ਼ਾਲਸਾ ਪੰਥ ਦੀ ਮਾਤਾ' ਹੋਣ ਦਾ ਮਾਣ ਪ੍ਰਾਪਤ ਹੈ। ਮਾਤਾ ਸਾਹਿਬ ਕੌਰ ਜੀ ਨੇ ਗੁਰੂ ਜੀ ਦੁਆਰਾ ਬਣਾਏ ਖੰਡੇ ਬਾਟੇ ਦੇ ਅੰਮ੍ਰਿਤ ਵਿਚ ਪਤਾਸੇ ਘੋਲ ਕੇ ਸਿੰਘਾਂ ਨੂੰ ਬਹਾਦਰੀ ਦੇ ਨਾਲ-ਨਾਲ ਨਿਮਰਤਾ ਧਾਰਨ ਕਰਨ ਦਾ ਸੰਦੇਸ਼ ਵੀ ਦਿੱਤਾ। ਅੱਜ ਵੀ ਖੰਡੇ ਬਾਟੇ ਦਾ ਪਾਹੁਲ ਛਕਾਉਣ ਵਾਲੇ ਹਰ ਪ੍ਰਾਣੀ ਨੂੰ ਦੱਸਿਆ ਜਾਂਦਾ ਹੈ ਕਿ ਉਸਦੀ ਮਾਤਾ ਸਾਹਿਬ ਕੌਰ, ਪਿਤਾ ਗੁਰੂ ਗੋਬਿੰਦ ਸਿੰਘ ਅਤੇ ਜਨਮ ਅਸਥਾਨ ਸ੍ਰੀ ਅਨੰਦਪੁਰ ਸਾਹਿਬ ਹੈ। ਆਪਣੀ ਸਾਰੀ ਜ਼ਿੰਦਗੀ ਮਾਤਾ ਸਾਹਿਬ ਕੌਰ ਜੀ ਨੇ ਖ਼ਾਲਸਾ ਪੰਥ ਦੀ ਸੇਵਾ ਕੀਤੀ।

**ਬੀਬੀ ਬਸੰਤ ਕੌਰ** : 11 ਅਪ੍ਰੈਲ 1748 ਈ. ਨੂੰ ਮੀਰ ਮਨੂੰ ਨੇ ਪੰਜਾਬ ਦਾ ਸੂਬੇਦਾਰ ਬਣਨ ਉਪਰੰਤ ਸਿੱਖਾਂ ਦੀ ਨਸਲਕੁਸ਼ੀ ਲਈ ਬੇਇੰਤਹਾ ਜ਼ੁਲਮ ਕੀਤੇ। ਇਥੋਂ ਤਕ ਕਿ ਉਸ ਨੇ ਸਿੱਖ ਔਰਤਾਂ ਨੂੰ ਵੀ ਕੈਦ ਕਰ ਕੇ ਲਾਹੌਰ ਰੱਖਿਆ। ਇਨ੍ਹਾਂ ਗ੍ਰਿਫ਼ਤਾਰ ਕੀਤੀਆਂ ਬੀਬੀਆਂ ਵਿਚ ਮਹਾਨ ਸ਼ਹੀਦ ਭਾਈ ਮਨੀ ਸਿੰਘ ਜੀ ਦੀ ਪਤਨੀ ਬੀਬੀ ਬਸੰਤ ਕੌਰ ਜੀ ਵੀ ਸੀ। ਬੀਬੀ ਬਸੰਤ ਕੌਰ ਜੀ ਨੂੰ ਸਾਰੀਆਂ ਬੀਬੀਆਂ ਨੇ ਆਪਣੀ ਜਥੇਦਾਰ ਮੰਨ ਲਿਆ ਅਤੇ ਉਸ ਦੀ ਹਰ ਗੱਲ 'ਤੇ ਫੁੱਲ ਚੜ੍ਹਾਉਣ ਦਾ ਵਾਅਦਾ ਕੀਤਾ। ਜਿਸ ਸਥਾਨ 'ਤੇ ਮੀਰ ਮਨੂੰ ਨੇ ਇਨ੍ਹਾਂ ਬੀਬੀਆਂ ਨੂੰ ਕੈਂਪ ਵਿਚ ਕੈਦ ਕਰ ਕੇ ਰੱਖਿਆ ਸੀ ਉਸ ਥਾਂ 'ਤੇ ਮੁੱਲਾਂਪੁਰ ਵਿਖੇ ਬੀਬੀਆਂ ਦੀ ਯਾਦ ਵਿਚ ਅੱਜ ਕਲ੍ਹ ਗੁਰਦੁਆਰਾ ਮੁਸ਼ਕਿਆਣਾ ਸਾਹਿਬ ਸੁਸ਼ੋਭਿਤ ਹੈ। ਇਨ੍ਹਾਂ ਬੀਬੀਆਂ ਨੂੰ ਇਕੱਠੀਆਂ ਕਰ ਕੇ ਪੁੱਠੀਆਂ ਮੁਸ਼ਕਾਂ ਬੰਨ੍ਹ ਕੇ ਨੂੜ ਕੇ ਲਾਹੌਰ ਲਿਜਾਇਆ ਗਿਆ। ਇੱਥੇ ਇਨ੍ਹਾਂ ਨੂੰ ਨਖਾਸ ਚੌਕ ਵਾਲੀ ਜੇਲ੍ਹ ਵਿਚ ਬੰਦ ਕਰ ਕੇ ਹਰ ਰੋਜ਼ ਅਕਹਿ ਤਸੀਹੇ ਦਿੱਤੇ ਜਾਂਦੇ। ਇਨ੍ਹਾਂ ਨੂੰ ਕਈ ਤਰ੍ਹਾਂ ਦੇ ਲਾਲਚ ਦੇ ਕੇ ਇਸਲਾਮ ਧਾਰਨ ਕਰਨ ਲਈ ਮਜਬੂਰ ਕੀਤਾ ਜਾਂਦਾ ਰਿਹਾ। ਇਨ੍ਹਾਂ ਤਸੀਹਿਆਂ ਦੇ ਬਾਵਜੂਦ ਸਿਦਕ ਨਾ ਹਾਰਨ 'ਤੇ ਇਨ੍ਹਾਂ ਬੀਬੀਆਂ ਦੇ ਗਲੇ ਵਿਚ ਉਨ੍ਹਾਂ ਦੇ ਬੱਚਿਆਂ ਦੇ ਟੁਕੜਿਆਂ ਦੇ ਹਾਰ ਪਾਏ ਗਏ ਪਰ ਫਿਰ ਵੀ ਇਹ ਬੀਬੀਆਂ ਅਡੋਲ ਰਹੀਆਂ ਤੇ ਆਪਣੇ ਧਰਮ ਨੂੰ ਨਹੀਂ ਛੱਡਿਆ।

**ਸਰਦਾਰਨੀ ਸਦਾ ਕੌਰ** : ਪਤੀ ਗੁਰਬਖਸ਼ ਸਿੰਘ ਅਤੇ ਸਹੁਰੇ ਜੈ ਸਿੰਘ ਦੀ ਮੌਤ ਤੋਂ ਬਾਅਦ ਕਨਈਆ ਮਿਸਲ ਦੀ ਅਗਵਾਈ ਕਰਨ ਵਾਲੀ ਸਰਦਾਰਨੀ ਸਦਾ ਕੌਰ ਨੇ ਸਿੱਖ ਰਾਜ ਦੀ ਸਥਾਪਨਾ ਵਿਚ ਸਭ ਤੋਂ ਵੱਡਾ ਰੋਲ ਅਦਾ ਕੀਤਾ। 1785 ਵਿਚ ਰਾਣੀ ਸਦਾ ਕੌਰ ਨੇ ਆਪਣੀ ਬੇਟੀ ਮਹਿਤਾਬ ਕੌਰ ਦੀ ਸ਼ਾਦੀ ਸ਼ੁਕਰਚਕੀਆ ਮਿਸਲ ਦੇ ਮਿਸਲਦਾਰ ਮਹਾਂ ਸਿੰਘ ਦੇ ਬੇਟੇ ਰਣਜੀਤ ਸਿੰਘ ਨਾਲ ਕੀਤੀ। ਇਸ ਉਪਰੰਤ ਸਰਦਾਰਨੀ ਸਦਾ ਕੌਰ ਮਹਾਰਾਜਾ ਰਣਜੀਤ ਸਿੰਘ ਦੀ ਸਰਪ੍ਰਸਤ ਬਣ ਗਈ। ਉਨ੍ਹਾਂ ਕਨਈਆ ਅਤੇ ਸ਼ੁਕਰਚੱਕੀਆ ਦੋਹਾਂ ਮਿਸਲਾਂ ਨੂੰ ਮਿਲਾ ਕੇ ਖ਼ਾਲਸਾ ਰਾਜ ਨੂੰ ਸਥਾਪਤ ਕਰਨ ਲਈ ਵਰਤਿਆ। 1796 ਵਿਚ ਅਫ਼ਗਾਨਿਸਤਾਨ ਦੇ ਸ਼ਾਹ ਜ਼ਮਾਨ ਨੇ 30000 ਫ਼ੌਜ ਨਾਲ਼ ਪੰਜਾਬ ਤੇ ਹੱਲਾ ਬੋਲ ਦਿੱਤਾ। ਕੋਈ ਉਨ੍ਹਾਂ ਦੇ ਰਸਤੇ ਵਿਚ ਖੜ੍ਹਾ ਨਹੀਂ ਹੋਇਆ ਪਰ ਸਰਦਾਰਨੀ ਸਦਾ ਕੌਰ ਨੇ ਸਰਬੱਤ ਖ਼ਾਲਸਾ ਸੱਦ ਕੇ ਅਫ਼ਗਾਨ ਡਾਕੂਆਂ ਤੋਂ ਪੰਜਾਬ ਨੂੰ ਬਚਾਣ ਦਾ ਐਲਾਨ ਕੀਤਾ।

ਮਹਾਰਾਜਾ ਰਣਜੀਤ ਸਿੰਘ ਦੀ ਅਗਵਾਈ ਵਾਲੀ ਖ਼ਾਲਸਾਈ ਫ਼ੌਜ ਨੇ ਅਫ਼ਗਾਨੀਆਂ ਨੂੰ ਕਰਾਰੀ ਹਾਰ ਦਿੱਤੀ। ਇਸ ਉਪਰੰਤ ਲਾਹੌਰ ਦੇ ਵਾਸੀਆਂ ਵੱਲੋਂ ਭੰਗੀ ਮਿਸਲ ਤੋਂ ਤੰਗ ਆ ਕੇ ਸਰਦਾਰਨੀ ਸਦਾ ਕੌਰ ਨੂੰ ਲਹੌਰ ਤੇ ਮੱਲ ਮਾਰਨ ਲਈ ਸੱਦਾ ਭੇਜੇ ਜਾਣ 'ਤੇ ਉਨ੍ਹਾਂ ਮਹਾਰਾਜਾ ਰਣਜੀਤ ਸਿੰਘ ਨਾਲ ਲਹੌਰ 'ਤੇ ਹੱਲਾ ਬੋਲਿਆ। ਸਰਦਾਰਨੀ ਸਦਾ ਕੌਰ ਨੇ 1801 ਵਿਚ ਰਣਜੀਤ ਸਿੰਘ ਨੂੰ ਪੰਜਾਬ ਦਾ ਮਹਾਰਾਜਾ ਬਣਾ ਦਿੱਤਾ। ਅੰਮ੍ਰਿਤਸਰ, ਚਨਿਓਟ, ਕਸੂਰ, ਅਟਕ ਹਜ਼ਾਰਾ ਦੀਆਂ ਲੜਾਈਆਂ ਸਮੇਂ ਉਹ ਰਣਜੀਤ ਸਿੰਘ ਨਾਲ ਸੀ।

ਸਿੱਖ ਇਤਿਹਾਸ 'ਚ ਇਨ੍ਹਾਂ ਮਹਾਨ ਔਰਤਾਂ ਤੋਂ ਇਲਾਵਾ ਹੋਰ ਅਣਗਿਣਤ ਔਰਤਾਂ ਵੱਲੋਂ ਨਿਭਾਈ ਗਈ ਅਹਿਮ ਭੂਮਿਕਾ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੀ ਜਿਸ ਨੇ ਦੇਸ਼ ਦੀ ਆਜ਼ਾਦੀ ਦੌਰਾਨ ਅਤੇ ਆਜ਼ਾਦੀ ਉਪਰੰਤ ਵੀ ਅਨੇਕ ਪੰਜਾਬੀ ਔਰਤਾਂ ਨੇ ਆਪਣਾ ਲੋਹਾ ਮੰਨਵਾਇਆ। ਇਨ੍ਹਾਂ ਮਹਾਨ ਇਸਤਰੀਆਂ ਵੱਲੋਂ ਕੀਤੇ ਗਏ ਸੰਘਰਸ਼ਾਂ ਅਤੇ ਲਾਮਿਸਾਲ ਕੁਰਬਾਨੀਆਂ ਕਾਰਨ ਹੀ ਸਾਡਾ ਇਤਿਹਾਸ ਪ੍ਰੇਰਨਾਮਈ ਹੈ। •

# ਹਿੰਦੂ ਧਰਮ ਦੇ ਪ੍ਰਾਚੀਨ ਗ੍ਰੰਥ ਵੇਦ

ਵੈਦਿਕ/ਹਿੰਦੂ ਧਰਮ ਦੀ ਆਰੰਭਤਾ ਵੇਦਾਂ ਦੀ ਰਚਨਾ ਨਾਲ ਹੋਈ ਮੰਨੀ ਜਾਂਦੀ ਹੈ। ਜਦੋਂ ਅਸੀਂ ਹਿੰਦੂ ਧਰਮ ਦੇ ਇਤਿਹਾਸਕ ਵਿਕਾਸ ਦੀ ਗੱਲ ਕਰਦੇ ਹਾਂ ਤਾਂ ਇਸ ਨੂੰ ਚਾਰ ਪੜਾਵਾਂ (ਕਾਲਾਂ) ਵਿਚ ਵੰਡਿਆ ਜਾਂਦਾ ਹੈ। ਪਹਿਲੇ ਪੜਾਅ ਨੂੰ ਵੈਦਿਕ ਪੜਾਅ ਵਜੋਂ ਸਵੀਕਾਰਿਆ ਜਾਂਦਾ ਹੈ। ਵੇਦ ਆਰੀਆ ਸਭਿਅਤਾ ਅਤੇ ਹਿੰਦੂ ਧਰਮ ਦੇ ਸਭ ਤੋਂ ਪ੍ਰਾਚੀਨ ਗ੍ਰੰਥ ਹਨ। ਵੇਦ ਸੰਸਕ੍ਰਿਤ ਭਾਸ਼ਾ ਦੇ ਵਿਦ ਧਾਤੂ ਤੋਂ ਬਣਿਆ ਹੈ ਜਿਸ ਦੇ ਅਰਥ ਹਨ -ਵਿਦਿਆ, ਗਿਆਨ ਜਾਂ ਪ੍ਰਕਾਸ਼। ਗਿਆਨ ਦੀ ਇਸ ਪਰੰਪਰਾ ਵਿਚ ਸ਼ਰੁਤੀ (ਸੁਣ ਕੇ) ਅਤੇ ਸਿਮਰਤੀ (ਯਾਦ ਕਰ ਕੇ) ਦਾ ਅਹਿਮ ਯੋਗਦਾਨ ਰਿਹਾ ਹੈ। ਇਨ੍ਹਾਂ ਵੇਦਾਂ ਦੀ ਰਚਨਾ ਬਾਬਤ ਤਿੰਨ ਭਾਂਤ ਦੀਆਂ ਧਾਰਨਾਵਾਂ/ਮਾਨਤਾਵਾਂ ਪ੍ਰਚਲਿਤ ਚੱਲੀਆਂ ਆ ਰਹੀਆਂ ਹਨ। ਪਹਿਲੀ ਧਾਰਨਾ ਅਨੁਸਾਰ ਵੇਦ ਈਸ਼ਵਰੀ ਬਾਣੀ ਹਨ। ਦੂਜੀ ਮਾਨਤਾ ਮੁਤਾਬਕ ਵੇਦ ਵੱਖ-ਵੱਖ ਰਿਸ਼ੀਆਂ-ਮੁਨੀਆਂ ਵੱਲੋਂ ਆਪਣੇ ਨਿੱਜੀ ਅਨੁਭਵ ਦੁਆਰਾ ਹਾਸਲ ਕੀਤੇ ਗਏ ਆਤਮਿਕ ਗਿਆਨ ਦਾ ਨਾਂ ਹੈ। ਤੀਸਰੀ ਇਨ੍ਹਾਂ ਵੇਦਾਂ ਦਾ ਉਚਾਰਣ ਬ੍ਰਹਮਾ ਜੀ ਵੱਲੋਂ ਆਪ ਕੀਤਾ ਗਿਆ ਹੈ। ਹਿੰਦੂ ਧਰਮ ਦੇ ਮੁੱਢਲੇ ਸੋਮੇ ਵਜੋਂ ਪਰਵਾਨੇ ਜਾਂਦੇ ਵੇਦਾਂ ਦੀ ਗਿਣਤੀ ਚਾਰ ਹੈ। ਇਨ੍ਹਾਂ ਵਿਚ ਰਿਗਵੇਦ,ਯੁਜਰਵੇਦ, ਸਾਮਵੇਦ ਅਤੇ ਅਥਰਵ ਵੇਦ ਹਨ। ਇਨ੍ਹਾਂ ਵੇਦਾਂ ਦੀ ਰਚਨਾ ਦਾ ਕਾਲ ਆਰੀਆ ਲੋਕਾਂ ਦੀ ਭਾਰਤ ਵਿਚਲੀ ਆਮਦ ਨਾਲ (1500-1000 ਬੀ. ਸੀ) ਜੋੜਿਆ ਜਾਂਦਾ ਹੈ। ਪੇਸ਼ ਹੈ ਇਨ੍ਹਾਂ ਵੇਦਾਂ ਬਾਬਤ ਸੰਖੇਪ ਜਾਣਕਾਰੀ :-

**ਰਿਗਵੇਦ** : ਇਹ ਸਭ ਤੋਂ ਪੁਰਾਤਨ ਵੇਦ ਹੈ। ਰਿਗ ਸ਼ਬਦ ਸੰਸਕ੍ਰਿਤ ਭਾਸ਼ਾ ਦੇ ਮੂਲ ਸ਼ਬਦ ਰਿਚ ਤੋਂ ਬਣਿਆ ਹੈ। ਰਿਚ ਤੋਂ ਭਾਵ ਵਡਿਆਈ ਜਾਂ ਉਸਤਿਤ ਹੁੰਦਾ ਹੈ। ਵੇਦ-ਮੰਤਰਾਂ ਨੂੰ ਰਿਚਾ ਵੀ ਕਿਹਾ ਜਾਂਦਾ ਹੈ ਜਿਸ ਦੇ ਅਰਥ ਹਨ ਉਸਤਤਿਮਈ ਗੀਤ। ਇਸ ਵੇਦ ਵਿਚ ਹਿੰਦੂਆਂ ਦੇ ਧਾਰਮਿਕ, ਸਭਿਆਚਾਰਕ, ਸਮਾਜਿਕ ਅਤੇ ਭੂਗੋਲਿਕ ਪਿਛੋਕੜ ਦੀ ਭਰਪੂਰ ਜਾਣਕਾਰੀ ਮਿਲਦੀ ਹੈ। ਇਸ ਵੇਦ ਦੇ 10 ਮੰਡਲ (ਅਧਿਆਇ) ਹਨ। ਇਨ੍ਹਾਂ ਮੰਡਲਾਂ ਵਿਚ 1028 ਸੂਕਤ ( ਭਜਨ) ਹਨ। ਹਰੇਕ ਸੂਕਤ ਵਿਚ 10 ਮੰਤਰ ਹਨ। ਇਨ੍ਹਾਂ ਮੰਤਰਾਂ ਨੂੰ ਰਿਚਾਵਾਂ ਕਿਹਾ ਜਾਂਦਾ ਹੈ ਜਿਨ੍ਹਾਂ ਦੀ ਗਿਣਤੀ 10552 ਹੈ। ਰਿਚਾਵਾਂ ਤੋਂ ਅੱਗੇ ਜਾ ਕੇ ਜੇ ਸ਼ਬਦਾਂ ਦੀ ਗੱਲ ਕੀਤੀ ਜਾਵੇ ਤਾਂ ਇਨ੍ਹਾਂ ਦੀ ਗਿਣਤੀ 153826 ਬਣ ਜਾਂਦੀ ਹੈ। ਸ਼ਬਦਾਂ ਤੋਂ ਅੱਗੇ ਜੇ ਅੱਖਰਾਂ ਤਕ ਪਹੁੰਚ ਕੀਤੀ ਜਾਵੇ ਤਾਂ ਇਹ 432000 ਹੁੰਦੇ ਹਨ। ਇਨ੍ਹਾਂ ਵਿਚ 40 ਕੁ ਮੰਤਰ ਅਜਿਹੇ ਵੀ ਹਨ ਜੋ ਕਿਸੇ ਸਿਰਲੇਖ ਹੇਠ ਨਹੀਂ ਆਉਂਦੇ। ਜਿਵੇਂ-ਜਿਵੇਂ ਆਰੀਆ ਲੋਕ ਪੂਰਬ ਵੱਲ ਵੱਧਦੇ ਗਏ ਉਨ੍ਹਾਂ ਦੀ ਭੂਗੋਲਿਕ ਖੋਜ ਵੀ ਵੱਧਦੀ ਗਈ ਅਤੇ ਉਹ ਮੰਤਰਾਂ ਦਾ ਉਚਾਰਣ ਕਰਦੇ ਗਏ। ਰਿਗ ਵੇਦ ਰਿਸ਼ੀਆਂ ਨੇ ਕਈਆਂ ਪੀੜ੍ਹੀਆਂ ਵਿਚ ਸੰਪੂਰਨ ਕੀਤਾ ਹੈ। ਜਿਸ ਦੀ ਸੰਪੂਰਨਤਾ ਵਿਚ ਸ੍ਰੀ ਵਿਸ਼ਵਾਮਿਤਰ, ਵਸ਼ਿਸ਼ਟ, ਭਾਰਦਵਾਜ ਅਤੇ ਗੌਤਮ ਆਦਿ ਰਿਸ਼ੀਆਂ ਦਾ ਵਿਸ਼ੇਸ਼ ਯੋਗਦਾਨ ਹੈ।

ਰਿਗ ਵੇਦ ਦੀ ਵਿਆਖਿਆ ਬਹੁਤ ਸਾਰੇ ਵਿਦਵਾਨ ਲੋਕਾਂ ਵੱਲੋਂ ਕੀਤੀ ਗਈ ਹੈ ਪਰ ਸਯਾਣਾਚਾਰੀਆ ਜੀ ਨੂੰ ਪ੍ਰਮੁੱਖ ਵਿਆਖਿਆਕਾਰ ਮੰਨਿਆ ਜਾਂਦਾ ਹੈ। ਇਸ ਦੀ ਵਿਆਖਿਆ ਕਰਦੇ ਸਮੇਂ ਕੁੱਝ ਕੁ ਹੇਠ ਲਿਖੇ ਪੱਖਾਂ ਨੂੰ ਸਨਮੁੱਖ ਰੱਖਣ ਵਾਸਤੇ ਕਿਹਾ ਜਾਂਦਾ ਹੈ:- ( ੳ ) ਦੈਵੀ ਕਿਰਤ ਹੋਣ ਕਰਕੇ ਵੇਦਾਂ ਦੀ ਅਲੋਚਨਾ ਨਹੀਂ ਕੀਤੀ ਜਾ ਸਕਦੀ। (ਅ) ਰਿਗਵੇਦ ਦੀ ਵਿਆਖਿਆ ਕਰਮਕਾਂਡ ਦੇ ਅਨੁਸਾਰ ਕੀਤੀ ਗਈ ਹੈ। (ੲ) ਬੁਹਅਰਥੀ ਵਾਕਾਂ ਕਾਰਨ ਵੇਦਾਂ ਦਾ ਤੁਲਨਾਤਮਕ ਅਧਿਐਨ ਸੰਭਵ ਨਹੀਂ ਹੋ ਸਕਦਾ। ਰਿਗਵੇਦ ਦਾ ਮੁਤਾਲਿਆ ਕਰਨ ਨਾਲ ਇਸ ਦੇ ਕੁਝ ਅਹਿਮਤਰੀਨ ਪੱਖ ਵੀ ਉੱਭਰ ਕੇ ਸਾਹਮਣੇ ਆਉਂਦੇ ਹਨ। ਇਨ੍ਹਾਂ ਪੱਖਾਂ ਵਿਚ ਕੁਦਰਤ ਦੀਆਂ ਵੱਖ-ਵੱਖ ਸ਼ਕਤੀਆਂ ਨੂੰ ਦੇਵਤੇ ਮੰਨ ਕੇ ਉਨ੍ਹਾਂ ਦੀ ਸਿਫ਼ਤ-ਸਲਾਹ ਅਤੇ ਪੂਜਾ ਕੀਤੀ ਗਈ ਹੈ। ਇਨ੍ਹਾਂ ਪ੍ਰਮੁੱਖ ਦੇਵਤਿਆਂ ਵਿਚ ਅਗਨੀ, ਇੰਦਰ, ਵਾਯੂ, ਸ਼ਰੁਤ, ਵਰੁਣ, ਰੁਦਰ, ਆਦਿਤੀ ਅਤੇ ਬ੍ਰਿਹਸਪਤੀ ਆਦਿ ਦਾ ਨਾਂ ਆਉਂਦਾ ਹੈ। ਇਹ ਪੂਜਾ ਖੇਤੀ ਉਪਜ ਦੇ ਵਾਧੇ ਅਤੇ ਹਿਫ਼ਾਜਤ ਹਿੱਤ ਕੀਤੀ ਜਾਂਦੀ ਰਹੀ ਹੈ ਅਤੇ ਯੱਗ ਨੂੰ ਇਸ ਪੂਜਾ ਪੱਧਤੀ ਦਾ ਇਕ ਵਿਸ਼ੇਸ਼ ਸਾਧਨ ਮੰਨਿਆ ਜਾਂਦਾ ਰਿਹਾ ਹੈ।

**ਸਾਮਵੇਦ** :- ਇਹ ਸਭ ਤੋਂ ਛੋਟਾ ਵੇਦ ਹੈ। ਸਾਮ ਤੋਂ ਭਾਵ ਹੈ-ਸਮਾਨ ਜਾਂ ਬਰਾਬਰ ਭਾਰ ਦਾ। ਇਸ ਵੇਦ ਦੇ ਮੰਤਰ ਬਰਾਬਰ ਵਜ਼ਨ ਦੇ ਹਨ। ਜੈਮਨੀ ਰਿਸ਼ੀ ਦੀ ਮੀਮਾਂਸਾ ਵਿਚ ਸਾਮ ਦਾ ਅਰਥ ਗਾਉਣ ਦੀ ਰੀਤੀ ਵਜੋਂ ਕੀਤਾ ਗਿਆ ਹੈ। ਸਾਮ ਵੇਦ ਦੇ ਮੰਤਰ ਯੱਗ, ਹੋਮ ਆਦਿ ਖ਼ੁਸ਼ੀ ਦੇ ਮੌਕਿਆਂ 'ਤੇ ਬ੍ਰਾਹਮਣ ਵਿਸ਼ੇਸ਼ ਤਰਜ਼ 'ਤੇ ਗਾਉਂਦੇ ਹਨ। ਸਾਮ ਨੂੰ ਸ਼ਾਂਤੀ ਪ੍ਰਦਾਨ ਕਰਨ ਵਾਲਾ ਗਾਇਨ ਵੀ ਕਿਹਾ ਜਾਂਦਾ ਹੈ ਜਿਸ ਦਾ ਅਰਥ ਹੈ ਮਨ ਨੂੰ ਇਕਾਗਰ ਕਰ ਕੇ ਦੇਵਤਿਆਂ ਨਾਲ ਇਕਸੁਰ ਕਰਨਾ ਤਾਂ ਕਿ ਭਟਕਣਾ ਖਤਮ ਕਰ ਕੇ ਸ਼ਾਤੀ ਦਾ ਅਨੁਭਵ ਕੀਤਾ ਜਾ ਸਕੇ। ਸਾਮਵੇਦ ਦੇ ਦੋ ਭਾਗ ਹਨ-ਪੂਰਵ ਅਰਚਿਕ ਅਤੇ ਉੱਤਰ ਅਰਚਿਕ। ਇਸ ਤੋਂ ਇਲਾਵਾ ਇਸ ਦਾ ਇਕ ਭਾਗ ਹੋਰ ਵੀ ਤਸਲੀਮ ਕੀਤਾ ਜਾਂਦਾ ਹੈ ਜਿਸ ਨੂੰ ਮੱਧ ਅਰਚਿਕ ਕਿਹਾ ਜਾਂਦਾ ਹੈ। ਇਸ ਵੇਦ ਦੇ ਮੰਤਰਾਂ ਦੀ ਤਦਾਦ 1549 ਹੈ। ਪਰ ਪੰਡਤ ਜੈ ਦੇਵ ਜੀ ਦੇ ਟੀਕੇ ਮੁਤਾਬਕ ਇਹ ਗਿਣਤੀ



1875 ਹੈ। ਇਸ ਦੇ ਪਹਿਲੇ ਹਿੱਸੇ ਵਿਚ ਪੇਂਡੂ ਲੋਕਾਂ ਦੇ ਗਾਉਣ ਵਾਲੇ ਗੀਤ ਹਨ। ਤੀਜੇ ਹਿੱਸੇ ਵਿਚ ਜੰਗਲਾਂ ਵਿਚ ਰਹਿਣ ਵਾਲੇ ਤਪੱਸਵੀਆਂ ਦੇ ਭਜਨ ਹਨ। ਭਾਰਤੀ ਸੰਗੀਤ ਪਰੰਪਰਾ ਦਾ ਮੁੱਢ ਸਾਮਵੇਦ ਤੋਂ ਹੀ ਬੱਝਦਾ ਹੈ। ਇਸ ਵਿਚਲੇ ਮੰਤਰ ਇੰਦਰ, ਅਗਨੀ, ਅਸ਼ਵਨੀ ਅਤੇ ਸੋਮ ਆਦਿ ਦੇ ਗੁਣ ਗਾਇਨ ਕਰਨ 'ਤੇ ਜ਼ੋਰ ਦਿੰਦੇ ਹਨ। ਇਨ੍ਹਾਂ ਦੇਵਤਿਆਂ ਦੇ ਨਾਂ 'ਤੇ ਅੱਠ ਕਾਂਡ ਹਨ। ਸਾਮਵੇਦ ਗੰਧਰਵ ਅਰਥਾਤ ਰਾਗੀਆਂ ਦਾ ਵੇਦ ਵੀ ਮੰਨਿਆ ਜਾਂਦਾ ਹੈ। ਹਿੰਦੂ ਰਿਸ਼ੀਆਂ ਨੇ ਸੰਗੀਤ ਤੇ ਰਾਗ ਸਬੰਧੀ ਜੋ ਕੁੱਝ ਲਿਖਿਆ ਹੈ ਉਸ ਦਾ ਆਧਾਰ ਵੀ ਸਾਮਵੇਦ ਨੂੰ ਹੀ ਸਮਝਿਆ ਜਾਂਦਾ ਹੈ।

**ਯਜੁਰਵੇਦ** : ਯਜੁਰ ਸ਼ਬਦ 'ਯਜੁ' ਧਾਤੂ ਤੋਂ ਬਣਿਆ ਹੈ। ਜਿਸ ਦੇ ਅਰਥ ਬਣਦੇ ਹਨ ਯੱਗ ਕਰਨਾ, ਪੂਜਾ ਜਾਂ ਹੋਮ ਕਰਨਾ। ਇਸ ਤਰ੍ਹਾਂ ਇਸ ਵੇਦ ਦਾ ਸਬੰਧ ਯੱਗ ਸਬੰਧੀ ਮੰਤਰਾਂ ਨਾਲ ਹੈ। ਇਸ ਦੀਆਂ ਦੋ ਸੰਹਿਤਾ ਹਨ-ਤੈਤ੍ਰੀਯ ਜਾਂ ਕ੍ਰਿਸ਼ਣ ਸੰਹਿਤਾ ਅਤੇ ਦੂਸਰੀ ਵਾਜਸਨੇਯੀ ਜਾਂ ਸ਼ੁਕਲ ਸੰਹਿਤਾ। ਪੰਡਤ ਜੈ ਦੇਵ ਨੇ ਆਪਣੇ ਟੀਕੇ ਵਿਚ ਇਸ ਸੰਹਿਤਾ ਦਾ ਨਾਮ ਤੈਤ੍ਰੀਯ ਪੈਣ ਦਾ ਕਾਰਨ ਬਿਆਨਦਿਆਂ ਲਿਖਿਆ ਹੈ ਕਿ ਇਕ ਵਾਰ ਯਾਗਵਲਕ ਰਿਸ਼ੀ ਦੇ ਗੁਰੂ ਵੈਸਯੰ ਪਾਨ ਕੋਲੋਂ ਆਪਣੇ ਭਾਣਜੇ ਦੀ ਹੱਤਿਆ ਹੋ ਗਈ ਸੀ। ਉਹ ਇਸ ਦਾ ਪ੍ਰਾਸ਼ਚਿਤ ਕਰਨਾ ਚਾਹੁੰਦਾ ਸੀ। ਜਦੋਂ ਉਸ ਨੇ ਇਸ ਬਾਬਤ ਆਪਣੇ ਸ਼ਗਿਰਦਾਂ ਨਾਲ ਗੱਲ ਕੀਤੀ ਤਾਂ ਯਾਗਵਲਕ ਨੇ ਬੜੇ ਹੀ ਹੰਕਾਰ ਭਰੇ ਲਹਿਜ਼ੇ ਵਿਚ ਕਿਹਾ ਕਿ ਇਹ ਕੰਮ ਤਾਂ ਵੇਦ-ਮੰਤਰਾਂ ਦੇ ਜਾਪ ਅਤੇ ਕਰਮ-ਕਾਂਡ ਨਾਲ ਮੈਂ ਇਕੱਲਾ ਹੀ ਕਰ ਸਕਦਾ ਹਾਂ। ਇਹ ਗੱਲ ਸੁਣ ਕੇ ਵੈਸਯੰ ਪਾਨ ਗੁੱਸੇ ਵਿਚ ਆ ਗਿਆ। ਉਸ ਨੇ ਯਾਗਵਲਕ ਨੂੰ ਕਿਹਾ, "ਤੂੰ ਹੰਕਾਰੀ ਹੋ ਗਿਆ ਹੈਂ, ਜੋ ਵਿਦਿਆ ਤੂੰ ਮੇਰੇ ਕੋਲੋਂ ਪੜ੍ਹੀ ਹੈ, ਉਹ ਮੈਨੂੰ ਵਾਪਸ ਕਰ ਦੇ।" ਇਸ 'ਤੇ ਯਾਗਵਲਕ ਨੇ ਯਾਦ ਕੀਤੇ ਹੋਏ ਮੰਤਰ ਗਲੱਛ ਦਿੱਤੇ, ਜਿਨ੍ਹਾਂ ਨੂੰ ਵੈਸਯੰ ਪਾਨ ਅਤੇ ਉਸ ਦੇ ਚੇਲਿਆਂ ਨੇ ਤਿੱਤਰ ਬਣ ਕੇ ਚੁੱਗ ਲਿਆ। ਦੂਸਰੇ ਭਾਗ ਵਾਜਸਨੇਯੀ ਬਾਰੇ ਕਿਹਾ ਜਾਂਦਾ ਹੈ ਕਿ ਯਾਗਵਲਕ ਰਿਸ਼ੀ ਨੇ ਸੂਰਜ ਦੀ ਅਰਾਧਨਾ ਕਰ ਕੇ ਯੁਜਰ ਵੇਦ ਨੂੰ ਹਾਸਲ ਕੀਤਾ ਹੈ। ਉਸ ਦੀ ਸ਼ਰਧਾ-ਭਾਵਨਾ ਤੋਂ ਖ਼ੁਸ਼ ਹੋ ਕੇ ਸੂਰਜ ਦੇਵਤੇ ਨੇ ਵਾਜ (ਘੋੜੇ) ਦਾ ਰੂਪ ਧਾਰ ਲਿਆ ਅਤੇ ਉਸ ਨੂੰ ਵੇਦ-ਮੰਤਰ ਬਖ਼ਸ਼ ਦਿੱਤੇ। ਇਸ ਕਰਕੇ ਹੀ ਇਸ ਸੰਹਿਤਾ ਨੂੰ ਵਾਜਸਨੇਯੀ ਸੰਹਿਤਾ ਕਿਹਾ ਜਾਂਦਾ ਹੈ। ਯੁਜਰ ਦੇ 40 ਕਾਂਡ ਹਨ। ਯਜੁਰਵੇਦ ਵਿਚ ਮਨੁੱਖੀ ਇਛਾਵਾਂ ਦੀ ਪੂਰਤੀ ਹਿੱਤ ਯੱਗ ਤੇ ਹਵਨ ਕਰਨ ਬਾਰੇ ਵਿਸ਼ੇਸ਼ ਜਾਣਕਾਰੀ ਦਿੱਤੀ ਗਈ ਹੈ। **(ਚੱਲਦਾ)** •

# ਭਾਈ ਘਨੱਈਆ ਜੀ



(ਭਾਈ ਘਨੱਈਆ ਜੀ ਦੇ ਜਨਮ ਅਸਥਾਨ ਦਾ ਨਾਂ-ਸੌਦਰ ਸੋਹਦਰਾ ਅਤੇ ਹੁਣ ਸੋਧਰਾ (ਪਾਕਿਸਤਾਨ)

## ਨਦਰਿ ਨਾਨਕ ਦੀ

ਭਾਈ ਘਨੱਈਆ ਦੀ ਨਈਆ ਦਾ, ਡੂਗਰ ਪੰਧ ਲੰਮੇਰਾ,
ਪੰਧ ਕੱਟਣ ਨੂੰ ਗੁਰਾਂ ਵਿਖਾਇਆ, ਨਨੂੰਏਂ ਭਗਤ ਦਾ ਡੇਰਾ।
ਪੁੱਛਦਾ ਪਿਆ ਫਕੀਰ ਸਾਈਂ ਦਾ, ਕੀਕਣ ਗੋਬਿੰਦ ਮਿਲਸੀ
ਗੋਬਿੰਦ ਦੇ ਦਰ ਕੀਕਣ ਹੋਸੀ, ਏਸ ਜਨਮ ਵਿਚ ਫੇਰਾ।
ਗੋਬਿੰਦ ਦੇ ਰਾਹਾਂ ਨੂੰ ਤੜਪਾਂ, ਗੋਬਿੰਦ ਦਾ ਦਰ ਚਾਵ੍ਹਾਂ,
ਐ ਨਨੂੰਆਂ ਸੁਣੋ, ਸੁਣਾਵੋ, ਗੋਬਿੰਦ ਦਾ ਸਿਰਨਾਵਾਂ,
ਛਾਵਾਂ, ਛਾਇਆ ਮਾਇਆ ਜਾਪਣ, ਨਿਹਚਲ ਮਹਿਲ ਨਾ ਲੱਭੇ,
ਨਿਹਚਲ ਮਹਿਲ ਜਨਾਓ ਜਿੱਥੇ, ਮਨ ਦੀ ਭੇਦ ਚੜ੍ਹਾਵਾਂ।
ਕੀ ਜੁਗਤੀ ਗੋਬਿੰਦ ਮਿਲਣ ਦੀ, ਕੀ ਮੁਕਤੀ ਦੀਆਂ ਰਾਹਵਾਂ
ਕਰੋ ਨਿਗਾਵ੍ਹਾਂ ਪਾਵਾਂ ਮੈਂ ਵੀ, ਗੋਬਿੰਦ ਦੀਆਂ ਨਿਗਾਹਵਾਂ
ਨਜ਼ਰ ਫਜ਼ਰ ਗੋਬਿੰਦ ਦੇ ਲੱਭੇ, ਮੈਂ ਵੀ ਕਿਧਰੇ ਪਹੁੰਚਾਂ
ਪਿਤਾ ਗੋਬਿੰਦ ਦੀ ਗੋਦੀ ਬਹਿ ਕੇ, ਗਲ ਵਿਚ ਪਾਵਾਂ ਬਾਹਵਾਂ
ਅੱਖੀਆਂ ਵਿਚੋਂ ਨਹਿਰ ਨਿਕਲਕੇ, ਸ਼ਹੁ ਸਾਗਰ ਨੂੰ ਚਾਵ੍ਹੇ
ਐਪਰ ਗੱਲਾਂ 'ਤੇ ਸੁੱਕ ਜਾਵੇ, ਰਾਹ ਖਹਿੜਾ ਤੜਪਾਵੇ
ਬਰਸਾਤਾਂ ਵਿਚ ਡਿੱਗ ਨਾ ਜਾਵੇ, ਕੱਚਾ ਤਨ ਦਾ ਕੋਠਾ
ਤਾਂ ਇਹ ਵਿਛੜੀ ਕੂੰਜ ਬਰੇਤੀ, ਤੜਪੇ ਤੇ ਤੜਪਾਵੇ।

## ਭਗਤ ਨਨੂੰਆ ਜੀ

ਘਟ ਘਟ ਅੰਦਰ ਬ੍ਰਹਮ ਲੁਕਾਇਆ, ਬ੍ਰਹਮ ਵੇਖੇ, ਬ੍ਰਹਮ ਬੋਲੇ
ਸਾਹੋ ਸਾਹੀ ਭੱਜ ਭੱਜ ਬਾਹਰੋਂ, ਮ੍ਰਿਗ ਕਥੂਰੀ ਟੋਲੇ
ਭਗਤਾਂ ਦੀਆਂ ਕਥਾਵਾਂ ਕਹਿ ਕਹਿ, ਨਨੂੰਆਂ ਜੀ ਸਮਝਾਇਆ
ਆਪਣਾ ਆਪ ਗਵਾਵਣ ਪਿੱਛੋਂ, ਭਗਤਾਂ ਗੋਬਿੰਦ ਪਾਇਆ
ਭਗਤ ਧਰੂ ਨੇ ਰਾਜ ਭਾਗ ਨੂੰ ਕਾਹਤੋਂ ਠੋਕਰ ਮਾਰੀ?
ਭਗਤੂ ਧਰੂ ਦੀ ਖਰੀ ਮੁਸ਼ੱਕਤ, ਨਨੂੰਆਂ ਭਗਤ ਉਚਾਰੀ।
ਓਸ ਅਵਸਥਾ ਦੇ ਵਿਚ ਅੱਪੜੋ, ਅੱਪੜ ਕੇ ਦਰ ਪਾਓ,
ਘਰ ਵਿਚ ਘਰਿ ਦਿਖਲਾਵਣ ਹਾਰਾ ਤਾਂ ਆਪਣੇ ਘਰ ਪਾਓ।
ਗੋਬਿੰਦ ਦੀ ਹੈ ਖਰੀ ਅਮਾਨਤ, ਭਾਵੇਂ ਮਨ ਤੇ ਕਾਇਆ,
ਪਰ ਗੋਬਿੰਦ ਨੂੰ ਭਾ ਜਾਵਣ ਦਾ, ਰਾਹ ਵਿਰਲੇ ਨੂੰ ਆਇਆ
ਨਨੂੰਆਂ ਭਗਤ ਬੈਰਾਗੀ ਹੋਏ, ਕਹਿ ਬੈਰਾਗ ਕਥਾਵਾਂ,
ਭਾਈ ਘਨੱਈਆ ਭਏ ਬੈਰਾਗੀ, ਸੁਣ ਬੈਰਾਗੀ ਰਾਹਵਾਂ।
ਅੱਖੀਆਂ ਦੇ ਦਰਿਆ ਜਦ ਛਲਕੇ, ਹੜ੍ਹ ਬਿਰਹਾ ਦਾ ਆਇਆ,
ਭਾਈ ਘਨੱਈਆ ਦੀ ਇਸ ਹੜ੍ਹ ਵਿਚ, ਨ੍ਹਾ ਕੇ ਨਿੱਖਰੀ ਕਾਇਆ।
ਹਰ ਪਲ ਗੋਬਿੰਦ, ਹਰ ਛਿਣ ਗੋਬਿੰਦ, ਘੜੀ ਘੜੀ ਮਨ ਚਾਹੇ,
ਭਾਈ ਘਨੱਈਆ ਦਮ ਦਮ ਲੋਚੇ, ਗੁਰਦਰਸ਼ਨ ਦੇ ਲਾਹੇ।
ਵਕਤ ਪਿਆ ਕੁਝ ਨਨੂੰਆਂ ਜੀ ਦੀ ਭਈ ਯਾਤਰਾ ਪੂਰੀ,
ਭਾਈ ਘਨੱਈਆ ਭਏ ਸੋਧਰੇ, ਲੈ ਕੇ ਆਸ ਅਧੂਰੀ।
ਹੋਰ ਵੀ ਸਿਰ 'ਤੇ ਭਾਰ ਆਇਆ, ਪਿਤਾ ਜੀ ਛੱਡ ਗਏ ਚੋਲਾ,
ਘਰ ਵਿਚ ਵੱਡਿਆਂ ਹੋਵਣ ਸਦਕਾ, ਫਸ ਗਿਆ ਪੰਛੀ ਭੋਲਾ।

ਮੋਬਾਈਲ : 90419-19908

ਚਲਦਾ..

# ਪੁੰਨ ਦੀ ਕਮਾਈ



ਧਰਮ ਸ਼ਾਸਤਰਾਂ ਵਿਚ ਲਿਖਿਆ ਹੈ ਕਿ ਮਨੁੱਖ ਦੇ ਪਾਪਾਂ ਦੀ ਕਮਾਈ ਤਾਂ ਆਪਣੇ ਆਪ ਹੀ ਵਧਦੀ ਰਹਿੰਦੀ ਹੈ, ਜਦਕਿ ਪੁੰਨ ਦੀ ਕਮਾਈ ਵਧਾਉਣ ਲਈ ਮਨੁੱਖ ਨੂੰ ਧਰਮ ਦਾ ਆਸਰਾ ਲੈਣਾ ਪੈਂਦਾ ਹੈ ਅਤੇ ਇਹ ਆਸਰਾ ਉਸ ਵੱਲੋਂ ਨਿਰਮਲ ਅਤੇ ਪਵਿੱਤਰ ਮਨ ਨਾਲ ਭਗਵਾਨ ਦੀ ਭਗਤੀ ਕਰਨ ਨਾਲ ਹੀ ਪ੍ਰਾਪਤ ਹੋ ਸਕਦਾ ਹੈ। ਧਰਮ ਸ਼ਾਸਤਰਾਂ ਵਿਚ ਇਹ ਵੀ ਲਿਖਿਆ ਗਿਆ ਹੈ ਕਿ ਜਿਸ ਤਰ੍ਹਾਂ ਕਿਸੇ ਮਨੁੱਖ ਨੂੰ ਪਿਆਸ ਲੱਗਣ ਦੀ ਸੂਰਤ ਵਿਚ ਪਾਣੀ ਦੀ ਮਹੱਤਤਾ ਦਾ ਪਤਾ ਲੱਗਦਾ ਹੈ, ਉਸੇ ਤਰ੍ਹਾਂ ਭਗਵਾਨ ਦੇ ਚਰਨਾਂ ਵਿਚ ਸਥਾਨ ਪ੍ਰਾਪਤ ਕਰਨ ਲਈ ਦਿਲ ਤੋਂ ਪ੍ਰਭੂ ਨੂੰ ਯਾਦ ਕਰਨ ਦੀ ਜ਼ਰੂਰਤ ਹੈ। ਭਗਵਾਨ ਨਿਰੰਕਾਰ ਹੋਣ ਕਰਕੇ ਕਿਸੇ ਨੂੰ ਦਿਖਾਈ ਤਾਂ ਨਹੀਂ ਦਿੰਦੇ ਪਰ ਸੱਚੇ ਮਨ ਨਾਲ ਭਗਤੀ ਕਰਨ ਵਾਲਿਆਂ ਨੂੰ ਭਗਵਾਨ ਦੀ ਹੋਂਦ ਦਾ ਜ਼ਰੂਰ ਅਹਿਸਾਸ ਹੋ ਜਾਂਦਾ ਹੈ ਅਤੇ ਉਸ ਸਮੇਂ ਸਾਰੇ ਵਿਕਾਰ ਨਸ਼ਟ ਹੋ ਜਾਂਦੇ ਹਨ।

ਸੱਚੀ ਭਗਤੀ ਬਾਰੇ ਇਹ ਵੀ ਕਿਹਾ ਗਿਆ ਹੈ ਕਿ ਜਿਸਨੂੰ ਇਕ ਵਾਰੀ ਸੱਚੀ ਭਗਤੀ ਦਾ ਸਵਾਦ ਲੱਗ ਗਿਆ, ਉਹ ਸਦਾ ਲਈ ਅਨੰਦਤ ਹੋ ਜਾਂਦਾ ਹੈ, ਤਾਹੀਓਂ ਤਾਂ ਧਰਮ ਸ਼ਾਸਤਰ ਕਹਿੰਦੇ ਹਨ ਕਿ ਭਗਵਾਨ ਦੇ ਚਰਨਾਂ ਵਿਚ ਹੀ ਅਸਲ ਸੁੱਖ ਅਤੇ ਸਾਰੀਆਂ ਸਮੱਸਿਆਵਾਂ ਦਾ ਹੱਲ ਹੈ। ਧਰਮ ਸ਼ਾਸਤਰ ਮਨੁੱਖਤਾ ਨੂੰ ਪਾਣੀ ਦੀ ਉਦਾਹਰਨ ਦੇ ਕੇ ਸਮਝਾਉਂਦੇ ਹਨ ਕਿ ਜਿਵੇਂ ਪਾਣੀ ਦਾ ਆਧਾਰ ਸਮੁੰਦਰ ਹੈ, ਠੀਕ ਉਸੇ ਤਰ੍ਹਾਂ ਜੀਵਾਂ ਦਾ ਆਧਾਰ ਪਰਮਾਤਮਾ ਹੈ। ਭਗਵਾਨ ਨੂੰ ਖ਼ੁਸ਼ ਕਰਨ ਲਈ ਦੁਨਿਆਵੀ ਪਦਾਰਥਾਂ ਦੀ ਲੋੜ ਨਹੀਂ ਹੈ, ਸਿਰਫ਼ ਸਮਰਪਣ ਦੀ ਜ਼ਰੂਰਤ ਹੈ। ਸੋ ਜੀਵਨ ਨੂੰ ਸਾਰਥਕ ਬਣਾਉਣ ਲਈ ਸਤਿਸੰਗ ਨਾਲ ਜੁੜਨਾ ਬਹੁਤ ਜ਼ਰੂਰੀ ਹੈ ਕਿਉਂਕਿ ਇਥੋਂ ਹੀ ਭਗਤੀ ਦੇ ਸੱਚੇ ਸੁਆਦ ਦੀ ਸ਼ੁਰੂਆਤ ਹੁੰਦੀ ਹੈ ਅਤੇ ਇਹ ਸੱਚਾ ਸੁਆਦ ਹੀ ਮਨੁੱਖ ਨੂੰ ਚੰਗੇ ਕ੍ਰਮ ਕਰਨ ਵਾਲੇ ਪਾਸੇ ਨੂੰ ਲੈ ਜਾਂਦਾ ਹੈ, ਜਿਹੜੇ ਕਿ ਹਮੇਸ਼ਾ ਉਸਦੀ ਰੱਖਿਆ ਕਰਦੇ ਹਨ ਅਤੇ ਜੀਵਨ ਤੋਂ ਬਾਅਦ ਵੀ ਸਹਾਈ ਹੁੰਦੇ ਹਨ।

• ਸੁਰਿੰਦਰ ਮਾਣੂੰਕੇ ਗਿੱਲ
ਮੋ : 8872321000

# ਮਾਨ ਸਰਕਾਰ ਨੇ ਰਿਕਾਰਡ ਕਾਇਮ ਕੀਤਾ, ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਿਰ.ਫ 4 ਸਾਲਾਂ 'ਚ 65,264 ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ

**ਚੰਡੀਗੜ੍ਹ, 7 ਅਪ੍ਰੈਲ**
**-ਨਿਊਜ਼ਲਾਈਨ ਐਕਸਪ੍ਰੈਸ-**

ਆਮ ਆਦਮੀ ਪਾਰਟੀ (ਆਪ) ਸਰਕਾਰ ਦੀ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਲੜੀ ਦੇ ਹਿੱਸੇ ਵਜੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੁੱਖ ਖੇਤਰਾਂ ਵਿੱਚ ਆਪ ਸਰਕਾਰ ਦੀ ਕਾਰਗੁਜ਼ਾਰੀ 'ਤੇ ਚਾਨਣਾ ਪਾਉਂਦਾ ਆਪਣੀ ਸਰਕਾਰ ਦਾ ਰਿਪੋਰਟ ਕਾਰਡ ਪੇਸ਼ ਕਰਦਿਆਂ ਇਸ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਕੇਂਦ੍ਰਿਤ ਸ਼ਾਸਨ ਵੱਲ ਇੱਕ ਨਿਰਣਾਇਕ ਤਬਦੀਲੀ ਵਜੋਂ ਦਰਸਾਇਆ। ਸਰਕਾਰੀ ਖੇਤਰ 'ਚ ਰੋਜ਼ਗਾਰ ਅਤੇ ਸ਼ਾਸਨ ਵਿੱਚ ਇੱਕ ਨਵਾਂ ਮਾਪਦੰਡ ਸਥਾਪਤ ਕਰਦਿਆਂ ਭਗਵੰਤ ਮਾਨ ਸਰਕਾਰ ਨੇ ਪਿਛਲੀਆਂ ਸਰਕਾਰਾਂ ਦੀਆਂ ਗਲਤੀਆਂ ਦੀ ਭਰਪਾਈ ਕਰਦਿਆਂ ਨੌਜਵਾਨਾਂ ਨੂੰ ਉਮਰ ਹੱਦ ਵਿੱਚ 5 ਸਾਲ ਦੀ ਛੋਟ ਦਿੰਦਿਆਂ ਸਿਰਫ਼ ਚਾਰ ਸਾਲਾਂ ਵਿੱਚ ਰਿਕਾਰਡ 65,264 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ, ਜੋ ਕਿ ਪੰਜਾਬ ਦੇ ਇਤਿਹਾਸ ਵਿੱਚ ਦਿੱਤੀਆਂ ਗਈਆਂ ਹੁਣ ਤੱਕ ਦੀਆਂ ਸਭ ਤੋਂ ਵੱਧ ਨੌਕਰੀਆਂ ਹਨ।

ਸਿੱਖਿਆ, ਪੁਲਿਸ, ਬਿਜਲੀ, ਸਿਹਤ ਅਤੇ ਸਥਾਨਕ ਸੰਸਥਾਵਾਂ ਸਮੇਤ ਪ੍ਰਮੁੱਖ ਖੇਤਰਾਂ ਵਿੱਚ ਪਾਰਦਰਸ਼ੀ ਭਰਤੀ ਦੇ ਨਾਲ ਭਗਵੰਤ ਮਾਨ ਸਰਕਾਰ ਨੇ ਖੁਦ ਨੂੰ ਪੱਖਪਾਤ ਦੀਆਂ ਪੁਰਾਣੀਆਂ ਪ੍ਰਥਾਵਾਂ ਤੋਂ ਪੂਰੀ ਤਰ੍ਹਾਂ ਦੂਰ ਰੱਖਿਆ ਹੈ ਅਤੇ ਹੁਣ ਆਮ ਨਾਗਰਿਕਾਂ ਨੂੰ ਰਿਸ਼ਵਤ ਜਾਂ ਸਿਫ਼ਾਰਸ਼ਾਂ ਤੋਂ ਬਿਨਾਂ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਸੇਵਾ ਕੇਂਦਰਾਂ 'ਤੇ ਮਹੀਨਾ ਆਧਾਰ 'ਤੇ 30 ਲੱਖ ਨਾਗਰਿਕਾਂ ਦੀ ਪਹੁੰਚ ਅਤੇ 8.20 ਕਰੋੜ ਤੋਂ ਵੱਧ ਸੇਵਾਵਾਂ ਦੀ ਡਲਿਵਰੀ ਦੇ ਨਾਲ ਡਿਜੀਟਲ ਪੰਜਾਬ ਵੱਲ ਤੇਜ਼ੀ ਨਾਲ ਕਦਮ ਵਧਾਉਣ ਪਾਰਦਰਸ਼ੀ ਪ੍ਰਸ਼ਾਸਨ, ਹੁਨਰ ਵਿਕਾਸ ਅਤੇ ਪ੍ਰਣਾਲੀਗਤ ਸੁਧਾਰਾਂ ਵੱਲ ਵਿਆਪਕ ਸੁਧਾਰਾਂ ਨੂੰ ਦਰਸਾਉਂਦਾ ਹੈ, ਜਿਸਦਾ ਉਦੇਸ਼ ਪੰਜਾਬ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਣਾ ਹੈ।

ਵੱਖ-ਵੱਖ ਵਿਭਾਗਾਂ ਦੇ ਰਿਪੋਰਟ ਕਾਰਡ ਪੇਸ਼ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਇੱਕ ਨਵੇਂ ਡਿਜੀਟਲ ਹੱਬ ਵਜੋਂ ਉਭਰ ਰਿਹਾ ਹੈ, ਜਿਸ ਨੇ ਆਪਣੇ ਕੰਮਕਾਜ ਵਿੱਚ ਪਾਰਦਰਸ਼ਤਾ ਲਿਆਉਂਦਿਆਂ ਨੌਜਵਾਨਾਂ ਲਈ ਸਰਕਾਰੀ ਨੌਕਰੀਆਂ ਅਤੇ ਮੌਕਿਆਂ ਦੇ ਨਵੇਂ ਰਾਹ ਖੋਲ੍ਹੇ ਹਨ।

ਮੁੱਖ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਚਾਰ ਸਾਲਾਂ ਵਿੱਚ 65,264 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਵਿਭਾਗ ਵਿੱਚ 16,308 ਨੌਕਰੀਆਂ, ਪੰਜਾਬ ਪੁਲਿਸ ਵਿੱਚ 12,966 ਨੌਕਰੀਆਂ, ਬਿਜਲੀ ਵਿਭਾਗ ਵਿੱਚ 8,765 ਨੌਕਰੀਆਂ, ਸਿਹਤ ਤੇ ਪਰਿਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਵਿੱਚ 16,320 ਅਤੇ ਸਥਾਨਕ ਸਰਕਾਰਾਂ ਵਿਭਾਗ ਵਿੱਚ 5771 ਲੋਕਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਇਸ ਨਾਲ ਸੂਬੇ 'ਚੋਂ ਵਿਦੇਸ਼ਾਂ ਵੱਲ ਨੌਜਵਾਨਾਂ ਦੀ ਹਿਜਰਤ ਦੇ ਰੁਝਾਨ ਨੂੰ ਠੱਲ੍ਹ ਪਈ ਹੈ ਅਤੇ ਪੰਜਾਬ ਦੇ ਹਰ ਪਿੰਡ, ਕਸਬੇ ਅਤੇ ਸ਼ਹਿਰ ਦੇ ਨੌਜਵਾਨਾਂ ਨੂੰ ਇਨ੍ਹਾਂ ਨੌਕਰੀਆਂ ਦਾ ਲਾਭ ਹੋਇਆ ਹੈ।

ਭਰਤੀ ਵਿੱਚ ਪਾਰਦਰਸ਼ਤਾ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਰੀਆਂ ਨੌਕਰੀਆਂ ਬਿਨਾਂ ਕਿਸੇ ਰਿਸ਼ਵਤ ਜਾਂ ਪੱਖਪਾਤ ਦੇ ਨਿਰੋਲ ਮੈਰਿਟ ਅਤੇ ਯੋਗਤਾ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ। ਕੋਈ ਪੇਪਰ ਲੀਕ ਨਹੀਂ ਹੋਇਆ ਅਤੇ ਨਾ ਹੀ ਕਿਸੇ ਭਰਤੀ ਨੂੰ ਅਦਾਲਤ ਵਿੱਚ ਚੁਣੌਤੀ ਦਿੱਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਕਈ ਉਮੀਦਵਾਰਾਂ ਨੂੰ ਤਾਂ ਵੱਖ-ਵੱਖ ਵਿਭਾਗਾਂ ਵਿੱਚ ਕਈ-ਕਈ ਵਾਰ ਨੌਕਰੀਆਂ ਵੀ ਮਿਲੀਆਂ ਹਨ ਅਤੇ ਇਨ੍ਹਾਂ ਵਿੱਚੋਂ ਬਹੁਤੇ ਨੌਜਵਾਨ ਇਹ ਨੌਕਰੀਆਂ ਲੈਣ ਲਈ ਵਿਦੇਸ਼ਾਂ ਤੋਂ ਪਰਤ ਕੇ ਵਾਪਸ ਆਏ ਹਨ।

ਉਨ੍ਹਾਂ ਕਿਹਾ ਕਿ ਪਹਿਲਾਂ ਅਦਾਲਤਾਂ ਵਿੱਚ ਚੁਣੌਤੀ ਦੇ ਚਲਦਿਆਂ ਭਰਤੀ ਪ੍ਰਕਿਰਿਆਵਾਂ ਵਿੱਚ ਦੇਰੀ ਹੋਣ ਆਮ ਗੱਲ ਸੀ, ਜਿਸ ਦੇ ਚਲਦਿਆਂ ਅਕਸਰ ਕਈ ਉਮੀਦਵਾਰ ਦੀ ਉਮਰ ਨਿਰਧਾਰਤ ਸੀਮਾ ਤੋਂ ਪਾਰ ਲੰਘ ਜਾਂਦੀ ਸੀ। ਉਨ੍ਹਾਂ ਕਿਹਾ ਕਿ ਹੁਣ ਨੌਜਵਾਨ ਆਈਲੈਟਸ ਸੈਂਟਰਾਂ ਵਿੱਚ ਜਾਣ ਦੀ ਬਜਾਏ ਸਰਕਾਰੀ ਨੌਕਰੀਆਂ ਲਈ ਤਿਆਰੀ ਕਰਨ ਨੂੰ ਤਰਜੀਹ ਦੇ ਰਹੇ ਹਨ।

ਮੌਜੂਦਾ ਗਵਰਨੈਂਸ ਮਾਡਲ ਦੀ ਪਿਛਲੀਆਂ ਸਰਕਾਰਾਂ ਨਾਲ ਤੁਲਨਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਆਮ ਲੋਕਾਂ ਦੀ ਬਜਾਏ ਆਪਣੇ ਹੀ ਪਰਿਵਾਰਾਂ ਦਾ ਪੱਖ ਪੂਰਿਆ ਪਰ ਸੂਬਾ ਸਰਕਾਰ ਨੇ ਸਭ ਦੀ ਭਲਾਈ ਲਈ ਕੰਮ ਕੀਤਾ ਹੈ ਜਿਸ ਦੇ ਚਲਦਿਆਂ ਪ੍ਰਾਈਵੇਟ ਕੰਪਨੀਆਂ ਵਿੱਚ ਵੀ ਸੱਤ ਲੱਖ ਦੇ ਕਰੀਬ ਨੌਜਵਾਨਾਂ ਨੂੰ ਨੌਕਰੀਆਂ ਮਿਲੀਆਂ।

ਉਨ੍ਹਾਂ ਅੱਗੇ ਕਿਹਾ ਕਿ ਹੁਨਰ ਵਿਕਾਸ ਮਿਸ਼ਨ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਅੰਮ੍ਰਿਤਸਰ, ਬਠਿੰਡਾ, ਹੁਸ਼ਿਆਰਪੁਰ, ਜਲੰਧਰ ਅਤੇ ਲੁਧਿਆਣਾ ਵਿੱਚ ਪੰਜ ਬਹੁ-ਹੁਨਰ ਵਿਕਾਸ ਕੇਂਦਰ ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਅੱਗੇ



ਦੱਸਿਆ ਕਿ ਇਨ੍ਹਾਂ ਕੇਂਦਰਾਂ ਵਿੱਚ ਹੁਣ ਤੱਕ 1.25 ਲੱਖ ਨੌਜਵਾਨਾਂ ਨੂੰ ਸਿਖਲਾਈ ਦਿੱਤੀ ਗਈ ਹੈ, ਜਿਨ੍ਹਾਂ ਵਿੱਚੋਂ 73,250 ਨੂੰ ਰੋਜ਼ਗਾਰ ਵੀ ਮਿਲ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਮਾਈਕਰੋਸਾਫਟ ਅਤੇ ਆਈਬੀਐਮ ਵਰਗੀਆਂ ਕੰਪਨੀਆਂ ਨਾਲ ਏਆਈ, ਸਾਈਬਰ ਸੁਰੱਖਿਆ ਅਤੇ ਕਲਾਊਡ ਤਕਨਾਲੋਜੀ ਵਿੱਚ ਸਿਖਲਾਈ ਲਈ ਐਮ.ਓ.ਯੂ. ਸਾਈਨ ਕੀਤੇ ਗਏ ਹਨ।

ਰੋਜ਼ਗਾਰ ਪਹਿਲਕਦਮੀਆਂ ਦਾ ਵੇਰਵਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 1,799 ਸਵੈ-ਰੁਜ਼ਗਾਰ ਕੈਂਪਾਂ ਨੇ 1,99,000 ਨੌਜਵਾਨਾਂ ਨੂੰ ਕਾਰੋਬਾਰ ਸ਼ੁਰੂ ਕਰਨ ਲਈ ਕਰਜ਼ੇ ਹਾਸਲ ਕਰਨ ਵਿੱਚ ਮਦਦ ਕੀਤੀ ਅਤੇ 6,724 ਪਲੇਸਮੈਂਟ ਕੈਂਪਾਂ ਅਤੇ ਨੌਕਰੀ ਮੇਲਿਆਂ ਨੇ ਲੱਖਾਂ ਨੌਜਵਾਨਾਂ ਨੂੰ ਰੋਜ਼ਗਾਰ ਹਾਸਲ ਕਰਨ ਵਿੱਚ ਮਦਦ ਕੀਤੀ।

ਉਨ੍ਹਾਂ ਅੱਗੇ ਕਿਹਾ ਕਿ 11 ਸਿਖਲਾਈ ਕੇਂਦਰਾਂ ਦਾ ਆਧੁਨਿਕੀਕਰਨ ਕਰਨ ਦੇ ਨਾਲ-ਨਾਲ ਤਿੰਨ ਨਵੇਂ ਕੈਂਪ ਸਥਾਪਿਤ ਕੀਤੇ ਗਏ ਹ ਅਤੇ ਅੱਗੇ ਕਿਹਾ ਕਿ 36,342 ਨੌਜਵਾਨਾਂ ਨੂੰ ਫੌਜ, ਜਲ ਸੈਨਾ, ਹਵਾਈ ਸੈਨਾ ਅਤੇ ਅਰਧ ਸੈਨਿਕ ਬਲਾਂ ਵਿੱਚ ਭਰਤੀ ਲਈ ਸਿਖਲਾਈ ਦਿੱਤੀ ਗਈ ਹੈ, ਜਿਨ੍ਹਾਂ ਵਿੱਚੋਂ 5,509 ਭਰਤੀ ਹੋ ਚੁੱਕੇ ਹਨ।

ਰੱਖਿਆ ਸਿਖਲਾਈ ਸੰਸਥਾਵਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਨੇ 218 ਲੜਕਿਆਂ ਨੂੰ ਸਿਖਲਾਈ ਦਿੱਤੀ ਹੈ, ਜਿਨ੍ਹਾਂ ਵਿੱਚੋਂ 106 ਐਨਡੀਏ ਅਤੇ ਹੋਰ ਅਕੈਡਮੀਆਂ ਲਈ ਚੁਣੇ ਗਏ ਅਤੇ 85 ਕਮਿਸ਼ਨਡ ਅਫਸਰ ਬਣ ਗਏ ਹਨ, ਜਦੋਂ ਕਿ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਨੇ 199 ਲੜਕੀਆਂ ਨੂੰ ਸਿਖਲਾਈ ਦਿੱਤੀ ਹੈ, ਜਿਨ੍ਹਾਂ ਵਿੱਚੋਂ 24 ਕਮਿਸ਼ਨਡ ਅਫਸਰ ਬਣ ਗਈਆਂ ਹਨ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਵਿੱਚ ਜਲਦੀ ਹੀ ਇੱਕ ਨਵਾਂ ਇੰਸਟੀਚਿਊਟ ਸ਼ੁਰੂ ਕੀਤਾ ਜਾਵੇਗਾ।

ਡਿਜੀਟਲ ਗਵਰਨੈਂਸ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਡਿਜੀਟਲ ਪੰਜਾਬ ਬਣਨ ਵੱਲ ਕਦਮ ਵਧਾ ਰਿਹਾ ਹੈ ਕਿਉਂਕਿ 544 ਸੇਵਾ ਕੇਂਦਰ 465 ਤੋਂ ਵੱਧ ਸੇਵਾਵਾਂ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਲਗਭਗ 30 ਲੱਖ ਲੋਕ ਇਨ੍ਹਾਂ ਕੇਂਦਰਾਂ ਤੋਂ ਹਰ ਮਹੀਨੇ ਸੇਵਾਵਾਂ ਲੈ ਰਹੇ ਹਨ, ਭਾਵ ਰੋਜ਼ਾਨਾ ਇੱਕ ਲੱਖ ਲੋਕ ਸੇਵਾਵਾਂ ਦਾ ਲਾਭ ਪ੍ਰਾਪਤ ਕਰ ਰਹੇ ਹਨ ਅਤੇ ਹੁਣ ਤੱਕ 8,20 ਕਰੋੜ ਡਿਜੀਟਲ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ।

ਉਨ੍ਹਾਂ ਅੱਗੇ ਕਿਹਾ ਕਿ ਜਨਮ, ਮੌਤ ਅਤੇ ਵਿਆਹ ਵਰਗੇ ਸਰਟੀਫਿਕੇਟ ਐਸਐਮਐਸ ਅਤੇ ਵਟਸਐਪ ਰਾਹੀਂ ਭੇਜੇ ਜਾ ਰਹੇ ਹਨ ਅਤੇ ਇੱਕ ਕਰੋੜ ਤੋਂ ਵੱਧ ਸਰਟੀਫਿਕੇਟ ਡਿਜੀਟਲ ਰੂਪ ਵਿੱਚ ਭੇਜੇ ਗਏ ਹਨ। ਉਨ੍ਹਾਂ ਕਿਹਾ ਕਿ ਕਿ ਸੇਵਾਵਾਂ ਦੀ ਬਕਾਇਆ ਦਰ ਵਿੱਚ ਭਾਰੀ ਕਮੀ ਆਈ ਹੈ, ਜੋ 14 ਫੀਸਦ ਤੋਂ ਘਟ ਕੇ ਸਿਰਫ 0.52 ਫੀਸਦ ਰਹਿ ਗਈ ਹੈ।÷

ਨਾਗਰਿਕ-ਕੇਂਦ੍ਰਿਤ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ ਸਕੀਮ ਦਸੰਬਰ 2023 ਵਿੱਚ ਲੁਧਿਆਣਾ ਤੋਂ ਸ਼ੁਰੂ ਕੀਤੀ ਗਈ ਸੀ, ਜਿਸ ਤਹਿਤ ਨਾਗਰਿਕ 1076 ਹੈਲਪਲਾਈਨ ਰਾਹੀਂ ਘਰ ਬੈਠੇ 437 ਸੇਵਾਵਾਂ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਹ ਸਕੀਮ ਖਾਸ ਤੌਰ 'ਤੇ ਬਜ਼ੁਰਗਾਂ ਅਤੇ ਦਫ਼ਤਰਾਂ 'ਚ ਜਾ ਕੇ ਆਪਣਾ ਕੰਮ ਕਰਵਾਉਣ ਤੋਂ ਅਸਮਰੱਥ ਲੋਕਾਂ ਲਈ ਵਧੇਰੇ ਮਦਦਗਾਰ ਸਾਬਤ ਹੋ ਰਹੀ ਹੈ ਅਤੇ ਹੁਣ ਤੱਕ 2.66 ਲੱਖ ਲੋਕ ਇਸ ਦਾ ਲਾਭ ਲੈ ਚੁੱਕੇ ਹਨ।

ਆਫ਼ਤ ਰਾਹਤ ਸੁਧਾਰਾਂ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਡਿਜੀਟਲ ਹੜ੍ਹ ਮੁਆਵਜ਼ਾ ਪ੍ਰਣਾਲੀ ਪੇਸ਼ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ 3,700 ਪਿੰਡਾਂ ਵਿੱਚ ਡਿਜੀਟਲ ਢੰਗ ਨਾਲ ਮੁਆਵਜ਼ੇ ਦੀ ਵੰਡ ਕੀਤੀ ਗਈ ਹੈ, ਜਿਸਨੇ ਪੂਰੀ ਪਾਰਦਰਸ਼ਤਾ ਨਾਲ ਸਹੀ ਲੋਕਾਂ ਤੱਕ ਰਾਹਤ ਪਹੁੰਚਣ ਨੂੰ ਯਕੀਨੀ ਬਣਾਇਆ ਹੈ। ਜ਼ਮੀਨੀ ਸੁਧਾਰਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਈਜ਼ੀ ਰਜਿਸਟਰੀ ਨੇ ਤਹਿਸੀਲ ਦਫ਼ਤਰਾਂ ਵਿੱਚੋਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰ ਦਿੱਤਾ ਹੈ ਅਤੇ ਜੁਲਾਈ 2025 ਤੋਂ ਹੁਣ ਤੱਕ ਛੇ ਲੱਖ ਤੋਂ ਵੱਧ ਦਸਤਾਵੇਜ਼ ਰਜਿਸਟਰ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਵਿਚੋਲਾ ਪ੍ਰਣਾਲੀ ਨੂੰ ਖ਼ਤਮ ਦਿੱਤਾ ਗਿਆ ਹੈ ਅਤੇ ਰਜਿਸਟਰੇਸ਼ਨ ਹੁਣ ਇੱਕ ਕਲਿੱਕ ਨਾਲ ਆਨਲਾਈਨ ਕਰਵਾਈ ਜਾ ਸਕਦੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਸਬ-ਰਜਿਸਟਰਾਰ 48 ਘੰਟਿਆਂ ਦੇ ਅੰਦਰ-ਅੰਦਰ ਇਤਰਾਜ਼ ਉਠਾ ਸਕਦੇ ਹਨ ਅਤੇ ਉੱਚ ਅਧਿਕਾਰੀ ਇਸਦੀ ਸਮੀਖਿਆ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਲੋਕ ਜ਼ਿਲ੍ਹੇ ਦੇ ਕਿਸੇ ਵੀ ਸਬ-ਰਜਿਸਟਰਾਰ ਦਫ਼ਤਰ ਤੋਂ ਆਪਣੀ ਜਾਇਦਾਦ ਰਜਿਸਟਰ ਕਰਵਾ ਸਕਦੇ ਹਨ ਅਤੇ ਵਟਸਐਪ ਰਾਹੀਂ ਰੀਅਲ-ਟਾਈਮ ਅਪਡੇਟਸ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਰਿਸ਼ਵਤਖੋਰੀ ਲਈ ਸ਼ਿਕਾਇਤ ਦਰਜ ਕਰਵਾਉਣ ਦੀ ਆਪਸ਼ਨ ਅਤੇ 'ਡਰਾਫਟ ਮਾਈ ਡੀਡ' ਵਿਸ਼ੇਸ਼ਤਾ ਵੀ ਪ੍ਰਦਾਨ ਕੀਤੀ ਗਈ ਹੈ।

ਟਰਾਂਸਪੋਰਟ ਸੁਧਾਰਾਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਪਹਿਲੀ ਵਾਰ ਫੇਸਲੈੱਸ ਆਰਟੀਓ ਸੇਵਾਵਾਂ ਪੇਸ਼ ਕੀਤੀਆਂ ਗਈਆਂ ਹਨ, ਜੋ ਇੱਕ ਵੱਡੀ ਡਿਜੀਟਲ ਤਬਦੀਲੀ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਹੁਣ ਆਰਟੀਓ ਦਫ਼ਤਰਾਂ ਵਿੱਚ ਜਾਣ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਲਾਇਸੈਂਸ ਅਤੇ ਆਰਸੀ ਸਮੇਤ 56 ਸੇਵਾਵਾਂ ਪੂਰੀ ਤਰ੍ਹਾਂ ਨਾਲ ਫੇਸਲੈੱਸ ਕਰ ਦਿੱਤੀਆਂ ਗਈਆਂ ਹਨ, ਜੋ ਹੈਲਪਲਾਈਨ 1076 ਅਤੇ ਸੇਵਾ ਕੇਂਦਰਾਂ ਰਾਹੀਂ ਉਪਲਬਧ ਹਨ, ਜਿਸ ਨਾਲ ਹੁਣ ਤੱਕ 25,236 ਲੋਕਾਂ ਨੂੰ ਲਾਭ ਮਿਲਿਆ ਹੈ।

ਸਰਕਾਰ ਦੇ ਭ੍ਰਿਸ਼ਟਾਚਾਰ ਵਿਰੋਧੀ ਰੁਖ ਨੂੰ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਾਜ ਸਰਕਾਰ ਨੇ ਭ੍ਰਿਸ਼ਟਾਚਾਰ ਵਿਰੁੱਧ ਕਤਈ ਨਾ ਬਰਦਾਸ਼ਤ ਯੋਗ ਨੀਤੀ ਅਪਣਾਈ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ 23 ਮਾਰਚ, 2022 ਨੂੰ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵੀ ਸ਼ੁਰੂ ਕੀਤੀ ਗਈ ਸੀ। ਉਨ੍ਹਾਂ ਅੱਗੇ ਕਿਹਾ ਕਿ ਇਸ ਹੈਲਪਲਾਈਨ 'ਤੇ 12,218 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ, ਜਿਨ੍ਹਾਂ ਵਿੱਚੋਂ 10,820 ਸਬੰਧਤ ਵਿਭਾਗਾਂ ਨੂੰ ਅਤੇ 1,398 ਵਿਜੀਲੈਂਸ ਬਿਊਰੋ ਨੂੰ ਭੇਜੀਆਂ ਗਈਆਂ। ਉਨ੍ਹਾਂ ਅੱਗੇ ਕਿਹਾ ਕਿ ਸਹੀ ਮਾਮਲਿਆਂ ਵਿੱਚ ਕਾਰਵਾਈ ਕਰਦਿਆਂ 275 ਐਫਆਈਆਰ ਦਰਜ ਕੀਤੀਆਂ ਗਈਆਂ ਹਨ ਅਤੇ 341 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚ 16 ਗਜ਼ਟਿਡ ਅਧਿਕਾਰੀ, 161 ਸਰਕਾਰੀ ਕਰਮਚਾਰੀ, 88 ਪੁਲਿਸ ਕਰਮਚਾਰੀ ਅਤੇ 77 ਆਮ ਵਿਅਕਤੀ ਸ਼ਾਮਲ ਹਨ। ਉਨ੍ਹਾਂ ਅੱਗੇ ਕਿਹਾ ਕਿ ਵਿਜੀਲੈਂਸ ਬਿਊਰੋ ਨੇ 487 ਛਾਪੇਮਾਰੀਆਂ ਕਰਦਿਆਂ 1,215 ਮੁਲਜ਼ਮਾਂ ਵਿਰੁੱਧ 534 ਕੇਸ ਦਰਜ ਕੀਤੇ ਹਨ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ 112 ਗਜ਼ਟਿਡ ਅਫ਼ਸਰਾਂ, 162 ਸਰਕਾਰੀ ਮੁਲਾਜ਼ਮਾਂ ਅਤੇ 83 ਨਿੱਜੀ ਵਿਅਕਤੀਆਂ ਸਮੇਤ 357 ਵਿਅਕਤੀਆਂ ਖ਼ਿਲਾਫ਼ ਜਾਂਚ ਚੱਲ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ 143 ਕੇਸਾਂ ਵਿੱਚ ਦੋਸ਼ੀਆਂ ਨੂੰ ਸਜ਼ਾ ਸੁਣਾਈ ਗਈ ਹੈ ਅਤੇ ਕਈ ਮੁਲਾਜ਼ਮਾਂ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਸਿਰਫ ਚਾਰ ਸਾਲਾਂ ਦਾ ਰਿਪੋਰਟ ਕਾਰਡ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਲੋਕ ਭਲਾਈ ਉਪਰਾਲੇ ਜਾਰੀ ਰਹਿਣਗੇ।

ਇੱਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦੇ ਹਾਲਾਤ ਇਸ ਹੱਦ ਤੱਕ ਅਜੀਬੋ-ਗਰੀਬ ਬਣ ਗਏ ਹਨ ਅਤੇ ਦੇਸ਼ ਵਿੱਚ ਜੋ ਵੀ ਮਾੜਾ ਹੋਇਆ ਹੈ, ਉਸ ਲਈ ਨਹਿਰੂ ਨੂੰ, ਦਿੱਲੀ ਲਈ ਅਰਵਿੰਦ ਕੇਜਰੀਵਾਲ ਨੂੰ ਅਤੇ ਪੰਜਾਬ ਅਤੇ ਚੰਡੀਗੜ੍ਹ ਲਈ ਮੈਨੂੰ ਜ਼ਿੰਮੇਵਾਰ ਠਹਿਰਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਭਾਜਪਾ ਸਭ ਕੁਝ ਸਿਆਸੀ ਵਿਰੋਧੀਆਂ ਦੇ ਨਾਮ 'ਤੇ ਥੋਪ ਕੇ ਆਪਣੀ ਜ਼ਿੰਮੇਵਾਰੀ ਤੋਂ ਭੱਜ ਰਹੀ ਹੈ, ਜਦੋਂ ਕਿ 15 ਲੱਖ ਰੁਪਏ ਦੇ ਵਾਅਦੇ ਤੋਂ ਲੈ ਕੇ ਐਮ.ਐਸ.ਪੀ. ਤੱਕ ਕੁਝ ਵੀ ਨਹੀਂ ਦਿੱਤਾ ਗਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਭਾਜਪਾ ਸ਼ਬਦਾਂ ਦੀ ਖੇਡ ਅਤੇ ਕਠਪੁਤਲੀਆਂ ਦੀ ਤਰ੍ਹਾਂ ਵਿਰੋਧੀਆਂ ਨੂੰ ਨਿਸ਼ਾਨਾ ਬਣਾਉਣ ਬਣਾ ਕੇ ਆਪਣੀ ਜ਼ਿੰਮੇਵਾਰੀ ਤੋਂ ਭੱਜ ਨਹੀਂ ਸਕਦੀ।

ਕਿਸਾਨ ਭਲਾਈ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੀ ਜ਼ਮੀਨਾਂ ਹੇਠ ਦੀ ਹਾਈ ਟੈਂਸ਼ਨ ਤਾਰਾਂ ਪਾਉਣ ਦੀ ਸੰਭਾਵਨਾ ਦੀ ਪੜਚੋਲ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰਭਾਵਸ਼ਾਲੀ ਯੋਜਨਾ ਕਿਸਾਨਾਂ ਨੂੰ ਲਾਭ ਪਹੁੰਚਾਉਣ ਅਤੇ ਫਸਲਾਂ ਦੇ ਜੋਖਮ ਨੂੰ ਘਟਾਉਣ ਲਈ ਜਲਦੀ ਹੀ ਲਾਗੂ ਕੀਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰੋਜੈਕਟ ਮੇਰੇ ਜੱਦੀ ਪਿੰਡ ਤੋਂ ਸ਼ੁਰੂ ਹੋਵੇਗਾ ਜਿੱਥੇ 2,000 ਏਕੜ ਵਿੱਚ 413 ਟਿਊਬਵੈੱਲ ਮੋਟਰਾਂ ਅਤੇ 1,100 ਬਿਜਲੀ ਦੇ ਖੰਭੇ ਮੌਜੂਦ ਹਨ, ਜਿਨ੍ਹਾਂ ਨੂੰ ਜ਼ਮੀਨਦੋਜ਼ ਕਰਨ ਦਾ ਕੰਮ ਜਲਦੀ ਹੀ ਸ਼ੁਰੂ ਹੋ ਜਾਵੇਗਾ।

## 33,000 ਰੁਪਏ ਦੀ ਰਿਸ਼ਵਤ ਲੈਂਦੇ ਮਹਿਲਾ ਏਐਸਆਈ ਗ੍ਰਿਫ਼ਤਾਰ

**ਚੰਡੀਗੜ੍ਹ, 7 ਅਪ੍ਰੈਲ**
**-ਨਿਊਜ਼ਲਾਈਨ ਐਕਸਪ੍ਰੈਸ-**

ਭ੍ਰਿਸ਼ਟਾਚਾਰ ਵਿਰੁੱਧ ਸਖ਼ਤ ਕਾਰਵਾਈ ਕਰਦੇ ਹੋਏ, ਰਾਜ ਵਿਜੀਲੈਂਸ ਅਤੇ ਭ੍ਰਿਸ਼ਟਾਚਾਰ ਵਿਰੋਧੀ ਬਿਊਰੋ, ਅੰਬਾਲਾ ਨੇ ਅੱਜ 03.04.2026 ਨੂੰ ਇੱਕ ਮਹਿਲਾ ਏਐਸਆਈ, ਸ਼ਰਮੀਲਾ ਮਲਿਕ ਨੂੰ 33,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ। ਦੋਸ਼ੀ, ਸਬ-ਇੰਸਪੈਕਟਰ ਸ਼ਰਮੀਲਾ ਮਲਿਕ, ਜੋ ਕਿ ਕੁਰੂਕਸ਼ੇਤਰ ਯੂਨੀਵਰਸਿਟੀ ਪੁਲਿਸ ਸਟੇਸ਼ਨ ਦੇ ਮਹਿਲਾ ਹੈਲਪ ਡੈਸਕ 'ਤੇ ਤਾਇਨਾਤ ਸੀ, ਨੂੰ ਜ਼ਿਲ੍ਹਾ ਕੋਰਟ ਕੰਪਲੈਕਸ, ਕੁਰੂਕਸ਼ੇਤਰ ਨੇੜੇ 33,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਫੜਿਆ ਗਿਆ। ਇਸ ਸਬੰਧੀ ਰਾਜ ਵਿਜੀਲੈਂਸ ਅਤੇ ਭ੍ਰਿਸ਼ਟਾਚਾਰ ਵਿਰੋਧੀ ਬਿਊਰੋ, ਅੰਬਾਲਾ ਵਿਖੇ ਭ੍ਰਿਸ਼ਟਾਚਾਰ ਰੋਕਥਾਮ ਐਕਟ, 1988 ਦੀ ਧਾਰਾ 7 ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

ਮਿਲੀ ਜਾਣਕਾਰੀ ਅਨੁਸਾਰ, ਸ਼ਿਕਾਇਤਕਰਤਾ ਨੇ ਬਿਊਰੋ ਨੂੰ ਦੱਸਿਆ ਕਿ ਉਸਦੀ ਪਤਨੀ ਵੱਲੋਂ ਕੁਰੂਕਸ਼ੇਤਰ ਦੇ ਮਹਿਲਾ ਸਹਾਇਤਾ ਡੈਸਕ ਵਿਖੇ ਉਸਦੇ ਰਿਸ਼ਤੇਦਾਰ ਵਿਰੁੱਧ ਝੂਠੀ ਸ਼ਿਕਾਇਤ ਦਰਜ ਕਰਵਾਈ ਗਈ ਹੈ।

ਇਸ ਮਾਮਲੇ ਵਿੱਚ ਸਹਾਇਤਾ ਅਤੇ ਸਿਮਰਨਜੀਤ ਸਿੰਘ ਦੇ ਹੱਕ ਵਿੱਚ ਬਿਆਨ ਦਰਜ ਕਰਨ ਦੇ ਬਦਲੇ, ਦੋਸ਼ੀ ਸਬ-ਇੰਸਪੈਕਟਰ (ਐਸਆਈ) ਨੂੰ ਕਥਿਤ ਤੌਰ 'ਤੇ ਰਿਸ਼ਵਤ ਦਿੱਤੀ ਗਈ ਸੀ। ਸ਼ਰਮੀਲਾ ਮਲਿਕ ਨੇ 35,000 ਦੀ ਰਿਸ਼ਵਤ ਮੰਗੀ ਸੀ। ਸ਼ਿਕਾਇਤ ਅਨੁਸਾਰ, ਦੋਸ਼ੀ ਪਹਿਲਾਂ ਹੀ 2,000 ਲੈ ਚੁੱਕਾ ਸੀ ਅਤੇ ਬਾਕੀ 33,000 ਅੱਜ ਹੀ ਵਸੂਲਣ ਦਾ ਵਾਅਦਾ ਕੀਤਾ ਸੀ।

ਸ਼ਿਕਾਇਤ ਦੀ ਪੁਸ਼ਟੀ ਕਰਨ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਇੱਕ ਯੋਜਨਾਬੱਧ ਜਾਲ ਵਿਛਾਇਆ ਅਤੇ ਸੁਤੰਤਰ ਗਵਾਹਾਂ ਦੀ ਮੌਜੂਦਗੀ ਵਿੱਚ ਪੂਰੀ ਕਾਰਵਾਈ ਪਾਰਦਰਸ਼ੀ ਢੰਗ ਨਾਲ ਕੀਤੀ। ਬਿਊਰੋ ਦੀ ਟੀਮ ਨੇ ਦੋਸ਼ੀ ਨੂੰ 33,000 ਦੀ ਰਿਸ਼ਵਤ ਲੈਂਦੇ ਹੋਏ ਮੌਕੇ 'ਤੇ ਹੀ ਕਾਬੂ ਕਰ ਲਿਆ।

ਹੋਰ ਜਾਂਚ ਜਾਰੀ ਹੈ।

**ਜਨਹਿੱਤ ਵਿੱਚ ਸੁਨੇਹਾ**

ਭ੍ਰਿਸ਼ਟਾਚਾਰ ਵਿਰੁੱਧ ਲੜਾਈ ਵਿੱਚ ਜਨਤਾ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਜੇਕਰ ਕੋਈ ਸਰਕਾਰੀ ਕਰਮਚਾਰੀ ਜਾਂ ਅਧਿਕਾਰੀ ਕਿਸੇ ਕੰਮ ਦੇ ਬਦਲੇ ਰਿਸ਼ਵਤ ਦੀ ਮੰਗ ਕਰਦਾ ਹੈ, ਤਾਂ ਤੁਰੰਤ ਇਸਦੀ ਰਿਪੋਰਟ ਭ੍ਰਿਸ਼ਟਾਚਾਰ ਵਿਰੋਧੀ ਬਿਊਰੋ, ਹਰਿਆਣਾ ਦੇ ਟੋਲ-ਫ੍ਰੀ ਹੈਲਪਲਾਈਨ ਨੰਬਰ 1064 ਅਤੇ 1800-180-2022 'ਤੇ ਕਰੋ। ਤੁਹਾਡੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

## ਛੁੱਟੀਆਂ ਵਾਲੇ ਦਿਨ ਵੀ ਖੁੱਲ੍ਹੇ ਰਹਿਣਗੇ ਸੇਵਾ ਕੇਂਦਰ: ਡਿਪਟੀ ਕਮਿਸ਼ਨਰ



**ਹੁਸ਼ਿਆਰਪੁਰ, 7 ਅਪ੍ਰੈਲ**
**-ਨਿਊਜ਼ਲਾਈਨ ਐਕਸਪ੍ਰੈਸ-**

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਦੇ ਨਾਗਰਿਕਾਂ ਦੀ ਸਹੂਲਤ ਲਈ ਜ਼ਿਲ੍ਹੇ ਦੇ ਸਾਰੇ ਸੇਵਾ ਕੇਂਦਰ ਬੁੱਧਵਾਰ, 8 ਅਪ੍ਰੈਲ (ਛੁੱਟੀ ਵਾਲੇ ਦਿਨ) ਨੂੰ ਆਮ ਵਾਂਗ ਖੁੱਲ੍ਹੇ ਰਹਿਣਗੇ। ਉਨ੍ਹਾਂ ਕਿਹਾ ਕਿ ਲੋਕ ਇਸ ਦਿਨ ਆਪਣੇ ਜ਼ਰੂਰੀ ਕੰਮ ਕਰਵਾਉਣ ਲਈ ਆਸਾਨੀ ਨਾਲ ਸੇਵਾ ਕੇਂਦਰਾਂ 'ਤੇ ਜਾ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ਼ੁੱਕਰਵਾਰ ਛੁੱਟੀ ਹੋਣ ਦੇ ਬਾਵਜੂਦ ਸੇਵਾ ਕੇਂਦਰ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਖੁੱਲ੍ਹੇ ਰਹੇ, ਜਿਸ ਨਾਲ ਵੱਡੀ ਗਿਣਤੀ ਵਿੱਚ ਲੋਕ ਆਕਰਸ਼ਿਤ ਹੋਏ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦਾ ਟੀਚਾ ਜਨਤਾ ਨੂੰ ਵੱਧ ਤੋਂ ਵੱਧ ਸਹੂਲਤ ਪ੍ਰਦਾਨ ਕਰਨਾ ਹੈ ਤਾਂ ਜੋ ਉਨ੍ਹਾਂ ਨੂੰ ਆਪਣੀਆਂ ਜ਼ਰੂਰਤਾਂ ਲਈ ਬੇਲੋੜੀ ਉਡੀਕ ਨਾ ਕਰਨੀ ਪਵੇ।

ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਸੇਵਾ ਕੇਂਦਰ ਹਰ ਸ਼ਨੀਵਾਰ ਨੂੰ ਨਿਯਮਿਤ ਤੌਰ 'ਤੇ ਖੁੱਲ੍ਹੇ ਰਹਿੰਦੇ ਹਨ ਅਤੇ ਐਤਵਾਰ ਨੂੰ ਵੀ ਚੁਣੇ ਹੋਏ ਸੇਵਾ ਕੇਂਦਰਾਂ 'ਤੇ ਸੇਵਾਵਾਂ ਜਾਰੀ ਰਹਿੰਦੀਆਂ ਹਨ। ਇਨ੍ਹਾਂ ਵਿੱਚ ਸੇਵਾ ਕੇਂਦਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਹੁਸ਼ਿਆਰਪੁਰ, ਸੇਵਾ ਕੇਂਦਰ ਐਸ ਡੀ ਐਮ ਕੰਪਲੈਕਸ ਮੁਕੇਰੀਆਂ, ਸੇਵਾ ਕੇਂਦਰ ਐਸ ਡੀ ਐਮ ਕੰਪਲੈਕਸ ਗੜ੍ਹਸ਼ੰਕਰ, ਸੇਵਾ ਕੇਂਦਰ ਲੰਗਰਪੁਰ (ਦਸੂਹਾ) ਅਤੇ ਸੇਵਾ ਕੇਂਦਰ ਤਹਿਸੀਲ ਕੰਪਲੈਕਸ ਟਾਂਡਾ ਵਿਖੇ ਇੱਕ-ਇੱਕ ਕਾਊਂਟਰ ਸ਼ਾਮਲ ਹਨ, ਜੋ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਖੁੱਲ੍ਹੇ ਰਹਿੰਦੇ ਹਨ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜਨਤਾ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਛੁੱਟੀਆਂ ਵਾਲੇ ਦਿਨ ਵੀ ਆਪਣੇ ਮਹੱਤਵਪੂਰਨ ਕੰਮ ਸਮੇਂ ਸਿਰ ਪੂਰੇ ਕਰਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨਾਗਰਿਕਾਂ ਨੂੰ ਆਸਾਨ, ਸੁਵਿਧਾਜਨਕ ਅਤੇ ਪਾਰਦਰਸ਼ੀ ਸੇਵਾਵਾਂ ਪ੍ਰਦਾਨ ਕਰਨ ਲਈ ਹਮੇਸ਼ਾ ਵਚਨਬੱਧ ਹੈ।

# ਸੀ ਬੀ ਐੱਸ ਈ ਨੇ ਨਵੇਂ ਵਿਦਿਅਕ ਸੈਸ਼ਨ ਵਿੱਚ ਵੀ ਪੰਜਾਬੀ ਭਾਸ਼ਾ ਨੂੰ ਵਿਸਾਰਿਆ; ਨਾ ਪੁਸਤਕਾਂ ਬਦਲੀਆਂ ਤੇ ਨਾ ਹੀ ਸਿਲੇਬਸ

**ਚੰਡੀਗੜ੍ਹ, 7 ਅਪ੍ਰੈਲ**
**-ਨਿਊਜ਼ਲਾਈਨ ਐਕਸਪ੍ਰੈਸ-**

ਸੈਂਟਰਲ ਬੋਰਡ ਆਫ ਸੈਕੰਡਰੀ ਐਜੂਕੇਸ਼ਨ ਨੇ ਵਿਦਿਅਕ ਸੈਸ਼ਨ 2026-27 ਲਈ ਨਵਾਂ ਪਾਠਕ੍ਰਮ ਜਾਰੀ ਕਰ ਦਿੱਤਾ ਹੈ। ਨਵੇਂ ਨਿਯਮਾਂ ਅਨੁਸਾਰ ਛੇਵੀਂ ਜਮਾਤ ਤੋਂ ਤਿੰਨ ਭਾਸ਼ਾਵਾਂ ਵਾਲਾ ਫਾਰਮੂਲਾ ਪੜਾਅਵਾਰ ਤਰੀਕੇ ਨਾਲ ਸ਼ੁਰੂ ਕੀਤਾ ਜਾ ਰਿਹਾ ਹੈ। ਨੌਵੀਂ ਜਮਾਤ ਦੇ ਵਿਦਿਆਰਥੀਆਂ ਲਈ ਗਣਿਤ ਅਤੇ ਵਿਗਿਆਨ ਦੇ ਵਿਸ਼ਿਆਂ ਵਿੱਚ ਦੋ ਪੱਧਰੀ ਸਿਸਟਮ ਸ਼ੁਰੂ ਕੀਤਾ ਜਾ ਰਿਹਾ ਹੈ ਪਰ ਬੋਰਡ ਨੇ ਪੰਜਾਬੀ ਭਾਸ਼ਾ ਨੂੰ ਹਾਲੇ ਤੱਕ ਵਿਸਾਰਿਆ ਹੋਇਆ ਹੈ। ਬੋਰਡ ਨੇ ਇਸ ਵਾਰ ਨਾ ਤਾਂ ਪੰਜਾਬੀ ਦਾ ਸਿਲੇਬਸ ਬਦਲਿਆ ਹੈ ਅਤੇ ਨਾ ਹੀ ਨਵੀਆਂ ਪੁਸਤਕਾਂ ਲਿਆਂਦੀਆਂ ਹਨ ਜਿਸ ਕਾਰਨ ਅਧਿਆਪਕਾਂ ਤੇ ਪੰਜਾਬੀ ਪਾੜ੍ਹਿਆਂ ਵਿਚ ਰੋਸ ਹੈ। ਪੰਜਾਬ ਤੇ ਦਿੱਲੀ ਦੇ ਪੰਜਾਬੀ ਦੇ ਅਧਿਆਪਕਾਂ ਨੇ ਦੋਸ਼ ਲਾਇਆ ਹੈ ਕਿ ਪੰਜਾਬੀ ਦੀਆਂ ਪੁਸਤਕਾਂ ਸਮੇਂ ਦੇ ਹਾਣ ਅਤੇ ਇਲੈਕਟਿਵ ਤੇ ਕੋਰ ਦੇ ਵਿਸ਼ੇ ਨਾ ਹੋਣ ਕਾਰਨ ਅਧਿਆਪਕਾਂ ਦੀਆਂ ਨਵੀਆਂ ਅਸਾਮੀਆਂ ਵਿਚ ਮੌਜੂਦਾ ਸਿਲੇਬਸ ਅਨੁਸਾਰ ਪੜ੍ਹਾਈ ਕਰਨ ਵਾਲੇ ਯੋਗ ਹੀ ਨਹੀਂ ਸਮਝੇ ਜਾਂਦੇ। ਪੰਜਾਬੀ ਭਾਸ਼ਾ ਦੇ ਪ੍ਰੇਮੀਆਂ ਨੇ ਕਿਹਾ ਕਿ ਜੋ ਪੰਜਾਬੀ ਪੜ੍ਹਾਈ ਜਾ ਰਹੀ ਹੈ, ਉਹ ਆਮ ਪੰਜਾਬੀ ਹੁੰਦੀ ਹੈ ਪਰ ਸਟਾਫ ਸਿਲੈਕਸ਼ਨ ਵਿਚ ਪੰਜਾਬੀ ਦੇ ਅਧਿਆਪਕ ਤੇ ਕਈ ਹੋਰ ਨੌਕਰੀਆਂ ਵਿਚ ਪੰਜਾਬੀ ਇਲੈਕਟਿਵ ਨੂੰ ਤਰਜੀਹ ਦਿੱਤੀ ਜਾਂਦੀ ਹੈ।

**ਪੰਜਾਬ ਬੋਰਡ ਦੀਆਂ ਪੁਸਤਕਾਂ ਅਪਣਾਉਂਦਾ ਹੈ ਸੀ ਬੀ ਐੱਸ ਈ**

ਸੀ ਬੀ ਐੱਸ ਈ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੀਆਂ ਪੰਜਾਬੀ ਦੀਆਂ ਪੁਸਤਕਾਂ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਕਿਤਾਬਾਂ ਅਪਣਾਉਂਦਾ ਹੈ। ਅਧਿਆਪਕਾਂ ਨੇ ਦੱਸਿਆ ਇਸ ਵੇਲੇ ਇਲੈਕਟਿਵ ਤੇ ਕੋਰ ਦਾ ਜ਼ਮਾਨਾ ਹੈ ਅਤੇ ਸੰਸਕ੍ਰਿਤ ਤੇ ਅੰਗਰੇਜ਼ੀ ਵਿਚ ਵੀ ਇਲੈਕਟਿਵ ਤੇ ਕੋਰ ਪੜ੍ਹਾਈ ਜਾਂਦੀ ਹੈ ਪਰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੀ ਬੀ ਐੱਸ ਈ ਨੂੰ ਸਿਰਫ ਜਨਰਲ ਪੰਜਾਬੀ ਦੀ ਪੁਸਤਕ ਹੀ ਦਿੱਤੀ ਜਾ ਰਹੀ ਹੈ।

**ਸੀ ਬੀ ਐੱਸ ਈ ਦੀ ਮੰਗ ਅਨੁਸਾਰ ਹੀ ਪੁਸਤਕਾਂ ਦਿੱਤੀਆਂ: ਪੰਜਾਬ ਬੋਰਡ**

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਡਿਪਟੀ ਸਕੱਤਰ ਅਕਾਦਮਿਕ ਸੰਦੀਪ ਵਰਮਾ ਨੇ ਦੱਸਿਆ ਕਿ ਐੱਨ ਸੀ ਈ ਆਰ ਟੀ ਦੀ ਮੰਗ ਅਨੁਸਾਰ ਹੀ ਬੋਰਡ ਨੇ ਪੁਸਤਕਾਂ ਮੁਹੱਈਆ ਕਰਵਾਈਆਂ ਹਨ ਤੇ ਸੀ ਬੀ ਐੱਸ ਈ ਵੱਲੋਂ ਜਲਦੀ ਹੀ ਪੰਜਾਬੀ ਦੀਆਂ ਨਵੀਆਂ ਪੁਸਤਕਾਂ ਤਿਆਰ ਕਰਵਾਉਣ ਦੀ ਜਾਣਕਾਰੀ ਮਿਲੀ ਹੈ। ਸੀ ਬੀ ਐੱਸ ਈ ਦੇ ਜੇ ਟੀ ਓ ਪਿਊਸ਼ ਨੇ ਦੱਸਿਆ ਕਿ ਇਸ ਸਮੱਸਿਆ ਬਾਰੇ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਜਾਵੇਗਾ।

**ਇਲੈਕਟਿਵ ਦੀ ਪੁਸਤਕ ਔਖੀ ਹੋਣ ਕਾਰਨ ਆ ਰਹੀ ਸਮੱਸਿਆ: ਮਾਹਿਰ**

ਪੰਜਾਬੀ ਭਾਸ਼ਾ ਦੇ ਇਕ ਵਿਸ਼ਾ ਮਾਹਿਰ ਨੇ ਦੱਸਿਆ ਕਿ ਪੰਜਾਬ ਦੇ ਵਿਦਿਆਰਥੀ ਸ਼ੁਰੂ ਤੋਂ ਪੰਜਾਬੀ ਪੜ੍ਹਦੇ ਹਨ ਤੇ ਉਨ੍ਹਾਂ ਨੂੰ ਇਲੈਕਟਿਵ ਪੜ੍ਹਨਾ ਔਖਾ ਨਹੀਂ ਹੁੰਦਾ ਜਦਕਿ ਸੀ ਬੀ ਐੱਸ ਈ ਦੇ ਸਕੂਲਾਂ ਵਿਚ ਜੇ ਨੌਵੀਂ ਜਮਾਤ ਤੋਂ ਇਲੈਕਟਿਵ ਲਗਦੀ ਹੈ ਤਾਂ ਵਿਦਿਆਰਥੀਆਂ ਨੂੰ ਪੜ੍ਹਨ ਵਿਚ ਮੁਸ਼ਕਲ ਆਉਂਦੀ ਹੈ ਜਿਸ ਕਰ ਕੇ ਜਨਰਲ ਪੰਜਾਬੀ ਦੀ ਸਮੱਗਰੀ ਹੀ ਪੜ੍ਹਾਈ ਜਾਂਦੀ ਹੈ।

## 'ਮਾਵਾਂ ਧੀਆਂ ਸਤਿਕਾਰ ਯੋਜਨਾ' ਲਈ ਨੋਟੀਫਿਕੇਸ਼ਨ ਜਾਰੀ

**ਚੰਡੀਗੜ੍ਹ, 7 ਅਪ੍ਰੈਲ**
**-ਨਿਊਜ਼ਲਾਈਨ ਐਕਸਪ੍ਰੈਸ-**

ਪੰਜਾਬ 'ਚ ਔਰਤਾਂ ਨੂੰ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਆਖ਼ਰੀ ਦਮ ਤੱਕ 'ਸਤਿਕਾਰ ਭੱਤਾ' ਮਿਲੇਗਾ। ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਵਿਭਾਗ ਨੇ ਇਸ ਯੋਜਨਾ ਸਬੰਧੀ ਨੋਟੀਫ਼ਿਕੇਸ਼ਨ ਜਾਰੀ ਕਰ ਦਿੱਤਾ ਹੈ। ਇਸ ਮੁਤਾਬਕ ਯੋਜਨਾ ਤਹਿਤ ਲਾਭਪਾਤਰੀ ਦੀ ਮੌਤ ਹੋਣ ਦੀ ਸੂਰਤ 'ਚ ਉਸ ਨੂੰ ਪਹਿਲਾਂ ਤੋਂ ਅਦਾ ਕੀਤੀ 'ਸਤਿਕਾਰ ਭੱਤੇ' ਦੀ ਰਕਮ ਵਾਪਸ ਨਹੀਂ ਲਈ ਜਾਵੇਗੀ ਅਤੇ ਮੰਨਿਆ ਜਾਵੇਗਾ ਕਿ ਪਰਿਵਾਰ ਨੇ ਇਹ ਰਕਮ ਮ੍ਰਿਤਕ ਦੇ ਅੰਤਿਮ ਸੰਸਕਾਰ ਲਈ ਵਰਤੀ ਹੈ।

'ਆਪ' ਸਰਕਾਰ ਨੇ ਕਾਰਜਕਾਲ ਦੇ ਪੰਜਵੇਂ ਸਾਲ ਵਿੱਚ ਆਖ਼ਰੀ ਗਾਰੰਟੀ ਪੂਰੀ ਕਰ ਕੇ ਜਨਰਲ ਵਰਗ ਦੀਆਂ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਅਤੇ ਦਲਿਤ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਤਿਕਾਰ ਭੱਤਾ ਦੇਣ ਦਾ ਐਲਾਨ ਕੀਤਾ ਸੀ। ਬਜਟ ਵਿੱਚ ਇਸ ਕੰਮ ਲਈ 9300 ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਹੈ। ਵਿਸਾਖੀ ਤੋਂ ਇਸ ਯੋਜਨਾ ਦੀ ਰਜਿਸਟ੍ਰੇਸ਼ਨ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਪੰਜਾਬ ਸਰਕਾਰ ਨੇ ਹੁਣ ਨੋਟੀਫ਼ਿਕੇਸ਼ਨ ਜਾਰੀ ਕਰਕੇ ਯੋਜਨਾ ਦਾ ਵਿਧੀ ਵਿਧਾਨ ਤੈਅ ਕੀਤਾ ਹੈ। ਮੁੱਖ ਸਕੱਤਰ ਦੀ ਅਗਵਾਈ 'ਚ 'ਸਟੇਟ ਲੈਵਲ ਇੰਪਲੀਮੈਨਟੇਸ਼ਨ ਕਮੇਟੀ' ਦਾ ਗਠਨ ਹੋਵੇਗਾ ਅਤੇ ਇਹ ਕਮੇਟੀ ਯੋਜਨਾ ਨੂੰ ਲਾਗੂ ਕਰੇਗੀ।

ਸੂਬੇ ਭਰ ਦੇ ਆਂਗਣਵਾੜੀ ਕੇਂਦਰਾਂ ਅਤੇ ਸੇਵਾ ਕੇਂਦਰਾਂ 'ਚ ਇਸ ਯੋਜਨਾ ਦੀ ਰਜਿਸਟਰੇਸ਼ਨ ਮੁਫ਼ਤ ਹੋਵੇਗੀ ਅਤੇ ਇਨ੍ਹਾਂ ਕੇਂਦਰਾਂ ਨੂੰ ਯੋਜਨਾ ਦੇ ਪ੍ਰਾਇਮਰੀ ਸੈਂਟਰ ਐਲਾਨਿਆ ਗਿਆ ਹੈ, ਜੇ ਕਿਸੇ ਪੜਾਅ 'ਤੇ ਲਾਭਪਾਤਰੀ ਇਸ ਸਕੀਮ ਤਹਿਤ ਅਯੋਗ ਐਲਾਨਿਆ ਜਾਂਦਾ ਹੈ ਤਾਂ ਉਸ ਨੂੰ ਮਿਲਦੀ ਵਿੱਤੀ ਸਹਾਇਤਾ ਫ਼ੌਰੀ ਬੰਦ ਹੋਵੇਗੀ। ਜ਼ਿਲ੍ਹਾ ਪੱਧਰ 'ਤੇ ਯੋਜਨਾ ਦੀ ਦੇਖ ਰੇਖ ਡਿਪਟੀ ਕਮਿਸ਼ਨਰ ਕਰਨਗੇ। ਆਧਾਰ ਕਾਰਡ ਅਤੇ ਵੋਟਰ ਕਾਰਡ ਦੇ ਅਧਾਰ 'ਤੇ ਇਸ ਸਕੀਮ ਤਹਿਤ ਰਜਿਸਟਰੇਸ਼ਨ ਹੋਵੇਗੀ। ਵਿੱਤੀ ਸਹਾਇਤਾ ਸਿੱਧੀ ਲਾਭਪਾਤਰੀ ਦੇ ਬੈਂਕ ਖਾਤੇ 'ਚ ਪਾਈ ਜਾਵੇਗੀ।

ਆਮਦਨ ਕਰ ਭਰਨ ਵਾਲੇ ਇਸ ਸਕੀਮ ਦੇ ਦਾਇਰੇ 'ਚੋਂ ਬਾਹਰ ਰੱਖੇ ਗਏ ਹਨ। ਨੋਟੀਫ਼ਿਕੇਸ਼ਨ ਵਿੱਚ ਪੰਜਾਬ ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਜਿਸ ਔਰਤ ਨੇ ਇੱਕ ਰੁਪਏ ਜਾਂ ਇਸ ਤੋਂ ਵੱਧ ਦਾ ਆਮਦਨ ਕਰ ਤਾਰਿਆ ਹੋਵੇਗਾ, ਉਹ ਮਹਿਲਾ ਇਸ ਸਕੀਮ ਲਈ ਅਯੋਗ ਸਮਝੀ ਜਾਵੇਗੀ। ਮੌਜੂਦਾ ਵਿਧਾਇਕ/ ਸਾਬਕਾ ਵਿਧਾਇਕ, ਸੰਸਦ ਮੈਂਬਰ/ਸਾਬਕਾ ਸੰਸਦ ਮੈਂਬਰਾਂ ਖ਼ੁਦ ਅਤੇ ਉਨ੍ਹਾਂ ਦੇ ਜੀਵਨ ਸਾਥੀ ਨੂੰ ਇਸ ਸਕੀਮ ਦਾ ਲਾਭ ਨਹੀਂ ਮਿਲੇਗਾ।

**ਕੱਚੇ ਮੁਲਾਜ਼ਮਾਂ ਨੂੰ ਵੀ ਮਿਲੇਗਾ ਲਾਭ**

ਪੰਜਾਬ ਅਤੇ ਕੇਂਦਰ ਸਰਕਾਰ ਦੇ ਰੈਗੂਲਰ ਮੁਲਾਜ਼ਮਾਂ/ਸਾਬਕਾ ਰੈਗੂਲਰ ਮੁਲਾਜ਼ਮਾਂ ਨੂੰ ਛੱਡ ਕੇ ਬਾਕੀ ਹਰ ਤਰ੍ਹਾਂ ਦੀਆਂ ਮਹਿਲਾ ਮੁਲਾਜ਼ਮਾਂ (ਕੱਚੇ ਮੁਲਾਜ਼ਮ, ਠੇਕਾ ਅਧਾਰਿਤ, ਆਊਟ ਸੋਰਸ ਆਦਿ) ਨੂੰ ਵੀ ਇਸ ਯੋਜਨਾ ਦਾ ਲਾਭ ਮਿਲੇਗਾ। ਇਸ ਤੋਂ ਇਲਾਵਾ ਜਿਨ੍ਹਾਂ ਔਰਤਾਂ ਨੂੰ ਸਮਾਜਿਕ ਸੁਰੱਖਿਆ ਪੈਨਸ਼ਨਾਂ ਦਾ ਲਾਭ ਮਿਲ ਰਿਹਾ ਹੈ, ਉਨ੍ਹਾਂ ਨੂੰ ਵੀ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਸਤਿਕਾਰ ਭੱਤਾ ਮਿਲੇਗਾ।

## ਸਮਾਨਤਾਵਾਦੀ ਸਮਾਜ ਦੀ ਸਿਰਜਣਾ ਲਈ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ 'ਚ ਅਪਨਾਉਣ ਦਾ ਸੱਦਾ

**ਜਲੰਧਰ, 7 ਅਪ੍ਰੈਲ**
**-ਨਿਊਜ਼ਲਾਈਨ ਐਕਸਪ੍ਰੈਸ-**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਅਤੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਵੱਲੋਂ ਅੱਜ ਸੰਤ ਨਿਰਮਲ ਦਾਸ ਜੀ ਜੌੜੇ ਵਾਲੇ, ਸੰਤ ਪ੍ਰਗਟ ਨਾਥ ਅਤੇ ਹੋਰ ਸੰਤਾਂ-ਮਹਾਂਪੁਰਖਾਂ ਦੀ ਰਹਿਨੁਮਾਈ ਹੇਠ ਦਮੜੀ ਯਾਤਰਾ ਨੂੰ ਵਿਸ਼ੇਸ਼ ਟ੍ਰੇਨ ਰਾਹੀਂ ਸਥਾਨਕ ਸਿਟੀ ਰੇਲਵੇ ਸਟੇਸ਼ਨ ਤੋਂ ਹਰਿਦੁਆਰ ਲਈ ਰਵਾਨਾ ਕੀਤਾ ਗਿਆ।

ਇਸ ਮੌਕੇ ਵਿਧਾਇਕ ਚੱਬੇਵਾਲ ਡਾ. ਇਸ਼ਾਂਕ ਕੁਮਾਰ ਅਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਪਾਲ ਸਿੰਘ ਵੀ ਮੌਜੂਦ ਸਨ।

ਕੈਬਨਿਟ ਮੰਤਰੀ ਨੇ ਸੰਬੋਧਨ ਕਰਦਿਆਂ ਲੋਕਾਂ ਨੂੰ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਲਈ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮੁੱਚੀ ਮਨੁੱਖਤਾ ਨੂੰ ਆਪਸੀ ਪ੍ਰੇਮ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਜੀ ਦੀਆਂ ਸਿੱਖਿਆਵਾਂ ਸਮੁੱਚੀ ਲੋਕਾਈ ਦਾ ਹਮੇਸ਼ਾ ਮਾਰਗਦਰਸ਼ਨ ਕਰਦੀਆਂ ਰਹਿਣਗੀਆਂ,



ਜੋ ਸਾਨੂੰ ਜਾਤ, ਧਰਮ ਅਤੇ ਨਸਲ ਦੇ ਵਖਰੇਵੇਂ ਤੋਂ ਉੱਪਰ ਉੱਠਣ ਦਾ ਸੰਦੇਸ਼ ਦਿੰਦੀਆਂ ਹਨ। ਸ਼੍ਰੀ ਭਗਤ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਦਾ ਇਹ ਸਰਬ ਸਾਂਝੀਵਾਲਤਾ ਦਾ ਸੰਦੇਸ਼ ਦੁਨੀਆ ਦੇ ਕੋਨੇ-ਕੋਨੇ ਵਿੱਚ ਪਹੁੰਚਾਉਣ ਲਈ ਪੰਜਾਬ ਸਰਕਾਰ ਵੱਲੋਂ ਅਣਥਕ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਵੱਲੋਂ ਗੁਰੂ ਰਵਿਦਾਸ ਜੀ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਵਿਆਪਕ ਪ੍ਰੋਗਰਾਮ ਉਲੀਕੇ ਗਏ ਹਨ।

ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਦਮੜੀ ਯਾਤਰਾ ਲਈ ਸੰਗਤਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਉਹ ਕੌਮਾਂ ਹਮੇਸ਼ਾ ਅੱਗੇ ਵਧਦੀਆਂ ਅਤੇ ਤਰੱਕੀ ਕਰਦੀਆਂ ਹਨ, ਜਿਹੜੀਆਂ ਆਪਣੇ ਗੁਰੂਆਂ-ਪੀਰਾਂ, ਸੰਤਾਂ ਨੂੰ ਯਾਦ ਰੱਖਦੀਆਂ ਹੋਈਆਂ ਉਨ੍ਹਾਂ ਵੱਲੋਂ ਪਾਏ ਪੂਰਨਿਆਂ 'ਤੇ ਚੱਲਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੀ ਸਾਡੇ ਮਹਾਨ ਗੁਰੂਆਂ ਅਤੇ ਸੰਤਾਂ ਵੱਲੋਂ ਦਰਸਾਏ ਮਾਰਗ 'ਤੇ ਚੱਲਦੇ ਹੋਏ ਹਰ ਵਰਗ ਦੀ ਭਲਾਈ ਅਤੇ ਖੁਸ਼ਹਾਲੀ ਲਈ ਲਗਾਤਾਰ ਕੰਮ ਕਰ ਰਹੀ ਹੈ।

ਇਸ ਮੌਕੇ ਸੰਤ ਸਤਵਿੰਦਰ ਹੀਰਾ, ਭੈਣ ਸੰਤੋਸ਼, 'ਆਪ' ਆਗੂ ਰਾਜਵਿੰਦਰ ਕੌਰ ਥਿਆੜਾ, ਦਿਨੇਸ਼ ਢੱਲ ਤੋਂ ਇਲਾਵਾ ਸੰਤ ਸਮਾਜ ਅਤੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

## ਜੇ ਸਫਰ ਦੌਰਾਨ ਯਾਤਰੀ ਦੀ ਮੌਤ ਹੁੰਦੀ ਹੈ ਤਾਂ ਏਅਰਲਾਈਨਜ਼ ਨੂੰ ਦੇਣਾ ਪਵੇਗਾ ਵੱਧ ਹਰਜਾਨਾ

**ਨਵੀਂ ਦਿੱਲੀ, 7 ਅਪ੍ਰੈਲ**
**-ਨਿਊਜ਼ਲਾਈਨ ਐਕਸਪ੍ਰੈਸ-**

ਭਾਰਤ ਸਰਕਾਰ ਨੇ ਉਨ੍ਹਾਂ ਨਿਯਮਾਂ ਵਿੱਚ ਬਦਲਾਅ ਕੀਤਾ ਹੈ ਜੋ ਜਹਾਜ਼ ਵਿੱਚ ਕਿਸੇ ਯਾਤਰੀ ਦੀ ਮੌਤ ਜਾਂ ਯਾਤਰੀ ਨੂੰ ਹੋਣ ਵਾਲੇ ਸਰੀਰਕ ਨੁਕਸਾਨ ਦੇ ਮਾਮਲੇ ਵਿੱਚ ਏਅਰਲਾਈਨਾਂ ਦੀ ਦੇਣਦਾਰੀ ਨੂੰ ਨਿਰਧਾਰਤ ਕਰਦੇ ਹਨ। ਸਰਕਾਰ ਨੇ ਯਾਤਰਾ ਦੌਰਾਨ ਮੌਤ, ਸਾਮਾਨ ਦੇ ਗੁੰਮ ਹੋਣ, ਪਹੁੰਚਣ ਵਿੱਚ ਦੇਰੀ ਅਤੇ ਹੋਰ ਸ਼੍ਰੇਣੀਆਂ ਵਿੱਚ ਮੁਆਵਜ਼ੇ ਸਬੰਧੀ ਨਵੇਂ ਨਿਯਮ ਬਣਾਏ ਹਨ।

ਨਾਗਰਿਕ ਹਵਾਬਾਜ਼ੀ ਮੰਤਰਾਲੇ ਨੇ ਵੱਧ ਤੋਂ ਵੱਧ ਮੁਆਵਜ਼ੇ ਦੀ ਰਾਸ਼ੀ ਵਿੱਚ ਸੋਧ ਕੀਤੀ ਹੈ, ਜੋ ਏਅਰਲਾਈਨਾਂ ਨੂੰ ਕਾਨੂੰਨੀ ਤੌਰ 'ਤੇ ਮੌਤ, ਸੱਟ, ਸਾਮਾਨ ਦੇ ਗੁੰਮ ਹੋਣ, ਫਲਾਈਟ ਵਿੱਚ ਦੇਰੀ ਅਤੇ ਕਾਰਗੋ ਦੇ ਨੁਕਸਾਨ ਦੇ ਮਾਮਲਿਆਂ ਵਿੱਚ ਯਾਤਰੀਆਂ ਨੂੰ ਅਦਾ ਕਰਨੀ ਪੈਂਦੀ ਹੈ। ਇਸ ਸੋਧ ਨੂੰ 1 ਅਪਰੈਲ, 2026 ਨੂੰ ਨੋਟੀਫਾਈ ਕੀਤਾ ਗਿਆ ਸੀ ਅਤੇ ਇਹ ਕੈਰੇਜ਼ ਬਾਈ ਏਅਰ ਐਕਟ, 1972 ਦੇ ਤੀਜੇ ਸ਼ਡਿਊਲ ਵਿੱਚ ਸ਼ਾਮਲ ਦੇਣਦਾਰੀ ਸੀਮਾਵਾਂ ਨੂੰ ਅਪਡੇਟ ਕਰਦਾ ਹੈ।

ਇਹ ਨਿਯਮ 28 ਦਸੰਬਰ, 2024 ਤੋਂ ਪਿਛਲੀ ਤਰੀਕ ਤੋਂ ਪ੍ਰਭਾਵੀ ਕੀਤੇ ਗਏ ਹਨ। ਕੋਈ ਵੀ ਵਿਅਕਤੀ ਜਿਸ ਨੇ ਦਸੰਬਰ 2024 ਨੂੰ ਜਾਂ ਉਸ ਤੋਂ ਬਾਅਦ ਦੇਣਦਾਰੀ ਦੀ ਕਿਸੇ ਵੀ ਸ਼੍ਰੇਣੀ ਦੇ ਤਹਿਤ ਨੁਕਸਾਨ ਝੱਲਿਆ ਹੈ, ਉਹ ਲਾਭ ਪ੍ਰਾਪਤ ਕਰ ਸਕੇਗਾ।

**ਕੀ ਬਦਲਿਆ ?**

ਨੋਟੀਫਿਕੇਸ਼ਨ ਵਿਸ਼ੇਸ਼ ਡਰਾਇੰਗ ਰਾਈਟਸ ਵਿੱਚ ਦਰਸਾਈ ਗਈ ਦੇਣਦਾਰੀ ਸੀਮਾ ਵਿੱਚ ਸੋਧ ਕਰਦਾ ਹੈ — ਜੋ ਕਿ ਅੰਤਰਰਾਸ਼ਟਰੀ ਮੁਦਰਾ ਕੋਸ਼ (IMF) ਵੱਲੋਂ ਬਣਾਈ ਗਈ ਖਾਤੇ ਦੀ ਇੱਕ ਅੰਤਰਰਾਸ਼ਟਰੀ ਇਕਾਈ ਹੈ ਜਿਸ ਦਾ ਮੁੱਲ ਰੋਜ਼ਾਨਾ ਅਧਾਰ 'ਤੇ ਭਾਰਤੀ ਰੁਪਏ ਦੇ ਮੁਕਾਬਲੇ ਬਦਲਦਾ ਰਹਿੰਦਾ ਹੈ। ਹੇਠਾਂ ਦਿੱਤੇ ਗਏ ਅਨੁਮਾਨਿਤ ਰੁਪਏ ਦੇ ਪਰਿਵਰਤਨ ਸਿਰਫ ਸੰਕੇਤਕ ਹਨ ਅਤੇ ਕਿਸੇ ਵੀ ਅਸਲ ਦਾਅਵੇ ਦੀ ਮਿਤੀ 'ਤੇ ਮੌਜੂਦਾ SDR-ਤੋਂ-ਰੁਪਏ ਦੀ ਦਰ ਦੇ ਅਧਾਰ 'ਤੇ ਵੱਖ-ਵੱਖ ਹੋਣਗੇ।

ਮੌਤ/ਸਰੀਰਕ ਨੁਕਸਾਨ ਲਈ ਮੁਆਵਜ਼ਾ (ਨਿਯਮ 21(1))\2 ਯਾਤਰੀ ਦੀ ਮੌਤ ਜਾਂ ਸਰੀਰਕ ਸੱਟ ਦੇ ਮਾਮਲੇ ਵਿੱਚ ਗਾਰੰਟੀਸ਼ੁਦਾ ਮੁਆਵਜ਼ੇ ਦੀ ਸੀਮਾ 1,28,821 SDR ਤੋਂ ਵਧਾ ਕੇ 1,51,880 SDR ਕਰ ਦਿੱਤੀ ਗਈ ਹੈ, ਜੋ ਕਿ ਲਗਪਗ 17.9 ਫੀਸਦੀ ਦਾ ਵਾਧਾ ਹੈ। ਇੱਕ ਅਨੁਮਾਨਿਤ ਪਰਿਵਰਤਨ ਦਰ 'ਤੇ, ਇਹ ਪ੍ਰਤੀ ਯਾਤਰੀ ਲਗਪਗ 1.43 ਕਰੋੜ ਰੁਪਏ ਤੋਂ ਵੱਧ ਕੇ ਲਗਪਗ 1.69 ਕਰੋੜ ਰੁਪਏ ਹੋ ਜਾਂਦੀ ਹੈ।

ਯਾਤਰੀਆਂ ਦੀ ਦੇਰੀ ਲਈ ਮੁਆਵਜ਼ਾ (ਨਿਯਮ 22(1))\2 ਫਲਾਈਟ ਵਿੱਚ ਦੇਰੀ ਕਾਰਨ ਯਾਤਰੀ ਵੱਲੋਂ ਝੱਲੇ ਗਏ ਨੁਕਸਾਨ ਲਈ ਮੁਆਵਜ਼ੇ ਦੀ ਸੀਮਾ 5,346 SDR ਤੋਂ ਵਧਾ ਕੇ 6,303 SDR ਕਰ ਦਿੱਤੀ ਗਈ ਹੈ — ਜੋ ਲਗਪਗ 5.95 ਲੱਖ ਰੁਪਏ ਤੋਂ ਵੱਧ ਕੇ ਤਕਰੀਬਨ 7 ਲੱਖ ਰੁਪਏ ਹੋ ਗਈ ਹੈ।

**ਸਾਮਾਨ ਦੇ ਗੁੰਮ ਹੋਣ, ਨੁਕਸਾਨ ਜਾਂ ਦੇਰੀ ਲਈ ਮੁਆਵਜ਼ਾ ਨਿਯਮ**

ਚੈੱਕ-ਇਨ ਕੀਤੇ ਜਾਂ ਕੈਬਿਨ ਬੈਗੇਜ਼ ਲਈ ਜੋ ਗੁੰਮ, ਖਰਾਬ ਜਾਂ ਦੇਰੀ ਨਾਲ ਮਿਲਦਾ ਹੈ, ਮੁਆਵਜ਼ੇ ਦੀ ਸੀਮਾ 1,288 SDR ਤੋਂ ਵਧਾ ਕੇ 1,519 SDR ਕਰ ਦਿੱਤੀ ਗਈ ਹੈ — ਜੋ ਕਿ ਲਗਪਗ 1.43 ਲੱਖ ਰੁਪਏ ਤੋਂ ਵੱਧ ਕੇ ਪ੍ਰਤੀ ਯਾਤਰੀ ਤਕਰੀਬਨ 1.69 ਲੱਖ ਰੁਪਏ ਹੋ ਗਈ ਹੈ।

ਕਾਰਗੋ ਦੇ ਨੁਕਸਾਨ ਜਾਂ ਨੁਕਸਾਨ ਲਈ ਮੁਆਵਜ਼ਾ ਨਿਯਮ 22(3)\2 ਏਅਰ ਕਾਰਗੋ ਲਈ ਮੁਆਵਜ਼ੇ ਦੀ ਸੀਮਾ 22 SDR ਤੋਂ ਵਧਾ ਕੇ 26 SDR ਪ੍ਰਤੀ ਕਿਲੋਗ੍ਰਾਮ ਗੁੰਮ ਜਾਂ ਖਰਾਬ ਹੋਏ ਸਾਮਾਨ ਲਈ ਕਰ ਦਿੱਤੀ ਗਈ ਹੈ।

## ਬੇਨੜਾ ਵਿੱਚ ਸ਼ਾਮਲਾਤ ਜ਼ਮੀਨਾਂ 'ਤੇ ਕਬਜ਼ੇ ਦਾ ਮੁੱਦਾ ਭਖਿਆ; ਹੜਤਾਲ ਤੀਜੇ ਦਿਨ ਵਿੱਚ ਦਾਖ਼ਲ



**ਧੂਰੀ, 7 ਅਪ੍ਰੈਲ**
**-ਨਿਊਜ਼ਲਾਈਨ ਐਕਸਪ੍ਰੈਸ-**

ਪਿੰਡ ਬੇਨੜਾ ਵਿੱਚ ਗ੍ਰਾਮ ਪੰਚਾਇਤ ਵੱਲੋਂ ਸ਼ਾਮਲਾਤ ਜ਼ਮੀਨਾਂ ਵਿੱਚੋਂ ਦਲਿਤ ਮਜ਼ਦੂਰਾਂ ਨੂੰ ਕਥਿਤ ਤੌਰ 'ਤੇ ਹਿੱਸਾ ਨਾ ਦੇਣ ਅਤੇ ਨਾਜਾਇਜ਼ ਕਬਜ਼ੇ ਕੀਤੇ ਜਾਣ ਦੇ ਵਿਰੋਧ ਵਿੱਚ ਦਲਿਤ ਮਜ਼ਦੂਰਾਂ ਦੀ ਭੁੱਖ ਹੜਤਾਲ ਦੂਜੇ ਦਿਨ ਜਾਰੀ ਰਹੀ। ਇਸ ਮੌਕੇ ਰਾਮ ਸਿੰਘ, ਸਾਬਕਾ ਸਰਪੰਚ ਹਰਜਿੰਦਰ ਸਿੰਘ, ਸਾਬਕਾ ਬਲਾਕ ਸਮਿਤੀ ਮੈਂਬਰ ਦਰਬਾਰ ਸਿੰਘ, ਹਰਦੀਪ ਸਿੰਘ ਕਾਕਾ, ਲਖਵਿੰਦਰ ਸਿੰਘ ਤੇ ਬਲਕਾਰ ਸਿੰਘ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਬਾਅਦ ਵੀ ਦਲਿਤ ਭਾਈਚਾਰੇ ਨੂੰ ਉਨ੍ਹਾਂ ਦੇ ਹੱਕ ਨਹੀਂ ਮਿਲ ਰਹੇ।

ਉਨ੍ਹਾਂ ਦੱਸਿਆ ਕਿ ਪਿੰਡ ਦੇ ਲਗਭਗ 400 ਦਲਿਤ ਘਰ ਬਿਨਾਂ ਕਿਸੇ ਵਾਹੀਯੋਗ ਜ਼ਮੀਨ ਤੋਂ ਬਿਨਾਂ ਆਪਣਾ ਜੀਵਨ ਬਸਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁਰੱਬੇਬੰਦੀ ਦੌਰਾਨ ਦਿੱਤੀਆਂ ਗਈਆਂ ਸਾਂਝੀਆਂ ਥਾਵਾਂ 'ਤੇ ਵੀ ਹੁਣ ਗੈਰਕਾਨੂੰਨੀ ਕਬਜ਼ੇ ਹੋ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਪਿੰਡ ਵਿੱਚ ਲਗਭਗ 30 ਏਕੜ ਸ਼ਾਮਲਾਤ ਜ਼ਮੀਨ 'ਤੇ ਜ਼ਿਮੀਦਾਰਾਂ ਦੇ ਕਬਜ਼ੇ ਹਨ, ਜਿਨ੍ਹਾਂ ਖ਼ਿਲਾਫ਼ ਕਦੇ ਕੋਈ ਕਾਰਵਾਈ ਨਹੀਂ ਕੀਤੀ ਗਈ।

ਉਨ੍ਹਾਂ ਕਿਹਾ ਕਿ ਇਹ ਪਿੰਡ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤਰਫੋਂ ਗੋਦ ਲਿਆ ਹੋਇਆ ਹੈ ਪਰ ਫਿਰ ਵੀ ਦਲਿਤ ਪਰਿਵਾਰਾਂ ਨਾਲ ਪਿੰਡ ਵਿੱਚ ਧੱਕੇਸ਼ਾਹੀ ਹੋ ਰਹੀ ਹੈ। ਆਗੂਆਂ ਪ੍ਰਸ਼ਾਸਨ ਤੋਂ ਮੰਗ ਕੀਤੀ ਸ਼ਾਮਲਾਤ ਜ਼ਮੀਨਾਂ ਤੋਂ ਨਾਜਾਇਜ਼ ਕਬਜ਼ੇ ਹਟਾਏ ਜਾਣ ਤਾਂ ਜੋ ਦਲਿਤ ਪਰਿਵਾਰਾਂ ਨੂੰ ਉਨ੍ਹਾਂ ਦਾ ਹੱਕ ਮਿਲ ਸਕਣ।

## ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦੇ ਹਵਾਲਾਤੀ ਦੀ ਮੌਤ

**ਪਟਿਆਲਾ, 7 ਅਪ੍ਰੈਲ**
**-ਨਿਊਜ਼ਲਾਈਨ ਐਕਸਪ੍ਰੈਸ-**

ਇੱਥੇ ਪੁਲੀਸ ਵੱਲੋਂ ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦੇ 28 ਸਾਲਾ ਨੌਜਵਾਨ ਬੰਟੀ ਦੀ ਬੀਤੀ ਸ਼ਾਮ ਪਟਿਆਲਾ ਵਿੱਚ ਭੇਤਭਰੇ ਹਾਲਤਾਂ ਵਿੱਚ ਪੁਲੀਸ ਹਿਰਾਸਤ ਵਿੱਚ ਮੌਤ ਹੋ ਗਈ। ਉਸ ਨੂੰ ਇੱਕ ਅਪਰਾਧਿਕ ਮਾਮਲੇ ਦੀ ਜਾਂਚ ਲਈ ਬੁੱਧਵਾਰ ਨੂੰ ਸਥਾਨਕ ਪੁਲੀਸ ਅਧਿਕਾਰੀਆਂ ਵੱਲੋਂ ਤ੍ਰਿਪੜੀ ਥਾਣੇ ਵਿੱਚ ਪਟਿਆਲਾ ਕੇਂਦਰੀ ਜੇਲ੍ਹ ਤੋਂ ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦਾ ਗਿਆ ਸੀ।

, ਜ਼ਿਲ੍ਹਾ ਪਟਿਆਲਾ ਦਾ ਰਹਿਣ ਵਾਲਾ ਬੰਟੀ 2022 ਵਿੱਚ ਆਪਣੇ ਵਿਰੁੱਧ ਦਰਜ ਨਸ਼ਿਆਂ ਦੇ ਇੱਕ ਮਾਮਲੇ ਵਿੱਚ ਅੰਡਰ-ਟਰਾਇਲ ਵਜੋਂ ਨਿਆਂਇਕ ਹਿਰਾਸਤ ਵਿੱਚ ਜੇਲ੍ਹ ਵਿੱਚ ਬੰਦ ਸੀ। ਹਾਲ ਹੀ ਵਿੱਚ 21 ਮਾਰਚ ਨੂੰ ਜੇਲ੍ਹ ਦੇ ਅੰਦਰ ਉਸਦੇ ਕਬਜ਼ੇ ਵਿੱਚੋਂ ਕਥਿਤ ਤੌਰ 'ਤੇ ਇੱਕ ਮੋਬਾਈਲ ਫੋਨ ਅਤੇ ਕੁਝ ਤੰਬਾਕੂ ਉਤਪਾਦ ਬਰਾਮਦ ਹੋਣ ਤੋਂ ਬਾਅਦ ਪਟਿਆਲਾ ਪੁਲੀਸ ਵੱਲੋਂ ਉਸ ਸਮੇਤ ਪੰਜ ਹੋਰਾਂ ਵਿਰੁੱਧ ਜੇਲ੍ਹ ਐਕਟ, 1894 ਦੀਆਂ ਧਾਰਾਵਾਂ 521 ਅਤੇ 42 ਤਹਿਤ ਮਾਮਲਾ ਦਰਜ ਕੀਤਾ ਗਿਆ ਸੀ। ਇਸ ਮਾਮਲੇ ਵਿੱਚ ਉਸ ਨੂੰ ਜੇਲ੍ਹ ਤੋਂ ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦਾ ਗਿਆ ਸੀ। ਤ੍ਰਿਪੜੀ ਥਾਣੇ ਦੇ ਐੱਸ ਐੱਚ ਓ ਸੁਖਵਿੰਦਰ ਸਿੰਘ ਨੇ ਮੀਡੀਆ ਨੂੰ ਦੱਸਿਆ ਕਿ ਬੰਟੀ ਨੇ ਛਾਤੀ ਵਿੱਚ ਦਰਦ ਦੀ ਸ਼ਿਕਾਇਤ ਕੀਤੀ ਸੀ, ਜਿਸ ਤੋਂ ਬਾਅਦ ਉਸ ਨੂੰ ਨੇੜਲੇ ਨਿੱਜੀ ਹਸਪਤਾਲ ਲਿਜਾਇਆ ਗਿਆ ਅਤੇ ਬਾਅਦ ਵਿੱਚ ਰਾਜਿੰਦਰਾ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਤਬਦੀਲ ਕਰ ਦਿੱਤਾ ਗਿਆ, ਜਿੱਥੇ ਸੰਭਾਵੀ ਤੌਰ 'ਤੇ ਦਿਲ ਦਾ ਦੌਰਾ ਪੈਣ ਕਾਰਨ ਉਸ ਦੀ ਮੌਤ ਹੋ ਗਈ।

# ਰਿਵਾੜੀ ਏਮਸ ਲਈ ਇੱਕ ਸੁਤੰਤਰ ਕੈਨਾਲ ਅਧਾਰਿਤ ਵਾਟਰ ਵਰਕਸ ਸਥਾਪਿਤ ਕੀਤਾ ਜਾਵੇਗਾ - ਆਰਤੀ ਸਿੰਘ ਰਾਓ

**ਚੰਡੀਗੜ੍ਹ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦਸਿਆ ਕਿ ਰਿਵਾੜੀ ਜਿਲ੍ਹਾ ਦੇ ਪਿੰਡ ਮਾਜਰਾ ਮੁਸਤਿਲ ਭਾਲਖੀ ਵਿੱਚ ਸਥਿਤ ਏਮਸ ਲਈ ਇੱਕ ਸੁਤੰਤਰ ਕੈਨਾਲ ਅਧਾਰਿਤ ਵਾਟਰ ਵਰਕਸ ਸਥਾਪਿਤ ਕੀਤਾ ਜਾਵੇਗਾ, ਜਿਸ ਦੇ ਲਈ ਮੁੱਖ ਮੰਤਰੀ ਤੋਂ ਮੰਜ਼ੂਰੀ ਮਿਲ ਚੁੱਕੀ ਹੈ। ਇਸ ਪਰਿਯੋਜਨਾ ’ਤੇ ਲਗਭਗ 226.83 ਕਰੋੜ ਰੁਪਏ ਖਰਚ ਕੀਤੇ ਜਾਣਗੇ ਅਤੇ ਇਸ ਨੂੰ ਸੈਦਾਂਤਿਕ ਮੰਜ਼ੂਰੀ ਵੀ ਪ੍ਰਦਾਨ ਕਰ ਦਿੱਤੀ ਗਈ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਏਮਸ ਲਈ ਬਨਣ ਵਾਲੇ ਇਸ ਵਾਟਰ ਵਰਕਸ ਨਾਲ ਸਬੰਧਿਤ ਜਲ੍ਹ ਸਪਲਾਈ ਦਾ ਪੂਰਾ ਖਰਚ ਹਰਿਆਣਾ ਸਰਕਾਰ ਖੁਦ ਭੁਗਤਾਨ ਰਕੇਗੀ, ਜਿਸ ਨਾਲ ਸੰਸਥਾਨ ਨੂੰ ਕਿਸੇ ਤਰ੍ਹਾ ਦੀ ਵਿੱਤੀ ਜਾਂ ਸਪਲਾਈ ਸਬੰਧੀ ਰੁਕਾਵਟ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

ਉਨ੍ਹਾਂ ਨੇ ਜਾਣਕਾਰੀ ਦਿੱਤੀ ਕਿ ਇਸ ਵਾਟਰ ਵਰਕਸ ਰਾਹੀਂ ਰੋਜ਼ਾਨਾ ਲਗਭਗ 1500 ਕਿਲੋਮੀਟਰ ਪਾਣੀ ਦੀ ਸਪਲਾਈ ਯਕੀਨੀ ਕੀਤੀ ਜਾਵੇਗੀ। ਇਹ ਵਿਵਸਥਾ ਹਸਪਤਾਲ ਦੇ ਸੰਚਾਲਨ, ਸਵੱਛਤਾ ਅਤੇ ਮਰੀਜਾਂ ਦੀ ਦੇਖਭਾਲ ਲਈ ਬਹੁਤ ਮਹਤੱਵਪੂਰਣ ਸਾਬਤ ਹੋਵੇਗੀ।ਆਰਤੀ ਸਿੰਘ ਰਾਓ ਨੇ ਅੱਗੇ ਕਿਹਾ ਕਿ ਇਹ ਪਰਿਯੋਜਨਾ ਏਮਸ ਰਿਵਾੜੀ ਨੂੰ ਸੁਤੰਤਰ ਅਤੇ ਸਥਾਈ ਜਲ੍ਹ ਸਪਲਾਈ ਉਪਲਧਬ ਕਰਾਏਗੀ, ਜਿਸ ਨਾਲ ਸੰਸਥਾਨ ਦੀ ਕਾਰਜਸਮਰੱਥਾ ਵਿੱਚ ਵਾਧਾ ਹੋਵੇਗੀ ਅਤੇ ਖੇਤਰ ਵਿੱਚ ਸਿਹਤ ਸੇਵਾਵਾਂ ਦਾ ਬੁਨਿਆਦੀ ਢਾਂਚਾ ਅਤੇ ਵੱਧ ਮਜਬੂਤ ਹੋਵੇਗਾ।

ਉਨ੍ਹਾਂ ਨੇ ਇਹ ਵੀ ਕਿਹਾ ਕਿ ਸੂਬਾ ਸਰਕਾਰ ਸਿਹਤ ਸਹੂਲਤਾਂ ਦੇ ਵਿਸਤਾਰ ਅਤੇ ਉਨ੍ਹਾਂ ਨੂੰ ਜਰੂਰੀ ਬੁਨਿਆਦੀ ਸੰਸਾਧਨਾਂ ਨਾਲ ਲੈਸ ਕਰਨ ਲਈ ਪੂਰੀ ਤਰ੍ਹਾ ਪ੍ਰਤੀਬੱਧ ਹੈ। ਇਸ ਪਰਿਯੋਜਨਾ ਦੇ ਪੂਰਾ ਹੋਣ ਨਾਲ ਨਾ ਸਿਰਫ ਰਿਵਾੜੀ ਸਗੋ ਨੇੜੇ ਦੇ ਖੇਤਰਾਂ ਦੇ ਲੋਕਾਂ ਨੂੰ ਵੀ ਬਿਹਤਰ ਸਿਹਤ ਸੇਵਾਵਾਂ ਦਾ ਲਾਭ ਮਿਲੇਗਾ।

# ਖੇਤੀਬਾੜੀ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਬਰਾੜਾ ਅਤੇ ਮੁਲਾਣਾ ਦੀਆਂ ਅਨਾਜ ਮੰਡੀਆਂ ਦਾ ਕੀਤਾ ਦੌਰਾ



**ਬਰਾੜਾ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਬਰਾੜਾ ਅਤੇ ਮੁਲਾਣਾ ਦੀਆਂ ਅਨਾਜ ਮੰਡੀਆਂ ਦਾ ਦੌਰਾ ਕਰਕੇ ਸਰ੍ਹੋਂ ਅਤੇ ਕਣਕ ਦੀ ਖਰੀਦ ਵਿਵਸਥਾ ਦਾ ਵਿਸਥਾਰਪੂਰਵਕ ਨਿਰੀਖਣ ਕੀਤਾ।

ਇਸ ਦੌਰਾਨ ਉਨ੍ਹਾਂ ਨੇ ਮੰਡੀਆਂ ਵਿੱਚ ਕਿਸਾਨਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ, ਫਸਲ ਦੀ ਤਸਦੀਕ ਪ੍ਰਕਿਰਿਆ, ਬਿਜਲੀ-ਪਾਣੀ, ਸਾਫ਼-ਸਫਾਈ, ਪੀਣ ਵਾਲੇ ਪਾਣੀ ਦੀ ਵਿਵਸਥਾ ਅਤੇ ਬਾਇਓਮੀਟ੍ਰਿਕ ਪ੍ਰਣਾਲੀ ਸਮੇਤ ਸਾਰੇ ਪ੍ਰਬੰਧਾਂ ਦੀ ਡੂੰਘਾਈ ਨਾਲ ਸਮੀਖਿਆ ਕਰਦੇ ਹੋਏ ਸਬੰਧਤ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।

ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਰਾਜ ਸਰਕਾਰ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਮੰਡੀਆਂ ਵਿੱਚ ਆਪਣੀ ਫਸਲ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ‘ਮੇਰੀ ਫਸਲ-ਮੇਰਾ ਬਿਓਰਾ’ ਪੋਰਟਲ ’ਤੇ ਫਸਲ ਦੀ ਤਸਦੀਕ ਦੇ ਕੰਮ ਨੂੰ ਤਰਜੀਹ ਦੇ ਆਧਾਰ ’ਤੇ ਜਲਦੀ ਪੂਰਾ ਕੀਤਾ ਜਾਵੇ, ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕੋਈ ਰੁਕਾਵਟ ਨਾ ਆਵੇ।

ਮੰਤਰੀ ਨੇ ਸਪੱਸ਼ਟ ਕੀਤਾ ਕਿ ਮੰਡੀਆਂ ਵਿੱਚ ਬਿਜਲੀ, ਪਾਣੀ, ਸਫਾਈ, ਤੋਲ, ਚੁਕਾਈ ਅਤੇ ਭੁਗਤਾਨ ਨਾਲ ਸਬੰਧਤ ਸਾਰੀਆਂ ਵਿਵਸਥਾਵਾਂ ਨੂੰ ਸਮੇਂ ਸਿਰ ਯਕੀਨੀ ਬਣਾਉਣਾ ਅਧਿਕਾਰੀਆਂ ਦੀ ਜ਼ਿੰਮੇਵਾਰੀ ਹੈ। ਕਿਸਾਨਾਂ ਦੀ ਸਹੂਲਤ ਅਤੇ ਪਾਰਦਰਸ਼ੀ ਖਰੀਦ ਪ੍ਰਕਿਰਿਆ ਸਰਕਾਰ ਦੀ ਸਰਵਉੱਚ ਤਰਜੀਹ ਹੈ।

ਉਨ੍ਹਾਂ ਦੱਸਿਆ ਕਿ 1 ਅਪ੍ਰੈਲ ਤੋਂ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਹੋ ਚੁੱਕੀ ਹੈ ਅਤੇ ਸਰਕਾਰ ਵੱਲੋਂ 2585 ਰੁਪਏ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਹਾਇਕ ਮੁੱਲ ’ਤੇ ਖਰੀਦ ਕੀਤੀ ਜਾ ਰਹੀ ਹੈ। ਉੱਥੇ ਹੀ, ਸਰ੍ਹੋਂ ਦੀ ਖਰੀਦ 6200 ਰੁਪਏ ਪ੍ਰਤੀ ਕੁਇੰਟਲ ਦੇ ਐਮ.ਐਸ.ਪੀ. ’ਤੇ ਕੀਤੀ ਜਾ ਰਹੀ ਹੈ।

ਮੰਤਰੀ ਸ਼ਿਆਮ ਸਿੰਘ ਰਾਣਾ ਨੇ ਮੰਡੀ ਦੌਰੇ ਦੌਰਾਨ ਮੁਲਾਣਾ ਮੰਡੀ ਵਿੱਚ ਸਥਿਤ ਭੂਮੀ ਅਤੇ ਜਲ ਜਾਂਚ ਲੈਬਾਰਟਰੀ ਦਾ ਵੀ ਦੌਰਾ ਕੀਤਾ। ਉੱਥੇ ਉਪਲਬਧ ਸਹੂਲਤਾਂ ਬਾਰੇ ਜਾਣਕਾਰੀ ਲਈ ਗਈ ਅਤੇ ਲੈਬੋਰੇਟਰੀ ਵਿੱਚ ਕੀਤੇ ਜਾਣ ਵਾਲੇ ਵੱਖ-ਵੱਖ ਟੈਸਟਾਂ ਦੀ ਪ੍ਰਕਿਰਿਆ ਨੂੰ ਸਮਝਿਆ ਗਿਆ। ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਕਿ ਭੂਮੀ ਅਤੇ ਪਾਣੀ ਦੀ ਗੁਣਵੱਤਾ ਜਾਂਚ ਪ੍ਰਣਾਲੀ ਨੂੰ ਹੋਰ ਮਜ਼ਬੂਤ ਕੀਤਾ ਜਾਵੇ।

ਇਸ ਦੌਰਾਨ ਮੰਡੀ ਨਾਲ ਜੁੜੇ ਅਧਿਕਾਰੀਆਂ ਅਤੇ ਆੜ੍ਹਤੀਆਂ ਨੇ ਆਪਣੀਆਂ ਸਮੱਸਿਆਵਾਂ ਮੰਤਰੀ ਅੱਗੇ ਰੱਖੀਆਂ, ਜਿਸ ’ਤੇ ਉਨ੍ਹਾਂ ਨੇ ਤੁਰੰਤ ਸਬੰਧਤ ਉੱਚ ਅਧਿਕਾਰੀਆਂ ਨੂੰ ਜ਼ਰੂਰੀ ਕੰਮ ਜਲਦੀ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

ਅਧਿਕਾਰੀਆਂ ਨੇ ਭਰੋਸਾ ਦਿੱਤਾ ਕਿ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਕਣਕ ਦੀ ਆਮਦ ਅਨੁਸਾਰ ਚੁਕਾਈ ਦੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇਗੀ।

ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਫਸਲ ਨੂੰ ਚੰਗੀ ਤਰ੍ਹਾਂ ਸੁਕਾ ਕੇ ਹੀ ਮੰਡੀ ਵਿੱਚ ਲਿਆਉਣ, ਤਾਂ ਜੋ ਖਰੀਦ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾ ਸਕੇ। ਉਨ੍ਹਾਂ ਕਿਹਾ ਕਿ ਪ੍ਰਸ਼ਾਸ਼ਨ ਕਿਸਾਨਾਂ ਦੀ ਹਰ ਸੰਭਵ ਸਹਾਇਤਾ ਲਈ ਤਿਆਰ ਹੈ ਅਤੇ ਕਿਸੇ ਵੀ ਸਮੱਸਿਆ ਦਾ ਜਲਦੀ ਹੱਲ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਉਹ ਖੁਦ ਕਿਸਾਨ ਪਰਿਵਾਰ ਨਾਲ ਜੁੜੇ ਹੋਏ ਹਨ ਅਤੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਚੰਗੀ ਤਰ੍ਹਾਂ ਸਮਝਦੇ ਹਨ, ਇਸ ਲਈ ਉਨ੍ਹਾਂ ਦਾ ਉਦੇਸ਼ ਕਿਸਾਨਾਂ ਨੂੰ ਹਰ ਸੰਭਵ ਰਾਹਤ ਪ੍ਰਦਾਨ ਕਰਨਾ ਹੈ।

# ਹਰਿਆਣਾ ਵਿੱਚ ਮਰੀਜਾਂ ਲਈ ਜੀਵਰੇਖਾ ਹੋਰ ਮਜਬੂਤ

**ਚੰਡੀਗੜ੍ਹ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਦੀ ਅਗਵਾਈ ਹੇਠ ਬੁੱਧਵਾਰ ਨੂੰ ਹਰਿਆਣਾ ਸਟੇਟ ਬਲੱਡ ਟ੍ਰਾਂਸਫਿਊਜ਼ਨ ਕੌਂਸਲ ਦੀ 21ਵੀਂ ਕਾਰਜਕਾਰੀ ਮੀਟਿੰਗ ਹੋਈ, ਜਿਸ ਵਿੱਚ ਸੂਬੇ ਭਰ ਵਿੱਚ ਖ਼ੂਨ ਸੰਚਾਰ ਸੇਵਾਵਾਂ ਦੇ ਵਿਸਤਾਰ ਅਤੇ ਆਧੁਨਿਕੀਕਰਨ ਲਈ ਕਈ ਅਹਿਮ ਫੈਸਲੇ ਲਏ ਗਏ।

ਮੀਟਿੰਗ ਵਿੱਚ ਸਾਲ 2026-27 ਲਈ 11.60 ਕਰੋੜ ਰੁਪਏ ਦੇ ਪ੍ਰਸਤਾਵਿਤ ਬਜਟ ਦੇ ਨਾਲ ਇੱਕ ਵਿਆਪਕ ਸਾਲਾਨਾ ਕਾਰਜ ਯੋਜਨਾ ਨੂੰ ਮੰਜ਼ੂਰੀ ਦਿੱਤੀ ਗਈ। ਇਹ ਯੋਜਨਾ ਨੈਸ਼ਨਲ ਬਲੱਡ ਟ੍ਰਾਂਸਫਿਊਜ਼ਨ ਕੌਂਸਲ ਦੇ ਅਧੀਨ ਲਾਗੂ ਕੀਤੀ ਜਾਵੇਗੀ। ਇਸ ਵਿੱਚ ਬਲੱਡ ਬੈਗ ਅਤੇ ਜਾਂਚ ਕਿੱਟਾਂ ਦੀ ਖਰੀਦ ਲਈ ਬਜਟ ਨਿਰਧਾਰਤ ਕੀਤਾ ਗਿਆ ਹੈ, ਤਾਂ ਜੋ ਸਾਰੇ ਬਲੱਡ ਸੈਂਟਰਾਂ ਵਿੱਚ ਨਿਰਵਿਘਨ ਸਪਲਾਈ ਯਕੀਨੀ ਬਣਾਈ ਜਾ ਸਕੇ। ਨਾਲ ਹੀ ਮੋਬਾਈਲ ਬਲੱਡ ਕਲੈਕਸ਼ਨ ਅਤੇ ਟਰਾਂਸਪੋਰਟ ਵੈਨਾਂ ਲਈ ਵੀ ਪ੍ਰਬੰਧ ਕੀਤਾ ਗਿਆ ਹੈ, ਜਿਸ ਨਾਲ ਦੂਰ-ਦਰਾਡੇ ਦੇ ਇਲਾਕਿਆਂ ਤੱਕ ਸੇਵਾਵਾਂ ਦੀ ਪਹੁੰਚ ਮਜ਼ਬੂਤ ਹੋਵੇਗੀ। ਯੋਜਨਾ ਵਿੱਚ 19 ਸਰਕਾਰੀ ਬਲੱਡ ਕੰਪੋਨੈਂਟ ਸੈਪਰੇਸ਼ਨ ਯੂਨਿਟਾਂ ਦੇ ਵਿਸਤਾਰ, ਕਰਮਚਾਰੀਆਂ ਦੀਆਂ ਤਨਖਾਹਾਂ, 953 ਸਮੱਗਰੀ ਨਿਰਮਾਣ, ਸਿਖਲਾਈ ਅਤੇ ਨਿਗਰਾਨੀ ਦੇ ਪ੍ਰਬੰਧ ਵੀ ਸ਼ਾਮਲ ਹਨ।

ਸੂਬਾ ਘਟਕ ਦੇ ਤਹਿਤ ਐਚਐਸਬੀਟੀਸੀ ਗ੍ਰਾਂਟ-ਇਨ-ਏਡ ਵਿੱਚ ਕੁੱਲ 54.14 ਕਰੋੜ ਰੁਪਏ ਦੇ ਪ੍ਰਸਤਾਵ ਨੂੰ ਸਰਕਾਰ ਕੋਲ ਭੇਜਣ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਵਿੱਚ ਹੀਮੋਫੀਲੀਆ ਦੇ ਇਲਾਜ ਅਤੇ ਆਇਰਨ ਚੇਲੇਸ਼ਨ ਦਵਾਈਆਂ ਲਈ ਵਾਧੂ ਬਜਟ ਸ਼ਾਮਲ ਹੈ, ਤਾਂ ਜੋ ਇਨ੍ਹਾਂ ਗੰਭੀਰ ਖ਼ੂਨ ਰੋਗਾਂ ਤੋਂ ਪੀੜਤ ਮਰੀਜ਼ਾਂ ਨੂੰ ਲਗਾਤਾਰ ਜੀਵਨ ਰੱਖਿਅਕ ਇਲਾਜ ਮਿਲ ਸਕੇ।

ਮੀਟਿੰਗ ਵਿੱਚ e-RaktKosh ਡਿਜੀਟਲ ਪਲੇਟਫਾਰਮ ਰਾਹੀਂ ਖ਼ੂਨ ਇਕੱਠਾ ਕਰਨ ਵਿੱਚ ਹੋਈ ਪ੍ਰਗਤੀ ਬਾਰੇ ਵੀ ਚਰਚਾ ਕੀਤੀ ਗਈ। ਸਾਲ 2023-24 ਵਿੱਚ 5,50,480 ਯੂਨਿਟ ਤੋਂ ਵਧ ਕੇ 2024-25 ਵਿੱਚ 5,82,738 ਯੂਨਿਟ ਅਤੇ 2025-26 ਵਿੱਚ 5,92,136 ਯੂਨਿਟ ਖ਼ੂਨ ਇਕੱਠਾ ਹੋਇਆ ਹੈ। ਇਹ ਵਾਧਾ ਜਨਤਕ ਜਾਗਰੂਕਤਾ, ਬਿਹਤਰ ਤਾਲਮੇਲ ਅਤੇ ਸਵੈ-ਇੱਛਤ ਖ਼ੂਨਦਾਨ ਕੈਂਪਾਂ ਦੇ ਵਿਸਤਾਰ ਦਾ ਨਤੀਜਾ ਹੈ।

ਹਰਿਆਣਾ ਨੇ ਲਗਾਤਾਰ ਦੋ ਸਾਲਾਂ 2023-24 ਅਤੇ 2024-25 ਵਿੱਚ ਭਾਰਤ ਸਰਕਾਰ ਵੱਲੋਂ ਦਿੱਤੇ ਜਾਣ ਵਾਲੇ ਖ਼ੂਨਦਾਨ ਵਿੱਚ ਉਤਕ੍ਰਿਸ਼ਟਤਾ ਪੁਰਸਕਾਰ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਇਸ ਤੋਂ ਇਲਾਵਾ, ਫਰਵਰੀ 2025 ਵਿੱਚ ਹੋਈ ਰਾਸ਼ਟਰੀ ਕਾਨਫ੍ਰੈਂਸ ਵਿੱਚ ਕੁਰੂਕਸ਼ੇਤਰ ਦੇ ਐਲ.ਐਨ.ਜੇ.ਪੀ. ਜ਼ਿਲ੍ਹਾ ਸਿਵਲ ਹਸਪਤਾਲ ਦੇ ਬਲੱਡ ਸੈਂਟਰ ਨੂੰ ਸੂਬੇ ਦਾ ਸਰਵੋਤਮ ਬਲੱਡ ਸੈਂਟਰ ਐਲਾਨਿਆ ਗਿਆ।

ਸੂਬੇ ਵਿੱਚ ਮੌਜੂਦਾ ਸਮੇਂ ਵਿੱਚ 154 ਬਲੱਡ ਸੈਂਟਰ ਕੰਮ ਕਰ ਰਹੇ ਹਨ, ਜਿਨ੍ਹਾਂ ਵਿੱਚੋਂ 34 ਸਰਕਾਰੀ ਅਤੇ 120 ਪ੍ਰਾਈਵੇਟ ਹਨ। ਇਨ੍ਹਾਂ ਵਿੱਚੋਂ 138 ਕੇਂਦਰਾਂ ਵਿੱਚ BCSU ਸਹੂਲਤ ਅਤੇ 65 ਵਿੱਚ ਪਲੇਟਲੈਟ ਐਫੇਰੇਸਿਸ ਸਹੂਲਤ ਉਪਲਬਧ ਹੈ।

ਸਰਕਾਰੀ ਹਸਪਤਾਲਾਂ ਵਿੱਚ ਦਾਖਲ ਸਾਰੇ ਮਰੀਜ਼ਾਂ ਨੂੰ ਮੁਫਤ ਖ਼ੂਨ ਅਤੇ ਕੰਪੋਨੈਂਟ ਦਿੱਤੇ ਜਾਂਦੇ ਹਨ, ਜਦੋਂ ਕਿ ਬੀ.ਪੀ.ਐਲ., ਕੈਂਸਰ ਅਤੇ ਡੇਂਗੂ ਦੇ ਮਰੀਜ਼ਾਂ ਨੂੰ ਮੁਫਤ ਪਲੇਟਲੈਟਸ ਵੀ ਮੁਹੱਈਆ ਕਰਵਾਏ ਜਾਂਦੇ ਹਨ। ਡਾ. ਮਿਸ਼ਰਾ ਨੇ ਨਿਰਦੇਸ਼ ਦਿੱਤੇ ਕਿ ਬਾਕੀ ਕੇਂਦਰਾਂ ਨੂੰ ਪੜਾਅਵਾਰ ਤਰੀਕੇ ਨਾਲ BCSU ਸਹੂਲਤ ਨਾਲ ਲੈਸ ਕੀਤਾ ਜਾਵੇ।

ਹਰਿਆਣਾ ਵਿੱਚ ਹੀਮੋਫੀਲੀਆ ਦੇ ਮਰੀਜ਼ਾਂ ਦੀ ਗਿਣਤੀ 2018 ਵਿੱਚ 560 ਤੋਂ ਵਧ ਕੇ 2025 ਵਿੱਚ 1,019 ਹੋ ਗਈ ਹੈ। ਸਾਰੇ ਰਜਿਸਟਰਡ ਮਰੀਜ਼ਾਂ ਨੂੰ ਮੁਫਤ ਐਂਟੀ-ਹੀਮੋਫੀਲੀਆ ਫੈਕਟਰ, ਬਲੱਡ ਕੰਪੋਨੈਂਟ, ਟਰਾਂਸਪੋਰਟ ਅਤੇ ਐਂਬੂਲੈਂਸ ਸੇਵਾਵਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਇਸ ਤੋਂ ਇਲਾਵਾ 232 ਹੀਮੋਫੀਲੀਆ ਅਤੇ 605 ਥੈਲੇਸੀਮੀਆ ਮਰੀਜ਼ਾਂ ਨੂੰ ਪ੍ਰਤੀ ਮਹੀਨਾ 3,000 ਰੁਪਏ ਦੀ ਵਿੱਤੀ ਸਹਾਇਤਾ ਵੀ ਦਿੱਤੀ ਜਾ ਰਹੀ ਹੈ।

ਵਰਤਮਾਨ ਵਿੱਚ 2,443 ਥੈਲੇਸੀਮੀਆ ਮਰੀਜ਼ ਰਜਿਸਟਰਡ ਹਨ, ਜਿਨ੍ਹਾਂ ਨੂੰ ਸਕ੍ਰੀਨਿੰਗ, ਜੈਨੇਟਿਕ ਕੌਂਸਲਿੰਗ, ਜਣੇਪਾ ਪੂਰਵ ਜਾਂਚ, ਮੁਫਤ ਖ਼ੂਨ ਚੜ੍ਹਾਉਣ, ਆਇਰਨ ਚੇਲੇਸ਼ਨ ਦਵਾਈਆਂ ਅਤੇ ਐਂਬੂਲੈਂਸ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ, ਤਾਂ ਜੋ ਨਵੇਂ ਕੇਸਾਂ ਨੂੰ ਰੋਕਿਆ ਜਾ ਸਕੇ।

ਮੀਟਿੰਗ ਵਿੱਚ ਪਾਣੀਪਤ ਦੇ ਜ਼ਿਲ੍ਹਾ ਸਿਵਲ ਹਸਪਤਾਲ ਦੇ ਬਲੱਡ ਸੈਂਟਰ ਨੂੰ ਏਮਸ ਝੱਜਰ ਮਾਡਲ ’ਤੇ ਪੂਰੀ ਤਰ੍ਹਾਂ ਸਵੈਚਾਲਿਤ ਅਤੇ ਪੇਪਰ ਰਹਿਤ ਬਣਾਉਣ ਦੇ ਪ੍ਰਸਤਾਵ ਨੂੰ ਵੀ ਮਨਜ਼ੂਰੀ ਦਿੱਤੀ ਗਈ।

# ਮੁੱਖ ਮੰਤਰੀ ਨੇ ਐਫ.ਐਮ.ਡੀ.ਏ. ਦੀ 7ਵੀਂ ਮੀਟਿੰਗ ਵਿੱਚ ਵਿੱਤੀ ਸਾਲ 2026-27 ਲਈ 988 ਕਰੋੜ ਰੁਪਏ ਦੇ ਸਾਲਾਨਾ ਬਜਟ ਨੂੰ ਦਿੱਤੀ ਮੰਜ਼ੂਰੀ

**ਚੰਡੀਗੜ੍ਹ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**




ਫ਼ਰੀਦਾਬਾਦ ਮਹਾਨਗਰੀ ਵਿਕਾਸ ਅਥਾਰਟੀ (ਐਫ.ਐਮ.ਡੀ.ਏ.) ਦੀ 7ਵੀਂ ਮੀਟਿੰਗ ਸੂਰਜਕੁੰਡ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹੋਈ। ਐਫ.ਐਮ.ਡੀ.ਏ. ਰਾਹੀਂ ਫ਼ਰੀਦਾਬਾਦ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਵੱਡੀ ਗਤੀ ਦਿੰਦਿਆਂ, ਅਥਾਰਟੀ ਨੇ ਵਿੱਤੀ ਸਾਲ 2026-27 ਲਈ 988 ਕਰੋੜ ਰੁਪਏ ਦੇ ਸਾਲਾਨਾ ਬਜਟ ਨੂੰ ਮੰਜ਼ੂਰੀ ਪ੍ਰਦਾਨ ਕੀਤੀ। ਇਸ ਦੇ ਲਈ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਨੂੰ ਮੰਜ਼ੂਰੀ ਦਿੱਤੀ ਗਈ।

ਇਹਨਾਂ ਪਹਿਲਕਦਮੀਆਂ ਦਾ ਉਦੇਸ਼ ਸ਼ਹਿਰ ਦੇ ਮੁੱਢਲੇ ਨਾਗਰਿਕ ਢਾਂਚੇ ਨੂੰ ਮਜ਼ਬੂਤ ਕਰਨਾ, ਵਾਤਾਵਰਨ ਦੀ ਸਥਿਰਤਾ ਨੂੰ ਪ੍ਰੋਤਸਾਹਿਤ ਕਰਨਾ ਅਤੇ ਤੇਜ਼ੀ ਨਾਲ ਵਧ ਰਹੀਆਂ ਸ਼ਹਿਰੀ ਲੋੜਾਂ ਨੂੰ ਪੂਰਾ ਕਰਨਾ ਹੈ। ਮੀਟਿੰਗ ਵਿੱਚ ਸੀਵਰੇਜ ਪ੍ਰਬੰਧਨ, ਜਲ ਸਪਲਾਈ, ਬਰਸਾਤੀ ਪਾਣੀ ਦੀ ਨਿਕਾਸੀ, ਸੜਕੀ ਬੁਨਿਆਦੀ ਢਾਂਚਾ ਅਤੇ ਸ਼ਹਿਰੀ ਹਰਿਤ ਵਰਗੇ ਮਹੱਤਵਪੂਰਨ ਖੇਤਰਾਂ ’ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਇਹਨਾਂ ਪ੍ਰੋਜੈਕਟਾਂ ਰਾਹੀਂ ਸੇਵਾਵਾਂ ਦੀ ਡਿਲੀਵਰੀ ਵਿੱਚ ਸੁਧਾਰ ਹੋਵੇਗਾ ਅਤੇ ਨਾਗਰਿਕਾਂ ਦੇ ਜੀਵਨ ਪੱਧਰ ਵਿੱਚ ਵੱਡਾ ਵਾਧਾ ਹੋਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸ਼ਹਿਰੀ ਵਿਕਾਸ ਅਥਾਰਟੀ ਦੇ ਪ੍ਰਧਾਨ ਸਲਾਹਕਾਰ ਡੀ.ਐਸ. ਢੇਸੀ ‘ਗਤੀ ਸ਼ਕਤੀ’ ਤਹਿਤ ਸਬੰਧਤ ਵਿਭਾਗਾਂ ਦੀ ਹਰ 15 ਦਿਨਾਂ ਵਿੱਚ ਤਾਲਮੇਲ ਮੀਟਿੰਗ ਕਰਨਗੇ ਅਤੇ ਵਿਕਾਸ ਕਾਰਜਾਂ ਦੀ ਪ੍ਰਗਤੀ ਦੀ ਸਮੀਖਿਆ ਕਰਨਗੇ।

ਮੁੱਖ ਮੰਤਰੀ ਨੇ ਟਿਕਾਊ ਜਲ ਪ੍ਰਬੰਧਨ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਚੁੱਕਦੇ ਹੋਏ ਪ੍ਰਤਾਪਗੜ੍ਹ ਵਿੱਚ 90 ਐਮ.ਐਲ.ਡੀ. ਸਮਰੱਥਾ, ਮਿਰਜ਼ਾਪੁਰ ਵਿੱਚ 70 ਐਮ.ਐਲ.ਡੀ. ਅਤੇ ਬਾਦਸ਼ਾਹਪੁਰ ਵਿੱਚ 45 ਐਮ.ਐਲ.ਡੀ. ਸਮਰੱਥਾ ਦੇ ਸੀਵਰੇਜ ਟ੍ਰੀਟਮੈਂਟ ਪਲਾਂਟਾਂ (ਐਸ.ਟੀ.ਪੀ.) ਨੂੰ ਸਰਵੋਤਮ ਤਕਨੀਕ ਨਾਲ ਅਪਗ੍ਰੇਡ ਕਰਨ ਦੀ ਮੰਜ਼ੂਰੀ ਦਿੱਤੀ। ਉਨ੍ਹਾਂ ਕਿਹਾ ਕਿ 205 ਐਮ.ਐਲ.ਡੀ. ਸਮਰੱਥਾ ਵਾਲੇ ਇਸ ਪ੍ਰੋਜੈਕਟ ’ਤੇ ਲਗਭਗ 85 ਕਰੋੜ ਰੁਪਏ ਖਰਚ ਹੋਣਗੇ, ਜਿਸ ਤਹਿਤ ਪ੍ਰਾਇਮਰੀ ਟ੍ਰੀਟਮੈਂਟ, ਓਜ਼ੋਨੇਸ਼ਨ, ਯੂਵੀ ਡਿਸਇਨਫੈਕਸ਼ਨ, ਫਿਲਟਰੇਸ਼ਨ ਅਤੇ ਸਲੱਜ ਪ੍ਰਬੰਧਨ ਵਰਗੀਆਂ ਉੱਨਤ ਤਕਨੀਕਾਂ ਦੀ ਵਰਤੋਂ ਕੀਤੀ ਜਾਵੇਗੀ। ਇਸ ਵਿੱਚ 10 ਸਾਲਾਂ ਦਾ ਸੰਚਾਲਨ ਅਤੇ ਰੱਖ-ਰਖਾਅ ਵੀ ਸ਼ਾਮਲ ਹੈ। ਸ਼ੁੱਧ ਕੀਤੇ ਪਾਣੀ ਦੀ ਵਰਤੋਂ ਸਿੰਚਾਈ ਲਈ ਕੀਤੀ ਜਾਵੇਗੀ, ਜਿਸ ਨਾਲ ਤਾਜ਼ੇ ਪਾਣੀ ’ਤੇ ਨਿਰਭਰਤਾ ਘਟੇਗੀ। ਮੁੱਖ ਮੰਤਰੀ ਨੇ ਕਿਹਾ, ਜਲ ਸੰਭਾਲ ਅਤੇ ਮੁੜ ਵਰਤੋਂ ਸਾਡੇ ਸ਼ਹਿਰਾਂ ਦੇ ਭਵਿੱਖ ਲਈ ਬਹੁਤ ਜ਼ਰੂਰੀ ਹੈ।

ਸੀਵਰੇਜ ਟ੍ਰੀਟਮੈਂਟ ਸਮਰੱਥਾ ਵਧਾਉਣ ਲਈ ਸੂਰਜਕੁੰਡ ਖੇਤਰ ਵਿੱਚ 20 ਐਮ.ਐਲ.ਡੀ. ਸਮਰੱਥਾ ਦਾ ਨਵਾਂ ਐਸ.ਟੀ.ਪੀ. 42.20 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਜਾਵੇਗਾ ਅਤੇ ਇਸ ਵਿੱਚ 10 ਸਾਲਾਂ ਦਾ ਰੱਖ-ਰਖਾਅ ਸ਼ਾਮਲ ਹੋਵੇਗਾ।

ਫ਼ਰੀਦਾਬਾਦ ਦੀ ਮਾਸਟਰ ਸੀਵਰੇਜ ਯੋਜਨਾ ਤਹਿਤ ਮਿਰਜ਼ਾਪੁਰ, ਬਾਦਸ਼ਾਹਪੁਰ ਅਤੇ ਪ੍ਰਤਾਪਗੜ੍ਹ ਸਥਿਤ ਤਿੰਨ ਐਸ.ਟੀ.ਪੀ. ਵਿੱਚ 50 ਕਿਲੋਮੀਟਰ ਸਮਰੱਥਾ ਵਾਲੇ ਮਲ-ਕੀਚੜ (fecal sludge) ਟ੍ਰੀਟਮੈਂਟ ਪਲਾਂਟਾਂ ਦਾ ਡਿਜ਼ਾਈਨ ਅਤੇ ਨਿਰਮਾਣ ਕਾਰਜ 18 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਜਾਵੇਗਾ।

ਮਾਸਟਰ ਜਲ ਸਪਲਾਈ ਯੋਜਨਾ ਫ਼ਰੀਦਾਬਾਦ ਤਹਿਤ ਲਗਭਗ 30 ਐਮ.ਐਲ.ਡੀ. ਪਾਣੀ ਨੂੰ ਸ਼ੁੱਧ ਕੀਤਾ ਜਾਵੇਗਾ। ਇਸ 21.24 ਕਰੋੜ ਰੁਪਏ ਦੇ ਪ੍ਰੋਜੈਕਟ ਨਾਲ ਸ਼ਹਿਰ ਵਾਸੀਆਂ ਨੂੰ ਸੁਰੱਖਿਅਤ ਪੀਣ ਵਾਲਾ ਪਾਣੀ ਉਪਲਬਧ ਹੋਵੇਗਾ। ਮੁੱਖ ਮੰਤਰੀ ਨੇ ਕਿਹਾ, ਹਰ ਨਾਗਰਿਕ ਨੂੰ ਸਾਫ਼ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣਾ ਸਾਡੀ ਸਰਵਉੱਚ ਪ੍ਰਾਥਮਿਕਤਾ ਹੈ।

ਮਾਸਟਰ ਸਟੌਰਮ ਵਾਟਰ ਡਰੇਨੇਜ ਫ਼ਰੀਦਾਬਾਦ ਤਹਿਤ ਭਰਾਵ ਅਤੇ ਸ਼ਹਿਰੀ ਹੜ੍ਹਾਂ ਦੀ ਸਮੱਸਿਆ ਦੇ ਹੱਲ ਲਈ 98.69 ਕਰੋੜ ਰੁਪਏ ਦੀ ਲਾਗਤ ਨਾਲ 210 ਵਰਗ ਕਿਲੋਮੀਟਰ ਖੇਤਰ ਨੂੰ ਕਵਰ ਕਰਨ ਵਾਲੀ ਮਾਸਟਰ ਡਰੇਨੇਜ ਯੋਜਨਾ ਨੂੰ ਮੰਜ਼ੂਰੀ ਦਿੱਤੀ ਗਈ। ਇਸ ਵਿੱਚ ਨਾਲਿਆਂ ਦੀ ਸਫਾਈ, ਨਵੀਆਂ ਪਾਈਪਲਾਈਨਾਂ, ਪੰਪਿੰਗ ਸਿਸਟਮ ਅਤੇ ਨਿਕਾਸੀ ਦੇ ਨਵੇਂ ਪੁਆਇੰਟਾਂ ਦਾ ਵਿਕਾਸ ਸ਼ਾਮਲ ਹੈ। ਮੁਜੇਸਰ, ਸੈਕਟਰ 21ਏ, ਐਨ.ਐਚ.ਏ.ਆਈ. ’ਤੇ ਬਲੱਭਗੜ੍ਹ ਅਤੇ ਅਨਾਜ ਮੰਡੀ ਵਰਗੇ ਖੇਤਰਾਂ ਵਿੱਚ ਨਵੇਂ ਡਿਸਪੋਜ਼ਲ ਪੁਆਇੰਟ ਬਣਾਏ ਜਾਣਗੇ।

ਫ਼ਰੀਦਾਬਾਦ ਵਿੱਚ ਮਾਸਟਰ ਰੋਡ ਵਿਕਾਸ ਦੇ ਉਦੇਸ਼ ਨਾਲ ਐਨ.ਆਈ.ਟੀ. ਖੇਤਰ ਵਿੱਚ 7.33 ਕਿਲੋਮੀਟਰ ਸੜਕਾਂ ਨੂੰ ਮਾਡਲ ਸੜਕਾਂ ਵਿੱਚ ਬਦਲਿਆ ਜਾਵੇਗਾ। ਇਸ ਵਿੱਚ ਫੁੱਟਪਾਥ, ਸਾਈਕਲ ਟਰੈਕ, ਸਮਾਰਟ ਲਾਈਟਿੰਗ, ਟ੍ਰੈਫਿਕ ਸਿਗਨਲ, ਗ੍ਰੀਨ ਬੈਲਟ ਅਤੇ ਮਲਟੀ-ਯੂਟਿਲਿਟੀ ਜ਼ੋਨ ਵਿਕਸਿਤ ਕੀਤੇ ਜਾਣਗੇ, ਜਿਸ ਨਾਲ ਆਵਾਜਾਈ ਅਤੇ ਸੜਕ ਸੁਰੱਖਿਆ ਵਿੱਚ ਸੁਧਾਰ ਹੋਵੇਗਾ। ਇਸ ਕੰਮ ’ਤੇ ਕਰੀਬ 67 ਕਰੋੜ ਰੁਪਏ ਦੀ ਰਾਸ਼ੀ ਖਰਚ ਹੋਵੇਗੀ।

ਇਸ ਦੇ ਨਾਲ ਹੀ ਦਿੱਲੀ ਬਾਡਰ (ਸੈਕਟਰ 37) ਤੋਂ ਸੈਕਟਰ 59 ਤੱਕ 18 ਕਿਲੋਮੀਟਰ ਲੰਬੀ ਗ੍ਰੀਨ ਬੈਲਟ ਵਿਕਸਿਤ ਕੀਤੀ ਜਾਵੇਗੀ। ਇਹ ਦਿੱਲੀ-ਵਡੋਦਰਾ ਐਕਸਪ੍ਰੈਸਵੇ ਅਤੇ ਆਗਰਾ ਨਹਿਰ ਦੇ ਨਾਲ ਵਿਕਸਿਤ ਹੋਵੇਗੀ, ਜਿਸ ਨਾਲ ਹਵਾ ਦੀ ਗੁਣਵੱਤਾ ਅਤੇ ਵਾਤਾਵਰਣ ਵਿੱਚ ਸੁਧਾਰ ਹੋਵੇਗਾ।

ਇਸ ਕੰਮ ’ਤੇ ਕਰੀਬ 26 ਕਰੋੜ ਰੁਪਏ ਦੀ ਰਾਸ਼ੀ ਖਰਚ ਹੋਵੇਗੀ। ਇਸ ਤੋਂ ਇਲਾਵਾ ਮੁੱਖ ਮੰਤਰੀ ਨੇ ਐਫ.ਐਮ.ਡੀ.ਏ. ਵਿੱਚ ਹਰਿਆਣਾ ਕੌਸ਼ਲ ਰੁਜ਼ਗਾਰ ਨਿਗਮ ਲਿਮਟਿਡ ਰਾਹੀਂ ਗਰੁੱਪ ਸੀ ਅਤੇ ਗਰੁੱਪ ਡੀ ਦੀਆਂ ਅਸਾਮੀਆਂ ਭਰਨ ਦੀ ਵੀ ਪ੍ਰਵਾਨਗੀ ਦਿੱਤੀ।

ਮੀਟਿੰਗ ਵਿੱਚ ਚੱਲ ਰਹੇ ਪ੍ਰੋਜੈਕਟਾਂ ਦੀ ਸਮੀਖਿਆ ਕਰਦੇ ਹੋਏ ਮੁੱਖ ਮੰਤਰੀ ਨੇ ਸਾਰੇ ਪ੍ਰੋਜੈਕਟਾਂ ਨੂੰ ਮਿਥੇ ਸਮੇਂ ਅੰਦਰ ਉੱਚ ਗੁਣਵੱਤਾ ਨਾਲ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ, ਇਨ੍ਹਾਂ ਪ੍ਰੋਜੈਕਟਾਂ ਨਾਲ ਫ਼ਰੀਦਾਬਾਦ ਦੇ ਵਿਕਾਸ ਨੂੰ ਨਵੀਂ ਗਤੀ ਮਿਲੇਗੀ ਅਤੇ ਨਾਗਰਿਕਾਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਮਿਲਣਗੀਆਂ।

ਮੀਟਿੰਗ ਵਿੱਚ ਕੇਂਦਰੀ ਰਾਜ ਮੰਤਰੀ ਕ੍ਰਿਸ਼ਨ ਪਾਲ ਗੁੱਜਰ, ਹਰਿਆਣਾ ਦੇ ਸ਼ਹਿਰੀ ਸਥਾਨਕ ਸਰਕਾਰ ਮੰਤਰੀ ਵਿਪੁਲ ਗੋਇਲ, ਖਪਤਕਾਰ ਮਾਮਲੇ ਰਾਜ ਮੰਤਰੀ ਰਾਜੇਸ਼ ਨਾਗਰ, ਵਿਧਾਇਕ ਮੂਲਚੰਦ ਸ਼ਰਮਾ (ਬਲੱਭਗੜ੍ਹ), ਸਤੀਸ਼ ਫਾਗਨਾ (ਐਨ.ਆਈ.ਟੀ.), ਧਨੇਸ਼ ਅਦਲੱਖਾ (ਬੜਖਲ), ਮੁੱਖ ਮੰਤਰੀ ਦੇ ਪ੍ਰਧਾਨ ਸਲਾਹਕਾਰ ਡੀ.ਐਸ. ਢੇਸੀ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਰੁਣ ਗੁਪਤਾ, ਐਫ.ਐਮ.ਡੀ.ਏ. ਦੇ ਮੁੱਖ ਕਾਰਜਕਾਰੀ ਅਧਿਕਾਰੀ ਪੀ.ਸੀ. ਮੀਨਾ, ਮੰਡਲ ਕਮਿਸ਼ਨਰ ਸੰਜੇ ਜੂਨ, ਪੁਲਿਸ ਕਮਿਸ਼ਨਰ ਸਤੇਂਦਰ ਗੁਪਤਾ, ਨਗਰ ਨਿਗਮ ਕਮਿਸ਼ਨਰ ਧੀਰੇਂਦਰ ਖੜਗਟਾ, ਡਿਪਟੀ ਕਮਿਸ਼ਨਰ ਆਯੂਸ਼ ਸਿਨਹਾ ਸਮੇਤ ਹੋਰ ਸੀਨੀਅਰ ਅਧਿਕਾਰੀ ਅਤੇ ਅਥਾਰਟੀ ਦੇ ਮੈਂਬਰ ਹਾਜ਼ਰ ਸਨ।

# 2036 ਓਲੰਪਿਕ ਵਿੱਚ ਕੁਸ਼ਤੀ ’ਚ ਵੱਜੇਗਾ ਹਰਿਆਣਾ ਦੇ ਪਹਿਲਵਾਨਾਂ ਦਾ ਡੰਕਾ : ਖੇਡ ਰਾਜ ਮੰਤਰੀ

**ਚੰਡੀਗੜ੍ਹ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਖੇਡ ਰਾਜ ਮੰਤਰੀ ਸ਼੍ਰੀ ਗੌਰਵ ਗੌਤਮ ਨੇ ਕਿਹਾ ਕਿ ਹਰਿਆਣਾ ਦੀ ਪਛਾਣ ਦੇਸ਼ ਹੀ ਨਹੀਂ ਸਗੋਂ ਪੂਰੀ ਦੁਨੀਆ ਵਿੱਚ ਕੁਸ਼ਤੀ ਕਾਰਨ ਹੈ। ਅਜਿਹੇ ਵਿੱਚ ਇਹ ਜ਼ਰੂਰੀ ਹੈ ਕਿ ਇਸ ਖੇਡ ਵਿੱਚ ਲਗਾਤਾਰ ਸੁਧਾਰ ਕੀਤਾ ਜਾਵੇ ਅਤੇ ਖਿਡਾਰੀਆਂ ਨੂੰ ਬਿਹਤਰ ਪ੍ਰਦਰਸ਼ਨ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਾਲ 2036 ਦੀਆਂ ਓਲੰਪਿਕ ਖੇਡਾਂ ਵਿੱਚ ਕੁਸ਼ਤੀ ਵਿੱਚ ਹਰਿਆਣਾ ਦੇ ਪਹਿਲਵਾਨਾਂ ਦਾ ਡੰਕਾ ਵੱਜੇਗਾ।

ਮੰਤਰੀ ਅੱਜ ਪਲਵਲ ਦੇ ਲੋਕ ਨਿਰਮਾਣ ਵਿਭਾਗ ਦੇ ਰੇਸਟ ਹਾਊਸ ਵਿੱਚ ਕੁਸ਼ਤੀ ਖੇਡ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਦੇ ਉਦੇਸ਼ ਨਾਲ ਆਯੋਜਿਤ ਇੱਕ ਮਹੱਤਵਪੂਰਨ ਸਮੀਖਿਆ ਮੀਟਿੰਗ ਨੂੰ ਸੰਬੋਧਿਤ ਕਰ ਰਹੇ ਸਨ। ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦਾ ਉਦੇਸ਼ ਸਿਰਫ਼ ਸਹੂਲਤਾਂ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਉਨ੍ਹਾਂ ਸਹੂਲਤਾਂ ਦੀ ਸਹੀ ਵਰਤੋਂ ਯਕੀਨੀ ਬਣਾਉਣਾ ਵੀ ਹੈ, ਤਾਂ ਜੋ ਖਿਡਾਰੀਆਂ ਨੂੰ ਉਸ ਦਾ ਅਸਲ ਲਾਭ ਮਿਲ ਸਕੇ।

ਉਨ੍ਹਾਂ ਨੇ ਕੋਚਾਂ ਦੀ ਭੂਮਿਕਾ ’ਤੇ ਵਿਸ਼ੇਸ਼ ਜ਼ੋਰ ਦਿੰਦਿਆਂ ਕਿਹਾ ਕਿ ਕੋਚਾਂ ਲਈ ਸਿਰਫ਼ ਹਾਜ਼ਰੀ ਦਰਜ ਕਰਵਾਉਣਾ ਅਤੇ ਆਮ ਸਿਖਲਾਈ ਦੇਣਾ ਕਾਫ਼ੀ ਨਹੀਂ ਹੈ, ਸਗੋਂ ਨਤੀਜਾ-ਅਧਾਰਿਤ ਕਾਰਜਸ਼ੈਲੀ ਅਪਣਾਉਣੀ ਹੋਵੇਗੀ। ਹਰ ਕੋਚ ਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਉਸ ਦੀ ਸਿਖਲਾਈ ਨਾਲ ਖਿਡਾਰੀਆਂ ਦੇ ਪ੍ਰਦਰਸ਼ਨ ਵਿੱਚ ਸੁਧਾਰ ਨਜ਼ਰ ਆਵੇ।

ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੋਚਾਂ ਅਤੇ ਖਿਡਾਰੀਆਂ ਨੂੰ ਲੋੜੀਂਦੇ ਸਾਧਨ, ਆਧੁਨਿਕ ਸਹੂਲਤਾਂ ਅਤੇ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਅਜਿਹੇ ’ਚ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਕੰਮ ਪ੍ਰਤੀ ਗੰਭੀਰ ਰਹਿਣ ਅਤੇ ਬਿਹਤਰ ਨਤੀਜੇ ਦੇਣ ਦਾ ਯਤਨ ਕਰਨ।

ਖੇਡ ਰਾਜ ਮੰਤਰੀ ਨੇ ਕਿਹਾ ਕਿ ਇਹ ਖੇਡ ਰਾਜ ਦੇ ਮਾਣ ਨਾਲ ਜੁੜੀ ਹੋਈ ਹੈ ਅਤੇ ਇਸ ਨੂੰ ਹੋਰ ਉਚਾਈਆਂ ਤੱਕ ਲੈ ਕੇ ਜਾਣਾ ਸਾਡਾ ਸਾਰਿਆਂ ਦਾ ਸਾਂਝਾ ਟੀਚਾ ਹੋਣਾ ਚਾਹੀਦਾ ਹੈ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਜੇਕਰ ਕੋਚ ਅਤੇ ਖਿਡਾਰੀ ਮਿਲ ਕੇ ਟੀਚਾ ਮਿੱਥਣ ਅਤੇ ਸਮਰਪਣ ਭਾਵਨਾ ਨਾਲ ਕੰਮ ਕਰਨ ਤਾਂ ਹਰਿਆਣਾ ਦੇ ਖਿਡਾਰੀ ਅੰਤਰਰਾਸ਼ਟਰੀ ਮੰਚ ’ਤੇ ਹੋਰ ਵੱਡੀ ਸਫਲਤਾ ਹਾਸਲ ਕਰਨਗੇ।

ਮੀਟਿੰਗ ਦੌਰਾਨ ਖਿਡਾਰੀਆਂ ਅਤੇ ਕੋਚਾਂ ਨੇ ਵੀ ਆਪਣੇ ਤਜ਼ਰਬੇ ਸਾਂਝੇ ਕੀਤੇ ਅਤੇ ਵੱਖ-ਵੱਖ ਸੁਝਾਅ ਪੇਸ਼ ਕੀਤੇ। ਇਨ੍ਹਾਂ ਵਿੱਚ ਸਿਖਲਾਈ ਢਾਂਚੇ ਨੂੰ ਮਜ਼ਬੂਤ ਕਰਨ, ਪੇਂਡੂ ਖੇਤਰਾਂ ਵਿੱਚ ਖੇਡ ਸਹੂਲਤਾਂ ਵਧਾਉਣ, ਪ੍ਰਤਿਭਾ ਦੀ ਸਮੇਂ ਸਿਰ ਪਛਾਣ ਕਰਨ ਅਤੇ ਖਿਡਾਰੀਆਂ ਨੂੰ ਨਿਰੰਤਰ ਮਾਰਗਦਰਸ਼ਨ ਦੇਣ ਵਰਗੇ ਮੁੱਦੇ ਪ੍ਰਮੁੱਖ ਰਹੇ।

ਮੀਟਿੰਗ ਵਿੱਚ ਪਦਮ ਸ਼੍ਰੀ, ਖੇਡ ਰਤਨ ਅਤੇ ਅਰਜੁਨ ਐਵਾਰਡ ਨਾਲ ਸਨਮਾਨਿਤ ਪਹਿਲਵਾਨ ਯੋਗੇਸ਼ਵਰ ਦੱਤ, ਹਰਿਆਣਾ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਰਮੇਸ਼ ਬੋਹਰ, ਖੇਡ ਵਿਭਾਗ ਹਰਿਆਣਾ ਦੇ ਡਿਪਟੀ ਡਾਇਰੈਕਟਰ ਰਾਮਮੇਹਰ ਸਿੰਘ ਅਤੇ ਓਲੰਪਿਕ, ਅੰਤਰਰਾਸ਼ਟਰੀ ਤੇ ਰਾਸ਼ਟਰੀ ਪੱਧਰ ਦੇ ਐਵਾਰਡੀ ਖਿਡਾਰੀ, ਇਨਾਮ ਜੇਤੂ ਪਹਿਲਵਾਨ ਅਤੇ ਵਿਭਾਗ ਵਿੱਚ ਕਾਰਜਸ਼ੀਲ ਸਾਰੇ ਕੁਸ਼ਤੀ ਕੋਚਾਂ ਨੇ ਹਿੱਸਾ ਲਿਆ।

# ਅੰਬਾਲਾ ਕੈਂਟ ਵਿਖੇ ਆਰਮੀ ਪਬਲਿਕ ਸਕੂਲ ਨੰਬਰ-2 ਦਾ ਕੀਤਾ ਗਿਆ ਉਦਘਾਟਨ

**ਅੰਬਾਲਾ ਕੈਂਟ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਰਤ ਸਰਕਾਰ ਦੇ ਸਕੂਲ ਸਿੱਖਿਆ ਅਤੇ ਸਾਖਰਤਾ ਵਿਭਾਗ ਦੇ ਸਕੱਤਰ ਸ੍ਰੀ ਸੰਜੇ ਕੁਮਾਰ ਵੱਲੋਂ ਆਰਮੀ ਪਬਲਿਕ ਸਕੂਲ ਨੰਬਰ-2, ਚਿਲੀਆਂਵਾਲਾ ਲਾਈਨਜ਼, ਅੰਬਾਲਾ ਕੈਂਟ ਦਾ ਉਦਘਾਟਨ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਇਸ ਨਵੇਂ ਸਿੱਖਿਆ ਸੰਸਥਾਨ ਦੀ ਸਥਾਪਨਾ ਫ਼ੌਜ ਦੇ ਜਵਾਨਾਂ ਦੇ ਬੱਚਿਆਂ ਲਈ ਵਿਦਿਅਕ ਪਹੁੰਚ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕੀਤੀ ਗਈ ਹੈ, ਤਾਂ ਜੋ ਫ਼ੌਜੀ ਸੇਵਾ ਦੀਆਂ ਚੁਣੌਤੀਆਂ ਦੇ ਬਾਵਜੂਦ ਉਨ੍ਹਾਂ ਦੇ ਬੱਚਿਆਂ ਦੀ ਸਿੱਖਿਆ ਵਿੱਚ ਨਿਰੰਤਰਤਾ, ਗੁਣਵੱਤਾ ਅਤੇ ਸਥਿਰਤਾ ਬਣੀ ਰਹੇ। ਫ਼ੌਜੀ ਪਰਿਵਾਰਾਂ ਨੂੰ ਤਰਜੀਹ ਦਿੰਦੇ ਹੋਏ ਵੀ, ਇਹ ਸਕੂਲ ਸਾਰਿਆਂ ਲਈ ਖੁੱਲ੍ਹਾ ਰਹੇਗਾ।ਸ੍ਰੀ ਸੰਜੇ ਕੁਮਾਰ ਨੇ ਸਮਾਵੇਸ਼ੀ ਅਤੇ ਭਵਿੱਖ ਲਈ ਤਿਆਰ ਵਿਦਿਅਕ ਸੰਸਥਾਵਾਂ ਦੇ ਨਿਰਮਾਣ ਦੀ ਮਹੱਤਤਾ ’ਤੇ ਜ਼ੋਰ ਦਿੱਤਾ ਅਤੇ ਗੁਣਵੱਤਾ ਭਰਪੂਰ ਸਕੂਲੀ ਸਿੱਖਿਆ ਦੀ ਪਹੁੰਚ ਵਧਾਉਣ ਵਿੱਚ ਫ਼ੌਜ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਇਸ ਮੌਕੇ ਲੈਫਟੀਨੈਂਟ ਜਨਰਲ ਰਾਜੇਸ਼ ਪੁਸ਼ਕਰ, ਜਨਰਲ ਅਫ਼ਸਰ ਕਮਾਂਡਿੰਗ, ਹੈੱਡਕੁਆਰਟਰ-2 ਕੋਰ ਅਤੇ ਸਕੂਲ ਦੇ ਸੀਨੀਅਰ ਸਰਪ੍ਰਸਤ ਨੇ ਕਿਹਾ ਕਿ ਆਰਮੀ ਪਬਲਿਕ ਸਕੂਲ ਸੈਨਿਕਾਂ ਦੇ ਪਰਿਵਾਰਾਂ ਲਈ ਇੱਕ ਮਹੱਤਵਪੂਰਨ ਸਹਾਇਤਾ ਪ੍ਰਣਾਲੀ ਦਾ ਕੰਮ ਕਰਦੇ ਹਨ। ਅਜਿਹੀਆਂ ਸੰਸਥਾਵਾਂ ਬੱਚਿਆਂ ਲਈ ਭਰੋਸੇਮੰਦ ਸਿੱਖਿਆ ਯਕੀਨੀ ਬਣਾਉਂਦੀਆਂ ਹਨ, ਜਿਸ ਨਾਲ ਸੈਨਿਕ ਵਧੇਰੇ ਨਿਸ਼ਚਿੰਤ ਹੋ ਕੇ ਦੇਸ਼ ਦੀ ਸੇਵਾ ਕਰ ਸਕਦੇ ਹਨ।

ਇਸ ਸਕੂਲ ਨੂੰ ਆਧੁਨਿਕ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਨਾਲ ਵਿਕਸਤ ਕੀਤਾ ਗਿਆ ਹੈ, ਇਸ ਦਾ ਉਦੇਸ਼ ਬੱਚਿਆਂ ਦਾ ਸਰਬਪੱਖੀ ਵਿਕਾਸ ਕਰਨਾ ਹੈ, ਜਿਸ ਵਿੱਚ ਪੜ੍ਹਾਈ-ਲਿਖਾਈ, ਖੇਡਾਂ ਅਤੇ ਹੋਰ ਸਹਿ-ਪਾਠਕ੍ਰਮ ਗਤੀਵਿਧੀਆਂ ਨੂੰ ਵੀ ਜੋੜਿਆ ਗਿਆ ਹੈ।

ਆਰਮੀ ਪਬਲਿਕ ਸਕੂਲ ਨੰਬਰ-2 ਗੁਣਵੱਤਾ ਭਰਪੂਰ ਸਿੱਖਿਆ ਪ੍ਰਦਾਨ ਕਰਨ ਅਤੇ ਅਨੁਸ਼ਾਸਿਤ, ਜ਼ਿੰਮੇਵਾਰ ਅਤੇ ਭਵਿੱਖ ਲਈ ਤਿਆਰ ਨਾਗਰਿਕ ਬਣਾਉਣ ਲਈ ਫ਼ੌਜ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਸੁਰੱਖਿਅਤ ਪਰਵਾਸ ਬਾਰੇ ਜਾਗਰੂਕਤਾ ਸੈਮੀਨਾਰ

**ਸ਼ਾਹਬਾਦ ਮਾਰਕੰਡਾ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਮਾਰਕੰਡਾ ਨੈਸ਼ਨਲ ਕਾਲਜ ਵਿਚ ‘ਸੁਰੱਖਿਅਤ ਤੇ ਸੂਚਿਤ ਪ੍ਰਵਾਸ ਵਿਸ਼ੇ’ ਉਤੇ ਇਕ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਹ ਪ੍ਰੋਗਰਾਮ ਕਾਲਜ ਦੇ ਕਰੀਅਰ ਡਿਵੈਲਪਮੈਂਟ, ਪਲੇਸਮੈਂਟ ਸੈਲ ਐਮ ਐਨ ਸੀ ਲਾਇਬਰੇਰੀ ਵੱਲੋਂ ਰਾਸ਼ਟਰੀ ਸੇਵਾ ਯੋਜਨਾ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ।

ਸਮਾਗਮ ਨੂੰ ਸੰਬੋਧਨ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਅਸ਼ੋਕ ਕੁਮਾਰ ਨੇ ਕਿਹਾ ਕਿ ਅੱਜ ਦੇ ਸਮੇਂ ਵਿਚ ਨੌਜਵਾਨਾਂ ਲਈ ਸੁਰੱਖਿਅਤ ਪ੍ਰਵਾਸ ਪ੍ਰਤੀ ਜਾਗਰੂਕ ਹੋਣਾ ਬਹੁਤ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਉਨ੍ਹਾਂ ਨੂੰ ਸਹੀ ਦਿਸ਼ਾ ਪ੍ਰਦਾਨ ਕਰਦੇ ਹਨ ਤੇ ਧੋਖਾਧੜੀ ਤੇ ਸ਼ੋਸ਼ਣ ਤੋਂ ਬਚਾਉਣ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ। ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਅਜੇ ਕੁਮਾਰ ਨੇ ਕਿਹਾ ਕਿ ਸੈਮੀਨਾਰ ਦਾ ਉਦੇਸ਼ ਵਿਦਿਆਰਥੀਆਂ ਨੂੰ ਸੁਰੱਖਿਅਤ ਕਾਨੂੰਨੀ ਤੇ ਸੂਚਿਤ ਪ੍ਰਵਾਸ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ।

ਰਿਸੋਰਸ ਪਰਸਨ ਸੌਰਭ ਦੁੱਗਲ ਨੇ ਗੈਰਕਾਨੂੰਨੀ ਪ੍ਰਵਾਸ ਦੇ ਖਤਰਿਆਂ ਖਾਸ ਕਰਕੇ ਡੰਕੀ ਰੂਟ ਬਾਰੇ ਵਿਸਥਾਰ ਨਾਲ ਦੱਸਿਆ ਤੇ ਉਦਾਹਰਨਾਂ ਦੇ ਕੇ ਇਸ ਦੇ ਭਿਆਨਕ ਨਤੀਜਿਆਂ ਨੂੰ ਦਰਸਾਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗਲਤੀਆਂ ਤੋਂ ਬਚਣ, ਜਾਅਲੀ ਵੀਜ਼ਾ ਤੇ ਧੋਖੇਬਾਜ਼ ਏਜੰਟਾਂ ਤੋਂ ਸਾਵਧਾਨ ਰਹਿਣ ਦੀ ਸਲਾਹ ਦਿੱਤੀ।

ਉਨ੍ਹਾਂ ਕਾਨੂੰਨੀ ਪ੍ਰਵਾਸ ਦੇ ਸਾਧਨਾਂ ਜਿਵੇਂ ਕਿ ਵਰਕ ਪਰਮਿਟ, ਉੱਚ ਸਿੱਖਿਆ, ਵੀਜ਼ਾ ਪ੍ਰਕਿਰਿਆ, ਅਧਿਕਾਰਤ ਵੀਜ਼ਾ ਜਾਰੀ ਕਰਨ ਵਾਲੀਆਂ ਏਜੰਸੀਆਂ ਬਾਰੇ ਵੀ ਜਾਣਕਾਰੀ ਪ੍ਰਦਾਨ ਕੀਤੀ।

# ਹੋਣਹਾਰ ਵਿਦਿਆਰਥੀਆਂ ਨੂੰ ਮੁੱਖ ਧਾਰਾ ’ਚ ਲਿਆਵੇਗਾ ਮਿਸ਼ਨ ਬੁਨਿਆਦ: ਰਾਠੀ



**ਸ਼ਾਹਬਾਦ ਮਾਰਕੰਡਾ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪਰਿਸ਼ਦ ਦੇ ਸੀ ਈ ਓ ਸ਼ੰਭੂ ਰਾਠੀ ਨੇ ਕਿਹਾ ਹੈ ਕਿ ਮਿਸ਼ਨ ਬੁਨਿਆਦ ਸਿਰਫ਼ ਵਿਦਿਅਕ ਯੋਜਨਾ ਨਹੀਂ ਹੈ ਸਗੋਂ ਸੂਬਾ ਸਰਕਾਰ ਦਾ ਦੂਰਦਰਸ਼ੀ ਯਤਨ ਹੈ। ਇਸ ਦਾ ਉਦੇਸ਼ ਸਮਾਜ ਦੇ ਹੇਠਲੇ ਪੱਧਰ ਤੋਂ ਹੋਣਹਾਰ ਵਿਦਿਆਰਥੀਆਂ ਨੂੰ ਮੁੱਖ ਧਾਰਾ ਵਿੱਚ ਲਿਆਉਣਾ ਹੈ। ਵਿੱਤੀ ਸਰੋਤਾਂ ਦੀ ਘਾਟ ਕਾਰਨ ਅਕਸਰ ਪੇਂਡੂ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਨੂੰ ਵੱਡੇ ਸੁਫਨੇ ਦੇਖਣ ਤੋਂ ਰੋਕਦੀ ਹੈ, ਪਰ ਮਿਸ਼ਨ ਬੁਨਿਆਦ ਅਜਿਹੇ ਸਾਰੇ ਵਿਦਿਆਰਥੀਆਂ ਲਈ ਸ਼ਕਤੀਸ਼ਾਲੀ ਮੰਚ ਪ੍ਰਦਾਨ ਕਰ ਰਿਹਾ ਹੈ। ਮਿਸ਼ਨ ਬੁਨਿਆਦ ਤਹਿਤ ਕੁਰੂਕਸ਼ੇਤਰ ਦੇ ਸਰਕਾਰੀ ਮਾਡਲ ਸੰਸਕ੍ਰਿਤੀ ਸੀਨੀਅਰ ਸੈਕੰਡਰੀ ਦੇ ਕੇਸ਼ਵ ਸਦਨ ਵਿੱਚ ਅਕਾਦਮਿਕ ਸੈਸ਼ਨ 2026-28 ਲਈ ਬੁਨਿਆਦ ਪ੍ਰੋਗਰਾਮ ਵਿੱਚ ਦਾਖ਼ਲੇ ਵਾਸਤੇ ਓਰੀਐਂਟੇਸ਼ਨ ਪ੍ਰੋਗਰਾਮ ਤੇ ਬੁਨਿਆਦ ਪੱਧਰ 3 ਪ੍ਰੀਖਿਆ ਕਰਵਾਈ ਗਈ। ਇਸ ਮੌਕੇ ਜ਼ਿਲ੍ਹਾ ਪਰਿਸ਼ਦ ਦੇ ਕਾਰਜਕਾਰੀ ਅਧਿਕਾਰੀ ਸ਼ੰਭੂ ਰਾਠੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਉਦਘਾਟਨ ਸੀ ਈ ਓ ਸ਼ੰਭੂ ਰਾਠੀ, ਜ਼ਿਲ੍ਹਾ ਸਿੱਖਿਆ ਅਧਿਕਾਰੀ ਵਿਨੋਦ ਕੌਸ਼ਿਕ, ਮਿਸ਼ਨ ਬੁਨਿਆਦ ਦੇ ਡਾਇਰੈਕਟਰ ਪ੍ਰਦੀਪ ਅਤੇ ਜ਼ਿਲ੍ਹਾ ਵਿਗਿਆਨ ਮਾਹਿਰ ਡਾ. ਤਰਸੇਮ ਕੌਸ਼ਿਕ ਆਦਿ ਨੇ ਕੀਤਾ।

ਸ੍ਰੀ ਰਾਠੀ ਨੇ ਕਿਹਾ ਕਿ ਸਹੀ ਦਿਸ਼ਾ, ਮਾਰਗਦਰਸ਼ਨ ਅਤੇ ਸਰੋਤਾਂ ਨਾਲ ਕੋਈ ਵੀ ਵਿਦਿਆਰਥੀ 9ਵੀਂ ਜਮਾਤ ਤੋਂ ਸ਼ੁਰੂ ਹੋਣ ਵਾਲੀਆਂ ਆਈ ਆਈ ਟੀ ਨੀਟ ਤੇ ਨੀਟ ਵਰਗੀਆਂ ਚੁਣੌਤੀਪੂਰਨ ਪ੍ਰੀਖਿਆਵਾਂ ਵਿੱਚ ਸਫਲ ਹੋ ਸਕਦਾ ਹੈ। ਜ਼ਿਲ੍ਹਾ ਸਿੱਖਿਆ ਅਧਿਕਾਰੀ ਵਿਨੋਦ ਕੌਸ਼ਿਕ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤਾ ਮਿਸ਼ਨ ਬੁਨਿਆਦ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਕਦਮ ਹੈ। ਮਿਸ਼ਨ ਬੁਨਿਆਦ ਦੇ ਡਾਇਰੈਕਟਰ ਨੇ ਕਿਹਾ ਕਿ ਇਹ ਯੋਜਨਾ ਸਰਕਾਰ ਵੱਲੋਂ ਵਿਦਿਆਰਥੀਆਂ ਦੇ ਜੀਵਨ ਵਿੱਚ ਮਜ਼ਬੂਤ ਵਿਦਿਅਕ ਨੀਂਹ ਸਥਾਪਤ ਕਰਨ ਲਈ ਸ਼ਲਾਘਾਯੋਗ ਕਦਮ ਹੈ। ਵਿਗਿਆਨ ਮਾਹਿਰ ਡਾ. ਤਰਸੇਮ ਕੌਸ਼ਿਕ ਨੇ ਵਿਦਿਆਰਥੀਆਂ ਨੂੰ ਨਿਰੰਤਰ ਅਭਿਆਸ ਤੇ ਸਕਾਰਾਤਮਕ ਸੋਚ ਰੱਖਣ ਲਈ ਪ੍ਰੇਰਿਆ।

# ਮਾਪੇ ਬੱਚਿਆਂ ਨੂੰ ਚੰਗੀ ਸਿੱਖਿਆ ਦਿਵਾਉਣਾ ਯਕੀਨੀ ਬਣਾਉਣ: ਸੈਣੀ

**ਸ਼ਾਹਬਾਦ ਮਾਰਕੰਡਾ, 7 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਰਤ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬਾਬੈਨ ਦੀ ਪ੍ਰਧਾਨ ਅਤੇ ਸਾਬਕਾ ਸੰਸਦ ਕੈਲਾਸ਼ੋ ਸੈਣੀ ਨੇ ਮਾਪਿਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਚੰਗੀ ਸਿੱਖਿਆ ਪ੍ਰਾਪਤ ਕਰਾਉਣ ਅਤੇ ਉਨ੍ਹਾਂ ਦੇ ਉਜਵਲ ਭਵਿੱਖ ਨੂੰ ਯਕੀਨੀ ਬਣਾਉਣ ਦਾ ਪ੍ਰਣ ਲੈਣ। ਉਨ੍ਹਾਂ ਕਿਹਾ ਕਿ ਭਾਰਤ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨੇ ਆਪਣੀ ਵਿਲਖੱਣ ਸ਼ੈਲੀ ਅਤੇ ਸ਼ਾਨਦਾਰ ਅਨੁਸ਼ਾਸਨ ਸਦਕਾ ਲੰਮੇ ਸਮੇਂ ਤੋਂ ਇਸ ਖੇਤਰ ਵਿੱਚ ਵਿਲੱਖਣ ਪਛਾਣ ਸਥਾਪਿਤ ਕੀਤੀ ਹੈ।

ਭਾਰਤ ਪਬਲਿਕ ਸਕੂਲ ਦੀ ਪ੍ਰਧਾਨ ਕੈਲਾਸ਼ੋ ਸੈਣੀ ਨਵੇਂ ਸਾਲ ਦੇ ਸੈਸ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਹਵਨ ਵਿੱਚ ਹਿੱਸਾ ਲਿਆ ਅਤੇ ਇਸ ਤੋਂ ਬਾਅਦ ਸਕੂਲ ਸਟਾਫ, ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸੰਬੋਧਨ ਕੀਤਾ। ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਪਰਮਾਤਮਾ ਦਾ ਆਸ਼ੀਰਵਾਦ ਜ਼ਰੂਰੀ ਹੈ ਤਾਂ ਜੋ ਵਿਦਿਆਰਥੀ ਚੰਗੀ ਸਿੱਖਿਆ ਪ੍ਰਾਪਤ ਕਰ ਸਕਣ ਅਤੇ ਜੀਵਨ ਵਿੱਚ ਤਰੱਕੀ ਕਰ ਸਕਣ। ਉਨ੍ਹਾਂ ਕਿਹਾ ਕਿ ਸਕੂਲ ਦੇ ਵਧੀਆ ਅਤੇ ਤਜਰਬੇਕਾਰ ਸਟਾਫ ਰਾਹੀਂ ਬੱਚਿਆਂ ਦੇ ਉਜਵਲ ਭਵਿੱਖ ਲਈ ਘੱਟ ਕੀਮਤ ’ਤੇ ਚੰਗੀ ਤਕਨਾਲੋਜੀ ਰਾਹੀਂ ਮਿਆਰੀ ਸਿੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ।

ਇਸ ਨਾਲ ਇਹ ਖੇਤਰ ਸਿੱਖਿਆ ਦੇ ਮਾਮਲੇ ਵਿੱਚ ਦੂਜੇ ਸਕੂਲਾਂ ਤੋਂ ਅੱਗੇ ਹੈ। ਅਧਿਆਪਕਾਂ ਵਲੋਂ ਸਿੱਖਿਆ ਪ੍ਰਤੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਕਿਉਂਕਿ ਅੱਜ ਦੇ ਯੁੱਗ ਵਿਚ ਸਿੱਖਿਆ ਤੋਂ ਬਿਨਾਂ ਬੱਚੇ ਦੀ ਜ਼ਿੰਦਗੀ ਦੇਖਣ ਤੋਂ ਅਸਮਰੱਥ ਵਿਅਕਤੀ ਦੀ ਤਰ੍ਹਾਂ ਹੈ।

ਸਕੂਲ ਦੀ ਪ੍ਰਿੰਸੀਪਲ ਸੁਨੀਤਾ ਖੰਨਾ ਨੇ ਆਖਿਆ ਕਿ ਸਟਾਫ ਦੀ ਅਗਵਾਈ ਹੇਠ ਸਕੂਲ ਸਿੱਖਿਆ, ਖੇਡਾਂ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਵਿੱਚ ਜ਼ਿਲ੍ਹੇ ਦੀ ਸ਼ਾਨ ਵਧਾ ਰਿਹਾ ਹੈ। ਸਕੂਲ ਵਿੱਚ ਅਨੁਸ਼ਾਸਨ, ਸ਼ਿਸ਼ਟਾਚਾਰ ਅਤੇ ਚਰਿੱਤਰ ਨਿਰਮਾਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ।

# ਬਠਿੰਡਾ ਨਗਰ ਨਿਗਮ ’ਚ 88 ਕਰੋੜ ਦੇ ਪ੍ਰਾਜੈਕਟ ’ਤੇ ਘਮਾਸਾਨ : ਫੰਡ ਨਹੀਂ, ਫਿਰ ਕੰਮ ਕਿਵੇਂ?

**ਕੌਮੀ ਪਤ੍ਰਿਕਾ**

ਬਠਿੰਡਾ 7 ਅਪ੍ਰੈਲ। ਨਗਰ ਨਿਗਮ ਬਠਿੰਡਾ ਦੀ ਵੀਰਵਾਰ ਨੂੰ ਹੋਈ ਜਨਰਲ ਹਾਊਸ ਮੀਟਿੰਗ ’ਚ ਕਰੀਬ 88 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਨੂੰ ਲੈ ਕੇ ਜ਼ਬਰਦਸਤ ਹੰਗਾਮਾ ਹੋਇਆ। ਕੌਂਸਲਰਾਂ ਨੇ ਸੜਕਾਂ ਦੀ ਮੁਰੰਮਤ ਅਤੇ ਸਫ਼ਾਈ ਮਸ਼ੀਨਰੀ ਦੀ ਖ਼ਰੀਦ ਸਬੰਧੀ ਪ੍ਰਸਤਾਵਾਂ ’ਤੇ ਤਿੱਖੇ ਸਵਾਲ ਚੁੱਕਦੇ ਹੋਏ ਨਿਗਮ ਦੀ ਵਿੱਤੀ ਹਾਲਤ ’ਤੇ ਚਿੰਤਾ ਜਤਾਈ। ਫੰਡ ਦੀ ਸਪੱਸ਼ਟ ਵਿਵਸਥਾ ਨਾ ਹੋਣ ਕਾਰਨ ਦੋਵੇਂ ਵੱਡੇ ਪ੍ਰਸਤਾਵ ਫਿਲਹਾਲ ਪੈਂਡਿੰਗ ਕਰ ਦਿੱਤੇ ਗਏ ਹਨ। ਮੀਟਿੰਗ ’ਚ ਕੁੱਲ 11 ਪ੍ਰਸਤਾਵ ਮਨਜ਼ੂਰੀ ਲਈ ਰੱਖੇ ਗਏ ਸਨ, ਜਿਨ੍ਹਾਂ ਵਿੱਚੋਂ ਕੁੱਝ ਨੂੰ ਪਾਸ ਕਰ ਦਿੱਤਾ ਗਿਆ ਪਰ ਸੜਕਾਂ ਦੀ ਸਫ਼ਾਈ ਅਤੇ ਨਿਰਮਾਣ ਨਾਲ ਜੁੜੇ ਮਹੱਤਵਪੂਰਨ ਪ੍ਰਸਤਾਵਾਂ ’ਤੇ ਸਹਿਮਤੀ ਨਹੀਂ ਬਣ ਸਕੀ। ਹੁਣ ਇਨ੍ਹਾਂ ’ਤੇ 7 ਅਪ੍ਰੈਲ ਨੂੰ ਹੋਣ ਵਾਲੀ ਅਗਲੀ ਮੀਟਿੰਗ ’ਚ ਵਿਸਥਾਰ ਨਾਲ ਚਰਚਾ ਹੋਵੇਗੀ। ਨਗਰ ਨਿਗਮ ਵੱਲੋਂ ਸ਼ਹਿਰ ਦੀਆਂ ਸੜਕਾਂ ਦੀ ਮਸ਼ੀਨੀਕ੍ਰਿਤ ਅਤੇ ਡੂੰਘੀ ਸਫ਼ਾਈ ਲਈ ਪਹਿਲਾਂ 5.62 ਕਰੋੜ ਰੁਪਏ ਦਾ ਪ੍ਰਸਤਾਵ ਲਿਆ ਗਿਆ ਸੀ ਪਰ ਚਾਰ ਵਾਰ ਟੈਂਡਰ ਜਾਰੀ ਹੋਣ ਦੇ ਬਾਵਜੂਦ ਕੋਈ ਠੇਕੇਦਾਰ ਸਾਹਮਣੇ ਨਹੀਂ ਆਇਆ। ਇਸ ਤੋਂ ਬਾਅਦ ਨਵੀਂ ਤਰ੍ਹਾਂ ਜੀ. ਆਈ. ਐੱਸ. ਤਕਨੀਕ ਅਤੇ ਆਧੁਨਿਕ ਮਸ਼ੀਨਾਂ ਨੂੰ ਸ਼ਾਮਲ ਕਰਦੇ ਹੋਏ ਲਾਗਤ ਵਧਾ ਕੇ ਕਰੀਬ 19.30 ਕਰੋੜ ਰੁਪਏ ਕਰ ਦਿੱਤੀ ਗਈ। ਇਸ ਤੋਂ ਇਲਾਵਾ ਅੰਦਰੂਨੀ ਸੜਕਾਂ ਦੀ ਸਫ਼ਾਈ ਲਈ 26.70 ਕਰੋੜ ਰੁਪਏ ਅਤੇ ਵੱਖਰੇ ਤੌਰ ’ਤੇ 12.50 ਕਰੋੜ ਰੁਪਏ ਦਾ ਪ੍ਰਸਤਾਵ ਰੱਖਿਆ



ਗਿਆ। ਇਸ ਤਰ੍ਹਾਂ ਕੁੱਲ ਸਫ਼ਾਈ ਪ੍ਰਾਜੈਕਟ ਦੀ ਲਾਗਤ ਕਰੀਬ 54 ਕਰੋੜ ਰੁਪਏ ਤੱਕ ਪਹੁੰਚ ਗਈ। ਇਸ ਦੇ ਨਾਲ ਹੀ ਨਗਰ ਨਿਗਮ ਨੇ ਵਿਸ਼ੇਸ਼ ਅਨੁਦਾਨ ਯੋਜਨਾ ਹੇਠ ਸੜਕਾਂ ਅਤੇ ਗਲੀਆਂ ਦੇ ਨਿਰਮਾਣ ’ਤੇ ਕਰੀਬ 34 ਕਰੋੜ ਰੁਪਏ ਖ਼ਰਚ ਕਰਨ ਦਾ ਪ੍ਰਸਤਾਵ ਰੱਖਿਆ। ਇਸ ਵਿੱਚੋਂ 7 ਕਰੋੜ ਰੁਪਏ ਪਹਿਲਾਂ ਹੀ ਖ਼ਰਚ ਕੀਤੇ ਜਾ ਚੁੱਕੇ ਹਨ, ਜਦੋਂ ਕਿ ਬਾਕੀ ਕੰਮਾਂ ਲਈ ਮਨਜ਼ੂਰੀ ਮੰਗੀ ਗਈ। ਕੌਂਸਲਰ ਮਾਸਟਰ ਹਰਮੰਦਰ ਸਿੰਘ ਨੇ ਕਿਹਾ ਕਿ ਨਿਗਮ ਖ਼ੁਦ ਮੰਨ ਰਿਹਾ ਹੈ ਕਿ ਮੌਜੂਦਾ ਕੰਮਾਂ ਅਤੇ ਦੇਣਦਾਰੀਆਂ ਲਈ ਵੀ ਪੂਰਾ ਫੰਡ ਨਹੀਂ ਹੈ, ਤਾਂ 88 ਕਰੋੜ ਰੁਪਏ ਦੇ ਨਵੇਂ ਕੰਮ ਕਿਵੇਂ ਕੀਤੇ ਜਾਣਗੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਬਿਨਾਂ ਫੰਡ ਦੇ ਟੈਂਡਰ ਜਾਰੀ ਕਰਨ ਨਾਲ ਠੇਕੇਦਾਰ ਕੰਮ ਵਿਚਕਾਰ ਛੱਡ ਦਿੰਦੇ ਹਨ ਅਤੇ ਮਾਮਲਾ ਅਦਾਲਤ ਤੱਕ ਪਹੁੰਚ ਜਾਂਦਾ ਹੈ, ਜਿਸ ਨਾਲ ਨਿਗਮ ਦੀ ਸੰਪਤੀ ’ਤੇ ਕੁਰਕੀ ਦਾ ਖ਼ਤਰਾ ਬਣ ਜਾਂਦਾ ਹੈ। ਕੌਂਸਲਰ ਸੰਜੀਵ ਬਾਬੀ ਨੇ ਵੀ ਯੋਜਨਾਬੱਧ ਢੰਗ ਨਾਲ ਵਿਕਾਸ ਕਾਰਜ ਕਰਨ ਦੀ ਲੋੜ ’ਤੇ ਜ਼ੋਰ ਦਿੱਤਾ, ਤਾਂ ਜੋ ਭਵਿੱਖ ’ਚ ਆਰਥਿਕ ਅਤੇ ਕਾਨੂੰਨੀ ਸੰਕਟ ਤੋਂ ਬਚਿਆ ਜਾ ਸਕੇ। ਮੇਅਰ ਪਦਮਜੀਤ ਸਿੰਘ ਮਹਿਤਾ ਅਤੇ ਸੀਨੀਅਰ ਡਿਪਟੀ ਮੇਅਰ ਸ਼ਾਮ ਲਾਲ ਜੈਨ ਨੇ ਕਿਹਾ ਕਿ ਦੋਵੇਂ ਪ੍ਰਸਤਾਵਾਂ ਨੂੰ ਫਿਲਹਾਲ ਮੁਲਤਵੀ ਕਰ ਦਿੱਤਾ ਗਿਆ ਹੈ। ਅਗਲੀ ਮੀਟਿੰਗ ’ਚ ਨਿਗਮ ਦੀ ਆਮਦਨ, ਫੰਡ ਅਤੇ ਸਰੋਤਾਂ ਦਾ ਪੂਰਾ ਵੇਰਵਾ ਪੇਸ਼ ਕੀਤਾ ਜਾਵੇਗਾ, ਜਿਸ ਤੋਂ ਬਾਅਦ ਹੀ ਆਖ਼ਰੀ ਫ਼ੈਸਲਾ ਲਿਆ ਜਾਵੇਗਾ। ਮੀਟਿੰਗ ’ਚ ਕੌਂਸਲਰ ਹਰਵਿੰਦਰ ਲੱਡੂ ਨੇ ਸ਼ਹਿਰ ’ਚ ਦੂਸ਼ਿਤ ਪੀਣਯੋਗ ਪਾਣੀ ਦੀ ਸਮੱਸਿਆ ਉਠਾਈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਗੰਦਾ ਪਾਣੀ ਮਿਲ ਰਿਹਾ ਹੈ, ਜਿਸ ਨਾਲ ਬੀਮਾਰੀਆਂ ਦਾ ਖ਼ਤਰਾ ਵੱਧ ਰਿਹਾ ਹੈ। ਇਸ ’ਤੇ ਅਧਿਕਾਰੀਆਂ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ ਗਈ। ਦੱਸਣਯੋਗ ਹੈ ਕਿ ਨਗਰ ਨਿਗਮ ਦਾ ਕਾਰਜਕਾਲ ਇਸ ਮਹੀਨੇ ਖ਼ਤਮ ਹੋਣ ਜਾ ਰਿਹਾ ਹੈ ਅਤੇ ਕਿਸੇ ਵੀ ਵੇਲੇ ਚੋਣਾਂ ਦਾ ਐਲਾਨ ਹੋ ਸਕਦਾ ਹੈ। ਇਸ ਸੰਦਰਭ ਵਿੱਚ ਸੱਤਾਧਾਰੀ ਧਿਰ ਵੱਲੋਂ ਵੱਡੇ ਪ੍ਰਾਜੈਕਟ ਪਾਸ ਕਰਵਾ ਕੇ ਉਨ੍ਹਾਂ ਨੂੰ ਉਪਲੱਬਧੀ ਵਜੋਂ ਪੇਸ਼ ਕਰਨ ਦੀ ਕੋਸ਼ਿਸ਼ ਵੀ ਚਰਚਾ ਵਿੱਚ ਰਹੀ।

## ਇੰਨੀ ਮਹਿੰਗੀ ਹੋ ਗਈ ਪੜ੍ਹਾਈ ! ਚੌਥੀ ਜਮਾਤ ਦੀਆਂ ਕਿਤਾਬਾਂ ਦਾ ਰੇਟ ਸੁਣ ਤੁਸੀਂ ਵੀ ਰਹਿ ਜਾਓਗੇ ਹੈਰਾਨ

ਨਵੀਂ ਦਿੱਲੀ 7 ਅਪ੍ਰੈਲ। ਦੇਸ਼ ਵਿੱਚ ਨਵੇਂ ਅਕੈਡਮਿਕ ਸੈਸ਼ਨ ਦੀ ਸ਼ੁਰੂਆਤ ਹੋ ਗਈ ਹੈ ਤੇ ਨਾਲ ਹੀ ਮਾਪਿਆਂ ਦੀਆਂ ਜੇਬਾਂ ’ਤੇ ਭਾਰੀ ਬੋਝ ਪੈਣਾ ਸ਼ੁਰੂ ਹੋ ਗਿਆ ਹੈ। ਮਾਪੇ ਜਿੱਥੇ ਆਪਣੇ ਬੱਚਿਆਂ ਨੂੰ ਪੜ੍ਹ ਲਿਖ ਕੇ ਕਾਬਲ ਬਣਦੇ ਦੇਖਣਾ ਚਾਹੁੰਦੇ ਹਨ, ਉੱਥੇ ਹੀ ਸੋਸ਼ਲ ਮੀਡੀਆ ’ਤੇ ਵਾਇਰਲ ਹੋਈ ਇਕ ਵੀਡੀਓ ਨੇ ਮਾਪਿਆਂ ਨੂੰ ਨਵੀਂ ਚਿੰਤਾ ’ਚ ਪਾ ਦਿੱਤਾ ਹੈ। ਸ਼ੀਲਾ ਸਿੰਘ ਨਾਂ ਦੀ ਇੱਕ ਔਰਤ ਵੱਲੋਂ ਸਾਂਝੀ ਕੀਤੀ ਗਈ ਵੀਡੀਓ ਨੇ ਸਿੱਖਿਆ ਨੂੰ ਵਪਾਰ ਬਣਾ ਲੈਣ ਅਤੇ ਪੜ੍ਹਾਈ ਦੇ ਵਧਦੇ ਖ਼ਰਚਿਆਂ ਬਾਰੇ ਇੱਕ ਨਵੀਂ




ਚਰਚਾ ਛੇੜ ਦਿੱਤੀ ਹੈ। ਇਸ ਵੀਡੀਓ ਵਿੱਚ ਉਕਤ ਔਰਤ ਨੇ ਚੌਥੀ ਜਮਾਤ ਦੇ ਬੱਚੇ ਦੀਆਂ ਕਿਤਾਬਾਂ ਅਤੇ ਕਾਪੀਆਂ ਦੀ ਭਾਰੀ ਕੀਮਤ ਦਾ ਖ਼ੁਲਾਸਾ ਕੀਤਾ ਹੈ। ਵੀਡੀਓ ’ਚ ਸ਼ੀਲਾ ਸਿੰਘ ਨੇ ਦਿਖਾਇਆ ਕਿ ਚੌਥੀ ਜਮਾਤ ਦੀ ਛੋਟੀ ਜਮਾਤ ਲਈ 4 ਕਿਤਾਬਾਂ ਅਤੇ ਕਾਪੀਆਂ ਦਾ ਸੈੱਟ 3,298 ਰੁਪਏ ’ਚ ਮਿਲਿਆ ਹੈ। ਉਨ੍ਹਾਂ ਸਵਾਲ ਉਠਾਇਆ ਕਿ ਜੇਕਰ ਚੌਥੀ ਜਮਾਤ ਦੀ ਪੜ੍ਹਾਈ ਦਾ ਖ਼ਰਚਾ ਇੰਨਾ ਜ਼ਿਆਦਾ ਹੈ, ਤਾਂ ਉਚੇਰੀ ਸਿੱਖਿਆ ਆਮ ਇਨਸਾਨ ਦੀ ਪਹੁੰਚ ਤੋਂ ਕਿੰਨੀ ਦੂਰ ਹੋ ਜਾਵੇਗੀ। ਉਨ੍ਹਾਂ ਨਾਲ ਇਹ ਵੀ ਦੱਸਿਆ ਕਿ ਜਦੋਂ ਉਹ ਕਾਲਜ ’ਚ ਪੜ੍ਹਦੇ ਸਨ ਤਾਂ ਉਨ੍ਹਾਂ ਦੇ ਇਕ ਸਾਲ ਦੀ ਫੀਸ 2700 ਰੁਪਏ ਹੁੰਦੀ ਸੀ। ਇਸ ਵੀਡੀਓ ਉਨ੍ਹਾਂ ਇਹ ਵੀ ਇਸ਼ਾਰਾ ਕੀਤਾ ਹੈ ਕਿ ਨਿੱਜੀ ਸਕੂਲ ਅਕਸਰ ਮਾਪਿਆਂ ਨੂੰ ਖ਼ਾਸ ਦੁਕਾਨਾਂ ਜਾਂ ਸਕੂਲ ਤੋਂ ਹੀ ਮਹਿੰਗੀਆਂ ਕਿਤਾਬਾਂ ਖਰੀਦਣ ਲਈ ਮਜਬੂਰ ਕਰਦੇ ਹਨ। ਇਹ ਵੀਡੀਓ ਫੇਸਬੁੱਕ ਅਤੇ ਹੋਰ ਪਲੇਟਫਾਰਮਾਂ ’ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਹਜ਼ਾਰਾਂ ਮਾਪਿਆਂ ਨੇ ਇਸ ’ਤੇ ਕੁਮੈਂਟ ਕਰਦਿਆਂ ਆਪਣਾ ਦੁੱਖ ਸਾਂਝਾ ਕੀਤਾ ਹੈ। ਕਈ ਮਾਪਿਆਂ ਦਾ ਕਹਿਣਾ ਹੈ ਕਿ ਪਿਛਲੇ ਸਾਲ ਦੇ ਮੁਕਾਬਲੇ ਕਿਤਾਬਾਂ ਦੀਆਂ ਕੀਮਤਾਂ ਵਿੱਚ 25 ਫ਼ੀਸਦੀ ਤੋਂ 40 ਫ਼ੀਸਦੀ ਤੱਕ ਦਾ ਵਾਧਾ ਹੋਇਆ ਹੈ। ਮਾਪਿਆਂ ਨੇ ਸ਼ਿਕਾਇਤ ਕੀਤੀ ਕਿ ਸਕੂਲ NCERT ਦੀਆਂ ਸਸਤੀਆਂ ਕਿਤਾਬਾਂ ਦੀ ਬਜਾਏ ਨਿੱਜੀ ਪ੍ਰਕਾਸ਼ਕਾਂ ਦੀਆਂ ਮਹਿੰਗੀਆਂ ਕਿਤਾਬਾਂ ਲਗਾਉਂਦੇ ਹਨ। ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਕੂਲ ਫੀਸਾਂ ਅਤੇ ਕਿਤਾਬਾਂ ਦੀਆਂ ਕੀਮਤਾਂ ਨੂੰ ਕੰਟਰੋਲ ਕਰਨ ਲਈ ਸਖ਼ਤ ਨਿਯਮ ਬਣਾਏ ਜਾਣ।

## ਸੁਖਜਿੰਦਰ ਰੰਧਾਵਾ ਨੇ ਲੋਕ ਸਭਾ ’ਚ ਚੁੱਕਿਆ ਪੰਜਾਬ ਦੀ ਕਾਨੂੰਨ ਵਿਵਸਥਾ ਦਾ ਮੁੱਦਾ

ਨਵੀਂ ਦਿੱਲੀ 7 ਅਪ੍ਰੈਲ। ਗੁਰਦਾਸਪੁਰ ਤੋਂ ਕਾਂਗਰਸੀ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਲੋਕ ਸਭਾ ’ਚ ਪੰਜਾਬ ਦੀ ਵਿਗੜ ਰਹੀ ਕਾਨੂੰਨ ਵਿਵਸਥਾ ਅਤੇ ਰਾਸ਼ਟਰੀ ਸੁਰੱਖਿਆ ਦੇ ਮੁੱਦਾ ਮੁੱਦਾ ਚੁੱਕ ਕੇ ਕੇਂਦਰ ਸਰਕਾਰ ਦਾ ਧਿਆਨ ਖਿੱਚਿਆ



ਹੈ। ਉਨ੍ਹਾਂ ਨੇ ਪੰਜਾਬ ਵਿੱਚ ਹੋ ਰਹੇ ਹਾਲੀਆ ਅੱਤਵਾਦੀ ਹਮਲਿਆਂ ਦਾ ਹਵਾਲਾ ਦਿੰਦੇ ਹੋਏ ਸੂਬੇ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਚਿੰਤਾ ਪ੍ਰਗਟ ਕੀਤੀ। ਰੰਧਾਵਾ ਨੇ ਦੱਸਿਆ ਕਿ ਬੁੱਧਵਾਰ ਨੂੰ ਚੰਡੀਗੜ੍ਹ ਸਥਿਤ ਪੰਜਾਬ ਭਾਜਪਾ ਦੇ ਦਫ਼ਤਰ ’ਤੇ ਅੱਤਵਾਦੀ ਹਮਲਾ ਹੋਇਆ ਹੈ। ਉਨ੍ਹਾਂ ਨੇ ਇਸ ਤੋਂ ਪਹਿਲਾਂ ਅੰਮ੍ਰਿਤਸਰ ਜ਼ਿਲ੍ਹੇ ਦੇ ਭਿੰਡੀ ਸੈਦਾਂ ਪੁਲਸ ਸਟੇਸ਼ਨ ’ਤੇ ਹੋਏ ਹਮਲੇ ਅਤੇ ਗੁਰਦਾਸਪੁਰ ਵਿੱਚ ਆਈ.ਐੱਸ.ਆਈ. ਵੱਲੋਂ ਦੋ ਪੁਲਸ ਮੁਲਾਜ਼ਮਾਂ ਨੂੰ ਸ਼ਹੀਦ ਕੀਤੇ ਜਾਣ ਦੀਆਂ ਘਟਨਾਵਾਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਨੇ ਸਦਨ ਨੂੰ ਜਾਣਕਾਰੀ ਦਿੱਤੀ ਕਿ ਪੰਜਾਬ ਵਿੱਚ ਇਸ ਵੇਲੇ ਗੈਂਗਸਟਰਾਂ, ਅੱਤਵਾਦੀਆਂ ਅਤੇ ਨਾਰਕੋ-ਅੱਤਵਾਦ ਦਾ ਇੱਕ ਖ਼ਤਰਨਾਕ ਗਠਜੋੜ ਬਣ ਚੁੱਕਾ ਹੈ। ਰੰਧਾਵਾ ਅਨੁਸਾਰ, ਗੈਂਗਸਟਰ ਪੰਜਾਬ ਵਿੱਚ ਸਰਗਰਮ ਹਨ ਜਦਕਿ ਉਨ੍ਹਾਂ ਨੂੰ ਦਿਸ਼ਾ-ਨਿਰਦੇਸ਼ ਦੇਣ ਵਾਲੇ ਅੱਤਵਾਦੀ ਦੂਜੇ ਦੇਸ਼ਾਂ ਵਿੱਚ ਬੈਠੇ ਹਨ, ਜੋ ਰਾਸ਼ਟਰੀ ਸੁਰੱਖਿਆ ਲਈ ਵੱਡਾ ਖ਼ਤਰਾ ਹਨ। ਪੰਜਾਬ ਦੇ ਸਰਹੱਦੀ ਸੂਬਾ ਹੋਣ ਦਾ ਹਵਾਲਾ ਦਿੰਦਿਆਂ ਰੰਧਾਵਾ ਨੇ ਕਿਹਾ ਕਿ ਪਾਕਿਸਤਾਨ ਵੱਲੋਂ ਲਗਾਤਾਰ ਡਰੋਨਾਂ ਰਾਹੀਂ ਹਥਿਆਰ ਅਤੇ ਨਸ਼ੀਲੇ ਪਦਾਰਥ ਭੇਜੇ ਜਾ ਰਹੇ ਹਨ। ਉਨ੍ਹਾਂ ਨੇ ਕੇਂਦਰ ਸਰਕਾਰ ਅਤੇ ਗ੍ਰਹਿ ਮੰਤਰੀ ਨੂੰ ਇਸ ਮਾਮਲੇ ਵਿੱਚ ਦਖ਼ਲ ਦੇਣ ਦੀ ਬੇਨਤੀ ਕੀਤੀ। ਉਨ੍ਹਾਂ ਮੰਗ ਕੀਤੀ ਕਿ ਅਜਿਹਾ ਰਾਹ ਕੱਢਿਆ ਜਾਵੇ ਜਿਸ ਨਾਲ ਗੈਂਗਸਟਰਾਂ ਅਤੇ ਅੱਤਵਾਦੀਆਂ ਦੇ ਇਸ ਗਠਜੋੜ ਨੂੰ ਤੋੜਿਆ ਜਾ ਸਕੇ ਅਤੇ ਆਮ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।

## ਕਿਸਾਨਾਂ ਲਈ ਖ਼ੁਸ਼ਖ਼ਬਰੀ: ਰੇਲਵੇ ਦੀ ਮਦਦ ਨਾਲ ਹੁਣ ਦੇਸ਼ ਭਰ ’ਚ ਪਹੁੰਚਣਗੇ ਕਸ਼ਮੀਰੀ ਤਾਜ਼ਾ ਫਲ

ਜੰਮੂ 7 ਅਪ੍ਰੈਲ। ਕਸ਼ਮੀਰ ਘਾਟੀ ਦੇ ਮਸ਼ਹੂਰ ਫਲਾਂ ਨੂੰ ਦੇਸ਼ ਭਰ ਦੇ ਬਾਜ਼ਾਰਾਂ ਵਿੱਚ ਤੇਜ਼ੀ ਅਤੇ ਕਿਫਾਇਤੀ ਢੰਗ ਨਾਲ ਪਹੁੰਚਾਉਣ ਲਈ ਰੇਲਵੇ ਨੇ ਇੱਕ ਵੱਡੀ ਯੋਜਨਾ ਤਿਆਰ ਕੀਤੀ ਹੈ। ਜੰਮੂ ਡਿਵੀਜ਼ਨ ਵਿੱਚ ਹੋਈ ਇੱਕ ਉੱਚ-ਪੱਧਰੀ ਮੀਟਿੰਗ ਵਿੱਚ ਰੇਲ-ਅਧਾਰਤ ਸਪਲਾਈ ਚੇਨਾਂ ਨੂੰ ਮਜ਼ਬੂਤ ਕਰਨ ਅਤੇ ਪਾਰਸਲ ਟ?ਰੇਨਾਂ ਰਾਹੀਂ ਵਪਾਰ ਦੇ ਵਿਸਥਾਰ ’ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਹ ਵੀ ਫੈਸਲਾ ਕੀਤਾ ਗਿਆ ਕਿ ਕਸ਼ਮੀਰ ਤੋਂ ਪਾਰਸਲ ਆਵਾਜਾਈ ਨੂੰ ਵਧਾਉਣ ਲਈ ਇੱਕ ਠੋਸ ਰੋਡਮੈਪ ਤਿਆਰ ਕੀਤਾ ਜਾਵੇਗਾ, ਜਿਸ ਨਾਲ ਰੇਲਵੇ ਸੜਕੀ ਆਵਾਜਾਈ ਦਾ ਇੱਕ ਭਰੋਸੇਮੰਦ, ਸਮੇਂ ਸਿਰ ਅਤੇ ਲਾਗਤ-ਪ੍ਰਭਾਵਸ਼ਾਲੀ ਵਿਕਲਪ ਬਣੇਗਾ। ਖਾਸ ਤੌਰ ’ਤੇ ਚੈਰੀ ਵਰਗੇ ਜਲਦੀ ਖ਼ਰਾਬ ਹੋਣ ਵਾਲੇ ਫਲਾਂ ਦੀ ਆਵਾਜਾਈ ’ਤੇ ਜ਼ਿਆਦਾ ਧਿਆਨ ਰੱਖਿਆ ਜਾਵੇਗਾ। ਮੀਟਿੰਗ ਵਿੱਚ ਦੱਸਿਆ ਗਿਆ ਕਿ ਜੇਪੀਪੀ-ਆਰਸੀਐਸ ਪਾਰਸਲ ਟ?ਰੇਨ, ਜੋ ਕਿ ਬਡਗਾਮ ਤੋਂ ਸਵੇਰੇ 6:15 ਵਜੇ ਰਵਾਨਾ ਹੁੰਦੀ ਹੈ, ਅਗਲੇ ਦਿਨ ਸਵੇਰੇ 5:30 ਵਜੇ ਆਦਰਸ਼ ਨਗਰ ਦਿੱਲੀ ਪਹੁੰਚਦੀ ਹੈ, ਜਿਸ ਨਾਲ ਸਾਮਾਨ ਦੀ ਸਮੇਂ ਸਿਰ ਡਿਲੀਵਰੀ ਸੰਭਵ ਹੋ ਜਾਂਦੀ ਹੈ। ਇਸ ਰੇਲਗੱਡੀ ਨੂੰ ਹੋਰ ਉਪਯੋਗੀ ਬਣਾਉਣ ਲਈ ਇਸਦੀ ਸਮਰੱਥਾ ਵਧਾਉਣ ’ਤੇ ਵੀ ਜ਼ੋਰ ਦਿੱਤਾ ਗਿਆ। ਛੋਟੇ ਵਪਾਰੀਆਂ ਨੂੰ ਲਾਭ ਪਹੁੰਚਾਉਣ ਲਈ ਕਾਰਗੋ ਐਗਰੀਗੇਟਰਾਂ ਦੇ ਸਹਿਯੋਗ ਨਾਲ ਛੋਟੀਆਂ ਖੇਪਾਂ ਨੂੰ ਇਕੱਠਾ ਕਰਨ ਲਈ ਇੱਕ ਯੋਜਨਾ ਤਿਆਰ ਕੀਤੀ ਗਈ ਹੈ। ਬਡਗਾਮ, ਸ੍ਰੀਨਗਰ ਅਤੇ ਪੰਪੋਰ ਰੇਲਵੇ ਸਟੇਸ਼ਨਾਂ ’ਤੇ ਲੋਡਿੰਗ ਸਹੂਲਤਾਂ ਨੂੰ ਬਿਹਤਰ ਬਣਾਉਣ ਦਾ ਵੀ ਫੈਸਲਾ ਲਿਆ ਗਿਆ ਹੈ। ਮੀਟਿੰਗ ਵਿੱਚ ਜੰਮੂ ਦੇ ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਉਚਿਤ ਸਿੰਘਲ, ਕਸ਼ਮੀਰ ਦੇ ਫਲ ਵਪਾਰੀ, ਉਤਪਾਦਕ ਅਤੇ ਕਾਰਗੋ ਐਗਰੀਗੇਟਰ ਸ਼ਾਮਲ ਹੋਏ।

## ਪੈਟਰੋਲ 7 ਤੇ ਡੀਜ਼ਲ 25 ਰੁਪਏ ਹੋਇਆ ਮਹਿੰਗਾ ! ਇਸ ਪੈਟਰੋਲੀਅਮ ਕੰਪਨੀ ਨੇ ਵਧਾਏ ਰੇਟ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 7 ਅਪ੍ਰੈਲ। ਨਵਾਂ ਵਿੱਤੀ ਸਾਲ ਸ਼ੁਰੂ ਹੁੰਦੇ ਹੀ ਨਿੱਜੀ ਤੇਲ ਕੰਪਨੀਆਂ ਨੇ ਖਪਤਕਾਰਾਂ ਨੂੰ ਮਹਿੰਗਾਈ ਦਾ ਜ਼ਬਰਦਸਤ ਝਟਕਾ ਦਿੱਤਾ ਹੈ। ਨਾਇਰਾ ਐਨਰਜੀ ਤੋਂ ਬਾਅਦ ਹੁਣ ਇੱਕ ਹੋਰ ਪ੍ਰਮੁੱਖ ਨਿੱਜੀ ਤੇਲ ਕੰਪਨੀ ਸ਼ੈੱਲ ਇੰਡੀਆ ਨੇ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਕਰ ਦਿੱਤਾ ਹੈ। ਕੰਪਨੀ ਨੇ ਪੈਟਰੋਲ ਦੀ ਕੀਮਤ ਵਿੱਚ ਲਗਭਗ 7.4 ਰੁਪਏ ਅਤੇ ਡੀਜ਼ਲ ਵਿੱਚ 25 ਰੁਪਏ ਪ੍ਰਤੀ ਲੀਟਰ ਦਾ ਇਜ਼ਾਫਾ ਕੀਤਾ ਹੈ। ਬੈਂਗਲੁਰੂ ਵਿੱਚ ਸ਼ੈੱਲ ਦੇ ਪੰਪਾਂ ’ਤੇ ਪੈਟਰੋਲ ਦੀ ਕੀਮਤ ਵਿੱਚ 7.41 ਰੁਪਏ ਪ੍ਰਤੀ ਲੀਟਰ ਦਾ ਵਾਧਾ ਹੋਇਆ ਹੈ, ਜਿਸ ਨਾਲ ਹੁਣ ਉੱਥੇ ਆਮ ਪੈਟਰੋਲ ਦੀ ਕੀਮਤ 119.85 ਰੁਪਏ ਹੋ ਗਈ ਹੈ। ਸਭ ਤੋਂ ਵੱਧ ਮਾਰ ਡੀਜ਼ਲ ’ਤੇ ਪਈ ਹੈ, ਜਿਸ ਦੀ ਕੀਮਤ 25.01 ਰੁਪਏ ਪ੍ਰਤੀ ਲੀਟਰ ਵਧ ਕੇ 123.52 ਰੁਪਏ ਤੱਕ ਪਹੁੰਚ ਗਈ ਹੈ। ਸਥਾਨਕ ਟੈਕਸਾਂ ਕਾਰਨ ਮਹਾਰਾਸ਼ਟਰ, ਗੁਜਰਾਤ, ਤਾਮਿਲਨਾਡੂ ਅਤੇ ਤੇਲੰਗਾਨਾ ਵਰਗੇ ਹੋਰ ਸੂਬਿਆਂ ਵਿੱਚ ਇਨ੍ਹਾਂ ਕੀਮਤਾਂ ਵਿੱਚ ਥੋੜ੍ਹਾ ਬਦਲਾਅ ਹੋ ਸਕਦਾ ਹੈ। ਤੇਲ ਕੀਮਤਾਂ ਵਿੱਚ ਇਸ ਵਾਧੇ ਦਾ ਮੁੱਖ ਕਾਰਨ ਈਰਾਨ ਜੰਗ ਕਾਰਨ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਆਈ ਤੇਜ਼ੀ ਦੱਸਿਆ ਜਾ ਰਿਹਾ ਹੈ। ਕੱਚੇ ਤੇਲ ਦੀਆਂ ਕੀਮਤਾਂ 100 ਡਾਲਰ ਪ੍ਰਤੀ ਬੈਰਲ ਤੋਂ ਉੱਪਰ ਰਹਿਣ ਕਾਰਨ ਨਿੱਜੀ ਕੰਪਨੀਆਂ ਨੂੰ ਭਾਰੀ




ਨੁਕਸਾਨ ਹੋ ਰਿਹਾ ਸੀ। ਸਰਕਾਰੀ ਤੇਲ ਕੰਪਨੀਆਂ ਦੇ ਮੁਕਾਬਲੇ ਨਿੱਜੀ ਕੰਪਨੀਆਂ ਨੂੰ ਕੋਈ ਸਰਕਾਰੀ ਮੁਆਵਜ਼ਾ ਨਹੀਂ ਮਿਲਦਾ, ਜਿਸ ਕਾਰਨ ਉਨ੍ਹਾਂ ਨੇ ਇਸ ਵਾਧੇ ਦਾ ਬੋਝ ਸਿੱਧਾ ਗਾਹਕਾਂ ’ਤੇ ਪਾ ਦਿੱਤਾ ਹੈ। ਰਿਪੋਰਟਾਂ ਅਨੁਸਾਰ, ਆਉਣ ਵਾਲੇ ਦਿਨਾਂ ਵਿੱਚ ਡੀਜ਼ਲ ਦੀਆਂ ਕੀਮਤਾਂ ਵਿੱਚ ਹੋਰ ਵੀ ਉਛਾਲ ਆ ਸਕਦਾ ਹੈ, ਜੋ ਸੰਭਾਵਿਤ ਤੌਰ ’ਤੇ 148 ਤੋਂ 165 ਰੁਪਏ ਪ੍ਰਤੀ ਲੀਟਰ ਤੱਕ ਪਹੁੰਚ ਸਕਦੀਆਂ ਹਨ। ਜ਼ਿਕਰਯੋਗ ਹੈ ਕਿ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਸੰਘਰਸ਼ ਕਾਰਨ 8 ਫਰਵਰੀ ਤੋਂ ਬਾਅਦ ਬ੍ਰੈਂਟ ਕਰੂਡ ਦੀਆਂ ਕੀਮਤਾਂ ਵਿੱਚ 60 ਫੀਸਦੀ ਤੱਕ ਦਾ ਵਾਧਾ ਹੋ ਚੁੱਕਾ ਹੈ। ਇਸ ਤੋਂ ਪਹਿਲਾਂ ਨਾਇਰਾ ਐਨਰਜੀ ਨੇ ਵੀ ਪੈਟਰੋਲ ਵਿੱਚ 5 ਰੁਪਏ ਅਤੇ ਡੀਜ਼ਲ ਵਿੱਚ 3 ਰੁਪਏ ਪ੍ਰਤੀ ਲੀਟਰ ਦਾ ਵਾਧਾ ਕੀਤਾ ਸੀ। ਸ਼ੈੱਲ ਇੰਡੀਆ ਦੇ ਦੇਸ਼ ਭਰ ਵਿੱਚ 325 ਤੋਂ ਵੱਧ ਪੰਪ ਹਨ, ਜਿਨ੍ਹਾਂ ’ਤੇ ਇਹ ਨਵੀਆਂ ਕੀਮਤਾਂ 1 ਅਪ੍ਰੈਲ ਤੋਂ ਲਾਗੂ ਹੋ ਗਈਆਂ ਹਨ।

### ਜੇਲ੍ਹ ’ਚ ਬੰਦ ਹਵਾਲਾਤੀ ਦੀ ਕੁੱਟ ਮਾਰ ਕਰਨ ਦੇ ਦੋਸ਼ ’ਚ ਪੰਜ ਨਾਮਜ਼ਦ

ਤਰਨਤਾਰਨ 7 ਅਪ੍ਰੈਲ। ਕੇਂਦਰੀ ਸਬ ਜੇਲ੍ਹ ਪੱਟੀ ’ਚ ਬੰਦ ਇਕ ਹਵਾਲਾਤੀ ਦੀ ਕੁੱਟ ਮਾਰ ਕਰਨ ਦੇ ਮਾਮਲੇ ’ਚ ਥਾਣਾ ਸਿਟੀ ਪੱਟੀ ਦੀ ਪੁਲਸ ਨੇ ਜੇਲ੍ਹ ਸੁਪਰਡੈਂਟ ਦੀ ਸ਼ਿਕਾਇਤ ’ਤੇ ਪੰਜ ਹਵਾਲਾਤੀਆਂ ਵਿਰੁੱਧ ਕੇਸ ਦਰਜ ਕੀਤਾ ਹੈ। ਸਬ ਜੇਲ੍ਹ ਪੱਟੀ ਦੇ ਸੁਪਰਡੈਂਟ ਇੰਦਰਪ੍ਰੀਤ ਸਿੰਘ ਨੇ ਦੱਸਿਆ ਕਿ ਬੀਤੇ ਦਿਨ ਜੇਲ੍ਹ ’ਚ ਬੰਦ ਹਵਾਲਾਤੀ ਕ੍ਰਿਸ਼ਨਪਾਲ ਉਰਫ਼ ਬੱਬੂ, ਜਤਿੰਦਰ ਸਿੰਘ, ਕੁਲਵਿੰਦਰ ਸਿੰਘ, ਮਹਾਵੀਰ ਸਿੰਘ ਅਤੇ ਪਾਰਸ ਨੇ ਹਮਸਲਾਹ ਹੋ ਕੇ ਹਵਾਲਾਤੀ ਸੁਖਵਿੰਦਰ ਸਿੰਘ ਨਾਲ ਲੜਾਈ ਝਗੜਾ ਕਰਕੇ ਜੇਲ੍ਹ ਦੇ ਨਿਯਮਾਂ ਦੀ ਉਲੰਘਣਾ ਕੀਤੀ ਹੈ। ਥਾਣਾ ਸਿਟੀ ਪੱਟੀ ਦੀ ਪੁਲਸ ਨੇ ਸ਼ਿਕਾਇਤ ਦੇ ਆਧਾਰ ’ਤੇ ਹਵਾਲਾਤੀ ਕ੍ਰਿਸ਼ਨਪਾਲ ਉਰਫ਼ ਬੱਬੂ ਵਾਸੀ ਡੱਲ, ਜਤਿੰਦਰ ਸਿੰਘ ਵਾਸੀ ਵਾਂ ਤਾਰਾ ਸਿੰਘ, ਕੁਲਵਿੰਦਰ ਸਿੰਘ ਵਾਸੀ ਬਿਧੀ ਚੰਦ ਛੀਨਾ, ਮਹਾਵੀਰ ਸਿੰਘ ਵਾਸੀ ਪਹਿਲਵਾਨਕੇ ਅਤੇ ਪਾਰਸ ਵਾਸੀ ਚੀਮਾ ਖ਼ੁਰਦ ਦੇ ਵਿਰੁੱਧ ਵੱਖ-ਵੱਖ ਧਾਰਾਵਾਂ ਅਧੀਨ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਬਿਹਾਰ ਦੇ ਮਖਾਣੇ ਨੇ ਵਿਦੇਸ਼ਾਂ ’ਚ ਵਧਾਈ ਧੱਕ: ਪੂਰਨੀਆ ਤੋਂ ਦੂਬਈ ਭੇਜੀ ਗਈ ਪਹਿਲੀ ਇਤਿਹਾਸਕ ਖੇਪ

**ਕੌਮੀ ਪਤ੍ਰਿਕਾ**

ਬਿਜ਼ਨੈੱਸ ਡੈਸਕ 7 ਅਪ੍ਰੈਲ। ਵਿੱਤੀ ਸਾਲ 2025-26 ਬਿਹਾਰ ਦੇ ਮਖਾਣੇ ਲਈ ਇਤਿਹਾਸਕ ਰਿਹਾ ਹੈ। ਹੁਣ ਬਿਹਾਰ ਦਾ ਮਖਾਣਾ ਦੇਸ਼ ਹੀ ਨਹੀਂ ਸਗੋਂ ਵਿਦੇਸ਼ਾਂ ਵਿੱਚ ਵੀ ਇੱਕ ਮਜ਼ਬੂਤ ਬ੍ਰਾਂਡ ਵਜੋਂ ਉੱਭਰਿਆ ਹੈ। ਇਸ ਸਫਲਤਾ ਦੀ ਇੱਕ ਵੱਡੀ ਮਿਸਾਲ ਉਦੋਂ ਦੇਖਣ ਨੂੰ ਮਿਲੀ ਜਦੋਂ ਪੂਰਨੀਆ ਜ਼ਿਲ੍ਹੇ ਤੋਂ 2 ਮੀਟ੍ਰਿਕ ਟਨ ਜੀ.ਆਈ. ਟੈਗ ਪ੍ਰਾਪਤ ’ਮਿਥਿਲਾ ਮਖਾਣਾ’ ਦੀ ਪਹਿਲੀ ਖੇਪ ਸਮੁੰਦਰੀ ਰਸਤੇ ਰਾਹੀਂ ਦੂਬਈ (ਯੂ.ਏ.ਈ.) ਭੇਜੀ ਗਈ। ਕੇਂਦਰ ਸਰਕਾਰ ਵੱਲੋਂ ਸਤੰਬਰ 2025 ਵਿੱਚ ’ਰਾਸ਼ਟਰੀ ਮਖਾਣਾ ਬੋਰਡ’ ਦੇ ਗਠਨ ਨਾਲ ਰਾਜ ਦੇ ਲਗਭਗ 5 ਲੱਖ ਮਖਾਣਾ ਕਿਸਾਨਾਂ ਦੀ ਕਿਸਮਤ ਬਦਲ ਗਈ ਹੈ। ਜ਼ਿਕਰਯੋਗ ਹੈ ਕਿ ਬਿਹਾਰ ਦੇਸ਼ ਦੇ ਕੁੱਲ ਮਖਾਣਾ ਉਤਪਾਦਨ ਦਾ ਲਗਭਗ 85 ਫੀਸਦੀ ਹਿੱਸਾ ਪੈਦਾ ਕਰਦਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 15 ਸਤੰਬਰ 2025 ਨੂੰ ਪੂਰਨੀਆ ਵਿੱਚ ਇਸ ਬੋਰਡ ਦਾ ਰਸਮੀ ਉਦਘਾਟਨ ਕੀਤਾ ਸੀ। ਇਸ ਦੇ ਨਾਲ ਹੀ ਕੇਂਦਰ ਸਰਕਾਰ ਨੇ 2025-26 ਤੋਂ 2030-31 ਤੱਕ ਲਈ 476.03 ਕਰੋੜ ਰੁਪਏ ਦੀ ਕੇਂਦਰੀ ਮਖਾਣਾ ਵਿਕਾਸ ਯੋਜਨਾ ਨੂੰ ਵੀ



ਮਨਜ਼ੂਰੀ ਦਿੱਤੀ ਹੈ। ਸਰਕਾਰੀ ਹੱਲਾਸ਼ੇਰੀ ਅਤੇ ਮਖਾਣਾ ਵਿਕਾਸ ਯੋਜਨਾ ਸਦਕਾ ਮਖਾਣੇ ਦੀ ਖੇਤੀ ਹੇਠਲਾ ਰਕਬਾ ਤਿੰਨ ਗੁਣਾ ਵਧ ਗਿਆ ਹੈ। ਸਾਲ 2012 ਵਿੱਚ ਜਿੱਥੇ ਇਹ ਲਗਭਗ 13,000 ਹੈਕਟੇਅਰ ਸੀ, ਉੱਥੇ ਹੀ ਹੁਣ ਇਹ 35,000 ਹੈਕਟੇਅਰ ਤੱਕ ਪਹੁੰਚ ਗਿਆ ਹੈ। ਰਾਜ ਦੇ ਦਰਭੰਗਾ, ਮਧੂਬਨੀ, ਕਟਿਹਾਰ, ਪੂਰਨੀਆ, ਸਹਰਸਾ ਅਤੇ ਹੋਰ ਜ਼ਿਲ੍ਹਿਆਂ ਵਿੱਚ ਇਸ ਦਾ ਭਾਰੀ ਉਤਪਾਦਨ ਹੋ ਰਿਹਾ ਹੈ। ਬਿਹਾਰ ਦੇ ਖੇਤੀਬਾੜੀ ਮੰਤਰੀ ਰਾਮ ਕ੍ਰਿਪਾਲ ਯਾਦਵ ਨੇ ਦੱਸਿਆ ਕਿ ਦੂਬਈ ਤੱਕ ਸਮੁੰਦਰੀ ਮਾਰਗ ਰਾਹੀਂ ਨਿਰਯਾਤ ਕਰਨਾ ਸੂਬੇ ਲਈ ਇੱਕ ਵੱਡੀ ਪ੍ਰਾਪਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਮਖਾਣੇ ਨੂੰ ’ਬ੍ਰਾਂਡ ਬਿਹਾਰ’ ਵਜੋਂ ਸਥਾਪਿਤ ਕਰਨ ਲਈ ਵਚਨਬੱਧ ਹੈ। ਇਸ ਪਹਿਲਕਦਮੀ ਨਾਲ ਨਾ ਸਿਰਫ਼ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਇਆ ਹੈ, ਸਗੋਂ ਬਿਹਾਰ ਹੁਣ ਅੰਤਰਰਾਸ਼ਟਰੀ ਗੁਣਵੱਤਾ ਮਾਪਦੰਡਾਂ ਅਤੇ ਪੈਕੇਜਿੰਗ ਵਿੱਚ ਵੀ ਪੂਰੀ ਤਰ੍ਹਾਂ ਸਮਰੱਥ ਹੋ ਚੁੱਕਾ ਹੈ।

## ਸਹੁਰਿਆਂ ਨੇ ਨੂੰਹ ’ਤੇ ਢਾਹਿਆ ਤਸ਼ੱਦਦ ! ਇਸਤਰੀ ਧਨ ਚੋਰੀ ਕਰ ਘਰ ਨੂੰ ਲਾ’ਤਾ ਤਾਲਾ

ਲੁਧਿਆਣਾ 7 ਅਪ੍ਰੈਲ। ਲੁਧਿਆਣਾ ਤੋਂ ਰਿਸ਼ਤਿਆਂ ਨੂੰ ਤਾਰ-ਤਾਰ ਕਰਨ ਵਾਲਾ ਇੱਕ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਇੱਕ ਔਰਤ ਦੀ ਸ਼ਿਕਾਇਤ ’ਤੇ ਪੁਲਸ ਨੇ ਉਸ ਦੇ ਸਹੁਰਾ ਪੱਖ ਖਿਲਾਫ ਗੰਭੀਰ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਦੋਸ਼ ਹੈ ਕਿ ਸਹੁਰਿਆਂ ਨੇ ਨਾ ਸਿਰਫ ਪੀੜਤਾ ਦਾ ਇਸਤਰੀ ਧਨ ਅਤੇ ਹੋਰ ਕੀਮਤੀ ਸਾਮਾਨ ਚੋਰੀ ਕਰਕੇ ਖੁਰਦ-ਬੁਰਦ ਕਰ ਦਿੱਤਾ, ਸਗੋਂ ਉਸ ਦੇ ਹਿੱਸੇ ਦੇ ਘਰ ’ਤੇ ਤਾਲੇ ਜੜ ਕੇ ਨਾਜਾਇਜ਼ ਕਬਜ਼ਾ ਵੀ ਕਰ ਲਿਆ। ਥਾਣਾ ਸਰਾਭਾ ਨਗਰ ਵਿੱਚ ਪੀੜਤਾ ਦੀਕਸ਼ਿਤਾ ਗੁਪਤਾ ਦੀ ਸ਼ਿਕਾਇਤ ’ਤੇ ਪੁਲਸ ਨੇ ਧਰੁਵ ਗੁਪਤਾ, ਵਿਪਿਨ ਗੁਪਤਾ, ਮਧੂ, ਸ਼ਿਵਾਨੀ ਗੁਪਤਾ ਅਤੇ 3-4 ਅਣਪਛਾਤੇ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕੀਤਾ ਹੈ। ਪੀੜਤਾ ਨੇ ਪੁਲਸ ਨੂੰ ਦੱਸਿਆ ਕਿ ਮੁਲਜ਼ਮਾਂ ਨੇ ਸਾਜ਼ਿਸ਼ ਰਚ ਕੇ ਉਸ ਦੇ ਹਿੱਸੇ ਦਾ ਸਾਰਾ ਸਾਮਾਨ ਅਤੇ ਇਸਤਰੀ ਧਨ ਚੋਰੀ ਕਰ ਲਿਆ। ਜਦੋਂ ਉਸਨੇ ਵਿਰੋਧ ਕੀਤਾ ਤਾਂ ਉਸ ਨੂੰ ਗਾਲ੍ਹਾਂ ਕੱਢੀਆਂ ਗਈਆਂ ਅਤੇ ਬੁਰੀ ਤਰ੍ਹਾਂ ਕੁੱਟਮਾਰ ਕਰਕੇ ਉਸ ਨੂੰ ਮਾਨਸਿਕ ਅਤੇ ਸਰੀਰਕ ਤੌਰ ’ਤੇ ਪ੍ਰੇਸ਼ਾਨ ਕੀਤਾ ਗਿਆ। ਮੁਲਜ਼ਮਾਂ ਨੇ ਪੀੜਤਾ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਉਸ ਨੂੰ ਘਰੋਂ ਬਾਹਰ ਕੱਢ ਦਿੱਤਾ ਅਤੇ ਉਸ ਦੇ ਕਮਰਿਆਂ ’ਤੇ ਤਾਲੇ ਲਗਾ ਦਿੱਤੇ। ਪੁਲਸ ਪ੍ਰਸ਼ਾਸਨ ਨੇ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਮੁਲਜ਼ਮਾਂ ਖਿਲਾਫ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਸ ਦਾ ਕਹਿਣਾ ਹੈ ਕਿ ਇਸਤਰੀ ਧਨ ਦੀ ਰਿਕਵਰੀ ਅਤੇ ਮੁਲਜ਼ਮਾਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾਵੇਗੀ। ਕਾਨੂੰਨ ਨੂੰ ਹੱਥ ਵਿੱਚ ਲੈਣ ਵਾਲਿਆਂ ਅਤੇ ਮਹਿਲਾ ਉਤਪੀੜਨ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ ’ਤੇ ਬਖਸ਼ਿਆ ਨਹੀਂ ਜਾਵੇਗਾ।

## ਸਵਾਲ ਪੁੱਛਣ ’ਤੇ ਅਹੁਦੇ ਤੋਂ ਹਟਾਉਣਾ ਲੋਕਤੰਤਰ ਦੀ ਘਾਟ ਨੂੰ ਦਰਸਾਉਂਦਾ : ਤਰੁਣ ਚੁੱਘ

ਚੰਡੀਗੜ੍ਹ 7 ਅਪ੍ਰੈਲ। ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਵੀਰਵਾਰ ਨੂੰ ਕਿਹਾ ਕਿ ਆਮ ਆਦਮੀ ਪਾਰਟੀ ਪੂਰੀ ਤਰ੍ਹਾਂ ਅਵਿਵਸਥਾ ’ਚ ਹੈ ਤੇ ਪੰਜਾਬ ’ਚ ਮਾੜੇ ਪ੍ਰਦਰਸ਼ਨ ਤੋਂ ਬਾਅਦ ਟੁੱਟਣ ਦੇ ਕਿਨਾਰੇ ‘ਤੇ ਖੜ੍ਹੀ ਹੈ। ਰਾਜ ਸਭਾ ਮੈਂਬਰ ਰਾਘਵ ਚੱਢਾ ਦੇ ਸੰਸਦ ’ਚ ਕਥਿਤ ਅਪਮਾਨ ਨੂੰ ਲੈ ਕੇ ਚੁੱਗ ਨੇ ਕਿਹਾ ਕਿ AAP ਦੇ ਕਿਸੇ ਵੀ ਰਾਜ ਸਭਾ



ਮੈਂਬਰ ਨੇ ਪੰਜਾਬ ਦੇ ਵਿਕਾਸ ਵਿੱਚ ਕੋਈ ਯੋਗਦਾਨ ਨਹੀਂ ਦਿੱਤਾ। ਚੁੱਘ ਨੇ ਕਿਹਾ ਕਿ AAP ਦੇ ਨੇਤਾ ਅਤੇ ਵਰਕਰ ਅਪਰਾਧਕ ਗਤੀਵਿਧੀਆਂ ਵਿੱਚ ਸ਼ਾਮਲ ਹਨ, ਜਿਸ ਨਾਲ ਸੂਬੇ ਦਾ ਅਕਸ ਖਰਾਬ ਹੋ ਰਿਹਾ ਹੈ । ਉਨ੍ਹਾਂ ਨੇ ਸਵਾਤੀ ਮਾਲੀਵਾਲ ਨਾਲ ਹੋਏ ਵਤੀਰੇ ‘ਤੇ ਵੀ ਚਿੰਤਾ ਜਤਾਈ ਅਤੇ ਕਿਹਾ ਕਿ ਹਾਲ ਹੀ ਵਿੱਚ ਇੱਕ ਸੰਵਿਧਾਨਕ ਅਹੁਦੇ ‘ਤੇ ਬੈਠੀ ਮਹਿਲਾ ਨਾਲ ਜੋ ਘਟਨਾਵਾਂ ਸਾਹਮਣੇ ਆਈਆਂ ਹਨ, ਉਹ ਬਹੁਤ ਚਿੰਤਾਜਨਕ ਹਨ। ਪੰਜਾਬ ਦੇ ਘਟਨਾਕ੍ਰਮ ਦਾ ਜ਼ਿਕਰ ਕਰਦੇ ਹੋਏ ਚੁੱਗ ਨੇ ਕਿਹਾ ਕਿ ਸਵਾਲ ਪੁੱਛਣ ਵਾਲੇ ਪਾਰਟੀ ਅਹੁਦੇਦਾਰਾਂ ‘ਤੇ ਕਾਰਵਾਈ ਕਰਨਾ ਲੋਕਤੰਤਰ ਦੀ ਘਾਟ ਨੂੰ ਦਰਸਾਉਂਦਾ ਹੈ। ਚੁੱਗ ਨੇ ਕਿਹਾ “ਦਿੱਲੀ ਅਤੇ ਪੰਜਾਬ ਦੀਆਂ ਘਟਨਾਵਾਂ ਇਹ ਦਰਸਾਉਂਦੀਆਂ ਹਨ ਕਿ ਅਸਹਿਮਤੀ ਨੂੰ ਪ੍ਰੋਤਸਾਹਿਤ ਨਹੀਂ ਕੀਤਾ ਜਾ ਰਿਹਾ,”ਅਤੇ ਜੋੜਿਆ ਕਿ ਇਹ ਰੁਝਾਨ ਲੋਕਤੰਤਰ ਲਈ ਠੀਕ ਨਹੀਂ ਹੈ।

# ਹਰਿਆਣਾ ਦੇ ਕਿਸਾਨਾਂ ਦੀ ‘ਬੱਲੇ-ਬੱਲੇ’: ਵਾਧੂ ਬਿਜਲੀ ਦੇ ਨਾਲ ਮਿਲੇਗੀ ਭਾਰੀ ਸਬਸਿਡੀ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 7 ਅਪ੍ਰੈਲ। ਹਰਿਆਣਾ ਦੀ ਸਰਕਾਰ ਵਲੋਂ ਸੂਬੇ ਦੇ ਕਿਸਾਨਾਂ ਦੀ ਭਲਾਈ ਲਈ ਲਗਾਤਾਰ ਕਦਮ ਚੁੱਕੇ ਜਾ ਰਹੇ ਹਨ। ਇਸ ਸਬੰਧ ਵਿੱਚ ਕਿਸਾਨਾਂ ਨੂੰ ਹੁਣ ਬਿਜਲੀ ’ਤੇ ਕਰੋੜਾਂ ਰੁਪਏ ਦੀ ਸਬਸਿਡੀ ਮਿਲੇਗੀ। ਇਸ ਵਿੱਤੀ ਸਾਲ ਵਿੱਚ ਕਿਸਾਨਾਂ ਨੂੰ 138.2 ਕਰੋੜ ਯੂਨਿਟ ਵਾਧੂ ਬਿਜਲੀ ਮੁਹੱਈਆ ਕਰਵਾਈ ਜਾਵੇਗੀ। ਇਹ ਬਿਜਲੀ ਕਿਸਾਨਾਂ ਨੂੰ 10 ਪੈਸੇ ਪ੍ਰਤੀ ਯੂਨਿਟ ਦੀ ਦਰ ਨਾਲ ਮੁਹੱਈਆ ਕਰਵਾਈ ਜਾਵੇਗੀ। ਮਹੱਤਵਪੂਰਨ ਗੱਲ ਇਹ ਹੈ ਕਿ ਸਰਕਾਰ 10,686.64 ਮਿਲੀਅਨ ਯੂਨਿਟ ਬਿਜਲੀ ਅਤੇ ਕੁੱਲ ?7,870.32 ਕਰੋੜ ਦੀ ਸਬਸਿਡੀ ਪ੍ਰਦਾਨ ਕਰੇਗੀ। ਮੁੱਖ ਮੰਤਰੀ ਨਾਇਬ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਯੋਗ ਅਗਵਾਈ ਹੇਠ ਦੇਸ਼ ਸਵੈ-ਨਿਰਭਰ ਭਾਰਤ ਦੇ ਸੰਕਲਪ ਨਾਲ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਅਜਿਹੇ ਸਮੇਂ ਵਿੱਚ, ਖੇਤੀਬਾੜੀ ਖੇਤਰ ਦੀ ਭੂਮਿਕਾ ਹੋਰ ਵੀ ਮਹੱਤਵਪੂਰਨ ਹੋ ਜਾਂਦੀ ਹੈ। ਇਸੇ ਤਰ੍ਹਾਂ, ਕਿਸਾਨਾਂ ਨੂੰ ਕਣਕ ਦੇ ਭੰਡਾਰਨ ਲਈ ਮਹੱਤਵਪੂਰਨ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਜੂਟ ਦੇ ਥੈਲਿਆਂ ਦੀ ਖਰੀਦ ਕਿਸਾਨਾਂ ਨੂੰ ਸੁਰੱਖਿਅਤ ਸਟੋਰੇਜ ਦਾ ਲਾਭ ਪ੍ਰਦਾਨ ਕਰੇਗੀ। ਸਰਕਾਰ ਨੇ 550 ਕਰੋੜ ਰੁਪਏ ਦੀ ਲਾਗਤ ਨਾਲ ਜੂਟ ਅਤੇ ਹੋਰ ਸਟੋਰੇਜ ਬੈਗਾਂ ਦੀ ਖਰੀਦ ਨੂੰ ਮਨਜ਼ੂਰੀ ਦੇ ਦਿੱਤੀ ਹੈ। ਜ਼ਿਕਰਯੋਗ ਹੈ ਕਿ ਹਰਿਆਣਾ ਦੀ ਭਾਜਪਾ ਸਰਕਾਰ ਖੇਤੀਬਾੜੀ ਦੇ ਖੇਤਰ ਵਿੱਚ ਇਤਿਹਾਸਕ ਕਦਮ ਚੁੱਕ ਰਹੀ ਹੈ। ਇਸ ਵਿੱਤੀ ਸਾਲ ਵਿੱਚ ਕਿਸਾਨਾਂ ਨੂੰ ਖੇਤੀਬਾੜੀ ਲਈ ਤੇਜ਼ ਅਤੇ ਨਿਰਵਿਘਨ ਬਿਜਲੀ ਕੁਨੈਕਸ਼ਨ ਪ੍ਰਦਾਨ ਕਰਨ ਲਈ ਹਰਿਆਣਾ ਐਗਰੀ ਡਿਸਕੌਮ ਨਾਮ ਦੀ ਇੱਕ ਤੀਜੀ ਬਿਜਲੀ ਕੰਪਨੀ ਬਣਾਈ ਜਾਵੇਗੀ। ਇਹ ਕੰਪਨੀ 5,084 ਖੇਤੀਬਾੜੀ ਫੀਡਰਾਂ ਅਧੀਨ ਆਉਣ ਵਾਲੇ ਲਗਭਗ 712,000 ਕਿਸਾਨਾਂ ਨੂੰ ਸੇਵਾਵਾਂ ਪ੍ਰਦਾਨ ਕਰੇਗੀ। ਕਿਸਾਨਾਂ ਨੂੰ ਸਿੱਧੀ ਮਾਰਕੀਟ ਪਹੁੰਚ ਪ੍ਰਦਾਨ ਕਰਨ ਲਈ ਰਾਜ ਭਰ ਵਿੱਚ ਪੇਂਡੂ ਗਰਮ ਬਾਜ਼ਾਰ ਸਥਾਪਤ ਕੀਤੇ ਜਾਣਗੇ। ਇਸ ਵਿੱਤੀ ਸਾਲ ਵਿੱਚ ਸਰਕਾਰ ਮਸ਼ਰੂਮ, ਸਟ?ਰਾਬੇਰੀ ਅਤੇ ਸਪੋਟਾ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਉੱਤਮਤਾ ਕੇਂਦਰ ਸਥਾਪਤ ਕਰੇਗੀ ਅਤੇ ਮੱਛੀ ਪਾਲਣ ਨੂੰ ਉਤਸ਼ਾਹਿਤ ਕਰਨ ਲਈ ਸਿਰਸਾ ਵਿੱਚ ਇੱਕ ਐਕਵਾ ਸੈਂਟਰ ਬਣਾਇਆ ਜਾਵੇਗਾ, ਜਿਸ ਨਾਲ ਜੋਤੀਸਰ ਅਤੇ ਸਾਂਪਲਾ ਦੇ ਮੱਛੀ ਬੀਜ ਫਾਰਮਾਂ ਦਾ ਆਧੁਨਿਕੀਕਰਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸਰਕਾਰ ਪਸ਼ੂ ਪਾਲਣ ਨੂੰ ਉਤਸ਼ਾਹਿਤ ਕਰਨ ਲਈ ?10 ਕਰੋੜ ਦੀ ਲਾਗਤ ਨਾਲ 100 ਜਾਨਵਰਾਂ ਵਾਲੇ ਆਧੁਨਿਕ ਡੇਅਰੀ ਫਾਰਮ ਸਥਾਪਤ ਕਰੇਗੀ। ਦੁੱਧ ਪ੍ਰੋਸੈਸਿੰਗ ਸਮਰੱਥਾ ਵਧਾਉਣ ਦੇ ਉਦੇਸ਼ ਨਾਲ, ਰੇਵਾੜੀ ਅਤੇ ਅੰਬਾਲਾ ਵਿੱਚ 300 ਕਰੋੜ ਰੁਪਏ ਦੀ ਲਾਗਤ ਨਾਲ 5 ਲੱਖ ਲੀਟਰ ਪ੍ਰਤੀ ਦਿਨ ਦੀ ਸਮਰੱਥਾ ਵਾਲੇ ਦੋ ਨਵੇਂ ਦੁੱਧ ਪਲਾਂਟ ਬਣਾਏ ਜਾਣਗੇ। ਪ੍ਰਧਾਨ ਮੰਤਰੀ ਮਤਸਯ ਸੰਪਦਾ ਯੋਜਨਾ ਦੇ ਤਹਿਤ ਹਿਸਾਰ ਅਤੇ ਫਰੀਦਾਬਾਦ ਵਿੱਚ 100 ਕਰੋੜ ਰੁਪਏ ਦੀ ਲਾਗਤ ਨਾਲ



ਮੱਛੀ ਬਾਜ਼ਾਰ ਸਥਾਪਤ ਕੀਤੇ ਜਾਣਗੇ ਅਤੇ ਕਰਨਾਲ ਵਿੱਚ 50 ਕਰੋੜ ਰੁਪਏ ਦੀ ਲਾਗਤ ਨਾਲ ਮੱਛੀ ਪ੍ਰੋਸੈਸਿੰਗ ਸਥਾਪਤ ਕੀਤੀ ਜਾਵੇਗੀ। ਹਰਿਆਣਾ ਵਿੱਚ ਪਿਛਲੇ 11 ਸਾਲਾਂ ਵਿੱਚ ਭਾਜਪਾ ਸਰਕਾਰ ਵੱਲੋਂ ਲਾਗੂ ਕੀਤੀਆਂ ਗਈਆਂ ਕਈ ਯੋਜਨਾਵਾਂ ਕਾਰਨ ਕਿਸਾਨਾਂ ਦਾ ਜੀਵਨ ਪੱਧਰ ਬਦਲਿਆ ਹੈ। ਮਹੱਤਵਪੂਰਨ ਗੱਲ ਇਹ ਹੈ ਕਿ ਮੇਰਾ ਪਾਣੀ ਮੇਰੀ ਵਿਰਾਸਤ ਯੋਜਨਾ ਦੇ ਤਹਿਤ ਕਿਸਾਨਾਂ ਨੂੰ ਝੋਨੇ ਦੀ ਬਜਾਏ ਵਿਕਲਪਕ ਫਸਲਾਂ ਬੀਜਣ ਲਈ ਪ੍ਰਤੀ ਏਕੜ 8,000 ਰੁਪਏ ਦੀ ਸਬਸਿਡੀ ਦਿੱਤੀ ਜਾ ਰਹੀ ਹੈ। ਇਸ ਯੋਜਨਾ ਦੇ ਨਤੀਜੇ ਵਜੋਂ ਪਿਛਲੇ ਸਾਉਣੀ ਸੀਜ਼ਨ ਦੌਰਾਨ ਝੋਨੇ ਦੇ ਰਕਬੇ ਵਿੱਚ 70,000 ਏਕੜ ਦੀ ਕਮੀ ਆਈ। ਹੁਣ, ਕਿਸਾਨ ਬਾਗਬਾਨੀ ਅਤੇ ਸਬਜ਼ੀਆਂ ਦੀ ਖੇਤੀ ਤੋਂ ਇਲਾਵਾ ਵੱਡੇ ਪੱਧਰ ’ਤੇ ਕੁਦਰਤੀ ਖੇਤੀ ਕਰ ਰਹੇ ਹਨ। ਸਰਕਾਰ ਬਾਗਬਾਨੀ ਅਤੇ ਕੁਦਰਤੀ ਖੇਤੀ ਲਈ ਸਬਸਿਡੀਆਂ ਵੀ ਪ੍ਰਦਾਨ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਸੂਰਜੀ ਊਰਜਾ ਨੂੰ ਉਤਸ਼ਾਹਿਤ ਕਰਨ ਲਈ ਸਰਕਾਰ ਕਿਸਾਨਾਂ ਨੂੰ ਸੋਲਰ ਪੰਪ ਲਗਾਉਣ ਲਈ 75 ਪ੍ਰਤੀਸ਼ਤ ਸਬਸਿਡੀ ਵੀ ਦੇ ਰਹੀ ਹੈ। ਇਸ ਕਾਰਨ ਕਿਸਾਨਾਂ ਦੀ ਖੇਤੀ ਦੀ ਲਾਗਤ ਘੱਟ ਗਈ ਹੈ ਤੇ ਬਿਜਲੀ ਦੀ ਬੱਚਤ ਹੋਣ ਲੱਗੀ ਹੈ। ਸਰਕਾਰ ਕਿਸਾਨਾਂ ਨੂੰ ਸਫੇਦਾ ਅਤੇ ਪੋਪਲਰ ਲਗਾਉਣ ਲਈ ਪ੍ਰਤੀ ਏਕੜ 7,000 ਰੁਪਏ ਵੀ ਦੇ ਰਹੀ ਹੈ। ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਦੇ ਤਹਿਤ, ਸਾਲ 2016-17 ਵਿੱਚ, ਹਰਿਆਣਾ ਦੇ 2 ਲੱਖ 20 ਹਜ਼ਾਰ ਕਿਸਾਨਾਂ ਨੂੰ 296 ਕਰੋੜ ਰੁਪਏ ਦਾ ਦਾਅਵਾ ਦਿੱਤਾ ਗਿਆ ਸੀ, ਜਦੋਂ ਕਿ ਸਾਲ 2017-18 ਵਿੱਚ ਕੁੱਲ 13 ਲੱਖ ਕਿਸਾਨਾਂ ਨੂੰ ਇਸ ਯੋਜਨਾ ਦੇ ਤਹਿਤ ਕਵਰ ਕੀਤਾ ਗਿਆ ਸੀ ਅਤੇ ਲਗਭਗ 3 ਲੱਖ 24 ਹਜ਼ਾਰ ਕਿਸਾਨਾਂ ਨੂੰ ਦਾਅਵੇ ਵਜੋਂ 895 ਕਰੋੜ ਰੁਪਏ ਦੀ ਰਕਮ ਦਿੱਤੀ ਗਈ ਸੀ। ਇਸੇ ਤਰ੍ਹਾਂ 2018-19 ਵਿੱਚ 14 ਲੱਖ ਕਿਸਾਨਾਂ ਨੂੰ ਇਸ ਯੋਜਨਾ ਵਿੱਚ ਸ਼ਾਮਲ ਕਰਕੇ ਲਗਭਗ 20 ਲੱਖ ਹੈਕਟੇਅਰ ਰਕਬਾ ਕਵਰ ਕੀਤਾ ਗਿਆ ਸੀ ਅਤੇ 941.60 ਕਰੋੜ ਰੁਪਏ ਦੀ ਰਕਮ ਦਾਅਵੇ ਵਜੋਂ ਦਿੱਤੀ ਗਈ ਸੀ। ਸਾਲ 2019-20 ਵਿੱਚ ਕਿਸਾਨਾਂ ਨੂੰ ਲਗਭਗ ?927 ਕਰੋੜ ਦੇ ਦਾਅਵੇ ਦਿੱਤੇ ਗਏ ਸਨ। ਇਸੇ ਤਰ੍ਹਾਂ 2020-21 ਵਿੱਚ ਕਿਸਾਨਾਂ ਨੂੰ 880 ਕਰੋੜ ਰੁਪਏ, 2021-22 ਵਿੱਚ 720 ਕਰੋੜ ਰੁਪਏ, 2022-23 ਵਿੱਚ 930 ਕਰੋੜ ਰੁਪਏ, 2023-24 ਵਿੱਚ 770 ਕਰੋੜ ਰੁਪਏ ਅਤੇ 2024-25 ਵਿੱਚ 890 ਕਰੋੜ ਰੁਪਏ ਦੇ ਦਾਅਵੇ ਦਿੱਤੇ ਗਏ।